12-MAY-PAGE-1.qxd 5/11/2025 7:41 PM Page 1

ਸੋਮਵਾਰ, 12 ਮਈ, 2025
30 ਵਿਸਾਖ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 73
ਅੰਕ/NO. : 341

# ਰੋਜ਼ਾਨਾ ਨਵਾਂ ਜ਼ਮਾਨਾ

DAILY NAWAN ZAMANA • MONDAY, 12 MAY, 2025 ਜਲੰਧਰ

nawan zamana TV

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 10

### ਅੱਜ ਤੋਂ ਪੜ੍ਹਾਈ ਸ਼ੁਰੂ

**ਚੰਡੀਗੜ੍ਹ** : ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਪੂਰੇ ਪੰਜਾਬ 'ਚ ਸਕੂਲ-ਕਾਲਜ ਖੋਲ੍ਹਣ ਦੇ ਹੁਕਮ ਜਾਰੀ ਕਰ ਦਿੱਤੇ ਹਨ। 12 ਮਈ ਤੋਂ ਰੈਗੂਲਰ ਕਲਾਸਾਂ ਲੱਗਣਗੀਆਂ ਤੇ ਤੈਅ ਸ਼ਡਿਊਲ ਅਨੁਸਾਰ ਹੀ ਪ੍ਰੀਖਿਆਵਾਂ ਹੋਣਗੀਆਂ।

### ਡਰੋਨ ਪਕੌੜੇ



**ਚੰਡੀਗੜ੍ਹ** : ਡਰੋਨ ਹਮਲਿਆਂ ਦੀ ਚਰਚਾ ਦਰਮਿਆਨ ਸੋਸ਼ਲ ਮੀਡੀਆ 'ਤੇ ਡਰੋਨ ਪਕੌੜੇ ਵੀ ਸੁਰਖੀਆਂ ਵਿੱਚ ਹਨ। ਰਿਟਾਇਰਡ ਲੈਫਟੀਨੈਂਟ ਜਨਰਲ ਕੇ ਜੇ ਐੱਸ ਢਿੱਲੋਂ ਨੇ ਆਪਣੇ 'ਐੱਕਸ' ਖਾਤੇ ਉੱਤੇ ਡਰੋਨ ਦੇ ਆਕਾਰ ਵਾਲੇ ਪਕੌੜਿਆਂ ਦੀ ਤਸਵੀਰ ਸਾਂਝੀ ਕੀਤੀ ਹੈ। ਜਨਰਲ ਢਿੱਲੋਂ ਨੇ ਫੋਟੋ ਨਾਲ ਲਿਖਿਆ, 'ਡਰੋਨ ਪਕੌੜੇ ਏਅਰ ਡਿਫੈਂਸ ਰੈਜੀਮੈਂਟ ਵਿੱਚ ਨਵਾਂ ਨਾਸ਼ਤਾ। ਜੈ ਹਿੰਦ।' ਤਸਵੀਰ ਵਿੱਚ ਪਕੌੜੇ ਬਿਲਕੁਲ ਡਰੋਨ ਜਿਹੇ ਆਕਾਰ ਦੇ ਨਜ਼ਰ ਆ ਰਹੇ ਹਨ, ਜੋ ਆਮ ਪਕੌੜਿਆਂ ਨਾਲੋਂ ਬਿਲਕੁਲ ਵੱਖਰੇ ਹਨ। ਇਸ 'ਤੇ ਸਾਬਕਾ ਆਈ ਪੀ ਐੱਸ ਅਧਿਕਾਰੀ ਗੁਰਿੰਦਰ ਢਿੱਲੋਂ ਨੇ ਟਿੱਪਣੀ ਕਰਦਿਆਂ ਲਿਖਿਆ, "ਸਾਰੇ ਪੰਜਾਬੀ ਭਰਾਵਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ 'ਡਰੋਨ ਪਕੌੜੇ' ਖਾਣੇ ਸ਼ੁਰੂ ਕਰਨ, ਜੋ ਇੱਕ ਟਰਕਿਸ਼-ਚਾਈਨੀਜ਼ ਡਿਸ਼ ਹੈ, ਤਾਂ ਕਿ ਭਾਰਤੀ ਹਵਾਈ ਰੈਜੀਮੈਂਟ ਨੂੰ ਪੂਰੀ ਹਮਾਇਤ ਦਿੱਤੀ ਜਾ ਸਕੇ। ਸਾਨੂੰ ਆਪਣੀਆਂ ਏਅਰ ਡਿਫੈਂਸ ਫੋਰਸਿਜ਼ 'ਤੇ ਮਾਣ ਹੈ।" ਇੱਕ ਹੋਰ ਯੂਜ਼ਰ ਰਾਜ ਸ਼ੁਕਲਾ ਨੇ ਮਜ਼ਾਕ ਵਿੱਚ ਲਿਖਿਆ, "ਇੰਡੀਅਨ ਏਅਰ ਡਿਫੈਂਸ ਰੈਜੀਮੈਂਟ ਨੂੰ ਤੁਰੰਤ 'ਡਰੋਨ ਪਕੌੜਾ' ਪੇਟੈਂਟ ਕਰਾਉਣਾ ਚਾਹੀਦਾ ਹੈ, ਇਸ ਤੋਂ ਪਹਿਲਾਂ ਕਿ ਕੋਈ ਚਲਾਕ ਕਾਰੋਬਾਰੀ ਇਸ ਨੂੰ ਹੜੱਪ ਲਵੇ!"

# ਟਰੰਪ ਦੀ ਕਸ਼ਮੀਰ 'ਚ ਐਂਟਰੀ, ਸ਼ਾਹਬਾਜ਼ ਵੱਲੋਂ ਵੈੱਲਕਮ

**ਨਿਊ ਯਾਰਕ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਐਤਵਾਰ 'ਜੰਗਬੰਦੀ' ਉੱਤੇ ਪਹੁੰਚਣ ਲਈ ਭਾਰਤ ਅਤੇ ਪਾਕਿਸਤਾਨ ਦੀ 'ਮਜ਼ਬੂਤ ਅਤੇ ਅਟੱਲ' ਲੀਡਰਸ਼ਿਪ ਦੀ ਤਾਰੀਫ ਕੀਤੀ ਹੈ। ਟਰੰਪ ਨੇ ਕਿਹਾ ਕਿ ਦੋਵਾਂ ਮੁਲਕਾਂ ਦੀ ਇਸ ਦਲੇਰਾਨਾ ਪੇਸ਼ਕਦਮੀ ਨਾਲ ਉਨ੍ਹਾਂ ਦੀ ਵਿਰਾਸਤ ਬਹੁਤ ਵਧੀ ਹੈ। ਭਾਰਤ ਅਤੇ ਪਾਕਿਸਤਾਨ ਨੇ ਸਨਿੱਚਰਵਾਰ ਕੰਟਰੋਲ ਰੇਖਾ ਅਤੇ ਕੌਮਾਂਤਰੀ ਸਰਹੱਦ 'ਤੇ ਜੰਗਬੰਦੀ ਨੂੰ ਲੈ ਕੇ ਸਹਿਮਤੀ ਦਿੱਤੀ ਸੀ। ਇਸ ਦੇ ਨਾਲ ਹੀ ਟਰੰਪ ਨੇ ਕਿਹਾ ਕਿ ਉਹ ਕਸ਼ਮੀਰ ਮਸਲੇ ਦੇ ਹੱਲ ਲਈ ਦੋਵਾਂ ਮੁਲਕਾਂ ਨਾਲ ਮਿਲ ਕੇ ਕੰਮ ਕਰਨਗੇ।

ਟਰੰਪ ਨੇ ਟਰੂਥ ਸੋਸ਼ਲ 'ਤੇ ਇੱਕ ਪੋਸਟ ਵਿਚ ਕਿਹਾ, 'ਮੈਨੂੰ ਭਾਰਤ ਅਤੇ ਪਾਕਿਸਤਾਨ ਦੀ ਮਜ਼ਬੂਤ ਅਤੇ ਅਟੱਲ ਲੀਡਰਸ਼ਿਪ 'ਤੇ ਬਹੁਤ ਮਾਣ ਹੈ ਕਿ ਉਨ੍ਹਾਂ ਕੋਲ ਇਹ ਜਾਣਨ ਅਤੇ ਸਮਝਣ ਦੀ ਤਾਕਤ, ਸਿਆਣਪ ਅਤੇ ਦ੍ਰਿੜ੍ਹਤਾ ਹੈ ਕਿ ਇਹ ਮੌਜੂਦਾ ਹਮਲੇ ਨੂੰ ਰੋਕਣ ਦਾ ਸਮਾਂ ਹੈ, ਜੋ ਏਨੇ ਸਾਰੇ ਲੋਕਾਂ ਨੂੰ ਮੌਤ ਅਤੇ ਵਿਨਾਸ਼ ਵੱਲ ਲਿਜਾ ਸਕਦਾ ਸੀ। ਲੱਖਾਂ ਚੰਗੇ ਅਤੇ ਨਿਰਦੋਸ਼ ਲੋਕ ਮਰ ਸਕਦੇ ਸਨ! ਤੁਹਾਡੀ ਦਲੇਰਾਨਾ ਪੇਸ਼ਕਦਮੀ ਨਾਲ ਤੁਹਾਡੀ ਵਿਰਾਸਤ ਬਹੁਤ ਵਧੀ ਹੈ।'

ਟਰੰਪ ਨੇ ਕਿਹਾ, "ਮੈਨੂੰ ਮਾਣ ਹੈ ਕਿ ਅਮਰੀਕਾ ਇਸ ਇਤਿਹਾਸਕ ਅਤੇ ਦਲੇਰਾਨਾ ਫੈਸਲੇ 'ਤੇ ਪਹੁੰਚਣ ਵਿੱਚ ਤੁਹਾਡੀ ਮਦਦ ਕਰਨ ਦੇ ਯੋਗ ਸੀ। ਭਾਵੇਂ ਇਸ ਬਾਰੇ ਚਰਚਾ ਨਹੀਂ ਕੀਤੀ ਗਈ, ਮੈਂ ਇਨ੍ਹਾਂ ਦੋਵਾਂ ਮਹਾਨ



ਦੇਸ਼ਾਂ ਨਾਲ ਵਪਾਰ ਨੂੰ ਕਾਫੀ ਹੱਦ ਤੱਕ ਵਧਾਉਣ ਜਾ ਰਿਹਾ ਹਾਂ। ਇਸ ਤੋਂ ਇਲਾਵਾ ਮੈਂ ਤੁਹਾਡੇ ਦੋਵਾਂ ਨਾਲ ਮਿਲ ਕੇ ਇਹ ਦੇਖਣ ਲਈ ਕੰਮ ਕਰਾਂਗਾ ਕਿ ਕੀ 'ਹਜ਼ਾਰ ਸਾਲਾਂ ਬਾਅਦ' ਕਸ਼ਮੀਰ ਦੇ ਸੰਬੰਧ ਵਿੱਚ ਕੋਈ ਹੱਲ ਕੱਢਿਆ ਜਾ ਸਕਦਾ ਹੈ। ਪ੍ਰਮਾਤਮਾ ਭਾਰਤ ਅਤੇ ਪਾਕਿਸਤਾਨ ਦੀ ਲੀਡਰਸ਼ਿਪ ਨੂੰ ਚੰਗੇ ਕੰਮ ਲਈ ਅਸੀਸ ਦੇਵੇ।'

ਪਹਿਲਗਾਮ ਦਹਿਸ਼ਤੀ ਹਮਲੇ ਦੇ ਜਵਾਬ ਵਿੱਚ ਪਿਛਲੇ ਹਫਤੇ ਭਾਰਤੀ ਹਥਿਆਰਬੰਦ ਬਲਾਂ ਵੱਲੋਂ ਪਾਕਿਸਤਾਨ ਅਤੇ ਮਕਬੂਜ਼ਾ ਕਸ਼ਮੀਰ ਵਿੱਚ ਦਹਿਸ਼ਤੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਣ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਵਿਚਕਾਰ ਤਣਾਅ ਵਧ ਗਿਆ ਸੀ। ਚੇਤੇ ਰਹੇ ਕਿ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਸਨਿੱਚਰਵਾਰ ਐਲਾਨ ਕੀਤਾ ਸੀ ਕਿ ਭਾਰਤ ਅਤੇ ਪਾਕਿਸਤਾਨ ਦੇ ਡੀ ਜੀ ਐੱਮ ਓਜ਼ ਨੇ ਸਨਿੱਚਰਵਾਰ ਸ਼ਾਮ 5 ਵਜੇ ਤੋਂ ਜ਼ਮੀਨ, ਹਵਾ ਅਤੇ ਸਮੁੰਦਰ 'ਤੇ ਸਾਰੀਆਂ ਗੋਲੀਬਾਰੀ ਅਤੇ ਫੌਜੀ ਕਾਰਵਾਈਆਂ ਨੂੰ ਰੋਕਣ ਲਈ ਸਹਿਮਤ ਦਿੱਤੀ ਹੈ। ਵਿਦੇਸ਼ ਸਕੱਤਰ ਦਾ ਇਹ ਸੰਖੇਪ ਐਲਾਨ ਅਮਰੀਕੀ ਰਾਸ਼ਟਰਪਤੀ ਟਰੰਪ ਦੇ ਕਹਿਣ ਤੋਂ ਥੋੜ੍ਹੀ ਦੇਰ ਬਾਅਦ ਆਇਆ ਕਿ ਭਾਰਤ ਅਤੇ ਪਾਕਿਸਤਾਨ 'ਜੰਗਬੰਦੀ' 'ਤੇ ਸਹਿਮਤ ਹੋਏ ਹਨ।

ਟਰੰਪ ਦੇ ਬਿਆਨ ਤੋਂ ਬਾਅਦ ਪਾਕਿਸਤਾਨ ਨੇ ਜੰਮੂ-ਕਸ਼ਮੀਰ ਨੂੰ 'ਵਿਵਾਦ' ਕਰਾਰ ਦਿੰਦਿਆਂ ਕਿਹਾ ਕਿ ਇਸ ਨੂੰ ਸੰਯੁਕਤ ਰਾਸ਼ਟਰ ਸਲਾਮਤੀ ਕੌਂਸਲ ਦੇ ਸੰਬੰਧਤ ਮਤਿਆਂ ਅਨੁਸਾਰ ਹੱਲ ਕੀਤਾ ਜਾਣਾ ਚਾਹੀਦਾ ਹੈ। ਪਾਕਿਸਤਾਨ ਦੇ ਵਿਦੇਸ਼ ਮੰਤਰਾਲੇ ਨੇ ਟਰੰਪ ਦੇ ਬਿਆਨ ਦਾ ਸਵਾਗਤ ਕਰਦੇ ਹੋਏ ਕਿਹਾ, 'ਅਸੀਂ ਰਾਸ਼ਟਰਪਤੀ ਟਰੰਪ ਵੱਲੋਂ ਜੰਮੂ-ਕਸ਼ਮੀਰ ਵਿਵਾਦ ਦੇ ਹੱਲ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕਰਦੇ ਹਾਂ। ਇਹ ਇੱਕ ਲੰਮੇ ਸਮੇਂ ਤੋਂ ਚੱਲਿਆ ਆ ਰਿਹਾ ਮੁੱਦਾ ਹੈ, ਜਿਸ ਦੇ ਦੱਖਣੀ ਏਸ਼ੀਆ ਅਤੇ ਇਸ ਤੋਂ ਬਾਹਰ ਸ਼ਾਂਤੀ ਅਤੇ ਸੁਰੱਖਿਆ ਲਈ ਗੰਭੀਰ ਸਿੱਟੇ ਹਨ। ਪਾਕਿਸਤਾਨ ਇਸ ਗੱਲ ਦੀ ਪ੍ਰੋੜ੍ਹਤਾ ਕਰਦਾ ਹੈ ਕਿ ਜੰਮੂ-ਕਸ਼ਮੀਰ ਵਿਵਾਦ ਦਾ ਕੋਈ ਵੀ ਨਿਆਂਪੂਰਨ ਅਤੇ ਸਥਾਈ ਹੱਲ ਸੰਯੁਕਤ ਰਾਸ਼ਟਰ ਸਲਾਮਤੀ ਕੌਂਸਲ ਦੇ ਸੰਬੰਧਤ ਮਤਿਆਂ ਅਨੁਸਾਰ ਹੋਣਾ ਚਾਹੀਦਾ ਹੈ। ਕਸ਼ਮੀਰੀ ਲੋਕਾਂ ਦੇ ਮੌਲਿਕ ਅਧਿਕਾਰਾਂ ਦੀ ਪ੍ਰਾਪਤੀ ਨੂੰ ਹਕੀਕੀ ਬਣਾਇਆ ਜਾਵੇ, ਜਿਸ ਵਿੱਚ ਉਨ੍ਹਾਂ ਦਾ ਸਵੈ-ਨਿਰਣੇ ਦਾ ਅਟੁੱਟ ਅਧਿਕਾਰ ਵੀ ਸ਼ਾਮਲ ਹ ੈ ।'

• ਬਾਕੀ ਸਫਾ 2 'ਤੇ

## ਅਮਰੀਕੀ ਦਖਲ ਪਰੇਸ਼ਾਨਕੁੰਨ : ਸੀ ਪੀ ਆਈ

**ਲੁਧਿਆਣਾ (ਰੈਕਟਰ ਕਥੂਰੀਆ)**

ਭਾਰਤੀ ਕਮਿਊਨਿਸਟ ਪਾਰਟੀ ਦੇ ਰਾਸ਼ਟਰੀ ਸਕੱਤਰੇਤ ਨੇ ਬਿਆਨ ਜਾਰੀ ਕਰਕੇ ਕਿਹਾ ਕਿ ਪਾਰਟੀ ਭਾਰਤ ਅਤੇ ਪਾਕਿਸਤਾਨ ਵਿਚਕਾਰ ਹਾਲ ਹੀ ਵਿੱਚ ਹੋਏ ਜੰਗਬੰਦੀ ਸਮਝੌਤੇ ਦਾ ਸਵਾਗਤ ਕਰਦੀ ਹੈ, ਕਿਉਂਕਿ ਇਹ ਪੂਰੇ ਪੈਮਾਨੇ 'ਤੇ ਜੰਗ ਨੂੰ ਰੋਕਣ ਅਤੇ ਖੇਤਰ ਵਿੱਚ ਸ਼ਾਂਤੀ ਦੀ ਰੱਖਿਆ ਲਈ ਇੱਕ ਸਕਾਰਾਤਮਕ ਅਤੇ ਜ਼ਰੂਰੀ ਕਦਮ ਹੈ। ਇਹ ਕੰਟਰੋਲ ਰੇਖਾ ਦੇ ਨਾਲ ਰਹਿਣ ਵਾਲੇ ਲੋਕਾਂ ਨੂੰ ਬਹੁਤ ਲੋੜੀਂਦੀ ਰਾਹਤ ਪ੍ਰਦਾਨ ਕਰਦਾ ਹੈ, ਜਿਨ੍ਹਾਂ ਲੰਮੇ ਸਮੇਂ ਤੋਂ ਸਰਹੱਦ ਪਾਰਲੀ ਦੁਸ਼ਮਣੀ ਦਾ ਸਾਹਮਣਾ ਕੀਤਾ ਹੈ।

ਜਦੋਂ ਕਿ ਸੀ ਪੀ ਆਈ ਕਿਸੇ ਵੀ ਪਹਿਲਕਦਮੀ ਦਾ ਸਮਰਥਨ ਕਰਦੀ ਹੈ, ਜੋ ਖੂਨ-ਖਰਾਬੇ ਨੂੰ ਰੋਕਦੀ ਹੈ ਅਤੇ ਸ਼ਾਂਤੀ ਲਈ ਰਾਹ ਖੋਲ੍ਹਦੀ ਹੈ, ਅਸੀਂ ਇਸ ਜੰਗਬੰਦੀ ਨੂੰ ਸੁਲਝਾਉਣ ਵਿੱਚ ਅਮਰੀਕਾ ਦੀ ਕਥਿਤ ਸ਼ਮੂਲੀਅਤ 'ਤੇ ਗੰਭੀਰ ਚਿੰਤਾ ਪ੍ਰਗਟ ਕਰਦੇ ਹਾਂ। ਭਾਰਤ ਅਤੇ ਪਾਕਿਸਤਾਨ ਦੋਵਾਂ ਸਰਕਾਰਾਂ ਦੀ ਇੱਕ ਬਾਹਰੀ ਸਾਮਰਾਜਵਾਦੀ ਸ਼ਕਤੀ- ਖਾਸ ਕਰਕੇ ਅਮਰੀਕਾ, ਇੱਕ ਅਜਿਹਾ ਦੇਸ਼, ਜੋ ਇਤਿਹਾਸਕ ਤੌਰ 'ਤੇ ਵਿਸ਼ਵਵਿਆਪੀ ਟਕਰਾਵਾਂ ਨੂੰ ਭੜਕਾਉਣ ਲਈ ਜ਼ਿੰਮੇਵਾਰ ਹੈ, ਨੂੰ ਦੁਵੱਲੇ ਮੁੱਦੇ ਵਿੱਚ ਵਿਚੋਲਗੀ ਕਰਨ ਦੀ ਇਜਾਜ਼ਤ ਦੇਣ ਦੀ ਇੱਛਾ ਬਹੁਤ ਪਰੇਸ਼ਾਨ ਕਰਨ ਵਾਲੀ ਹੈ।

ਭਾਰਤ ਅਤੇ ਪਾਕਿਸਤਾਨ ਲਈ ਸਿੱਧੇ ਗੱਲਬਾਤ ਰਾਹੀਂ ਆਪਣੇ ਮਤਭੇਦਾਂ ਨੂੰ ਹੱਲ ਕਰਨ ਲਈ ਕਾਫ਼ੀ ਮੌਕੇ ਅਤੇ ਰਾਜਨੀਤਕ ਜਗ੍ਹਾ ਮੌਜੂਦ ਸੀ। ਇਸ ਪ੍ਰਕਿਰਿਆ ਵਿੱਚ ਅਮਰੀਕਾ ਦੀ ਪਹਿਲਕਦਮੀ ਨਾਲ ਸਹਿਮਤ ਹੋ ਕੇ ਭਾਰਤ ਸਰਕਾਰ ਨੇ ਸ਼ਿਮਲਾ ਸਮਝੌਤੇ ਦੇ ਸਾਰ ਦੀ ਉਲੰਘਣਾ ਕੀਤੀ ਹੈ ਅਤੇ ਕਸ਼ਮੀਰ ਮੁੱਦੇ ਨੂੰ ਅੰਤਰਰਾਸ਼ਟਰੀਕਰਨ ਕਰਨ ਦਾ ਮੌਕਾ ਪ੍ਰਦਾਨ ਕੀਤਾ ਹੈ। ਇਹ ਅਮਰੀਕਾ ਲਈ ਦੱਖਣੀ ਏਸ਼ੀਆ ਵਿੱਚ ਆਪਣੀ ਆਮ ਸਰਦਾਰੀ ਅਤੇ ਅਸਥਿਰਤਾ ਵਾਲੀ ਭੂਮਿਕਾ ਨਿਭਾਉਣ ਦਾ ਰਾਹ ਖੋਲ੍ਹਦਾ ਹੈ, ਉਪ-ਮਹਾਂਦੀਪ ਦੇ ਅੰਦਰੂਨੀ ਮਾਮਲਿਆਂ ਵਿੱਚ ਆਪਣੇ ਆਪ ਨੂੰ ਹੋਰ ਮਜ਼ਬੂਤ ? ?ਕਰਦਾ ਹੈ।ਸੀ ਪੀ ਆਈ ਭਾਰਤ ਅਤੇ ਪਾਕਿਸਤਾਨ ਦੋਵਾਂ ਨੂੰ ਜੰਗਬੰਦੀ ਲਈ ਇਮਾਨਦਾਰੀ ਨਾਲ ਵਚਨਬੱਧ ਹੋਣ ਦਾ ਸੱਦਾ ਦਿੰਦੀ ਹੈ। ਇਸ ਦੇ ਨਾਲ ਹੀ ਅਸੀਂ ਦੋਵਾਂ ਦੇਸ਼ਾਂ ਦੀ ਲੀਡਰਸ਼ਿਪ ਨੂੰ ਸਾਮਰਾਜਵਾਦੀ ਦਖਲਅੰਦਾਜ਼ੀ ਨੂੰ ਰੱਦ ਕਰਕੇ ਅਤੇ ਆਪਸੀ ਵਿਸ਼ਵਾਸ, ਸਤਿਕਾਰ ਅਤੇ ਲੋਕਾਂ ਦੀਆਂ ਇੱਛਾਵਾਂ 'ਤੇ ਅਧਾਰਤ ਇੱਕ ਦੁਵੱਲੀ ਰਾਜਨੀਤਕ ਪ੍ਰਕਿਰਿਆ ਨੂੰ ਮੁੜ ਸ਼ੁਰੂ ਕਰਕੇ ਖੇਤਰੀ ਖੁਦਮੁਖਤਿਆਰੀ ਦੀ ਰੱਖਿਆ ਕਰਨ ਦੀ ਅਪੀਲ ਕਰਦੇ ਹਾਂ। ਸੀ ਪੀ ਆਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਮੰਗ ਕਰਦੀ ਹੈ ਕਿ ਉਹ ਲੋਕਾਂ ਨੂੰ ਇਹ ਦੱਸਣ ਕਿ ਅਮਰੀਕਾ ਦੁਆਰਾ ਵਿਚੋਲਗੀ ਕੀ ਸੀ ਅਤੇ ਇਹ ਵੀ ਕਿ ਅਮਰੀਕੀ ਰਾਸ਼ਟਰਪਤੀ ਨੇ ਸਾਡੀ ਸਰਕਾਰ ਦੇ ਸਾਹਮਣੇ ਜੰਗਬੰਦੀ ਦਾ ਐਲਾਨ ਕਿਵੇਂ ਕੀਤਾ। ਸੀ ਪੀ ਆਈ ਸੰਸਦ ਦਾ ਇੱਕ ਵਿਸ਼ੇਸ਼ ਸੈਸ਼ਨ ਜਲਦੀ ਤੋਂ ਜਲਦੀ ਬੁਲਾ ਕੇ ਇੱਕ ਵਿਆਪਕ ਅਤੇ ਪਾਰਦਰਸ਼ੀ ਚਰਚਾ ਦੀ ਮੰਗ ਕਰਦੀ ਹੈ।

## ਗੱਲਬਾਤ ਡੀ ਜੀ ਐੱਮ ਓ ਪੱਧਰ 'ਤੇ ਹੀ ਹੋਵੇਗੀ

**ਨਵੀਂ ਦਿੱਲੀ** : ਭਾਰਤ ਨੇ ਐਤਵਾਰ ਦਾਅਵਾ ਕੀਤਾ ਕਿ ਭਾਰਤ ਤੇ ਪਾਕਿਸਤਾਨ ਦਰਮਿਆਨ ਜੰਗਬੰਦੀ ਤੋਂ ਪਹਿਲਾਂ ਦੋਵਾਂ ਦੇਸ਼ਾਂ ਦੇ ਕੌਮੀ ਸੁਰੱਖਿਆ ਸਲਾਹਕਾਰਾਂ ਤੇ ਵਿਦੇਸ਼ ਮੰਤਰੀਆਂ ਵਿਚਾਲੇ ਕੋਈ ਗੱਲਬਾਤ ਨਹੀਂ ਹੋਈ, ਬਲਕਿ ਦੋਵਾਂ ਦੇਸ਼ਾਂ ਦੇ ਡਾਇਰੈਕਟਰ ਜਨਰਲ ਆਫ ਮਿਲਟਰੀ ਅਪਰੇਸ਼ਨ (ਡੀ ਜੀ ਐੱਮ ਓ) ਦਰਮਿਆਨ ਹੀ ਗੱਲਬਾਤ ਹੋਈ ਹੈ। ਸੂਤਰਾਂ ਮੁਤਾਬਕ 'ਅਪਰੇਸ਼ਨ ਸਿੰਧੂਰ' ਹਾਲੇ ਖਤਮ ਨਹੀਂ ਹੋਇਆ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀ ਕਿਹਾ ਕਿ ਇਸ ਵੇਲੇ ਸਿਰਫ ਇਕ ਮਾਮਲਾ ਰਹਿੰਦਾ ਹੈ, ਉਹ ਹੈ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਦੀ ਵਾਪਸੀ। ਜੇ ਪਾਕਿਸਤਾਨ ਦਹਿਸ਼ਤਗਰਦਾਂ ਨੂੰ ਸੌਂਪਣ ਦੀ ਗੱਲ ਕਰਦਾ ਹੈ ਤਾਂ ਭਾਰਤ ਗੱਲਬਾਤ ਲਈ ਤਿਆਰ ਹੈ। ਇਹ ਵੀ ਪਤਾ ਲੱਗਿਆ ਹੈ ਕਿ ਭਾਰਤ ਨੇ ਸਪੱਸ਼ਟ ਸੁਨੇਹਾ ਦਿੱਤਾ ਹੈ ਕਿ ਉਨ੍ਹਾਂ ਨੂੰ ਦੋਵਾਂ ਦੇਸ਼ਾਂ ਦਰਮਿਆਨ ਕਿਸੇ ਸਾਲਸੀ ਦੀ ਜ਼ਰੂਰਤ ਨਹੀਂ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਤਿੰਨੋਂ ਸੈਨਾਵਾਂ ਦੇ ਮੁਖੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜੇ ਪਾਕਿਸਤਾਨ ਵੱਲੋਂ ਗੋਲੀ ਚਲਦੀ ਹੈ ਤਾਂ ਭਾਰਤ ਵੱਲੋਂ ਗੋਲਾ ਚੱਲੇਗਾ।

ਸਰਕਾਰੀ ਸੂਤਰਾਂ ਨੇ ਦੱਸਿਆ ਕਿ ਪਾਕਿਸਤਾਨ ਨਾਲ ਸਿਰਫ ਡੀ ਜੀ ਐੱਮ ਓ ਪੱਧਰ 'ਤੇ ਗੱਲਬਾਤ ਹੋਵੇਗੀ ਤੇ ਹੋਰ ਕਿਸੇ ਵੀ ਮੁੱਦੇ 'ਤੇ ਚਰਚਾ ਨਹੀਂ ਹੋਵੇਗੀ। ਪਾਕਿਸਤਾਨ ਵੱਲੋਂ ਭਾਰਤ ਖਿਲਾਫ ਦਹਿਸ਼ਤੀ ਕਾਰਵਾਈਆਂ ਜਾਰੀ ਰਹਿਣ ਤੱਕ ਸਿੰਧੂ ਜਲ ਸੰਧੀ ਰੱਦ ਰਹੇਗੀ। ਉਨ੍ਹਾਂ ਕਿਹਾ ਕਿ ਜੰਗਬੰਦੀ ਦੀ ਸ਼ੁਰੂਆਤ ਵੇਲੇ ਪਾਕਿਸਤਾਨੀ ਡੀ ਜੀ ਐੱਮ ਓ ਨੇ 10 ਮਈ ਨੂੰ ਭਾਰਤੀ ਡੀ ਜੀ ਐੱਮ ਓ ਕੋਲ ਪਹੁੰਚ ਕੀਤੀ ਸੀ। ਭਾਰਤ ਵੱਲੋਂ ਸੱਤ ਮਈ ਨੂੰ ਅੱਤਵਾਦੀ ਟਿਕਾਣਿਆਂ 'ਤੇ ਕਾਰਵਾਈ ਕਰਨ ਤੋਂ ਬਾਅਦ ਇਹ ਫੈਸਲਾ ਹੋਇਆ ਸੀ ਕਿ ਜੇ ਪਾਕਿਸਤਾਨ ਗੋਲੀਬਾਰੀ ਕਰਦਾ ਹੈ ਤਾਂ ਭਾਰਤ ਹੋਰ ਮਜ਼ਬੂਤੀ ਨਾਲ ਇਸ ਦਾ ਜਵਾਬ ਦੇਵੇਗਾ। ਪਾਕਿਸਤਾਨ ਵੱਲੋਂ ਸੱਤ ਮਈ ਤੋਂ ਬਾਅਦ ਕੀਤੀ ਜਾਣ ਵਾਲੀ ਹਰ ਕਾਰਵਾਈ ਦਾ ਭਾਰਤ ਨੇ ਸਖਤ ਤੇ ਹਮਲਾਵਰ ਰੁਖ ਨਾਲ ਜਵਾਬ ਦਿੱਤਾ ਹੈ।

## ਸੰਸਦ ਦਾ ਵਿਸ਼ੇਸ਼ ਅਜਲਾਸ ਸੱਦਣ 'ਤੇ ਜ਼ੋਰ

**ਨਵੀਂ ਦਿੱਲੀ** : ਕਾਂਗਰਸ ਨੇ ਮੋਦੀ ਸਰਕਾਰ ਨੂੰ ਪਹਿਲਗਾਮ ਦਹਿਸ਼ਤੀ ਹਮਲੇ ਤੋਂ ਬਾਅਦ ਦੇ ਘਟਨਾਕ੍ਰਮ 'ਤੇ ਚਰਚਾ ਲਈ ਸੰਸਦ ਦਾ ਵਿਸ਼ੇਸ਼ ਅਜਲਾਸ ਬੁਲਾਉਣ ਦੀ ਅਪੀਲ ਕੀਤੀ ਹੈ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਲਿਖੇ ਪੱਤਰ ਵਿੱਚ ਕਿਹਾ, 'ਤਾਜ਼ਾ ਘਟਨਾਕ੍ਰਮ ਦੇ ਮੱਦੇਨਜ਼ਰ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਨੇ ਸਾਰੀਆਂ ਵਿਰੋਧੀ ਪਾਰਟੀਆਂ ਦੀ ਸਹਿਮਤੀ ਨਾਲ ਤੁਹਾਨੂੰ ਪਹਿਲਾਂ ਹੀ ਮੁੜ ਪੱਤਰ ਲਿਖ ਕੇ ਪਹਿਲਗਾਮ ਦਹਿਸ਼ਤੀ ਹਮਲੇ, ਅਪ੍ਰੇਸ਼ਨ ਸਿੰਧੂਰ ਅਤੇ ਪਹਿਲਾਂ ਅਮਰੀਕਾ ਤੇ ਮਗਰੋਂ ਭਾਰਤ ਤੇ ਪਾਕਿਸਤਾਨ ਵੱਲੋਂ ਕੀਤੇ ਜੰਗਬੰਦੀ ਦੇ ਐਲਾਨਾਂ 'ਤੇ ਚਰਚਾ ਕਰਨ ਲਈ ਸੰਸਦ ਦਾ ਵਿਸ਼ੇਸ਼ ਸੈਸ਼ਨ ਬੁਲਾਉਣ ਦੀ ਬੇਨਤੀ ਕੀਤੀ ਹੈ। ਰਾਜ ਸਭਾ ਵਿਚ ਵਿਰੋਧੀ ਧਿਰ ਦਾ ਆਗੂ ਹੋਣ ਦੇ ਨਾਤੇ ਮੈਂ ਉਪਰੋਕਤ ਬੇਨਤੀ ਦੀ ਹਮਾਇਤ ਕਰਦਾ ਹਾਂ। ਮੈਂ ਵਿਸ਼ਵਾਸ ਕਰਦਾ ਹਾਂ ਕਿ ਤੁਸੀਂ ਇਸ ਨੂੰ ਸਹਿਮਤੀ ਦਿਓਗੇ।'

## ਪਾਣੀ ਦੇ ਮਾਮਲੇ 'ਚ ਸਾਰੀ ਸ਼ਰਾਰਤ ਖੱਟਰ ਦੀ : ਮਾਨ

**ਨੰਗਲ (ਸੁਰਜੀਤ ਸਿੰਘ)**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀ.ਬੀ.ਐੱਮ.ਬੀ.) ਰਾਹੀਂ ਸੂਬੇ ਦੇ ਪਾਣੀਆਂ ਨੂੰ ਖੋਹ ਕੇ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਨ ਦੀ ਕਿਸੇ ਵੀ ਕੋਸ਼ਿਸ਼ ਨੂੰ ਨਾਕਾਮ ਕਰਨ ਦਾ ਅਹਿਦ ਲਿਆ।ਮੁੱਖ ਮੰਤਰੀ ਨੰਗਲ ਵਿਖੇ ਬੀ.ਬੀ.ਐੱਮ.ਬੀ. ਵੱਲੋਂ ਪਾਣੀ ਛੱਡਣ ਦੇ ਖਿਲਾਫ ਹੋਏ ਪ੍ਰਦਰਸ਼ਨ ਵਿੱਚ ਪਹੁੰਚੇ।ਇਸ ਮੌਕੇ ਮੁੱਖ ਮੰਤਰੀ ਨਾਲ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਤੇ ਹੋਰ ਵੀ ਹਾਜ਼ਰ ਸਨ।ਮੁੱਖ ਮੰਤਰੀ ਨੇ ਕਿਹਾ ਕਿ ਅਸਲ ਵਿੱਚ ਭਾਜਪਾ ਸੂਬਾ ਸਰਕਾਰ ਦੇ ਸਬਰ ਦਾ ਇਮਤਿਹਾਨ ਲੈ ਰਹੀ ਹੈ ਅਤੇ ਸਾਨੂੰ ਆਪਣੇ ਕੀਮਤੀ ਪਾਣੀਆਂ ਨੂੰ ਬਚਾਉਣ ਲਈ ਸਖ਼ਤ ਕਾਰਵਾਈ ਕਰਨ ਲਈ ਮਜਬੂਰ ਕਰ ਰਹੀ ਹੈ।ਮੁੱਖ ਮੰਤਰੀ ਨੇ ਇਸ ਮੁੱਦੇ 'ਤੇ ਕਿਸਾਨ ਯੂਨੀਅਨਾਂ ਦੀ ਚੁੱਪ 'ਤੇ ਵੀ ਸਵਾਲ ਚੁੱਕੇ।ਮੁੱਖ ਮੰਤਰੀ ਨੇ ਕਿਹਾ ਕਿ ਕਿਸਾਨ ਜਥੇਬੰਦੀਆਂ ਨੇ ਇਸ ਸੰਬੰਧ ਵਿੱਚ ਇੱਕ ਵੀ ਬਿਆਨ ਜਾਰੀ ਨਹੀਂ ਕੀਤਾ ਹੈ।ਉਨ੍ਹਾ ਕਿਹਾ ਕਿ ਉਹ ਸਿਰਫ਼ ਬੇਤੁਕੇ ਮਸਲਿਆਂ 'ਤੇ ਸੜਕ ਅਤੇ ਰੇਲਾਂ ਜਾਮ ਕਰਕੇ ਆਪਣੀਆਂ 'ਦੁਕਾਨਾਂ' ਚਲਾ ਰਹੇ ਹਨ, ਪਰ ਸੂਬੇ ਨਾਲ ਸੰਬੰਧਤ ਇਸ ਮਹੱਤਵਪੂਰਨ ਅਤੇ ਗੰਭੀਰ ਮੁੱਦੇ 'ਤੇ ਪੂਰੀ ਤਰ੍ਹਾਂ ਚੁੱਪ ਹਨ।ਮਾਨ ਨੇ ਤਨਜ਼ ਕੱਸਦਿਆਂ ਕਿਹਾ ਕਿ ਅਸਲ ਵਿੱਚ ਕਿਸਾਨ ਆਗੂ ਇਸ ਕਰਕੇ ਅੱਜ ਨੰਗਲ ਨਹੀਂ ਪਹੁੰਚੇ, ਕਿਉਂਕਿ ਇੱਥੇ ਏ.ਸੀ. ਵਾਲੀਆਂ ਟਰਾਲੀਆਂ ਨਹੀਂ ਹਨ ਅਤੇ ਉਨ੍ਹਾਂ ਨੂੰ ਧੁੱਪ ਹੇਠ ਵਿਰੋਧ ਪ੍ਰਦਰਸ਼ਨ ਕਰਨਾ ਪੈਣਾ ਸੀ, ਜੋ ਹੁਣ ਉਨ੍ਹਾਂ ਦੇ ਵੱਸ ਦੀ ਗੱਲ ਨਹੀਂ ਰਹੀ।ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੂੰ ਇਨ੍ਹਾਂ ਕਿਸਾਨ ਯੂਨੀਅਨਾਂ ਦੀ ਮਦਦ ਦੀ ਲੋੜ ਵੀ ਨਹੀਂ ਹੈ, ਕਿਉਂਕਿ ਸਾਡੀ ਸਰਕਾਰ ਪੰਜਾਬ ਅਤੇ ਇਸ ਦੇ ਲੋਕਾਂ ਦੇ ਹਿੱਤਾਂ ਦੀ ਰਾਖੀ ਖੁਦ ਕਰਨ ਦੇ ਸਮਰੱਥ ਹੈ।ਮਾਨ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਜੇਕਰ ਹੁਣ ਕੋਈ ਬੀ.ਬੀ.ਐੱਮ.ਬੀ. ਅਧਿਕਾਰੀ ਇੱਥੇ ਆ ਕੇ ਪਾਣੀ ਛੱਡਣ ਦੀ ਕੋਸ਼ਿਸ਼ ਕਰਦੇ ਹਨ ਤਾਂ ਉਹ ਆਪਣੀ ਸੁਰੱਖਿਆ ਦੇ ਖੁਦ ਜ਼ਿੰਮੇਵਾਰ ਹੋਣਗੇ, ਕਿਉਂਕਿ ਪੰਜਾਬ ਦੇ ਲੋਕ ਉਨ੍ਹਾਂ ਦੇ ਵਿਰੁੱਧ ਹਨ। ਉਨ੍ਹਾ ਕਿਹਾ ਕਿ ਇਹ ਸਾਰੀ ਸ਼ਰਾਰਤ ਕੇਂਦਰੀ ਮੰਤਰੀ ਮਨੋਹਰ ਲਾਲ ਖੱਟਰ ਦੇ ਇਸ਼ਾਰੇ 'ਤੇ ਹੋ ਰਹੀ ਹੈ, ਜੋ ਹਰਿਆਣਾ ਤੋਂ ਹਨ।ਮੁੱਖ ਮੰਤਰੀ ਨੇ ਕਿਹਾ ਕਿ ਖੱਟਰ ਅਤੇ ਭਾਜਪਾ ਪੰਜਾਬ ਨੂੰ ਹਲਕੇ ਵਿੱਚ ਨਾ ਲੈਣ, ਕਿਉਂਕਿ ਜੇਕਰ ਪੰਜਾਬੀ ਸੂਬੇ ਦੀਆਂ ਸਰਹੱਦਾਂ ਦੀ ਰਾਖੀ ਕਰ ਸਕਦੇ ਹਨ ਤਾਂ ਉਹ ਇਸ ਦੇ ਪਾਣੀਆਂ ਨੂੰ ਵੀ ਬਚਾਉਣ ਦੇ ਸਮਰੱਥ ਹਨ।

## ਅੱਜ-ਨਾਮਾ

ਸਿਹਰਾ ਫਿਰ ਲੈ ਗਿਆ ਦੂਰ ਟਰੰਪ ਬੈਠਾ,
ਰਹੇ ਸੀ ਝਗੜਦੇ ਭਾਰਤ ਤੇ ਪਾਕਿ ਬੇਲੀ।
ਮਿਜ਼ਾਈਲਾਂ ਦਾਗੀਆਂ, ਚੱਲੇ ਡਰੋਨ ਨਾਲੇ,
ਹਾਲਾਤ ਤਾਂ ਜਾਪਦੇ ਸੀ ਖਤਰਨਾਕ ਬੇਲੀ।
ਸਰਹੱਦਾਂ ਵੱਲੋਂ ਸਾਮਾਨ ਚੁੱਕ ਤੁਰੇ ਲੋਕੀਂ,
ਜਿੱਥੇ ਜਾਣੇ, ਉਹ ਦੁਖੀ ਸਨ ਸਾਕ ਬੇਲੀ।
ਵਧਦੀ ਜਿਵੇਂ ਮਿਜ਼ਾਈਲਾਂ ਦੀ ਮਾਰ ਜਾਵੇ,
ਸੁਖਾਲੀ ਅਮਨ ਦੀ ਨਹੀਂ ਸੀ ਝਾਕ ਬੇਲੀ।
ਜਿੱਦਾਂ ਅੰਤ ਨੂੰ ਸਾਰਾ ਕੁਝ ਠੀਕ ਹੋਇਆ,
ਆਇਆ ਸੁਖ ਦਾ ਆਖਰ ਨੂੰ ਸਾਹ ਬੇਲੀ।
ਜਨਰਲ ਪਾਕਿ ਦਾ ਘੋਲਦਾ ਵਿੱਸ ਜਿਹੜੀ,
ਨਹੀਉਂ ਉਹਦਾ ਕੁਝ ਅਜੇ ਵਸਾਹ ਬੇਲੀ।

-ਤੀਸ ਮਾਰ ਖਾਂ

## ਆਈ ਪੀ ਐੱਲ 16 ਤੋਂ ਮੁੜ ਸ਼ੁਰੂ ਹੋਣ ਦੀ ਆਸ

**ਮੁੰਬਈ** : ਇੰਡੀਅਨ ਪ੍ਰੀਮੀਅਰ ਲੀਗ (ਆਈ ਪੀ ਐੱਲ) 16 ਮਈ ਤੋਂ ਮੁੜ ਸ਼ੁਰੂ ਹੋ ਸਕਦੀ ਹੈ। ਭਾਰਤ ਤੇ ਪਾਕਿਸਤਾਨ ਦਰਮਿਆਨ ਤਣਾਅ ਦੇ ਚਲਦੇ ਇਸ ਨੂੰ 9 ਮਈ ਨੂੰ ਮੁਲਤਵੀ ਕਰ ਦਿੱਤਾ ਗਿਆ ਸੀ ਤੇ ਇਹ ਵੀ ਚਰਚਾ ਹੈ ਕਿ ਇਸ ਦਾ ਫਾਈਨਲ ਮੁਕਾਬਲਾ 30 ਮਈ ਨੂੰ ਖੇਡਿਆ ਜਾ ਸਕਦਾ ਹੈ। ਆਈ ਪੀ ਐੱਲ ਦੇ ਇਸ ਵੇਲੇ 16 ਮੈਚ ਖੇਡਣੇ ਬਾਕੀ ਰਹਿ ਗਏ ਹਨ, ਜਿਨ੍ਹਾਂ ਵਿਚ 12 ਮੈਚ ਲੀਗ ਦੇ ਤੇ ਚਾਰ ਪਲੇਅ ਆਫ ਦੇ ਹਨ। ਜਾਣਕਾਰੀ ਮਿਲੀ ਹੈ ਕਿ ਬੀ ਸੀ ਸੀ ਆਈ ਟੂਰਨਾਮੈਂਟ ਨੂੰ ਮਈ ਵਿੱਚ ਹੀ ਮੁਕੰਮਲ ਕਰਨਾ ਚਾਹੁੰਦਾ ਹੈ, ਕਿਉਂਕਿ ਜੇ ਮਈ ਵਿਚ ਮੈਚ ਨਾ ਹੋਏ ਤਾਂ ਬਾਕੀ ਟੀਮਾਂ ਦੇ ਰੁਝੇਵਿਆਂ ਕਾਰਨ ਇਹ ਟੂਰਨਾਮੈਂਟ ਸਤੰਬਰ ਤੋਂ ਪਹਿਲਾਂ ਨਹੀਂ ਕਰਵਾਇਆ ਜਾ ਸਕਦਾ।



## ਐੱਸ ਐੱਸ ਪੀ ਦਫਤਰ ਵੱਲ ਰੋਸ ਮੁਜ਼ਾਹਰੇ ਦੀ ਤਿਆਰੀ ਸੰਬੰਧੀ ਮੀਟਿੰਗ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਪਿੰਡ ਢੱਡਰੀਆਂ ਵਿਖੇ ਕਿਰਤੀ ਕਿਸਾਨ ਯੂਨੀਅਨ ਦੀ ਮੀਟਿੰਗ ਸੀਨੀਅਰ ਜ਼ਿਲ੍ਹਾ ਮੀਤ ਪ੍ਰਧਾਨ ਭਜਨ ਸਿੰਘ ਢੱਡਰੀਆਂ ਤੇ ਬਲਾਕ ਪ੍ਰਧਾਨ ਕਰਮਜੀਤ ਸਿੰਘ ਸਤੀਪੁਰਾ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ 13 ਮਈ ਨੂੰ ਸੰਗਰੂਰ ਦੀ ਦਾਣਾ ਮੰਡੀ ਵਿਖੇ ਜ਼ੋਨ ਪੱਧਰੀ ਰੋਸ ਰੈਲੀ ਤੇ ਐੱਸ ਐੱਸ ਪੀ ਦਫਤਰ ਵੱਲ ਰੋਸ ਮੁਜ਼ਾਹਰਾ ਕਰਨ ਦੇ ਪ੍ਰੋਗਰਾਮ ਵਿੱਚ ਇਲਾਕੇ ਦੇ ਪਿੰਡਾਂ ਵਿੱਚੋਂ ਸੈਂਕੜਿਆਂ ਦੀ ਗਿਣਤੀ ਵਿੱਚ ਕਿਸਾਨਾਂ ਨੂੰ ਸ਼ਾਮਲ ਕਰਵਾਉਣ ਦਾ ਫੈਸਲਾ ਕੀਤਾ ਗਿਆ ਤੇ ਇਸ ਸਬੰਧੀ ਤਿਆਰੀ ਲਈ ਡਿਊਟੀਆਂ ਲਾਈਆਂ ਗਈਆਂ।ਜਾਣਕਾਰੀ ਦਿੰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਅਵਤਾਰ ਸਿੰਘ ਸਾਹੋਕੇ ਨੇ ਦੱਸਿਆ ਕਿ 25 ਅਪ੍ਰੈਲ ਨੂੰ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਨਿਰਭੈ ਸਿੰਘ ਖਾਈ ਉੱਪਰ ਕਾਤਲਾਨਾ ਹਮਲਾ ਕਰਕੇ ਭੂ-ਮਾਫੀਆ ਦੇ ਗਰੋਹ ਵੱਲੋਂ ਉਨ੍ਹਾਂ ਦੀਆਂ ਲੱਤਾਂ ਤੇ ਬਾਂਹਾਂ ਤੋੜ ਦਿੱਤੀਆਂ ਗਈਆਂ ਸੀ, 17 ਦਿਨ ਬੀਤਣ ਦੇ ਬਾਵਜੂਦ ਪੁਲਸ ਵੱਲੋਂ ਮੁਲਜ਼ਮਾਂ ਵਿੱਚੋਂ ਕਿਸੇ ਨੂੰ ਵੀ ਗ੍ਰਿਫਤਾਰ ਨਹੀਂ ਕੀਤਾ ਗਿਆ।ਇਸ ਮਾਮਲੇ 'ਤੇ ਸੰਯੁਕਤ ਕਿਸਾਨ ਮੋਰਚੇ ਨੇ ਫੈਸਲਾ ਕੀਤਾ ਸੀ ਕਿ ਸੰਗਰੂਰ ਵਿਖੇ ਵੱਡਾ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਮੀਟਿੰਗ ਵਿੱਚ ਹਾਜ਼ਰ ਆਗੂਆਂ ਨੇ ਪੁਲਸ, ਸਿਆਸੀ, ਗਰੋਹ ਗੱਠਜੋੜ ਦੀ ਨਿੰਦਾ ਕਰਦਿਆਂ ਦੋਸ਼ ਲਾਇਆ ਕਿ ਕੈਬਨਿਟ ਮੰਤਰੀ ਦੀ ਸ਼ਹਿ 'ਤੇ ਭੂ-ਮਾਫੀਆ ਗਰੋਹ ਵੱਲੋਂ ਇਹ ਹਮਲਾ ਕੀਤਾ ਗਿਆ ਹੈ ਤੇ ਇਸੇ ਕਰਕੇ ਹੀ ਪੁਲਸ ਵੱਲੋਂ ਮੁਲਜ਼ਮਾਂ ਨੂੰ ਗ੍ਰਿਫਤਾਰ ਨਹੀਂ ਕੀਤਾ ਜਾ ਰਿਹਾ।ਇਸ ਮਾਮਲੇ 'ਤੇ ਇਨਸਾਫ ਲੈਣ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ।ਇਸ ਮੀਟਿੰਗ ਵਿੱਚ ਕਿਰਤੀ ਕਿਸਾਨ ਯੂਨੀਅਨ ਇਕਾਈ ਲੌਂਗੋਵਾਲ ਦੇ ਪ੍ਰਧਾਨ ਹਰਦੇਵ ਸਿੰਘ ਦੁੱਲਟ, ਰੱਤੋਕੇ ਦੇ ਪ੍ਰਧਾਨ ਹਰਜਿੰਦਰ ਸਿੰਘ, ਤਕੀਪੁਰ ਇਕਾਈ ਦੇ ਪ੍ਰਧਾਨ ਸਾਹਿਬ ਸਿੰਘ, ਸਾਹੋਕੇ ਦੇ ਬਲਵਿੰਦਰ ਸਿੰਘ ਤੋਂ ਇਲਾਵਾ ਯੂਥ ਵਿੰਗ ਆਗੂ ਰਵਿੰਦਰ ਸਿੰਘ, ਪਾਲਾ ਸਿੰਘ, ਬਾਬੂ ਸਿੰਘ, ਜੋਗਾ ਸਿੰਘ ਢੱਡਰੀਆਂ, ਬਲਿਹਾਰ ਸਿੰਘ, ਅਜੈਬ ਸਿੰਘ, ਨਿੱਕਾ ਸਿੰਘ ਦੁੱਲਟ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਗੂ ਹਾਜ਼ਰ ਸਨ।

# ਸਰਕਾਰੀ ਅਧਿਕਾਰੀਆਂ ਦੀ ਅਣਦੇਖੀ ਤੇ ਠੇਕੇਦਾਰਾਂ ਦੀ ਲੁੱਟ ਕਰ ਰਹੀ ਸੰਘਰਸ਼ ਲਈ ਮਜਬੂਰ : ਜਗਸੀਰ ਸਿੰਘ ਮਾਣਕ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਰੋਡਵੇਜ਼ ਪਨਬਸ ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਢਿੱਲੋਂ, ਜ਼ਿਲ੍ਹਾ ਮੀਤ ਪ੍ਰਧਾਨ ਮਨਜੀਤ ਸਿੰਘ, ਜਨਰਲ ਸਕੱਤਰ ਗੁਰਸੇਵਕ ਸਿੰਘ ਨੇ ਦੱਸਿਆ ਕਿ ਸਮੇਂ-ਸਮੇਂ 'ਤੇ ਟਰਾਂਸਪੋਰਟ ਵਿਭਾਗ ਦੇ ਕੱਚੇ ਮੁਲਾਜ਼ਮਾਂ ਵਲੋਂ ਸੰਘਰਸ਼ ਕਰਕੇ ਆਪਣੀਆਂ ਮੰਗਾਂ ਪ੍ਰਤੀ ਸਰਕਾਰ ਨੂੰ ਦੱਸਿਆ ਜਾਂਦਾ ਹੈ, ਪਰ ਸਰਕਾਰ ਵੱਲੋਂ ਹਰ ਸਮੇਂ ਮੰਗਾਂ ਮੰਨ ਕੇ ਅਫ਼ਸਰਸ਼ਾਹੀ ਵੱਲੋਂ ਲਾਗੂ ਨਹੀਂ ਕੀਤੀਆਂ ਜਾਂਦੀਆਂ ਜਾਂ ਫੇਰ ਟਾਲ ਮਟੋਲ ਕਰ ਦਿੱਤਾ ਜਾਂਦਾ ਹੈ ਤੇ ਮੰਗਾਂ ਜਿਉਂ ਦੀਆਂ ਤਿਉਂ ਹੀ ਰਹਿੰਦੀਆਂ ਹਨ, ਪਰ ਜਦੋਂ ਵੀ ਪੰਜਾਬ ਜਾਂ ਭਾਰਤ ਉਪਰ ਕੋਈ ਸੰਕਟ ਦੀ ਘੜੀ ਆਉਂਦੀ ਹੈ, ਜਿਸ ਵਿੱਚ ਭਾਵੇਂ ਦੰਗੇ, ਹੜ੍ਹ, ਕਰੋਨਾ ਜਾਂ ਫੇਰ ਹੁਣ ਜੰਗ ਦਾ ਮਾਹੌਲ ਹੋਵੇ, ਪਨਬੱਸ ਤੇ ਪੀ ਆਰ ਟੀ ਸੀ ਦੇ ਕੱਚੇ ਮੁਲਾਜ਼ਮਾਂ ਨੂੰ ਫਰੰਟ ਲਾਈਨ ਦੀਆਂ ਡਿਊਟੀਆਂ 'ਤੇ ਵਰਤਿਆ ਜਾਂਦਾ ਹੈ ਤੇ ਮੁਲਾਜ਼ਮਾਂ ਵੱਲੋਂ ਵੀ ਜਾਨ ਦੀ ਪ੍ਰਵਾਹ ਨਾ ਕਰਦਿਆਂ ਸਰਕਾਰ ਦਾ ਸਹਿਯੋਗ ਕੀਤਾ ਜਾਂਦਾ ਹੈ, ਪਰ ਸਰਕਾਰ ਵੱਲੋਂ ਕੋਈ ਵੀ ਅਣਸੁਖਾਵੀਂ ਘਟਨਾ ਵਾਪਰਨ 'ਤੇ ਵੀ ਕੱਚੇ ਮੁਲਾਜ਼ਮਾਂ ਦੀ ਸਾਰ ਨਹੀਂ ਲਈ ਜਾਂਦੀ। ਕਰੋਨਾ ਵਿੱਚ ਐਂਬੂਲੈਂਸ ਚਲਾਉਣ ਵਾਲੇ ਸਾਥੀ ਦੀ ਮੌਤ ਹੋਣ 'ਤੇ ਮੁਲਾਜ਼ਮਾਂ ਨੂੰ ਕੁੱਝ ਵੀ ਨਹੀਂ ਦਿੱਤਾ ਗਿਆ, ਪਰ ਫੇਰ ਵੀ ਪਨਬਸ ਤੇ ਪੀ ਆਰ ਟੀ ਸੀ ਦੇ ਕੱਚੇ ਮੁਲਾਜ਼ਮਾਂ ਇਸ ਮੁਸ਼ਕਲ ਘੜੀ ਵਿੱਚ ਦੇਸ਼ ਦੇ ਨਾਲ ਖੜ੍ਹੇ ਹਨ, ਪੰਜਾਬ ਸਰਕਾਰ ਤੇ ਵਿਭਾਗ ਮੁਲਾਜ਼ਮਾਂ ਦੀ ਅਣਦੇਖੀ ਕਰਨਾ ਬੰਦ ਕਰੇ।

ਜੁਆਇੰਟ ਸੈਕਟਰੀ ਮਨਪ੍ਰੀਤ ਸਿੰਘ, ਮੀਤ ਪ੍ਰਧਾਨ ਭੁਪਿੰਦਰ ਸਿੰਘ ਸਿੱਧੂ, ਕੈਸ਼ੀਅਰ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਪਿਛਲੇ ਸਮੇਂ ਵਿੱਚ ਮੁੱਖ ਮੰਤਰੀ ਪੰਜਾਬ ਵੱਲੋਂ 1/07/2024 ਨੂੰ ਮੀਟਿੰਗ ਕਰਕੇ ਫ਼ੈਸਲਾ ਕੀਤਾ ਗਿਆ ਸੀ ਕਿ ਕਮੇਟੀ ਬਣਾ ਕੇ ਇੱਕ ਮਹੀਨੇ ਵਿੱਚ ਮੰਗਾਂ ਦੇ ਹੱਲ ਲਈ ਟਰਾਂਸਪੋਰਟ ਵਿਭਾਗ ਦੀ ਵੱਖਰੀ ਪਾਲਿਸੀ ਬਣਾਈ ਜਾਵੇ, ਪ੍ਰੰਤੂ ਹੁਣ ਤੱਕ ਕੋਈ ਹੱਲ ਨਹੀਂ ਕੱਢਿਆ ਗਿਆ, ਉਲਟਾ ਠੇਕੇਦਾਰਾਂ ਸਕਿਊਰਟੀਆਂ ਈ ਪੀ ਐਫ਼, ਈ ਐਸ ਆਈ, ਗਰੁੱਪ ਇੰਸ਼ੋਰੈਂਸ ਆਦਿ ਦੇ ਲਾਭ ਦੇਣ ਦੀ ਬਜਾਏ 11-12 ਕਰੋੜ ਰੁਪਏ ਮੁਲਾਜ਼ਮਾਂ ਦੀ ਲੁੱਟ ਕੀਤੀ ਗਈ ਹੈ ਤੇ ਸਮੇਂ-ਸਮੇਂ 'ਤੇ ਹੋਈਆਂ ਮੀਟਿੰਗਾਂ ਵਿੱਚ ਟਰਾਂਸਪੋਰਟ ਮੰਤਰੀ ਪੰਜਾਬ ਵੱਲੋਂ ਮੰਗਾਂ ਪ੍ਰਵਾਨ ਕਰਨ ਦਾ ਭਰੋਸਾ ਦਿੱਤਾ ਜਾਂਦਾ ਰਿਹਾ ਤੇ ਹੁਣ 9 ਅਪ੍ਰੈਲ 2025 ਨੂੰ ਟਰਾਂਸਪੋਰਟ ਮੰਤਰੀ ਪੰਜਾਬ, ਐਡਵੋਕੇਟ ਜਨਰਲ ਪੰਜਾਬ ਤੇ ਵਿੱਤ ਮੰਤਰੀ ਪੰਜਾਬ ਵੱਲੋਂ ਵੀ ਕੰਟਰੈਕਟ ਮੁਲਾਜ਼ਮਾਂ ਨੂੰ ਪੱਕਾ ਕਰਨ ਤੇ ਆਊਟਸੋਰਸ ਮੁਲਾਜ਼ਮਾਂ ਨੂੰ ਕੰਟਰੈਕਟ ਤੇ ਕਰਨ ਠੇਕੇਦਾਰ ਬਾਹਰ ਕੱਢਣ ਲਈ 15 ਦਿਨਾਂ ਵਿੱਚ ਕੈਬਨਿਟ ਵਿੱਚ ਪਾਲਸੀ ਲਿਆਉਣ ਲਈ ਕਿਹਾ ਗਿਆ ਤੇ ਆਊਟ ਸੋਰਸ ਭਰਤੀ ਬੰਦ ਕਰਨ ਦੇ ਆਦੇਸ਼ ਦਿੱਤੇ ਗਏ ਹਨ ਤੇ ਸਰਕਾਰੀ ਬੱਸਾਂ ਪਾਉਣ ਲਈ ਕਿਹਾ ਗਿਆ ਹੈ, ਪ੍ਰੰਤੂ ਠੇਕੇਦਾਰ ਵਲੋਂ ਬਿਨਾਂ ਐਗਰੀਮੈਂਟ ਦੇ ਕੰਮ ਚਲਾਈਆਂ ਜਾ ਰਿਹਾ ਹੈ, ਹਰ ਮਹੀਨੇ ਤਨਖਾਹਾਂ ਵਿੱਚ ਨਜਾਇਜ਼ ਕਟੌਤੀ ਤੇ ਹੁਣ ਰਿਸ਼ਵਤਖੋਰੀ ਰਾਹੀਂ ਐਗਰੀਮੈਂਟ ਬਿਨਾਂ ਭਰਤੀ ਕੀਤੀ ਜਾ ਰਹੀ ਹੈ ਤੇ ਸਰਕਾਰੀ ਬੱਸਾਂ ਪਾਉਣ ਦੀ ਥਾਂ ਤੇ ਵਿਭਾਗ ਦੇ ਅਧਿਕਾਰੀਆਂ ਵੱਲੋਂ ਕਿਲੋਮੀਟਰ ਸਕੀਮ ਤਹਿਤ ਪ੍ਰਾਈਵੇਟ ਮਾਲਕਾਂ ਦੀਆਂ ਬੱਸਾਂ ਪਾ ਕੇ ਵਿਭਾਗਾਂ ਦੀ ਕਰੋੜਾਂ ਰੁਪਏ ਲੁੱਟ ਕਰਾਉਣ ਦੀ ਤਿਆਰੀ ਕੀਤੀ ਜਾ ਰਹੀ ਹੈ, ਜਿਸ ਦਾ ਯੂਨੀਅਨ ਵਲੋਂ ਸਖ਼ਤ ਵਿਰੋਧ ਕੀਤਾ ਜਾਂਦਾ ਹੈ।ਜੇਕਰ ਧੱਕੇਸ਼ਾਹੀ ਕੀਤੀ ਤਾਂ ਤਰੁੰਤ ਸੰਘਰਸ਼ ਕੀਤਾ ਜਾਵੇਗਾ।

ਡਿਪੂ ਪ੍ਰਧਾਨ ਜਗਸੀਰ ਸਿੰਘ, ਸੀਂ ਮੀਤ ਪ੍ਰਧਾਨ ਮਲਕੀਤ ਸਿੰਘ ਨੇ ਕਿਹਾ ਕਿ ਜੰਗ ਦੇ ਮਾਹੌਲ ਕਾਰਨ 11 ਮਈ ਦੀ ਪ੍ਰੈੱਸ ਕਾਨਫਰੰਸ ਅੱਗੇ ਪਾਈ ਗਈ ਹੈ, ਪ੍ਰੰਤੂ ਜੇਕਰ ਵਿਭਾਗ ਦੇ ਅਧਿਕਾਰੀਆਂ ਵੱਲੋਂ ਮੰਗਾਂ ਨਾ ਮੰਨੀਆਂ ਗਈਆਂ ਜਾਂ ਕੋਈ ਵੀ ਧੱਕੇਸ਼ਾਹੀ ਕੀਤੀ, ਜਿਸ ਵਿੱਚ ਨਜਾਇਜ਼ ਆਊਟ ਸੋਰਸ ਭਰਤੀ ਜਾਂ ਕਿਲੋਮੀਟਰ ਸਕੀਮ ਬੱਸਾਂ ਪਾਉਣ ਦੀ ਕੋਸ਼ਿਸ਼ ਕੀਤੀ ਗਈ ਤਾਂ ਤਰੁੰਤ ਸੰਘਰਸ਼ ਕੀਤਾ ਜਾਵੇਗਾ ਜੇਕਰ 19 ਮਈ ਤੱਕ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ 20 ਤੋਂ 22 ਮਈ ਨੂੰ ਤਿੰਨ ਰੋਜ਼ਾ ਹੜਤਾਲ ਕੀਤੀ ਜਾਵੇਗੀ ਤੇ 22 ਮਈ ਨੂੰ ਮੁੱਖ ਮੰਤਰੀ ਦੀ ਰਿਹਾਇਸ਼ ਅੱਗੇ ਧਰਨਾ ਦਿੱਤਾ ਜਾਵੇਗਾ। ਜੇਕਰ ਫੇਰ ਵੀ ਮੰਗਾਂ ਦਾ ਹੱਲ ਨਾ ਕੱਢਿਆ ਗਿਆ ਤਾਂ ਹੜਤਾਲ ਅਣਮਿੱਥੇ ਸਮੇਂ ਦੀ ਕਰਨ ਜਾਂ ਰੂਲਾਂ ਅਨੁਸਾਰ ਸਵਾਰੀਆਂ ਬੈਠਾਉਣ ਵਰਗੇ ਸੰਘਰਸ਼ ਕਰਨ ਲਈ ਮਜਬੂਰ ਹੋਵਾਂਗੇ, ਜਿਸ ਦੀ ਨਿੱਜੀ ਜ਼ਿੰਮੇਵਾਰੀ ਵਿਭਾਗ ਦੇ ਉੱਚ ਅਧਿਕਾਰੀਆਂ ਤੇ ਸਰਕਾਰ ਦੀ ਹੋਵੇਗੀ।

# ਸਪੀਕਰ ਸੰਧਵਾਂ ਨੇ ਮਾਂ-ਦਿਵਸ ਦੀਆਂ ਦਿੱਤੀਆਂ ਵਧਾਈਆਂ



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਸ਼ਵ ਮਾਂ ਦਿਵਸ ਦੇ ਪਵਿੱਤਰ ਮੌਕੇ 'ਤੇ ਪੰਜਾਬ ਵਾਸੀਆਂ ਨੂੰ ਮੁਬਾਰਕਾਂ ਦਿੰਦਿਆਂ ਮਾਂ ਦੀ ਮਹਾਨਤਾ ਨੂੰ ਨਮਨ ਕੀਤਾ।ਉਨ੍ਹਾਂ ਕਿਹਾ ਕਿ ਮਾਂ ਨੂੰ ਗੁਰੂ ਗ੍ਰੰਥ ਸਾਹਿਬ ਵਿੱਚ ਵੀ ਰੱਬ ਦਾ ਦਰਜਾ ਦਿੱਤਾ ਗਿਆ ਹੈ ਤੇ ਸਾਨੂੰ ਸਾਰਿਆਂ ਨੂੰ ਹੀ ਆਪਣੀ ਮਾਂ ਦਾ ਆਦਰ ਤੇ ਸਨਮਾਨ ਕਰਨਾ ਚਾਹੀਦਾ ਹੈ।ਸਪੀਕਰ ਸੰਧਵਾਂ ਨੇ ਆਪਣੀ ਮਾਂ ਨਾਲ ਪਿੰਡ ਸੰਧਵਾਂ ਵਿਖੇ ਘਰ ਵਿੱਚ ਮਿਲ ਕੇ ਉਨ੍ਹਾਂ ਦੇ ਚਰਨ ਛੂਹ ਕੇ ਆਸ਼ੀਰਵਾਦ ਲਿਆ।ਉਨ੍ਹਾਂ ਕਿਹਾ ਕਿ ਮਾਂ ਸਦਾ ਹੀ ਸੰਸਕਾਰ, ਸਹਿਣਸ਼ੀਲਤਾ ਤੇ ਨਿਸ਼ਕਪਟ ਪਿਆਰ ਦੀ ਮੂਰਤ ਹੁੰਦੀ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੀ ਮਾਂ ਦੇ ਵਡਮੁੱਲੇ ਯੋਗਦਾਨ ਨੂੰ ਯਾਦ ਕਰਦੇ ਹੋਏ ਉਨ੍ਹਾਂ ਨੂੰ ਸਦਾ ਸਤਿਕਾਰ ਤੇ ਪਿਆਰ ਦੇਣ ਦੀ ਸੰਸਕਾਰ ਨਿਭਾਈਏ। ਉਨ੍ਹਾਂ ਕਿਹਾ ਕਿ ਇਹ ਦਿਵਸ ਸਾਡੀ ਜ਼ਿੰਦਗੀ 'ਚ ਮਾਂ ਦੇ ਅਟੁੱਟ ਪਿਆਰ ਤੇ ਤਿਆਗ ਨੂੰ ਯਾਦ ਕਰਨ ਦਾ ਇੱਕ ਸੁਨਹਿਰੀ ਮੌਕਾ ਹੁੰਦਾ ਹੈ।

## ਗੁਰੂ ਅਮਰਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਧਾਰਮਿਕ ਸਮਾਗਮ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਤੀਜੀ ਪਾਤਸ਼ਾਹੀ ਧੰਨ-ਧੰਨ ਸ੍ਰੀ ਗੁਰੂ ਅਮਰਦਾਸ ਜੀ ਦਾ ਪ੍ਰਕਾਸ਼ ਗੁਰਪੁਰਬ ਸੰਗਤਾਂ ਵੱਲੋਂ ਗੁਰੂ ਘਰ ਨਤਮਸਤਕ ਹੋ ਕੇ ਮਨਾਇਆ ਗਿਆ।ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਇਸ ਮੌਕੇ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਭਾਰਤ-ਪਾਕਿ ਜੰਗ ਦੌਰਾਨ ਸ਼ਾਂਤੀ ਕਾਇਮ ਰੱਖਣ ਲਈ ਕੀਤੀ ਸਰਬੱਤ ਦੇ ਭਲੇ ਦੀ ਅਰਦਾਸ ਤੇ ਭਾਈ ਜਸਵਿੰਦਰ ਸਿੰਘ ਹਜ਼ੂਰੀ ਕੀਰਤਨੀ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ।ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸੰਗਤਾਂ ਨੂੰ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਅਮਰਦਾਸ ਪਾਤਸ਼ਾਹ ਦਾ ਸਮੁੱਚਾ ਜੀਵਨ ਸੇਵਾ ਨੂੰ ਸਮਰਪਤ ਰਿਹਾ, ਜਿਨ੍ਹਾਂ ਨੇ ਗੁਰਬਾਣੀ ਦਾ ਪ੍ਰਚਾਰ ਪਸਾਰ ਕਰਦਿਆਂ ਸਮਾਜਕ ਬੁਰਾਈਆਂ ਦਾ ਖਾਤਮਾ ਕੀਤਾ ਤੇ ਸਮੁੱਚੀ ਲੋਕਾਈ ਨੂੰ ਸ਼ਬਦ ਗੁਰੂ ਨਾਲ ਜੋੜਕੇ ਪ੍ਰਮਾਤਮਾ ਨੂੰ ਪਾਉਣ ਦੀ ਜੁਗਤ ਦਿੱਤੀ।ਪ੍ਰੋ. ਬਡੂੰਗਰ ਨੇ ਦੱਸਿਆ ਕਿ ਗੁਰੂ ਸਾਹਿਬ ਨੇ ਗੋਇੰਦਵਾਲ ਸਾਹਿਬ ਨੂੰ ਸਿੱਖੀ ਦਾ ਪ੍ਰਮੁੱਖ ਕੇਂਦਰ ਬਣਾਇਆ, ਜਿਥੋਂ ਪ੍ਰਚਾਰ ਪਸਾਰ ਦਾ ਪ੍ਰਵਾਹ ਚੱਲਿਆ ਤੇ ਲੰਗਰ ਪ੍ਰਥਾ ਨੂੰ ਮਜ਼ਬੂਤ ਕੀਤਾ।ਗੁਰੂ ਸਾਹਿਬ ਦਾ ਜੀਵਨ ਗੁਰਬਾਣੀ ਆਸ਼ੇ ਅਨੁਸਾਰ ਜੀਵਨ ਜਿਉਣ ਦੀ ਜਾਂਚ ਪ੍ਰਦਾਨ ਕਰਦਾ ਹੈ ਤੇ ਸਿੱਖੀ ਨੂੰ ਪ੍ਰਫੁੱਲਤਾ ਕਰਨ ਦਾ ਮਾਰਗ ਦਰਸ਼ਨ ਵੀ ਕਰਦਾ ਹੈ। ਇਸ ਮੌਕੇ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਪੁੱਜੀਆਂ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੀ ਬਖਸ਼ਿਸ਼ ਕੀਤੀ।ਧਾਰਮਕ ਸਮਾਗਮ ਦੌਰਾਨ ਮੈਨੇਜਰ ਭਾਗ ਸਿੰਘ ਚੌਹਾਨ, ਐਡੀਸ਼ਨਲ ਮੈਨੇਜਰ ਜਸਵਿੰਦਰ ਸਿੰਘ, ਮੀਤ ਮੈਨੇਜਰ ਮਨਦੀਪ ਸਿੰਘ ਭਲਵਾਨ, ਗੁਰਬਚਨ ਸਿੰਘ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਸਟਾਫ਼ ਮੈਂਬਰ ਆਦਿ ਸ਼ਾਮਲ ਸਨ।

## ਤਹਿਸੀਲਦਾਰ ਗੁਰਪ੍ਰੀਤ ਸਿੰਘ ਕੰਟਰੋਲ ਰੂਮ ਦੇ ਨੋਡਲ ਅਫ਼ਸਰ ਨਿਯੁਕਤ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਮੌਜੂਦਾ ਹਾਲਤਾਂ ਦੇ ਮੱਦੇਨਜ਼ਰ ਆਮ ਜਨਤਾ ਦੀ ਸਹੂਲਤ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਿਵਲ ਕੰਟਰੋਲ ਰੂਮ ਨੰਬਰ 01633-260341 ਕਮਰਾ ਨੰਬਰ 9, ਪਹਿਲੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਾਪਤ ਕੀਤਾ ਗਿਆ ਹੈ।ਇਸ ਕੰਟਰੋਲ ਰੂਮ ਵਿੱਚ ਸ੍ਰੀ ਗੁਰਪ੍ਰੀਤ ਸਿੰਘ ਤਹਿਸੀਲਦਾਰ ਸ੍ਰੀ ਮੁਕਤਸਰ ਸਾਹਿਬ ਮੋਬਾਇਲ ਨੰਬਰ 83602-55518 ਨੂੰ ਨੋਡਲ ਅਫਸਰ ਲਗਾਇਆ ਗਿਆ ਹੈ।

## ਗੈਰ-ਪ੍ਰਮਾਣਿਤ ਸੰਦੇਸ਼ਾਂ ਨੂੰ ਅੱਗੇ ਭੇਜਣ ਤੋਂ ਗੁਰੇਜ਼ ਕਰਨ ਲੋਕ : ਡੀ.ਸੀ.

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਕੀਤੇ ਗਏ ਸੰਦੇਸ਼ 'ਚ ਫ਼ਿਰੋਜ਼ਪੁਰ ਅੰਦਰ ਸਥਿਤੀ ਸ਼ਾਂਤੀਪੂਰਨ ਹੈ ਤੇ ਫ਼ੌਜ ਲਗਾਤਾਰ ਚੌਕਸੀ ਵਰਤ ਰਹੀ ਹੈ।

ਸਥਾਨਕ ਲੋਕ ਪਟਾਕੇ ਚਲਾਉਣ, ਡਰੋਨ ਉਡਾਉਣ ਤੇ ਗੈਰ-ਪ੍ਰਮਾਣਿਤ ਸੋਸ਼ਲ ਮੀਡੀਆ ਸੰਦੇਸ਼ਾਂ ਨੂੰ ਅੱਗੇ ਭੇਜਣ ਤੋਂ ਗੁਰੇਜ਼ ਕਰਨ, ਨਹੀਂ ਤਾਂ ਉਨ੍ਹਾਂ ਵਿਰੁੱਧ ਕਾਰਵਾਈ ਕੀਤੀ ਜਾ ਸਕਦੀ ਹੈ। ਕਿਸੇ ਵੀ ਗਲਤ ਜਾਣਕਾਰੀ ਨੂੰ ਫੈਲਾਉਣ ਤੋਂ ਬਚੋ। ਇਸ ਤੋਂ ਇਲਾਵਾ ਜੇਕਰ ਖੇਤਰ ਵਿੱਚ ਕਿਸੇ ਵੀ ਕਿਸਮ ਦੇ ਖਤਰੇ ਬਾਰੇ ਕੋਈ ਅਗਾਊਂ ਸੂਚਨਾ ਮਿਲਦੀ ਹੈ ਤਾਂ ਸਮੇਂ-ਸਿਰ ਸੂਚਿਤ ਕੀਤਾ ਜਾਵੇਗਾ।

# ਤਰਕਸ਼ੀਲਾਂ ਵੱਲੋਂ ਸੱਤਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ 29 ਤੇ 31 ਨੂੰ

## ਦੋ-ਮਾਸਿਕ ਤਰਕਸ਼ੀਲ ਮੈਗਜ਼ੀਨ ਕੀਤਾ ਜਾਰੀ



**ਮਾਨਸਾ (ਆਤਮਾ ਸਿੰਘ ਪਮਾਰ)**-ਤਰਕਸ਼ੀਲ ਸੁਸਾਇਟੀ ਜ਼ਿਲ੍ਹਾ ਇਕਾਈ ਮਾਨਸਾ ਦੀ ਇੱਕ ਅਹਿਮ ਮੀਟਿੰਗ ਸਥਾਨਕ ਟੀਚਰ ਹੋਮ ਵਿਖੇ ਜ਼ੋਨ ਆਗੂ ਅੰਮ੍ਰਿਤ ਰਿਸ਼ੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ 'ਚ ਇਕਾਈ ਮਾਨਸਾ, ਭੀਖੀ, ਕੁਲਰੀਆਂ, ਝੁਨੀਰ, ਬੁਢਲਾਡਾ, ਮੌਹਰ ਸਿੰਘ ਵਾਲਾ, ਬੀਰ ਤੇ ਖੀਵਾ ਕਲਾਂ ਦੇ ਆਗੂਆਂ ਨੇ ਭਾਗ ਲਿਆ।ਅੰਮ੍ਰਿਤ ਰਿਸ਼ੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਤਰਕਸ਼ੀਲ ਸੁਸਾਇਟੀ ਵੱਲੋਂ ਲਈ ਜਾਣ ਵਾਲੀ 2025 ਦੀ ਸੱਤਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ 29 ਤੇ 31 ਅਗਸਤ ਨੂੰ ਹੋਵੇਗੀ।ਪ੍ਰੀਖਿਆ ਲੈਣ ਦਾ ਸੁਸਾਇਟੀ ਦਾ ਮਕਸਦ ਹੈ ਵਿਦਿਆਰਥੀਆਂ ਨੂੰ ਕਿਤਾਬਾਂ ਦੇ ਲੜ ਲਗਾਉਣਾ, ਬੌਧਿਕ ਪੱਧਰ ਨੂੰ ਉੱਚਾ ਚੁੱਕਣਾ ਤੇ ਅੰਧਵਿਸ਼ਵਾਸ 'ਚੋਂ ਕੱਢ ਕੇ ਵਿਗਿਆਨਕ ਸੋਚ ਦੇ ਧਾਰਨੀ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਕੁੱਝ ਕੁ ਦਿਨਾਂ ਵਿੱਚ ਇਸ ਪ੍ਰੀਖਿਆ ਦੇ ਪਾਠਕ੍ਰਮ ਦੀਆਂ ਕਿਤਾਬਾਂ ਆ ਜਾਣਗੀਆਂ ਤੇ ਉਨ੍ਹਾਂ ਨੂੰ ਸਕੂਲਾਂ ਤੱਕ ਪਹੁੰਚਦਾ ਕੀਤਾ ਜਾਵੇਗਾ।ਉਨ੍ਹਾਂ ਅੱਗੇ ਕਿਹਾ ਕਿ ਫਾਸ਼ੀਵਾਦ ਤਾਕਤਾਂ ਭਾਰਤ ਤੇ ਪਾਕਿਸਤਾਨ ਨੂੰ ਜੰਗ ਦੀ ਭੱਠੀ 'ਚ ਝੋਕ ਰਹੀਆਂ ਹਨ, ਜਿਸ ਵਿੱਚ ਆਮ ਲੋਕਾਂ ਦਾ ਵੱਡੇ ਪੱਧਰ 'ਤੇ ਨੁਕਸਾਨ ਹੋਣਾ ਹੈ।ਲੋਕ ਪੱਖੀ ਜਨਤਕ ਜਮਹੂਰੀ ਜਥੇਬੰਦੀਆਂ ਤੇ ਹਰ ਧਰਮ ਅਤੇ ਵਰਗਾਂ ਦੇ ਲੋਕਾਂ ਨੂੰ ਇੱਕਜੁੱਟ ਹੋ ਕੇ ਇਸ ਮਨੁੱਖ ਵਿਰੋਧੀ ਲੋਕ ਮਾਰੂ ਜੰਗ ਦੇ ਵਿਰੋਧ ਤੇ ਅਮਨ ਬਹਾਲੀ ਦੇ ਹੱਕ ਵਿੱਚ ਆਪਣੀ ਜਨਤਕ ਆਵਾਜ਼ ਬੁਲੰਦ ਕਰਨ ਦੀ ਗੱਲ 'ਤੇ ਜ਼ੋਰ ਦਿੱਤਾ।ਇਸ ਮੌਕੇ ਤਰਕਸ਼ੀਲ ਸੁਸਾਇਟੀ ਦਾ ਬੁਲਾਰਾ ਦੋ-ਮਾਸਿਕ ਮਈ ਤੇ ਜੂਨ ਦਾ ਮੈਗਜ਼ੀਨ ਅੰਕ ਵੀ ਜਾਰੀ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ੋਨ ਆਗੂ ਗੁਰਦੀਪ ਸਿੰਘ ਸਿੱਧੂ, ਕ੍ਰਿਸ਼ਨ ਮਾਨ ਬੀਬੜੀਆਂ, ਜਸਬੀਰ ਸੋਨੀ ਬੁੱਢਲਾਡਾ, ਭੁਪਿੰਦਰ ਫ਼ੌਜੀ, ਮਾ. ਲੱਖਾ ਸਿੰਘ, ਕੈਪਟਨ ਗੁਲਾਬ ਸਿੰਘ, ਮਾ. ਸੇਵਾ ਸਿੰਘ ਸੇਖੋਂ, ਹਰਬੰਸ ਸਿੰਘ, ਦਰਸ਼ਨ ਆਜ਼ਾਦ ਕੁਲਰੀਆਂ, ਜਗਮੀਤ ਸਿੰਘ ਪੀ ਪੀ, ਗੁਰਦੀਪ ਸਿੰਘ ਲਾਲਿਆਂਵਾਲੀ, ਪਰਮਿੰਦਰ ਸਿੰਘ ਖੀਵਾ, ਬੂਟਾ ਸਿੰਘ ਬੀਰ, ਬਲਜੀਤ ਸਿੰਘ ਆਦਿ ਹਾਜ਼ਰ ਸਨ।

## 2 ਦਿਨਾਂ 'ਚ 11 ਐੱਨ ਡੀ ਪੀ ਐਸ ਮੁਕੱਦਮੇ ਦਰਜ, 19 ਦੋਸ਼ੀ ਕਾਬੂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਰਾਜ ਪੱਧਰੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਐਸ.ਐਸ.ਪੀ. ਡਾ. ਅਖਿਲ ਚੌਧਰੀ, ਆਈ.ਪੀ.ਐਸ. ਦੀ ਅਗਵਾਈ ਹੇਠ ਨਸ਼ਾ ਤਸਕਰਾਂ ਵਿਰੁੱਧ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ।ਇਸ ਕਾਰਵਾਈ ਤਹਿਤ ਪਿਛਲੇ 2 ਦਿਨਾਂ ਦੌਰਾਨ ਹੀ 11 ਐਨ.ਡੀ.ਪੀ.ਐਸ. ਐਕਟ ਦੇ ਮਾਮਲੇ ਦਰਜ ਕਰਕੇ 19 ਦੋਸ਼ੀਆਂ ਨੂੰ ਕਾਬੂ ਕੀਤਾ ਗਿਆ ਹੈ। ਐਸ.ਐਸ.ਪੀ ਨੇ ਦੱਸਿਆ ਕਿ ਮੌਜੂਦਾ ਮਾਹੌਲ ਦੀ ਆੜ ਵਿੱਚ ਨਸ਼ਾ ਤਸਕਰਾਂ ਨੇ ਆਪਣੀਆ ਗਤੀਵਿਧੀਆਂ ਵਧਾਈਆਂ, ਪਰ ਜ਼ਿਲ੍ਹਾ ਪੁਲਸ ਵੱਲੋਂ ਇਨ੍ਹਾਂ ਦੀਆਂ ਗਤੀਵਿਧੀਆਂ 'ਤੇ ਲਗਾਤਾਰ ਨਿਗਰਾਨੀ ਰੱਖੀ ਜਾ ਰਹੀ ਸੀ, ਜਿਸ 'ਤੇ ਜ਼ਿਲ੍ਹਾ ਪੁਲਸ ਵੱਲੋਂ ਪਿਛਲੇ 2 ਦਿਨਾਂ ਦੌਰਾਨ ਸਪੈਸ਼ਲ ਮੁਹਿੰਮ ਚਲਾ ਕੇ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਕਰਦੇ ਹੋਏ 11 ਐਨ.ਡੀ.ਪੀ.ਐਸ. ਐਕਟ ਦੇ ਮਾਮਲੇ ਦਰਜ ਕਰਕੇ 19 ਦੋਸ਼ੀਆਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ 61.50 ਗ੍ਰਾਮ ਹੈਰੋਇਨ, 5210 ਨਸ਼ੀਲੀਆਂ ਗੋਲੀਆਂ ਅਤੇ 10 ਕਿਲੋਗ੍ਰਾਮ ਭੁੱਕੀ ਚੂਰਾ ਪੋਸਤ ਬ੍ਰਾਮਦ ਕੀਤਾ ਗਿਆ ਹੈ। ਇਸ ਤੋਂ ਇਲਾਵਾ ਐੱਸ ਐਸ ਪੀ ਨੇ ਦੱਸਿਆ ਕਿ ਨਸ਼ਾ ਤਸਕਰਾਂ ਦੇ ਨਾਲ-ਨਾਲ ਪੁਲਿਸ ਵੱਲੋਂ 4 ਨੌਜਵਾਨਾ ਨੂੰ ਸਮੇਤ ਨਸ਼ਾ ਵਰਤਣ ਵਾਲੇ ਸਮਾਨ ਜਿਵੇਂ ਸਰਿੰਜਾਂ, ਸੂਈਆਂ ਆਦਿ ਦੇ ਗ੍ਰਿਫਤਾਰ ਕਰਕੇ ਇਨ੍ਹਾਂ ਖਿਲਾਫ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਸੀ, ਜੋ ਇਨ੍ਹਾਂ ਚਾਰਾਂ ਨੌਜਵਾਨਾਂ ਵੱਲੋਂ ਨਸ਼ਾ ਛੱਡਣ ਦੀ ਇੱਛਾ ਜ਼ਾਹਰ ਕਰਨ 'ਤੇ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਇਲਾਜ ਲਈ ਸਿਵਲ ਹਸਪਤਾਲ ਦਾਖਲ ਕਰਾਇਆ ਗਿਆ ਹੈ।

## ਮਰਹੂਮ ਇੰਦਰਜੀਤ ਸਿੰਘ ਸੇਖੋਂ ਨੂੰ 98ਵੇਂ ਜਨਮ ਦਿਨ ਮੌਕੇ ਯਾਦ ਕੀਤਾ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਗੁ. ਗੋਦੜੀ ਸਾਹਿਬ ਬਾਬਾ ਫ਼ਰੀਦ ਸੁਸਾਇਟੀ ਦੀ ਸੰਸਥਾ ਬਾਬਾ ਫਰੀਦ ਪਬਲਿਕ ਸਕੂਲ ਵਿਖੇ ਬਾਬਾ ਫ਼ਰੀਦ ਧਾਰਮਿਕ ਤੇ ਵਿੱਦਿਅਕ ਸੰਸਥਾਵਾਂ ਦੇ ਬਾਨੀ ਮਰਹੂਮ ਇੰਦਰਜੀਤ ਸਿੰਘ ਸੇਖੋਂ ਦਾ 98ਵੇਂ ਜਨਮ ਦਿਨ ਮੌਕੇ ਉਨ੍ਹਾਂ ਦੀ ਯਾਦ ਨੂੰ ਤਾਜ਼ਾ ਕੀਤਾ ਗਿਆ।ਇਸ ਦਿਨ ਨੂੰ ਮੁੱਖ ਰੱਖਦਿਆਂ ਬਾਬਾ ਫ਼ਰੀਦ ਪਬਲਿਕ ਸਕੂਲ ਦੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਹਜ਼ੂਰੀ ਰਾਗੀ ਜੱਥੇ ਰਾਜਦੀਪ ਸਿੰਘ ਵੱਲੋਂ ਕੀਰਤਨ ਦੀ ਹਾਜ਼ਰੀ ਭਰੀ ਗਈ ਤੇ ਅਰਦਾਸ ਕੀਤੀ ਗਈ।ਬਾਬਾ ਫ਼ਰੀਦ ਧਾਰਮਿਕ ਤੇ ਵਿੱਦਿਅਕ ਸੰਸਥਾਵਾਂ ਦੇ ਬਾਨੀ ਸਵ. ਇੰਦਰਜੀਤ ਸਿੰਘ ਸੇਖੋਂ ਨੂੰ ਯਾਦ ਕਰਦਿਆਂ ਮੌਜੂਦਾ ਪ੍ਰਧਾਨ ਸਿਮਰਜੀਤ ਸਿੰਘ ਸੇਖੋਂ ਨਾਲ਼ ਵਿਸਥਾਰਪੂਰਵਕ ਗੱਲਬਾਤ ਕਰਦਿਆਂ ਉਨ੍ਹਾਂ ਦੱਸਿਆ ਕਿ ਬਾਬਾ ਫਰੀਦ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ ਉਨ੍ਹਾਂ ਦੇ ਪਿਤਾ ਸਵ ਇੰਦਰਜੀਤ ਸਿੰਘ ਸੇਖੋਂ ਵੱਲੋਂ ਮੁੱਢ ਬੰਨ੍ਹਿਆ ਗਿਆ ਸੀ।ਉਨ੍ਹਾਂ ਦੀ ਸੋਚ ਅਨੁਸਾਰ ਅਤੇ ਬਾਬਾ ਫਰੀਦ ਜੀ ਦੀ ਕਿਰਪਾ ਸਦਕਾ ਹੀ ਇਹ ਸੰਸਥਾਵਾਂ ਅੱਗੇ ਵੀ ਦਿਨ ਦੁੱਗਣੀ ਰਾਤ ਚੌਗੁਣੀ ਤਰੱਕੀ ਕਰਦੀਆਂ ਰਹਿਣਗੀਆਂ।ਅੱਗੇ ਦੱਸਦਿਆਂ ਕਿਹਾ ਕਿ ਇਹ ਸੰਸਥਾਵਾਂ ਨੂੰ ਦੋ ਅਲੱਗ ਅਲੱਗ ਸੁਸਾਇਟੀਆਂ ਵੱਲੋਂ ਚਲਾਇਆ ਜਾ ਰਿਹਾ ਹੈ, ਜਿਨ੍ਹਾਂ ਵਿੱਚ ਗੁ ਗੋਦੜੀ ਸਾਹਿਬ ਬਾਬਾ ਫ਼ਰੀਦ ਸੁਸਾਇਟੀ ਫ਼ਰੀਦਕੋਟ ਗੁਰਦੁਆਰਾ ਗੋਦੜੀ ਸਾਹਿਬ, ਬਾਬਾ ਫ਼ਰੀਦ ਪਬਲਿਕ ਸਕੂਲ ਫਰੀਦਕੋਟ ਤੇ ਬਾਬਾ ਫਰੀਦ ਲਾਅ ਕਾਲਜ ਫ਼ਰੀਦਕੋਟ ਦਾ ਪ੍ਰਬੰਧ ਚਲਾਉਂਦੀ ਹੈ, ਜਿਨ੍ਹਾਂ ਵਿੱਚ ਸਿਮਰਜੀਤ ਸਿੰਘ ਸੇਖੋਂ ਪ੍ਰਧਾਨ, ਚਰਨਜੀਤ ਸਿੰਘ ਸੇਖੋਂ ਮੀਤ ਪ੍ਰਧਾਨ ਗੁਰਜਾਪ ਸਿੰਘ ਸੇਖੋਂ ਜਨਰਲ ਸਕੱਤਰ, ਡਾ. ਗੁਰਿੰਦਰ ਮੋਹਨ ਸਿੰਘ ਖਜਾਨਚੀ, ਸੁਰਿੰਦਰ ਸਿੰਘ ਰੋਮਾਣਾ ਐਗਜ਼ੈਕਟਿਵ ਮੈਂਬਰ, ਦੀਪਇੰਦਰ ਸਿੰਘ ਸੇਖੋਂ ਐਗਜ਼ੈਕਟਿਵ ਮੈਂਬਰ ਨਰਿੰਦਰ ਸਿੰਘ ਬਰਾੜ ਐਗਜ਼ੈਕਟਿਵ ਮੈਂਬਰ ਤੋਂ ਇਲਾਵਾ ਹੋਰ ਮੈਂਬਰ ਹਨ ਅਤੇ ਟਿੱਲਾ ਬਾਬਾ ਫਰੀਦ ਰਿਲੀਜੀਅਸ ਤੇ ਚੈਰੀਟੇਬਲ ਸੋਸਾਇਟੀ ਫ਼ਰੀਦਕੋਟ ਜੋ ਕਿ ਟਿੱਲਾ ਬਾਬਾ ਫਰੀਦ ਤੇ ਬਾਬਾ ਫਰੀਦ ਕਿੰਡਰਗਾਰਡਨ ਦਾ ਪ੍ਰਬੰਧ ਚਲਾਉਂਦੀ ਹੈ, ਜਿਨ੍ਹਾਂ ਵਿੱਚ ਸਿਮਰਜੀਤ ਸਿੰਘ ਸੇਖੋਂ ਪ੍ਰਧਾਨ, ਦੀਪਇੰਦਰ ਸਿੰਘ ਸੇਖੋਂ ਸੀਨੀਅਰ ਮੀਤ ਪ੍ਰਧਾਨ, ਗੁਰਜਾਪ ਸਿੰਘ ਸੇਖੋਂ ਮੀਤ ਪ੍ਰਧਾਨ, ਡਾ. ਸੁਰਿੰਦਰ ਸਿੰਘ ਰੋਮਾਣਾ ਜਨਰਲ ਸਕੱਤਰ, ਗੁਰਿੰਦਰ ਮੋਹਨ ਸਿੰਘ ਖ਼ਜ਼ਾਨਚੀ, ਕੁਲਜੀਤ ਸਿੰਘ ਮੋਂਗੀਆ ਐਗਜ਼ੈਕਟਿਵ ਮੈਂਬਰ ਤੋਂ ਇਲਾਵਾ ਹੋਰ ਮੈਂਬਰ ਸ਼ਾਮਲ ਹਨ।

# ਗੁਰੂ ਅਮਰਦਾਸ ਜੀ ਦੇ ਪ੍ਰਕਾਸ਼ ਪੁਰਬ 'ਤੇ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਵੱਲੋਂ ਗੁਰਮਤਿ ਸਮਾਗਮ



**ਸੰਗਰੂਰ (ਪ੍ਰਵੀਨ ਸਿੰਘ)**

ਗੁਰਦੁਆਰਾ ਸਾਹਿਬ ਗੁਰੂ ਨਾਨਕਪੁਰਾ ਵਿਖੇ ਬੀਬੀ ਭਾਨੀ ਜੀ ਸੇਵਾ ਭਲਾਈ ਕੇਂਦਰ ਤੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਸੰਗਰੂਰ ਵੱਲੋਂ ਤੀਜੇ ਪਾਤਿਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦੇ ਪ੍ਰਕਾਸ਼ ਮੌਕੇ ਗੁਰਮਤਿ ਸਮਾਗਮ ਕੀਤਾ ਗਿਆ।ਜਗਜੀਤ ਸਿੰਘ ਸਰਨਾ, ਹਰਭਜਨ ਸਿੰਘ ਭੱਟੀ, ਅਰਵਿੰਦਰ ਪਾਲ ਸਿੰਘ ਪਿੰਕੀ, ਗੁਰਮੀਤ ਕੌਰ ਦੀ ਦੇਖ-ਰੇਖ ਹੇਠ ਹੋਏ ਇਸ ਸਮਾਗਮ ਦੀ ਆਰੰਭਤਾ ਸੰਗਤੀ ਰੂਪ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਕੀਤੀ ਗਈ। ਉਪਰੰਤ ਸੁਸਾਇਟੀ ਸੇਵਕ ਚਰਨਜੀਤ ਪਾਲ ਸਿੰਘ, ਸੁਰਿੰਦਰ ਪਾਲ ਸਿੰਘ ਸਿਦਕੀ ਤੇ ਗੁਰਿੰਦਰ ਵੀਰ ਸਿੰਘ ਦੇ ਜਥਿਆਂ ਨੇ ਗੁਰੂ ਸਾਹਿਬ ਜੀ ਦੀ ਬਾਣੀ ਤੇ ਭੱਟ ਸਾਹਿਬਾਨ ਵੱਲੋਂ ਕੀਤੀ ਮਹਿਮਾ 'ਭਲੇ ਅਮਰਦਾਸ ਗੁਣ ਤੇਰੇ ਤੇਰੀ ਉਪਮਾ ਤੋਹਿ ਬਨਿ ਆਵੈ' ਦੇ ਸ਼ਬਦ ਦਾ ਰਸਭਿੰਨਾ ਕੀਰਤਨ ਕੀਤਾ।

ਭਾਈ ਗੁਰਿੰਦਰ ਸਿੰਘ ਗੁਜਰਾਲ ਨੇ ਸ਼ਬਦ ਵਿਆਖਿਆ ਤੇ ਗੁਰੂ ਸਾਹਿਬ ਨੂੰ ਮਿਲੇ 12 ਵਰ ਦੀ ਰੌਸ਼ਨੀ ਵਿੱਚ ਉਨ੍ਹਾਂ ਵੱਲੋਂ ਬਜ਼ੁਰਗ ਅਵਸਥਾ ਵਿੱਚ ਕੀਤੀ ਅਨੋਖੀ ਤੇ ਗਾਖੜੀ ਸੇਵਾ ਦੇ ਇਤਿਹਾਸ ਬਾਰੇ ਵਿਚਾਰ ਸਾਂਝੇ ਕੀਤੇ।ਪ੍ਰੀਤਮ ਸਿੰਘ, ਅਮਰਿੰਦਰ ਸਿੰਘ ਮੌਖਾ, ਗੁਰਪ੍ਰੀਤ ਸਿੰਘ ਬਿੱਲੂ, ਗੁਰਕੰਵਲ ਸਿੰਘ, ਜਸਵੀਰ ਸਿੰਘ ਖਾਲਸਾ, ਗੁਲਜ਼ਾਰ ਸਿੰਘ, ਬਲਵੰਤ ਸਿੰਘ, ਕਰਤਾਰ ਸਿੰਘ, ਹਰਵਿੰਦਰ ਸਿੰਘ ਪੱਪੂ, ਤੇਜਿੰਦਰ ਸਿੰਘ ਸੋਢੀ, ਸਵਰਨ ਕੌਰ, ਗੁਰਲੀਨ ਕੌਰ, ਰੇਖਾ ਰਾਣੀ, ਬਲਜਿੰਦਰ ਕੌਰ, ਮਹਿਕਪ੍ਰੀਤ ਕੌਰ, ਗੁਰਦੀਪ ਕੌਰ ਆਦਿ ਨੇ ਵੱਖ ਵੱਖ ਸੇਵਾਵਾਂ ਰਾਹੀਂ ਸਹਿਯੋਗ ਦਿੱਤਾ।ਸੁਸਾਇਟੀ ਵੱਲੋਂ ਬੀਬੀ ਭਾਨੀ ਜੀ ਸੇਵਾ ਭਲਾਈ ਕੇਂਦਰ ਦੀ ਪ੍ਰਧਾਨ ਬੀਬੀ ਬਲਜਿੰਦਰ ਕੌਰ ਨੂੰ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਸਵਿੰਦਰ ਸਿੰਘ ਪ੍ਰਿੰਸ, ਗੁਰਿੰਦਰ ਸਿੰਘ ਗੁਜਰਾਲ, ਸੁਰਿੰਦਰ ਪਾਲ ਸਿੰਘ ਸਿਦਕੀ, ਅਰਵਿੰਦਰ ਪਾਲ ਸਿੰਘ, ਸਵਰਨ ਕੌਰ, ਗੁਰਮੀਤ ਕੌਰ ਨੇ ਸਿਰੋਪਾਓ ਅਤੇ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਤੇ ਹਰਪ੍ਰੀਤ ਸਿੰਘ ਪ੍ਰੀਤ ਜਨਰਲ ਸਕੱਤਰ ਗੁਰਦੁਆਰਾ ਸਾਹਿਬਾਨ ਪ੍ਰਬੰਧਕ ਤਾਲਮੇਲ ਕਮੇਟੀ, ਹਰਿੰਦਰ ਵੀਰ ਸਿੰਘ ਭਾਈ ਘਨ੍ਹੱਈਆ ਜੀ ਸੇਵਾ ਦੱਲ, ਪਰਮਜੀਤ ਸਿੰਘ ਸੋਬਤੀ, ਗੁਰਜੰਟ ਸਿੰਘ, ਭਾਈ ਸੁੰਦਰ ਸਿੰਘ ਹੈੱਡ ਗ੍ਰੰਥੀ, ਗੁਰਮੀਤ ਸਿੰਘ ਖ਼ਜ਼ਾਨਚੀ ਗੁਰਦੁਆਰਾ ਸਾਹਿਬ ਸੰਤਪੁਰਾ, ਹਰਜੀਤ ਸਿੰਘ ਢੀਂਗਰਾ, ਹਰਜੀਤ ਸਿੰਘ ਪਾਹਵਾ, ਮਹਿੰਦਰ ਸਿੰਘ ਬਜਾਜ, ਜਸਪ੍ਰੀਤ ਸਿੰਘ , ਬਲਵਿੰਦਰ ਸਿੰਘ, ਕੁਲਜੀਤ ਸਿੰਘ, ਅਮਰੀਕ ਕੌਰ, ਸੁਰਿੰਦਰ ਕੌਰ, ਹਰਵਿੰਦਰ ਕੌਰ ਇਸਤਰੀ ਕੌਂਸਲ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਕੁਲਦੀਪ ਕੌਰ, ਹਰਬੰਸ ਕੌਰ, ਅਮਰਜੀਤ ਕੌਰ ਆਦਿ ਨੇ ਵੱਖ-ਵੱਖ ਸੰਸਥਾਵਾਂ ਵੱਲੋਂ ਸ਼ਮੂਲੀਅਤ ਕੀਤੀ।ਸੁਸਾਇਟੀ ਸਕੱਤਰ ਚਰਨਜੀਤ ਪਾਲ ਸਿੰਘ ਨੇ ਸਹਿਯੋਗੀਆਂ ਤੇ ਸੰਗਤਾਂ ਦਾ ਧੰਨਵਾਦ ਕੀਤਾ ਤੇ ਸੁਸਾਇਟੀ ਦੇ ਅਗਲੇਰੇ ਪ੍ਰੋਗਰਾਮਾਂ ਦੀ ਜਾਣਕਾਰੀ ਦਿੱਤੀ।

## ਨਜਾਇਜ਼ ਅਸਲੇ ਸਮੇਤ ਦੋ ਵਿਅਕਤੀ ਕਾਬੂ



**ਮੋਗਾ (ਇਕਬਾਲ ਸਿੰਘ ਖਹਿਰਾ)**-ਥਾਣਾ ਸਿਟੀ ਸਾਊਥ ਮੋਗਾ ਪੁਲਸ ਗਸ਼ਤ ਤੇ ਚੈਕਿੰਗ ਦੌਰਾਨ ਗੀਤਾ ਭਵਨ ਚੌਕ ਮੌਜੂਦ ਸੀ ਤਾਂ ਮੁਖਬਰ ਖਾਸ ਵੱਲੋਂ ਹੌਲਦਾਰ ਜੀਤ ਸਿੰਘ ਨੂੰ ਇਤਲਾਹ ਦਿੱਤੀ ਕਿ ਅਮਨਦੀਪ ਸਿੰਘ ਉਰਫ ਪੱਬਜੀ ਪੁੱਤਰ ਜਗਸੀਰ ਸਿੰਘ ਵਾਸੀ ਲਾਲ ਸਿੰਘ ਰੋਡ ਗਲੀ ਨੰ. 07 ਮੋਗਾ, ਦਿਲਦਾਰਪ੍ਰੀਤ ਸਿੰਘ ਉਰਫ ਹਨੀ ਪੁੱਤਰ ਹਰਵਿੰਦਰ ਸਿੰਘ ਵਾਸੀ ਬੇਦੀ ਨਗਰ ਮੋਗਾ ਤੇ ਸੁਖਪ੍ਰੀਤ ਸਿੰਘ ਘਾਰੂ ਉਰਫ ਬੁੱਢਾ ਪੁੱਤਰ ਜਗਸੀਰ ਸਿੰਘ ਵਾਸੀ ਮਾਛੀਆਂ ਵਾਲੀ ਬਸਤੀ, ਪੁਰਾਣਾ ਰੇਲਵੇ ਰੋਡ ਜ਼ੀਰਾ ਜ਼ਿਲ੍ਹਾ ਫਿਰੋਜ਼ਪੁਰ ਪਾਸ ਨਜਾਇਜ਼ ਅਸਲਾ ਹੈ, ਜੋ ਅੱਜ ਵੀ ਵਾਰਦਾਤ ਕਰਨ ਲਈ ਕੱਚਾ ਘੱਲਕਲਾਂ ਰੋਡ ਭਾਰਤਮਾਲਾ ਉਸਾਰੀ ਅਧੀਨ ਪੁਲ ਪਾਸ ਬੈਠੇ ਹਨ। ਇਤਲਾਹ ਮਿਲਣ ਉਪਰੰਤ ਰੇਡ ਕਰਕੇ ਇੱਕ .32 ਬੋਰ ਪਿਸਟਲ ਇਟਲੀ ਦਾ ਬਣਿਆ, ਇਕ ਮੈਗਜ਼ੀਨ 7 ਜ਼ਿੰਦਾ ਰੌਂਦ ਸਮੇਤ ਅਮਨਦੀਪ ਸਿੰਘ ਉਰਫ ਪੱਬਜੀ ਪੁੱਤਰ ਜਗਸੀਰ ਸਿੰਘ ਵਾਸੀ ਲਾਲ ਸਿੰਘ ਰੋਡ ਗਲੀ ਨੰ. 07 ਮੋਗਾ, ਦਿਲਦਾਰਪ੍ਰੀਤ ਸਿੰਘ ਉਰਫ ਹਨੀ ਪੁੱਤਰ ਹਰਵਿੰਦਰ ਸਿੰਘ ਵਾਸੀ ਬੇਦੀ ਨਗਰ ਮੋਗਾ ਨੂੰ ਮੌਕੇ 'ਤੇ ਗ੍ਰਿਫਤਾਰ ਕੀਤਾ ਅਤੇ ਇੱਕ ਦੀ ਗ੍ਰਿਫਤਾਰੀ ਬਾਕੀ ਹੈ। ਥਾਣਾ ਸਿਟੀ ਸਾਊਥ ਮੁਖੀ ਨੇ ਦੱਸਿਆ ਕਿ ਕਾਬੂ ਕੀਤੇ ਵਿਅਕਤੀਆਂ ਖਿਲਾਫ ਥਾਣਾ ਸਿਟੀ ਸਾਊਥ ਮੋਗਾ ਵਿਖੇ ਕੇਸ ਦਰਜ ਕੀਤਾ ਗਿਆ। ਇਨ੍ਹਾਂ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕਰਕੇ ਗੰਭੀਰਤਾ ਨਾਲ ਪੁੱਛ ਗਿੱਛ ਕੀਤਾ ਜਾਵੇਗੀ।

## ਨਸ਼ੀਲੀਆਂ ਗੋਲੀਆਂ ਤੇ ਹੈਰੋਇਨ ਬਰਾਮਦ, ਔਰਤ ਸਮੇਤ 4 ਕਾਬੂ

**ਭੀਖੀ (ਧਰਮਵੀਰ ਸ਼ਰਮਾ)**-ਥਾਣਾ ਮੁਖੀ ਸੁਖਜੀਤ ਸਿੰਘ ਦੀ ਰਹਿਨੁਮਾਈ ਹੇਠ ਪੁਲਸ ਨੇ ਹੈਰੋਇਨ ਤੇ ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ 4 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਐਨ.ਡੀ.ਪੀ.ਐਸ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਹੈ।ਦਾਣਾ ਮੰਡੀ ਤੋਂ ਅਮਨਦੀਪ ਸਿੰਘ ਉਰਫ ਸੂਰਜ ਪੁੱਤਰ ਬਲਵਿੰਦਰ ਸਿੰਘ ਵਾਸੀ ਭੁੱਚੋ ਮੰਡੀ ਹਾਲ ਅਬਾਦ ਸ਼ੀਟਾਂਵਾਲੀ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ 50 ਨਸ਼ੀਲੀਆਂ ਗੋਲੀਆਂ ਤੇ ਕੰਮੋ ਕੌਰ ਪਤਨੀ ਅਮਰਜੀਤ ਸਿੰਘ ਵਾਸੀ ਭੀਖੀ ਨੂੰ ਗ੍ਰਿਫਤਾਰ ਕਰਕੇ 40 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਗ੍ਰਿਫਤਾਰ ਕੀਤਾ ਹੈ।ਇਸ ਤੋਂ ਇਲਾਵਾ ਡਰੇਨ ਪੁਲ ਕੋਲੋਂ ਕੁਲਦੀਪ ਸਿੰਘ ਉਰਫ ਰੈਂਬੋ ਪੁੱਤਰ ਹਿੰਮਤ ਸਿੰਘ ਵਾਸੀ ਖੀਵਾ ਕਲਾਂ ਨੂੰ ਗ੍ਰਿਫ਼ਤਾਰ ਕਰਕੇ ਉਸ ਕੋਲੋਂ 2 ਗ੍ਰਾਮ ਹੈਰੋਇਨ ਤੇ ਸੁਖਪਾਲ ਸਿੰਘ ਉਰਫ ਸਾਧਾ ਪੁੱਤਰ ਦਰਸ਼ਨ ਸਿੰਘ ਵਾਸੀ ਭੀਖੀ ਹਾਲ ਅਬਾਦ ਕਿਸ਼ਨਗੜ੍ਹ ਫਰਵਾਹੀ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ 5 ਗ੍ਰਾਮ ਹੈਰੋਇਨ ਬਰਾਮਦ ਕੀਤੀ। ਐਸ.ਐਚ.ਓ ਸੁਖਜੀਤ ਸਿੰਘ ਨੇ ਕਿਹਾ ਕਿ ਇਲਾਕੇ ਵਿਚੋਂ ਨਸ਼ਾ ਖਤਮ ਕਰਨ ਲਈ ਭੀਖੀ ਪੁਲਸ ਪੂਰੀ ਤਰਾਂ ਸਰਗਰਮ ਹੈ ਤੇ ਨਸ਼ੇ ਦਾ ਕਾਰੋਬਾਰ ਕਰਨ ਵਾਲੇ ਕਿਸੇ ਵੀ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ।

# ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਵੱਲੋਂ ਰੋਸ ਪ੍ਰਦਰਸ਼ਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਟੇਟ ਕਮੇਟੀ ਦੇ ਫੈਸਲੇ ਮੁਤਾਬਿਕ ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਐਂਡ ਟਰਾਂਸਕੋ ਸਿਟੀ ਤੇ ਸਬ ਅਰਬਨ ਮੰਡਲ ਮੋਗਾ ਵੱਲੋਂ ਸਾਥੀ ਬਲੌਰ ਸਿੰਘ ਪ੍ਰਧਾਨ ਤੇ ਸਾਥੀ ਜਗਰੂਪ ਸਿੰਘ ਪ੍ਰਧਾਨ ਦੀ ਪ੍ਰਧਾਨਗੀ ਹੇਠ ਡਵੀਜ਼ਨ ਦਫਤਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ, ਜਿਸ ਵਿੱਚ ਭਾਰੀ ਗਿਣਤੀ ਵਿੱਚ ਪੈਨਸ਼ਨਰਜ਼ ਸਾਥੀਆਂ ਵੱਲੋਂ ਸ਼ਮੂਲੀਅਤ ਕੀਤੀ ਗਈ। ਸਟੇਜ ਦੀ ਕਾਰਵਾਈ ਸ਼ੁਰੂ ਕਰਦੇ ਹੋਏ ਸਾਥੀ ਬਲਵਿੰਦਰ ਸਿੰਘ ਦਾਤੇਵਾਲਾ ਸਕੱਤਰ ਸਿਟੀ ਮੋਗਾ ਨੇ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਸੋਧੀ ਹੋਈ ਪੈਨਸ਼ਨ 01-01-2016 ਤੋਂ 30-06-2021 ਤੱਕ 66 ਮਹੀਨੇ ਦਾ ਏਰੀਅਰ ਲੈਣ ਲਈ ਸੰਘਰਸ਼ ਕਰਦੇ ਆ ਰਹੇ ਸੀ, ਜਥੇਬੰਦੀਆਂ ਦੇ ਦਬਾਅ ਹੇਠ ਪੰਜਾਬ ਸਰਕਾਰ ਵੱਲੋਂ ਏਰੀਅਰ ਦੇਣ ਲਈ ਨੋਟੀਫਿਕੇਸ਼ਨ ਕੀਤਾ ਗਿਆ ਸੀ। ਇਸ ਸਬੰਧੀ ਸਾਥੀ ਬਲੌਰ ਸਿੰਘ ਪ੍ਰਧਾਨ ਨੇ ਦੱਸਿਆ ਕਿ ਪਾਵਰਕਾਮ ਮੈਨੇਜਮੈਂਟ ਨੇ ਵੀ ਇਸ ਨੋਟੀਫਿਕੇਸ਼ਨ ਦੇ ਮੁਤਾਬਿਕ ਮਹੀਨਾ 04/25 ਦੀ ਪੈਨਸ਼ਨ ਨਾਲ ਪਹਿਲੀ ਕਿਸ਼ਤ ਦੇਣੀ ਸੀ, ਪਰ ਪਾਵਰਕਾਮ ਮੈਨੇਜਮੈਂਟ ਵੱਲੋਂ ਏਰੀਅਰ ਦੀਆਂ ਕਿਸ਼ਤਾਂ ਸ਼ੁਰੂ ਨਹੀਂ ਕੀਤੀਆਂ ਗਈਆਂ। ਇਸ ਲਈ ਸਾਰੇ ਪੰਜਾਬ ਵਿੱਚ ਪਾਵਰਕਾਮ ਮੈਨੇਜਮੈਂਟ ਵਿਰੁੱਧ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਇਸੇ ਦੀ ਕੜੀ ਵਜੋਂ ਦੋਨੋਂ ਡਵੀਜ਼ਨਾਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ। ਸਟੇਟ ਆਗੂ ਸਾਥੀ ਜੰਗੀਰ ਸਿੰਘ ਨੇ ਦੱਸਿਆ ਜਥੇਬੰਦੀਆਂ ਦੀ ਸਰਕਾਰ ਤੋਂ ਮੰਗ ਸੀ ਕਿ ਏਰੀਅਰ ਦਾ ਬਕਾਇਆ ਯਕਮੁਸ਼ਤ ਸਾਰਾ ਦਿੱਤਾ ਜਾਵੇ, 31-12-15 ਤੋਂ ਪਹਿਲਾਂ ਸੇਵਾਮੁਕਤ ਪੈਨਸ਼ਨਰਜ਼ ਦੀਆਂ ਪੈਨਸ਼ਨਾਂ 2.59 ਦਾ ਫੈਕਟਰ ਲਾ ਕੇ ਸੋਧੀਆਂ ਜਾਣ, ਡੀ ਏ ਦਾ ਬਕਾਇਆ ਏਰੀਅਰ ਦਿੱਤਾ ਜਾਵੇ, ਡੀ ਏ ਦੀਆਂ 13% ਕਿਸ਼ਤਾਂ ਦਿੱਤੀਆਂ ਜਾਣ। ਸਾਥੀ ਜਗਰੂਪ ਸਿੰਘ ਪ੍ਰਧਾਨ ਨੇ ਪਾਵਰਕਾਮ ਮੈਨੇਜਮੈਂਟ ਕੋਲੋਂ ਮੰਗ ਕੀਤੀ ਹੈ ਕਿ ਏਰੀਅਰ ਦੀ ਤੁਰੰਤ ਅਦਾਇਗੀ ਸ਼ੁਰੂ ਕੀਤੀ ਜਾਵੇ ਤੇ ਉਪਰੋਕਤ ਮੰਗਾਂ ਨੂੰ ਗੱਲਬਾਤ ਰਾਹੀਂ ਹੱਲ ਕੀਤਾ ਜਾਵੇ ਨਹੀਂ ਤਾਂ ਆਉਣ ਵਾਲੇ ਸਮੇਂ ਵਿੱਚ ਜਥੇਬੰਦੀ ਵੱਲੋਂ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਇਸ ਰੋਸ ਪ੍ਰਦਰਸ਼ਨ ਵਿੱਚ ਸਾਥੀ ਜੁਗਿੰਦਰ ਸਿੰਘ ਸਕੱਤਰ, ਸਾਥੀ ਪਾਲ ਸਿੰਘ, ਬਲਵਿੰਦਰ ਸਿੰਘ ਸਕੱਤਰ, ਸਾਥੀ ਪ੍ਰਗਟ ਸਿੰਘ, ਸਾਥੀ ਰਣਜੀਤ ਸਿੰਘ, ਸਾਥੀ ਪਿਆਰਾ ਸਿੰਘ, ਸਾਥੀ ਗੁਰਦੇਵ ਸਿੰਘ, ਸਾਥੀ ਤਰਸੇਮ ਲਾਲ, ਸਾਥੀ ਕੁਲਦੀਪ ਕੁਮਾਰ, ਸਾਥੀ ਜਗਰਾਜ ਸਿੰਘ, ਸਾਥੀ ਰੇਸ਼ਮ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪੈਨਸ਼ਨਰਜ਼ ਵੱਲੋਂ ਸ਼ਮੂਲੀਅਤ ਕੀਤੀ ਗਈ।

## ਐਡਵੋਕੇਟ ਮੋਹਿਤ ਗਰਗ ਬਾਰ ਕੌਂਸਲ ਪੰਜਾਬ ਤੇ ਹਰਿਆਣਾ ਦੇ ਕੋਆਪਟੇਡ ਮੈਂਬਰ ਨਿਯੁਕਤ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਬਾਰ ਐਸੋਸੀਏਸ਼ਨ ਗਿੱਦੜਬਾਹਾ ਤੇ ਬਠਿੰਡਾ ਦੇ ਐਡਵੋਕੇਟ ਮੋਹਿਤ ਗਰਗ ਨੂੰ ਬਾਰ ਕੌਂਸਲ ਪੰਜਾਬ ਤੇ ਹਰਿਆਣਾ ਦੀ ਡਿਸਪਲੇਨਰੀ ਤੇ ਵਿਜੀਲੈਂਸ ਕਮੇਟੀ ਦਾ ਕੋਆਪਟੇਡ ਮੈਂਬਰ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਬਾਰ ਕੌਂਸਲ ਪੰਜਾਬ ਤੇ ਹਰਿਆਣਾ ਦੇ ਚੇਅਰਮੈਨ ਐਡਵੋਕੇਟ ਰਾਕੇਸ਼ ਗੁਪਤਾ ਵੱਲੋਂ ਦਿੱਤੀ ਗਈ।ਇਸ ਮੌਕੇ ਨਵ-ਨਿਯੁਕਤ ਕੋਆਪਟੇਡ ਮੈਂਬਰ ਐਡਵੋਕੇਟ ਮੋਹਿਤ ਕੁਮਾਰ ਗਰਗ ਨੇ ਬਾਰ ਕੌਂਸਲ ਪੰਜਾਬ ਤੇ ਹਰਿਆਣਾ ਦੇ ਚੇਅਰਮੈਨ ਐਡਵੋਕੇਟ ਰਾਕੇਸ਼ ਗੁਪਤਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ, ਉਹ ਉਸ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸ਼ਨੀਵਾਰ ਨੂੰ ਚੇਅਰਮੈਨ ਐਡਵੋਕੇਟ ਰਾਕੇਸ਼ ਗੁਪਤਾ ਵੱਲੋਂ ਲਾਅ ਭਵਨ ਚੰਡੀਗੜ੍ਹ ਵਿਖੇ ਕੋਰਟ ਲਗਾਈ ਜਾਵੇਗੀ, ਜਿਸ ਵਿੱਚ ਵਕੀਲਾਂ ਦੀਆਂ ਮੁਸ਼ਕਲਾਂ ਸੁਣੀਆਂ ਜਾਣਗੀਆਂ।ਐਡਵੋਕੇਟ ਮੋਹਿਤ ਗਰਗ ਨੇ ਦੱਸਿਆ ਕਿ ਉਹ ਚੇਅਰਮੈਨ ਐਡਵੋਕੇਟ ਰਾਕੇਸ਼ ਗੁਪਤਾ ਨਾਲ ਬੈਠ ਕੇ ਵਕੀਲਾਂ ਦੀਆਂ ਮੁਸ਼ਕਲਾਂ ਦਾ ਨਿਪਟਾਰਾ ਜਲਦ ਤੋਂ ਜਲਦ ਕਰਨਗੇ।ਇਸ ਮੌਕੇ ਡਿਪਟੀ ਐਡਵੋਕੇਟ ਜਨਰਲ ਰਣਧੀਰ ਸਿੰਘ ਥਿੰਦ ਤੋਂ ਇਲਾਵਾ ਐਡਵੋਕੇਟ ਮੋਹਿਤ ਗਰਗ, ਐਡਵੋਕੇਟ ਤਰੁਣ ਕੁਮਾਰ ਗਰਗ, ਐਡਵੋਕੇਟ ਕਮਲ ਮਿੱਤਲ, ਐਡਵੋਕੇਟ ਮਨੀਸ਼ ਗੋਇਲ ਤੇ ਨਿਰਮਲ ਸਿੰਘ ਆਦਿ ਹਾਜ਼ਰ ਸਨ।

# ਬੁੱਕ ਕਲੱਬ ਦੇ ਮੈਂਬਰਾਂ ਵੱਲੋਂ ‘ਚਾਲੀਸ ਦਿਨ’ ਕਿਤਾਬ 'ਤੇ ਚਰਚਾ



**ਲੁਧਿਆਣਾ (ਪੱਤਰ ਪ੍ਰੇਰਕ)**-ਰਾਜਗੁਰੂ ਨਗਰ ਵਿੱਚ ਕਾਫੀ ਸਮੇਂ ਤੋਂ ਇੱਕ ਬੁੱਕ ਕਲੱਬ ਚਲ ਰਿਹਾ ਹੈ, ਜਿੱਥੇ ਹਰ ਮਹੀਨੇ ਦੇ ਪਹਿਲੇ ਹਫ਼ਤੇ ਵਿੱਚ ਇੱਕ ਕਿਤਾਬ 'ਤੇ ਚਰਚਾ ਹੁੰਦੀ ਹੈ। ਰਿਟਾਇਰਡ ਪ੍ਰਿੰਸੀਪਲ ਪ੍ਰੋ. ਪਰਮਜੀਤ ਸਿੰਘ ਗਰੇਵਾਲ ਨੇ ਮੈਂਬਰਾਂ ਨਾਲ ਕਿਤਾਬ ‘ਚਾਲੀਸ ਦਿਨ’ 'ਤੇ ਚਰਚਾ ਕੀਤੀ।ਉਨ੍ਹਾਂ ਦੱਸਿਆ ਕਿ ਨਾਵਲ ਦੇ ਰੂਪ ਵਿੱਚ ਲਿਖੀ ਗਈ ਇਸ ਕਿਤਾਬ ਦੇ ਲੇਖਕ ਡਾ. ਗੁਰਪ੍ਰੀਤ ਸਿੰਘ ਧੁੱਗਾ (ਐਮ.ਡੀ.) ਪੰਜਾਬ ਦੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਧੁੱਗਾ ਕਲਾਂ ਪਿੰਡ ਦੇ ਵਾਸੀ ਹਨ ਤੇ ਇਸ ਸਮੇਂ ਕੈਲੀਫੋਰਨੀਆ (ਯੂਐਸਏ) ਵਿੱਚ ਮੁੱਖ ਨਿਰਦੇਸ਼ਕ ਦੇ ਅਹੁਦੇ 'ਤੇ ਕੰਮ ਕਰ ਰਹੇ ਹਨ।ਪ੍ਰੋਫੈਸਰ ਗਰੇਵਾਲ ਨੇ ਕਿਹਾ ਕਿ ਅੱਜ ਦੇ ਯੁੱਗ ਵਿੱਚ ਹਰ ਵਿਅਕਤੀ ਆਪਣੇ ਜੀਵਨ ਦੇ ਅਸਲ ਮਕਸਦ ਤੋਂ ਭਟਕ ਕੇ ਅੰਧਕਾਰ ਵਿੱਚ ਫਸਿਆ ਹੋਇਆ ਹੈ।ਇਸ ਨਾਵਲ ਦੀ ਰੋਮਾਂਚਕ ਕਹਾਣੀ ਪੜ੍ਹਦੇ ਹੋਏ ਉਹ ਆਤਮ-ਨਿਰਣਾ, ਧੈਰਜ, ਸੰਤੋਸ਼, ਕਠੋਰ ਮਿਹਨਤ, ਨਿਮਰਤਾ, ਮਾਫ਼ੀ, ਸਹਿਣਸ਼ੀਲਤਾ ਤੇ ਰੱਬ ਦੀ ਇੱਛਾ ਵਿੱਚ ਠਹਿਰੇ ਰਹਿਣ ਵਰਗੇ ਕਈ ਕੀਮਤੀ ਸਬਕ ਆਸਾਨੀ ਨਾਲ ਸਿੱਖ ਲੈਂਦਾ ਹੈ। ਇਸ ਕਿਤਾਬ ਦਾ ਪਹਿਲਾ ਭਾਗ ਸਤੰਬਰ 2023 ਵਿੱਚ ਪ੍ਰਕਾਸ਼ਿਤ ਹੋਇਆ ਸੀ।ਇਸ ਨੂੰ ਸਾਰੇ ਉਮਰ ਦੇ ਪਾਠਕਾਂ ਵੱਲੋਂ ਬਹੁਤ ਪਸੰਦ ਕੀਤਾ ਗਿਆ, ਜਿਸ ਕਰਕੇ ਇਹ ਸਭ ਤੋਂ ਹਰਮਨਪਿਆਰੀ ਤੇ ਸਭ ਤੋਂ ਵੱਧ ਵਿਕਣ ਵਾਲੀਆਂ ਪੰਜਾਬੀ ਕਿਤਾਬਾਂ ਦੀ ਸੂਚੀ ਵਿੱਚ ਸ਼ਾਮਲ ਹੋ ਗਈ ਹੈ।


...ਸ.ਫਾ 1 ਦੇ ਬਾਕੀ

## ਟਰੰਪ ਦੀ ਕਸ਼ਮੀਰ 'ਚ...

ਪਾਕਿਸਤਾਨੀ ਵਿਦੇਸ਼ ਮੰਤਰਾਲੇ ਨੇ ਇਹ ਵੀ ਕਿਹਾ ਕਿ ਪਾਕਿਸਤਾਨ ਦੋਵਾਂ ਮੁਲਕਾਂ (ਭਾਰਤ ਤੇ ਪਾਕਿਸਤਾਨ) ਵਿਚਕਾਰ ਹੋਏ ਜੰਗਬੰਦੀ ਸਮਝੌਤੇ ਦੀ ਹਮਾਇਤ ਕਰਨ ਵਿੱਚ ਅਮਰੀਕਾ ਸਣੇ ਹੋਰਨਾਂ ਦੋਸਤਾਨਾਂ ਮੁਲਕਾਂ ਵੱਲੋਂ ਨਿਭਾਈ ਗਈ ਉਸਾਰੂ ਭੂਮਿਕਾ ਨੂੰ ਸਵੀਕਾਰ ਕਰਦਾ ਹੈ। ਉਹ ਅਮਰੀਕਾ ਨਾਲ ਆਪਣੀ ਭਾਈਵਾਲੀ ਨੂੰ, ਖਾਸ ਕਰਕੇ ਵਪਾਰ, ਨਿਵੇਸ਼ ਅਤੇ ਆਰਥਕ ਸਹਿਯੋਗ ਦੇ ਖੇਤਰਾਂ ਵਿੱਚ ਹੋਰ ਮਜ਼ਬੂਤ ਬਣਾਉਣ ਦੀ ਉਮੀਦ ਕਰਦਾ ਹੈ।

ਇਸੇ ਦੌਰਾਨ ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਸਰਕਾਰ ਨੂੰ ਕਈ ਸਵਾਲ ਕਰਦਿਆਂ ਪੁੱਛਿਆ ਹੈ ਕਿ ਕੀ ਸਰਕਾਰ ਨੇ ਸ਼ਿਮਲਾ ਸਮਝੌਤਾ ਪਾਸੇ ਰੱਖ ਕੇ ਭਾਰਤ ਤੇ ਪਾਕਿਸਤਾਨ ਵਿਚਾਲੇ ਤੀਜੀ ਧਿਰ ਦੇ ਦਖਲ ਦੇ ਦਰਵਾਜ਼ੇ ਖੋਲ੍ਹ ਦਿੱਤੇ ਹਨ? ਕੀ ਪਾਕਿਸਤਾਨ ਨਾਲ ਕੂਟਨੀਤਕ ਗੱਲਬਾਤ ਹੋ ਰਹੀ ਹੈ? ਅਸੀਂ ਪਾਕਿਸਤਾਨ ਤੋਂ ਕੀ ਵਚਨ ਲਏ ਅਤੇ ਹਾਸਲ ਕੀਤੇ?

## ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਮੈਡੀਕਲ ਪ੍ਰੈਕਟੀਸ਼ਨਰਾਂ ਖਿਲਾਫ਼ ਪਾਈ ਵੀਡੀਓ 'ਤੇ ਚਿੰਤਾ ਪ੍ਰਗਟ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ.295 ਦੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਸੂਬਾ ਸਕੱਤਰ ਗੁਰਮੇਲ ਮਾਛੀਕੇ ਨੇ ਕਿਹਾ ਕਿ ਡੇਰਾ ਬੱਸੀ ਦੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਪਿਛਲੇ ਦਿਨੀਂ ਇੱਕ ਵੀਡੀਓ ਮੈਡੀਕਲ ਪ੍ਰੈਕਟੀਸ਼ਨਰਾਂ ਖਿਲਾਫ਼ ਵਰਤੀ ਭੱਦੀ ਸ਼ਬਦਾਂਵਲੀ ਸਬੰਧੀ ਸੂਬਾ ਆਗੂਆਂ ਨੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇੱਕ ਪਾਸੇ ਤੁਸੀਂ ਜਿਨ੍ਹਾਂ ਮੈਡੀਕਲ ਪ੍ਰੈਕਟੀਸ਼ਨਰਾਂ ਪ੍ਰਤੀ ਤੁਸੀਂ ਘਟੀਆ ਸ਼ਬਦਾਂ ਦੀ ਵਰਤੋਂ ਕਰ ਰਹੇ ਰਜਿਸਟ੍ਰੇਸ਼ਨ ਤੇ ਡਿਗਰੀ ਦੀ ਅਣਹੋਂਦ ਦੇ ਹੁੰਦਿਆਂ ਵੀ ਲੰਮੇ ਤਜਰਬੇ ਅਤੇ ਲੋਕਾਂ ਵਿਚ ਵਿਚਰਨ ਕਾਰਨ ਲੋਕਾਂ ਦੇ ਚਹੇਤੇ ਵੀ ਹਨ ਅਤੇ ਲੋੜਵੰਦ ਲੋਕਾਂ ਨੂੰ 24 ਜਿਸ ਵਿੱਚ ਹਲਕਾ ਵਿਧਾਇਕ ਵੱਲੋਂ ਸਪਸ਼ਟ ਕੀਤਾ ਹੈ ਕਿ ਸਾਡੇ ਜ਼ਿਲ੍ਹੇ ਦੇ ਢਕੋਲੀ ਏਰੀਏ ਵਿੱਚ ਕੁੱਝ ਘਟਨਾਵਾਂ ਵਾਪਰੀਆਂ ਸਨ, ਜਿਨ੍ਹਾਂ ਕਰਕੇ ਉਸ ਇਲਾਕੇ ਦੇ ਕੁੱਝ ਵਿਅਕਤੀਆਂ ਤੇ ਇਹ ਦੋਸ਼ ਸਨ ਨਾ ਕਿ ਕਿਸੇ ਸਮੁੱਚੀ ਸੰਸਥਾ ਜਾਂ ਵਿਸ਼ੇਸ਼ ਵਿਅਕਤੀ ਦੇ ਖਿਲਾਫ਼ ਸਨ।ਮੇਰੀ ਵੱਲੋਂ ਪਾਈ ਇਸ ਵੀਡੀਓ ਦੇ ਸ਼ਬਦਾਂ ਨਾਲ ਕਿਸੇ ਸੰਸਥਾ ਜਾਂ ਵਿਸ਼ੇਸ਼ ਵਿਅਕਤੀ ਨੂੰ ਮਾਨਸਿਕ ਤੌਰ 'ਤੇ ਠੇਸ ਪਹੁੰਚੀ ਹੈ, ਮੈਂ ਉਨ੍ਹਾਂ ਸ਼ਬਦਾਂ ਨੂੰ ਵਾਪਸ ਲੈਂਦਾ ਹਾਂ ਅਤੇ ਅਹਿਦ ਕਰਦਾ ਹਾਂ ਕਿ ਅੱਗੇ ਇਸਤਰਾਂ ਮੈਡੀਕਲ ਪ੍ਰੈਕਟੀਸ਼ਨਰਾਂ ਸਬੰਧੀ ਕੋਈ ਵੀ ਗਲਤੀ ਨਹੀਂ ਕਰਾਂਗਾ।

## ਏਕ ਨੂਰ ਖਾਲਸਾ ਫ਼ੌਜ ਦੇ ਨਾਂਅ ਦੀ ਦੁਰਵਰਤੋਂ ਕਰਨ ਵਾਲੇ ਲੋਕਾਂ ਤੋਂ ਸੁਚੇਤ ਰਹਿਣ ਦੀ ਲੋੜ : ਦੱਧਾਹੂਰ

**ਮੋਗਾ (ਇਕਬਾਲ ਸਿੰਘ ਖਹਿਰਾ)**-ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਬਲਵੰਤ ਸਿੰਘ ਨੰਦਗੜ੍ਹ ਵੱਲੋਂ ਪ੍ਰਵਾਨਤ ਰਹਿਤ ਮਰਿਆਦਾ ਲਾਗੂ ਕਰਵਾਉਣ ਲਈ ਅਤੇ ਪ੍ਰਚਾਰ ਲਈ ਏਕ ਨੂਰ ਖਾਲਸਾ ਫ਼ੌਜ ਦੀ ਸਥਾਪਨਾ ਕੀਤੀ ਗਈ, ਜਿਸ ਦੀ ਦੇਖ-ਰੇਖ ਜਥੇਦਾਰ ਸਾਹਿਬ ਖੁਦ ਕਰਦੇ ਸਨ, ਇਸ ਜਥੇਬੰਦੀ ਦੇ ਸਾਬਕਾ ਅਹੁਦੇਦਾਰ ਜ਼ਿਲ੍ਹਾ ਮੋਗਾ ਦੇ ਜਥੇਦਾਰ ਲਵਜੀਤ ਸਿੰਘ ਦੱਧਾਹੂਰ, ਮੀਤ ਜਥੇਦਾਰ ਜਸਵਿੰਦਰ ਸਿੰਘ ਘੋਲੀਆ, ਜਥੇਦਾਰ ਧਰਮਕੋਟ ਹਰਜੀਤ ਸਿੰਘ ਇੰਦਰਗੜ੍ਹ ਤੇ ਸ਼ਹਿਰੀ ਸੇਵਾਦਾਰ ਗੁਰਮੁੱਖ ਸਿੰਘ ਖਾਲਸਾ ਵੱਲੋਂ ਸਾਂਝੇ ਤੌਰ 'ਤੇ ਪ੍ਰੈੱਸ ਨੋਟ ਜਾਰੀ ਕੀਤਾ ਗਿਆ ਕਿ ਇਸ ਜਥੇਬੰਦੀ ਵੱਲੋਂ 2005 ਤੋਂ 2015 ਤੱਕ ਇਸ ਜਥਬੰਦੀ ਵੱਲੋਂ ਸ਼ਨਾਖਤੀ ਕਾਰਡ ਬਣਾ ਕੇ ਸੇਵਾਵਾਂ ਨਿਭਾਈਆਂ ਜਾਂਦੀਆਂ ਸਨ, ਜਥੇਦਾਰ ਨੰਦਗੜ੍ਹ ਵੱਲੋਂ ਸੇਵਾਵਾਂ ਛੱਡਣ ਦੇ ਨਾਲ ਹੀ ਇਸ ਸੰਸਥਾ ਦੀਆਂ ਸੇਵਾਵਾਂ ਖਤਮ ਕਰ ਦਿੱਤੀਆਂ ਗਈਆਂ ਸਨ। ਉਨ੍ਹਾਂ ਦੱਸਿਆ ਕਿ ਮੋਗਾ ਵਿਖੇ ਕੁਝ ਲੋਕਾਂ ਵੱਲੋਂ ਇਸ ਜਥੇਬੰਦੀ ਦਾ ਨਾਮ ਵਰਤਿਆ ਜਾ ਰਿਹਾ ਹੈ, ਜੋ ਕਿ ਸਰਾਸਰ ਗ਼ਲਤ ਹੈ, ਜਿਨ੍ਹਾਂ ਨੂੰ ਕਦੇ ਵੀ ਅਹੁਦੇਦਾਰ ਨਹੀਂ ਥਾਪਿਆ ਗਿਆ ਸੰਗਤਾਂ ਨੂੰ ਇਨ੍ਹਾਂ ਤੋਂ ਸੁਚੇਤ ਰਹਿਣ ਦੀ ਲੋੜ ਹੈ। ਇਹ ਜਾਣਕਾਰੀ ਮੋਗਾ ਜ਼ਿਲ੍ਹੇ ਦੇ ਜਥੇਦਾਰ ਲਵਜੀਤ ਸਿੰਘ ਦੱਧਾਹੂਰ ਨੇ ਦਿੱਤੀ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri
ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

12 May Page-3.qxd 5/11/2025 7:54 PM Page 1



# 15.14 ਗ੍ਰਾਮ ਹੈਰੋਇਨ ਤੇ 2250 ਰੁਪਏ ਡਰੱਗ ਮਨੀ ਸਮੇਤ 2 ਗ੍ਰਿਫਤਾਰ

**ਧਾਰੀਵਾਲ (ਗੁਰਦਾਸਪੁਰ) (ਮਨਦੀਪ ਸਿੰਘ ਵਿੱਕੀ)**- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਐਲਾਨੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਡਾਇਰੈਕਟਰ ਜਨਰਲ ਪੁਲਸ,ਪੰਜਾਬ ਅਤੇ ਡਿਪਟੀ ਇੰਸਪੈਕਟਰ ਜਨਰਲ ਪੁਲਸ ਬਾਰਡਰ ਰੇਂਜ, ਅੰਮ੍ਰਿਤਸਰ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਥਾਣਾ ਧਾਰੀਵਾਲ ਵਿਖੇ ਬਾਲ ਕ੍ਰਿਸ਼ਨ ਨੂੰ ਕਾਬੂ ਕਰਕੇ ਉਸ ਪਾਸੋਂ 05 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਗਈ, ਜਿਸ 'ਤੇ ਦੋਸ਼ੀ ਦੇ ਖਿਲਾਫ ਮੁਕੱਦਮਾ ਬਾ-ਜੁਰਮ 21(ਏ)-61-85 ਥਾਣਾ ਧਾਰੀਵਾਲ ਵਿਖੇ ਦਰਜ ਰਜਿਸਟਰ ਕੀਤਾ ਗਿਆ। ਥਾਣਾ ਦੀਨਾਨਗਰ ਵਿਖੇ ਗੁਲਾਬ ਸਿੰਘ ਨੂੰ ਕਾਬੂ ਕਰਕੇ ਉਸ ਪਾਸੋਂ 10.14 ਗ੍ਰਾਮ ਹੈਰੋਇਨ ਅਤੇ 2250 ਰੁਪਏ ਡਰੰਗ ਮਨੀ ਬ੍ਰਾਮਦ ਕੀਤੀ ਗਈ, ਜਿਸ ਤੇ ਦੋਸ਼ੀ ਦੇ ਖਿਲਾਫ ਮੁਕੱਦਮਾ ਬਾ-ਜੁਰਮ 21(ਬੀ)/27(ਏ)-61-85 ਥਾਣਾ ਦੀਨਾਨਗਰ ਵਿਖੇ ਦਰਜ ਰਜਿਸਟਰ ਕੀਤਾ ਗਿਆ।ਥਾਣਾ ਪੁਰਾਣਾ ਸ਼ਾਲਾ ਵਿਖੇ ਪਹਿਲਾਂ ਤੋਂ ਦਰਜ ਮੁਕੱਦਮਾ ਬਾ-ਜੁਰਮ 21(ਬੀ)-61-85 ਵਿੱਚ ਦੋਸ਼ੀ ਵਿਸ਼ਾਲ ਕੁਮਾਰ ਉਰਫ ਲੱਡੂ ਜਿਸਨੂੰ ਮਾਨਯੋਗ ਅਦਾਲਤ ਵੱਲੋਂ ਮਿਤੀ 22.01.2024 ਨੂੰ ਭਗੌੜਾ ਘੋਸ਼ਿਤ ਕੀਤਾ ਗਿਆ ਸੀ, ਨੂੰ ਮਿਤੀ 10.05.2025 ਨੂੰ ਗ੍ਰਿਫਤਾਰ ਕਰ ਲਿਆ ਗਿਆ, ਜਿਸ ਦੇ ਖਿਲਾਫ ਮੁਕੱਦਮਾ ਬਾ-ਜੁਰਮ 174-ਏ ਭ:ਦ: ਥਾਣਾ ਪੁਰਾਣਾ ਸਾਲਾ ਵਿਖੇ ਦਰਜ ਰਜਿਸਟਰ ਕੀਤਾ ਗਿਆ। ਆਦਿੱਤਯ ਆਈਪੀਐੱਸ ਸੀਨੀਅਰ ਕਪਤਾਨ ਪੁਲਸ, ਗੁਰਦਾਸਪੁਰ ਨੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਗੈਰ-ਕਾਨੂੰਨੀ/ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਦੀ ਇਤਲਾਹ ਪੁਲਸ ਨੂੰ ਦਿੱਤੀ ਜਾਵੇ, ਗੈਰ-ਕਾਨੂੰਨੀ/ ਨਸ਼ਿਆਂ ਦਾ ਕਾਰੋਬਾਰ ਵਿੱਚ ਸ਼ਾਮਿਲ ਵਿਅਕਤੀਆਂ ਦੇ ਖਿਲਾਫ ਠੋਸ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਨਸ਼ਿਆ ਦੇ ਕਾਰੋਬਾਰ ਨੂੰ ਜੜ੍ਹ ਤੋਂ ਖਤਮ ਕਰਨ ਲਈ ਜਿਲ੍ਹਾ ਗੁਰਦਾਸਪੁਰ ਦੀ ਪੁਲਿਸ ਪੂਰੀ ਤਰ੍ਹਾਂ ਵਚਨਬੱਧ ਹੈ।



# ਜ਼ਮੀਨ ਹੇਠਲੇ ਪਾਣੀ ਦੀ ਬੱਚਤ ਲਈ ਸਾਉਣੀ ਦੀ ਮੱਕੀ ਦੀ ਕਾਸ਼ਤ ਕਰਨ ਦੀ ਜ਼ਰੂਰਤ : ਡਿਪਟੀ ਕਮਿਸ਼ਨਰ

**ਗੁਰਦਾਸਪੁਰ (ਦਿਨੇਸ਼ ਕੁਮਾਰ)**- ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਬਲਾਕ ਦੀਨਾਨਗਰ, ਗੁਰਦਾਸਪੁਰ, ਕਾਹਨੂੰਵਾਨ, ਕਾਦੀਆਂ ਅਤੇ ਸ੍ਰੀ ਹਰਗੋਬਿੰਦਪੁਰ ਵਿਚ ਝੋਨੇ ਹੇਠੋਂ ਰਕਬਾ ਕੱਢ ਕੇ ਮੱਕੀ ਹੇਠ ਲਿਆਉਣ ਲਈ ਸ਼ੁਰੂ ਕੀਤੇ ਗਏ ਪਾਇਲਟ ਪ੍ਰੋਜੈਕਟ ਤਹਿਤ 2500 ਹੈਕ. ਰਕਬੇ ਵਿਚ ਸਾਉਣੀ ਦੀ ਮੱਕੀ ਦੀ ਕਾਸ਼ਤ ਕਰਵਾਈ ਜਾਵੇਗੀ।ਇਸ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਝੋਨੇ ਦੀ ਕਾਸ਼ਤ ਕਰਨ ਨਾਲ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਲਗਾਤਾਰ ਹੇਠਾਂ ਜਾ ਰਿਹਾ ਹੈ ਜਿਸ ਕਾਰਨ ਭਵਿੱਖ ਵਿਚ ਖੇਤੀ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ।ਉਨ੍ਹਾਂ ਦੱਸਿਆ ਕਿ ਭਵਿੱਖ ਦੀ ਖੇਤੀ ਨੂੰ ਟਿਕਾਊ ਬਣਾਉਣ ਅਤੇ ਜ਼ਮੀਨ ਹੇਠਲੇ ਪਾਣੀ ਦੇ ਪੱਧਰ ਨੂੰ ਹੋਰ ਨੀਵਾਂ ਜਾਣ ਤੋਂ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਬਲਾਕ ਦੀਨਾਨਗਰ, ਗੁਰਦਾਸਪੁਰ, ਕਾਹਨੂੰਵਾਨ, ਕਾਦੀਆਂ ਅਤੇ ਸ੍ਰੀ ਹਰਗੋਬਿੰਦਪੁਰ ਵਿਚ 2500 ਹੈਕ ਰਕਬਾ ਝੋਨੇ ਦੀ ਖੇਤੀ ਹੇਠੋਂ ਕੱਢ ਕੇ ਮੱਕੀ ਦੀ ਕਾਸ਼ਤ ਹੇਠਾਂ ਲਿਆਉਣ ਲਈ ਪਾਇਲਟ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਤਹਿਤ ਜੋ ਕਿਸਾਨ ਝੋਨੇ ਦੀ ਖੇਤੀ ਕਰਨ ਦੀ ਬਿਜਾਏ ਸਾਉਣੀ ਰੁੱਤ ਵਾਲੀ ਮੱਕੀ ਦੀ ਕਾਸ਼ਤ ਕਰੇਗਾ, ਉਨ੍ਹਾਂ ਨੂੰ ਪ੍ਰਤੀ ਹੈਕ 17500/- ਰੁਪਏ ਬਤੌਰ ਪ੍ਰੋਤਸਾਹਨ ਰਾਸ਼ੀ ਵਜੋਂ ਸਿੱਧੇ ਬੈਂਕ ਖਾਤਿਆਂ ਵਿਚ ਦਿੱਤੇ ਜਾਣਗੇ। ਉਨ੍ਹਾਂ ਨੂੰ ਦੱਸਿਆ ਕਿ ਇਸ ਵਾਰ ਪੰਜਾਬ ਸਰਕਾਰ ਵੱਲੋਂ ਮੱਕੀ ਦੀ ਖ਼ਰੀਦ ਦੇ ਪ੍ਰਬੰਧ ਕੀਤੇ ਜਾ ਰਹੇ ਹਨ ਅਤੇ ਮੱਕੀ ਦੀ ਖ਼ਰੀਦ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਮੱਕੀ ਦੀ ਖ਼ਰੀਦ ਘੱਟੋ ਘੱਟ ਸਮਰਥਨ ਮੁੱਲ ਤੇ ਕਰਨ ਨੂੰ ਯਕੀਨੀ ਬਣਾਏਗੀ।ਉਨ੍ਹਾਂ ਦੱਸਿਆ ਕਿ ਕਿਸਾਨਾਂ ਅਤੇ ਖੇਤੀਬਾੜੀ ਅਧਿਕਾਰੀਆਂ ਵਿਚ ਤਾਲਮੇਲ ਵਧਾਉਣ ਲਈ ਪਿੰਡਾਂ ਦੇ 30 ਅਗਾਂਹਵਧੂ ਨੌਜਵਾਨ ਬਤੌਰ ਕਿਸਾਨ ਮਿੱਤਰ ਨਿਯੁਕਤ ਕੀਤੇ ਗਏ ਹਨ ਅਤੇ ਹਰੇਕ ਕਿਸਾਨ ਮਿੱਤਰ ਲਈ ਮੱਕੀ ਦੀ ਕਾਸ਼ਤ ਕਰਨੀ ਜ਼ਰੂਰੀ ਹੋਵੇਗੀ।ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਗਰਮੀ ਰੁੱਤ ਦੀ ਮੱਕੀ ਦੀ ਕਾਸ਼ਤ ਕਰਨ ਦੀ ਬਿਜਾਏ ਸਾਉਣੀ ਰੁੱਤ ਦੀ ਮੱਕੀ ਦੀ ਬਿਜਾਈ ਕਰਨੀ ਚਾਹੀਦੀ ਹੈ।ਉਨ੍ਹਾਂ ਦੱਸਿਆ ਕਿ ਦੇਸ਼ ਵਿਚ ਇਥਾਨੋਲ਼ ਦੀ ਮੰਗ ਦਿਨੋਂ ਦਿਨ ਵਧ ਰਹੀ ਹੈ ਅਤੇ ਏਥਾਨੋਲ਼ ਮੱਕੀ ਜਾਂ ਚੌਲਾਂ ਦੇ ਟੋਟੇ ਤੋਂ ਹੀ ਬਣਾਇਆ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਪੈਟਰੋਲ ਵਿਚ 20 ਫ਼ੀਸਦੀ ਏਥਾਨੋਲ ਮਿਲਾ ਕੇ ਗੱਡੀਆਂ ਵਿਚ ਵਰਤਣਾ ਲਾਜ਼ਮੀ ਕਰ ਦਿੱਤਾ ਹੈ। ਇਸ ਲਈ ਮੱਕੀ ਦੀ ਮੰਗ ਨੂੰ ਪੂਰਿਆਂ ਕਰਨ ਲਈ ਮੱਕੀ ਹੇਠ ਰਕਬਾ ਵਧਾਉਣ ਦੀ ਜ਼ਰੂਰਤ ਹੈ।ਉਨ੍ਹਾਂ ਦੱਸਿਆ ਕਿ ਜੇਕਰ ਝੋਨੇ ਤੋਂ ਹੁੰਦੇ ਮੁਨਾਫ਼ੇ ਦੇ ਬਰਾਬਰ ਮੱਕੀ ਦੀ ਫ਼ਸਲ ਤੋਂ ਲੈਣਾ ਹੈ ਤਾਂ ਪ੍ਰਤੀ ਏਕੜ 33000 ਬੂਟਿਆਂ ਦੀ ਗਿਣਤੀ ਦਾ ਹੋਣਾ ਬਹੁਤ ਜ਼ਰੂਰੀ ਹੈ ਅਤੇ ਉਨ੍ਹਾਂ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਹਰੇਕ ਕਿਸਾਨ ਘੱਟੋ-ਘੱਟ ਇੱਕ ਹੈਕ. ਰਕਬਾ ਮੱਕੀ ਹੇਠ ਜ਼ਰੂਰ ਲਿਆਵੇ ਤਾਂ ਜੋ ਝੋਨੇ ਦੀ ਕਾਸ਼ਤ ਨਾਲ ਆਉਣ ਵਾਲੀਆਂ ਭਵਿੱਖੀ ਸਮੱਸਿਆਵਾਂ ਘੱਟ ਕੀਤੀਆਂ ਜਾ ਸਕਣ।



# ਭਾਰਤ-ਪਾਕਿ ਵਿਚਾਲੇ ਜੰਗਬੰਦੀ ਦਾ ਐਲਾਨ ਸੁਣਦਿਆਂ ਹੀ ਪੰਜਾਬੀਆਂ ਨੇ ਸੁਖ ਦਾ ਸਾਹ ਲਿਆ

● ਚਿੰਤਾ ਨਾਲ ਮੁਰਝਾਏ ਚਿਹਰਿਆਂ 'ਤੇ ਪਰਤ ਆਈਆਂ ਰੌਣਕਾਂ : ਰਾਜਬੀਰ ਸਿੰਘ ਪੱਖੋਕੇ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਭਾਰਤ ਪਾਕਿਸਤਾਨ ਵਿਚਾਲੇ ਪਿਛਲੇ ਕੁਝ ਦਿਨਾਂ ਤੋਂ ਛਾਏ ਜੰਗ ਦੇ ਬੱਦਲ ਅੱਜ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਦੋਵਾਂ ਦੇਸ਼ਾਂ ਵਿਚਕਾਰ ਵਿਚੋਲਗੀ ਨਿਭਾਉਂਦਿਆਂ ਰਾਜ਼ੀਨਾਮਾ ਕਰਵਾਉਂਦਿਆਂ ਜੰਗਬੰਦੀ ਦੇ ਕੀਤੇ ਗਏ ਐਲਾਨ ਨੂੰ ਸੁਣਦਿਆਂ ਹੀ ਜਿੱਥੇ ਪੂਰੇ ਦੇਸ਼ ਵਾਸੀਆਂ ਦੇ ਨਾਲ-ਨਾਲ ਖਾਸ ਕਰਕੇ ਪੰਜਾਬ ਵਾਸੀਆਂ ਨੇ ਸੁੱਖ ਦਾ ਸਾਹ ਲਿਆ, ਉਥੇ ਹੀ ਪਾਕਿਸਤਾਨ ਦੀ ਸਰਹੱਦ ਦੇ ਨਾਲ ਲੱਗਦੇ ਸਰਹੱਦੀ ਖੇਤਰ ਦੇ ਲੋਕ ਜੋ ਜੰਗ ਲੱਗਣ ਤੋਂ ਉਸਦੇ ਨੁਕਸਾਨ ਤੋਂ ਚਿੰਤਤ ਸਨ।ਅੱਜ ਉਨ੍ਹਾਂ ਦੇ ਚਿਹਰਿਆਂ 'ਤੇ ਖੁਸ਼ੀ ਦੀਆਂ ਰੌਣਕਾਂ ਪਰਤ ਆਈਆਂ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਚੇਅਰਮੈਨ ਰਮਨ ਕੁਮਾਰ ਝਬਾਲ ਤੇ ਰਾਜਬੀਰ ਸਿੰਘ ਪੱਖੋਕੇ ਨੇ ਦੱਸਿਆ ਕਿ ਜਿਨ੍ਹਾਂ ਦੇ ਰਿਸ਼ਤੇਦਾਰ ਜੋ ਬਾਰਡਰ ਦੇ ਪਿੰਡਾਂ ਵਿਚ ਰਹਿੰਦੇ ਸਨ ਪਿਛਲੇ ਦਿਨਾਂ ਤੋਂ ਘਰ ਬਾਰ ਛੱਡ ਕੇ ਉੱਥੋਂ ਉੱਠ ਕੇ ਦੂਰ ਕਸਬਿਆਂ ਜਾਂ ਸ਼ਹਿਰਾਂ ਵਿੱਚ ਆਪਣੇ ਰਿਸ਼ਤੇਦਾਰਾਂ ਦੇ ਘਰ ਵਿਖੇ ਰਹਿ ਰਹੇ ਸਨ।ਜੰਗ ਚਾਹੇ ਜਦ੍ਹਕੀ ਕਲਾ ਵਿੱਚ ਰਹਿੰਦੇ ਸਨ ਪਰ ਜੰਗ ਦੇ ਗੰਭੀਰ ਸਿੱਟਿਆਂ ਨੂੰ ਜਾਣ ਕੇ ਕਿਤੇ ਨਾ ਕਿਤੇ ਫਿਰ ਵੀ ਘਰ ਬਾਰ, ਡੰਗਰ ਵੱਛੇ ਜ਼ਮੀਨਾਂ, ਪਰਿਵਾਰ ਲਈ ਚਿੰਤਾ ਵਿੱਚ ਰਹਿੰਦੇ ਸਨ।ਇਸੇ ਤਰ੍ਹਾਂ ਪੰਜਾਬ ਭਰ ਦੇ ਵਾਸੀਆਂ ਦੇ ਹਾਲਾਤ ਸਨ।ਪਰ ਅੱਜ ਜੰਗਬੰਦੀ ਦੀ ਖ਼ਬਰ ਸੁਣ ਕੇ ਵਾਹਿਗੁਰੂ ਦਾ ਸ਼ੁਕਰ ਕਰਦਿਆਂ ਹਰ ਪੰਜਾਬੀ ਨੇ ਇੱਕ ਦੂਜੇ ਨੂੰ ਵਧਾਈਆਂ ਦਿੱਤੀਆਂ। ਚੇਅਰਮੈਨ ਰਮਨ ਕੁਮਾਰ ਝਬਾਲ ਤੇ ਰਾਜਬੀਰ ਸਿੰਘ ਪੱਖੋਕੇ ਉਨ੍ਹਾਂ ਦੀ ਟੀਮ ਨੇ ਦੋਵਾਂ ਦੇਸ਼ਾਂ ਵਿਚਾਲੇ ਨਿਭਾਏ ਅਹਿਮ ਰੋਲ ਲਈ ਅਮਰੀਕਾ ਦੇ ਰਾਸ਼ਟਰਪਤੀ ਦਾ ਧੰਨਵਾਦ ਕੀਤਾ ਜਿਨ੍ਹਾਂ ਦੀ ਬਦੌਲਤ ਦੋਵਾਂ ਮੁਲਕਾਂ ਦੇ ਲੋਕ ਅਮਨ ਅਮਾਨ ਤੇ ਸ਼ਾਂਤੀ ਨਾਲ ਰਹਿਣਗੇ।





# ਸਰਹੱਦ 'ਤੇ ਵੱਸਦੇ ਪਿੰਡਾਂ ਦੇ ਲੋਕਾਂ ਵੱਲੋਂ ਵਿਸ਼ੇਸ਼ ਇਕੱਤਰਤਾ

● ਸਰਕਾਰ ਵੱਲੋਂ ਪੇਂਡੂ ਆਬਾਦਕਾਰਾਂ ਦੀਆਂ ਜ਼ਮੀਨਾਂ ਜਬਰੀ ਖੋਹੇ ਜਾਣ 'ਤੇ ਜਤਾਇਆ ਰੋਸ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਸਰਹੱਦ 'ਤੇ ਵੱਸਦੇ ਪਿੰਡਾਂ ਦੀ ਵਿਸ਼ੇਸ਼ ਮੀਟਿੰਗ ਮਨਜੀਤ ਸਿੰਘ ਰਾਏਪੁਰ ਕਲਾਂ ਦੀ ਪ੍ਰਧਾਨਗੀ ਹੇਠ ਹੋਈ ਜਿੱਥੇ ਜ਼ੋਰਦਾਰ ਆਵਾਜ਼ ਉਠਾਈ ਕਿ ਲੋਕਾਂ ਨੂੰ ਜੰਗ ਨਹੀਂ, ਅਮਨ ਚਾਹੀਦਾ! ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਐੱਸ ਕੇ ਐੱਮ ਦੇ ਪ੍ਰਮੁੱਖ ਆਗੂ ਤੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਮੀਟਿੰਗ ਵਿੱਚ ਦੱਸਿਆ ਕਿ ਇੱਕ ਬੰਨੇ ਬਾਰਡਰ ਦੇ ਲੋਕ ਜੰਗ ਦੇ ਸਹਿਮ ਕਾਰਨ ਗਹਿਰੇ ਸਦਮੇ ਵਿਚ ਹਨ ਦੂਜੇ ਬੰਨੇ ਸਰਹੱਦੀ ਪਿੰਡਾਂ ਦੇ ਆਬਾਦਕਾਰਾਂ ਦੀਆਂ ਜ਼ਮੀਨਾਂ ਪੰਜਾਬ ਸਰਕਾਰ ਵੱਲੋਂ ਜਬਰੀ ਖੋਹਣ ਲਈ ਆਬਾਦਕਾਰਾਂ ਉਪਰ ਅਦਾਲਤਾਂ ਵਿੱਚ ਝੂਠੇ ਕੇਸ ਬਣਾਏ ਕੇ ਉਨ੍ਹਾਂ ਨੂੰ ਸੰਮਨ ਭੇਜੇ ਜਾ ਰਹੇ ਹਨ ਜਿਸ ਦਾ ਕਿਸਾਨ ਸਭਾ ਜ਼ੋਰਦਾਰ ਵਿਰੋਧ ਕਰਦੀ ਹੈ। ਡਾ. ਸਤਨਾਮ ਸਿੰਘ ਅਜਨਾਲਾ ਨੇ ਅੱਗੇ ਦੱਸਿਆ ਕਿ ਪਹਿਲਾਂ ਵੀ ਸਮੇਂ ਸਮੇਂ ਤੇ ਬਾਰਡਰ ਤੇ ਵੱਸਦੇ ਕੋਈ 44 ਪਿੰਡਾਂ ਦੀ 10686 ਏਕੜ ਜ਼ਮੀਨ ਹਥਿਆਉਣ ਦੀ ਸਰਕਾਰ ਵੱਲੋਂ ਨਾਕਾਮ ਕੋਸ਼ਿਸ਼ ਹੁੰਦੀ ਰਹੀ ਹੈ ਜਦ ਕਿ ਇਹ ਜ਼ਮੀਨ ਅਜ਼ਾਦੀ ਤੋਂ ਉਪਰੰਤ ਬੇ ਆਬਾਦ ਜ਼ਮੀਨ ਨੂੰ ਪੁੱਟ ਕੇ ਲਹੂ ਪਸੀਨੇ ਦੀ ਕਮਾਈ ਲਗਾ ਕੇ ਆਬਾਦ ਕੀਤਾ ਹੈ, ਇਹ ਜ਼ਮੀਨ ਅਬਾਦਕਾਰਾਂ ਦੇ ਨਾਮ ਪੱਕੀ ਕੀਤੀ ਜਾਵੇ। ਡਾ. ਅਜਨਾਲਾ ਨੇ ਕਿਹਾ ਕਿ ਸਰਹੱਦ ਤੇ ਵੱਸਦੇ ਅਜਿਹੇ ਅਬਾਦਕਾਰ ਜੋ ਸਾਡੇ ਦੇਸ਼ ਦੀ ਦੂਸਰੀ ਸੁਰੱਖਿਆ ਲਾਈਨ ਹੈ! ਡਾ. ਅਜਨਾਲਾ ਨੇ ਅੱਗੇ ਕਿਹਾ ਕਿ ਜੰਗ, ਲਾਠੀ, ਗੋਲੀ ਲੋਕਾਂ ਦੇ ਮਸਲਿਆਂ ਦਾ ਹੱਲ ਨਹੀਂ ਕਰਦੀ ਸਗੋਂ ਲੋਕਾਂ ਦੇ ਦੁੱਖਾਂ ਦਰਦਾਂ ਵਿੱਚ ਵਾਧਾ ਕਰਦੀ ਹੈ, ਅਜਿਹੀਆਂ ਜੰਗਾਂ ਦੇ ਬੱਦਲਾਂ ਉਹਲੇ ਅਮਰੀਕਾ ਸਮੇਤ ਸਾਮਰਾਜੀ ਕਾਰਪੋਰੇਟ ਘਰਾਣੇ ਸਾਡੇ ਮੁਲਕ ਦੇ ਅਣਮੋਲ ਸੋਮਿਆਂ ਸਮੇਤ ਜ਼ਮੀਨ ਦੀ ਲੁੱਟ ਕਰਦੇ ਹਨ ਅਤੇ ਆਪਣਾ ਜੰਗੀ ਸਾਮਾਨ ਮਹਿੰਗੇ ਭਾਅ ਤੇ ਵੇਚਦੇ ਹਨ ਜਿਸ ਦੀ ਤਾਜ਼ਾ ਮਿਸਾਲ ਹੈ ਕਿ ਇਸੇ ਜੰਗ ਦੀ ਆੜ ਹੇਠ ਭਾਰਤ ਨੇ ਫਰਾਂਸ ਕੋਲੋਂ 26 ਜ਼ੰਗੀ ਰਾਫੇਲ ਜਹਾਜ਼ 64 ਹਜ਼ਾਰ ਕਰੋੜ ਰੁਪਏ ਦੇ ਖ਼ਰੀਦਣ ਦਾ ਸੌਦਾ ਕੀਤਾ ਹੈ। ਮੀਟਿੰਗ ਵਿੱਚ ਜ਼ੋਰਦਾਰ ਆਵਾਜ਼ ਉਠਾਈ ਕਿ ਆਪਸੀ ਭਾਈਚਾਰਕ ਸਾਂਝ ਬਣਾਈ ਰੱਖੋ ਅਤੇ ਜੰਗੀ ਮਾਹੌਲ ਬਣਾਉਣ ਵਾਲੀਆਂ ਤਾਕਤਾਂ ਨੂੰ ਸਮਾਜ ਵਿੱਚੋਂ ਨਖੇੜੋ। ਮੀਟਿੰਗ ਵਿੱਚ ਅਮਨ ਕਾਇਮ ਰੱਖਣ ਲਈ ਇੱਕ ਸਾਥੀ ਵੱਲੋਂ ਅਮਰਜੀਤ ਗੁਰਦਾਸਪੁਰੀ ਦਾ ਗੀਤ ਗਾਇਆ ਕਿ 'ਕਾਗ ਸਮੇਂ ਦਾ ਬੋਲਿਆ ਅਮਨਾਂ ਦੀ ਬੋਲੀ' ਨਾਲ ਮੀਟਿੰਗ ਸਮਾਪਤ ਹੋਈ।ਹੋਰਨਾਂ ਤੋਂ ਇਲਾਵਾ ਮੀਟਿੰਗ ਵਿੱਚ ਮਨਜੀਤ ਸਿੰਘ ਰਾਏਪੁਰ ਕਲਾਂ, ਰਣਜੀਤ ਸਿੰਘ ਕੋਟਲੀ, ਬਲਦੇਵ ਸਿੰਘ ਰਾਏਪੁਰ ਕਲਾਂ, ਜੋਬਨਜੀਤ ਸਿੰਘ ਕੋਟਲੀ ਕੋਕਾ, ਰਾਜਬੀਰ ਸਿੰਘ ਅਤੇ ਹਰਨੇਕ ਸਿੰਘ ਨੇਪਾਲ, ਰਸ਼ਪਾਲ ਸਿੰਘ ਸਾਹੋਵਾਲ ਆਦਿ ਨੇ ਵੀ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਸਾਨੂੰ ਜੰਗ ਨਹੀਂ ਅਮਨ ਦੀ ਲੋੜ ਹੈ। ਜੰਗਾ ਹਮੇਸ਼ਾ ਦੇਸ਼ ਨੂੰ ਤਬਾਹ ਕਰਦੀਆਂ, ਮਹਿਗਾਈ, ਕਾਲਾਬਾਜ਼ਾਰੀ, ਭ੍ਰਿਸ਼ਟਾਚਾਰ ਅਤੇ ਆਪਸੀ ਸਾਂਝ ਨੂੰ ਤੋੜਦੀਆਂ ਹਨ।



# ਭਾਰਤ-ਪਾਕਿਸਤਾਨ ਵਿਚਾਲੇ ਹੋਣ ਵਾਲੀ ਦੁਵੱਲੀ ਗੱਲਬਾਤ 'ਚ ਵਾਹਗਾ ਬਾਰਡਰ ਖੋਲ੍ਹਣ 'ਤੇ ਸਹਿਮਤੀ ਬਣਾਉਣ ਦੀ ਮੰਗ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**— ਪ੍ਰਵਾਸੀ ਭਾਰਤੀ ਮਾਮਲਿਆ ਦੇ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਭਾਰਤ ਪਾਕਿ ਦਰਮਿਆਨ ਜੰਗਬੰਦੀ ਦੀ ਬਣੀ ਸਹਿਮਤੀ ਨੂੰ ਭਾਰਤ ਪਾਕਿ ਵਿਚਾਲੇ ਅਮਨ ਸ਼ਾਂਤੀ ਲਈ ਹਾਂ ਪੱਖੀ ਕਦਮ ਕਰਾਰ ਦਿੱਤਾ ਤੇ ਕਿਹਾ ਕਿ ਪੰਜਾਬ ਦੇ ਸਰਹੱਦੀ ਇਲਾਕਿਆਂ ਚ ਜੰਗੀ ਤਣਾਓ ਦੀ ਸਥਿਤੀ ਦੇ ਮੱਦੇਨਜ਼ਰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵਲੋਂ ਪੰਜਾਬ ਪੱਖੋਂ ਨਿੱਜੀ ਦਿਲਚਸਪੀ ਵਿਖਾਉਂਦਿਆਂ ਕਿਸੇ ਵੀ ਜੰਗੀ ਅਣਸੁਖਾਵੀਂ ਸਥਿਤੀ ਨੂੰ ਨਜਿੱਠਣ ਲਈ ਪੁਖ਼ਤਾ ਹੰਗਾਮੀ ਸੇਵਾਵਾਂ ਦੇਣ ਦੀ ਵਿਵਸਥਾ ਕਰਨ ਸਮੇਤ ਪੰਜਾਬ ਕੈਬਨਿਟ ਦੇ 10 ਮੰਤਰੀਆਂ ਨੂੰ ਸਰਹੱਦੀ ਲੋਕਾਂ ਦੀ ਜੰਗੀ ਹਾਲਾਤ 'ਚ ਲੋੜੀਂਦੀਆਂ ਪੁਖ਼ਤਾ ਸੇਵਾਵਾਂ ਮੁਹੱਈਆ ਕਰਵਾਉਣ ਤੇ ਦੁੱਖ-ਸੁੱਖ 'ਚ ਭਾਈਵਾਲ ਬਣਨ ਲਈ ਸੌਂਪੀਆਂ ਗਈਆਂ ਸੰਜੀਦਾ ਜ਼ਿੰਮੇਵਾਰੀਆਂ ਦੇ ਨਤੀਜੇ ਵਜੋਂ ਮੁੱਖ ਮੰਤਰੀ ਦੀ ਭਰੋਸੇਯੋਗਤਾ ਤੇ ਮੋਹਰ ਲਗਾਉਂਦਿਆਂ ਬੁਲੰਦ ਹੌਸਲੇ ਤੇ ਸੰਯਮ 'ਚ ਪਾਕਿ ਵਿਰੁੱਧ ਪੰਜਾਬ ਦੀ 532 ਕਿਲੋਮੀਟਰ ਲੰਮੇ ਸਰਹੱਦੀ ਖੇਤਰ ਦੇ ਪਿੰਡਾਂ ਤੇ ਕਸਬਿਆਂ ਦੇ ਬਹਾਦਰ ਲੋਕਾਂ ਵੱਲੋਂ ਰਿਹਾਇਸ਼ ਰੱਖ ਕੇ ਡਟੇ ਰਹਿਣ ਲਈ ਧੰਨਵਾਦ ਕੀਤਾ, ਜਦੋਂਕਿ ਸ਼ੋਸ਼ਲ ਮੀਡੀਆ ਤੇ ਪਾਕਿ ਦੇ ਭੜਕਾਊ ਝੂਠੇ ਪ੍ਰਚਾਰ ਤੇ ਅਫਵਾਹਾਂ ਦਾ ਬਾਜ਼ਾਰ ਗਰਮ ਸੀ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੰਤਰੀ ਧਾਲੀਵਾਲ ਨੇ ਆਪਣੇ ਜੱਦੀ ਪਿੰਡ ਜਗਦੇਵ ਕਲਾਂ ਵਿਖੇ ਇੱਕ ਸਮਾਜਿਕ ਸਮਾਗਮ 'ਚ ਸ਼ਾਮਲ ਹੋਣ ਸਮੇਂ ਲੋਕਾਂ ਨਾਲ ਜੰਗੀ ਮਾਹੌਲ ਤੇ ਸੰਵਾਦ ਰਚਾਉਂਦਿਆਂ ਕੀਤਾ।ਧਾਲੀਵਾਲ ਨੇ ਭਾਰਤੀ ਫੌਜ ਦੀ ਇਸ ਗੱਲੋਂ ਵੀ ਪ੍ਰਸ਼ੰਸਾ ਕੀਤੀ ਕਿ ਭਾਰਤ-ਪਾਕਿ ਜੰਗਬੰਦੀ ਦੀ ਪ੍ਰਕ੍ਰਿਆ 'ਚ ਵੀ ਦੇਸ਼ ਦੀ ਜਾਂਬਾਜ਼ ਫੌਜ ਨੇ ਕਿਸੇ ਵੀ ਤਰਾਂ ਦੇ ਪਾਕਿ ਪ੍ਰਸਤ ਅੱਤਵਾਦ ਨੂੰ ਪਛਾੜਨ ਲਈ ਅਜੇ ਵੀ ਡਟਵੀਂ ਕਮਾਨ ਸੰਭਾਲੀ ਹੋਈ ਹੈ।ਉਨ੍ਹਾਂ ਨੇ ਪਾਕਿਸਤਾਨ ਦੀਆਂ ਭਾਰਤ ਵਿਰੋਧੀ ਨਾਪਾਕ ਸਾਜਿਸ਼ਾਂ ਦੀ ਤਿੱਖੇ ਸ਼ਬਦਾਂ 'ਚ ਨਿੰਦਾ ਕੀਤੀ ਅਤੇ ਦਾਅਵਾ ਕੀਤਾ ਕਿ ਚੰਗਾ ਗੁਆਂਢੀ ਹੋਣ ਦੀ ਬਜਾਏ ਅਤਿਵਾਦ ਨੂੰ ਪਾਲਣ ਪੋਸ਼ਣ ਦੀ ਜਿੰਮੇਵਾਰੀ ਲੈਂਦਿਆਂ ਕੌਮਾਂਤਰੀ ਪੱਧਰ ਤੇ ਭਾਰਤ ਵਿਰੋਧੀ ਅੱਤਵਾਦ ਨੂੰ ਸ਼ਹਿ ਦੇਣ ਚ ਬੁਰੀ ਤਰ੍ਹਾਂ ਉੱਭਰ ਚੁੱਕੇ ਬੁਰੇ ਗੁਆਂਢੀ ਮੁਲਕ ਪਾਕਿਸਤਾਨ ਹਮੇਸ਼ਾਂ ਪਹਿਲਾਂ ਭਾਰਤ 'ਚ ਅਤਿਵਾਦੀ ਹਮਲੇ ਕਰਵਾ ਕੇ, ਜੰਮੂ ਕਸ਼ਮੀਰ ਚ ਕੰਟਰੋਲ ਰੇਖਾ ਤੇ ਜੰਗਬੰਦੀ ਦੀਆਂ ਵਾਰ-ਵਾਰ ਗੋਲਾਬਾਰੀ ਨਾਲ ਉਲੰਘਣਾ ਕਰਕੇ ਜਾਂ ਫਿਰ 1965 ਤੇ 1971 'ਚ ਭਾਰਤ ਵਿਰੋਧੀ ਸਿੱਧੀਆਂ ਜੰਗਾਂ ਲਗਾਉਣ ਪਿੱਛੋਂ ਭਾਰਤੀ ਸੈਨਾ ਹੱਥੋਂ ਬੁਰੀ ਤਰ੍ਹਾਂ ਹਾਰ ਦੇ ਰੂਪ 'ਚ ਮੂੰਹ ਦੀ ਖਾਣ ਪਿੱਛੋਂ ਫਿਰ ਪਛਤਾਵੇ ਦੀ ਪਹਿਲਕਦਮੀ ਵਜੋਂ ਭਾਰਤ ਨੂੰ ਜੰਗਬੰਦੀ ਤੇ ਸ਼ਾਂਤੀ ਦੀ ਗੁਹਾਰ ਲਗਾਉਣ ਦਾ ਆਦੀ ਬਣ ਚੁੱਕਾ ਹੈ, ਜਿਵੇਂ ਕਿ ਬੀਤੇ ਕੱਲ ਪਾਕਿਸਤਾਨ ਨੇ ਭਾਰਤ ਨਾਲ ਸਿੱਧਾ ਫੋਨ ਤੇ ਰਾਬਤਾ ਬਣਾ ਕੇ ਇਕ ਵੇਰਾਂ ਮੁੜ ਜੰਗਬੰਦੀ ਦੀ ਗੁਹਾਰ ਲਗਾਈ ਹੈ।ਮੰਤਰੀ ਧਾਲੀਵਾਲ ਨੇ ਗੱਲਬਾਤ ਦੌਰਾਨ ਦੇਸ਼ ਦੇ ਸਿਖਰਲੇ ਸੈਨਾ ਮੁੱਖੀਆਂ ਤੇ ਭਾਰਤ ਸਰਕਾਰ ਨੂੰ ਇਹ ਵੀ ਅਪੀਲ ਕੀਤੀ ਹੈ ਕਿ ਪਾਕਿਸਤਾਨ ਦੀ ਗੁਹਾਰ ਦੇ ਮੱਦੇਨਜ਼ਰ ਬਕਾਇਦਾ ਰਸਮੀ ਤੌਰ ਤੇ ਪਾਕਿ ਨਾਲ ਜੰਗਬੰਦੀ ਲਈ ਹੋਣ ਵਾਲੀ ਗੱਲਬਾਤ ਦੀ ਪ੍ਰਕਿਰਆ 'ਚ ਪਾਕਿਸਤਾਨ ਕੋਲੋਂ ਹੋਰ ਸ਼ਰਤਾਂ ਮਨਵਾਉਣ ਦੇ ਨਾਲ ਪੰਜਾਬ 'ਚ ਕੌਮਾਂਤਰੀ ਅਟਾਰੀ-ਵਾਹਗਾ ਸਰਹੱਦ ਨੂੰ ਵਪਾਰ ਲਈ ਖੋਲ੍ਹਣ ਦੀ ਸ਼ਰਤ ਵੀ ਮਨਵਾ ਲਈ ਜਾਵੇ, ਪਰ ਵਾਹਗਾ ਬਾਰਡਰ ਖੋਲ੍ਹਣ ਲਈ ਪਾਕਿਸਤਾਨ ਸਰਕਾਰ ਤੇ ਉਸਦੇ ਫੌਜੀ ਕਮਾਂਡਰਾਂ ਕੋਲੋਂ ਇਹ ਸ਼ਰਤ ਪੁੱਖਤਾ ਰੂਪ 'ਚ ਜਰੂਰ ਮਨਵਾ ਲਈ ਜਾਵੇ ਕਿ ਪਾਕਿਸਤਾਨ ਵਲੋਂ ਆਉਣ ਵਾਲੇ ਵਪਾਰਕ ਸਮਾਨ ਨਾਲ ਲੱਦੇ ਟਰੱਕਾਂ ਸਮੇਤ ਹੋਰ ਵਾਹਨਾਂ 'ਚ ਲੁਕੋ ਕੇ ਨਸ਼ਿਆਂ ਤੇ ਮਾਰੂ ਹਥਿਆਰਾਂ ਦੀਆਂ ਖੇਪਾਂ ਕਦਾਚਿਤ ਨਹੀਂ ਭੇਜੀਆਂ ਜਾਣਗੀਆਂ।ਇਸ ਮੌਕੇ ਰਸ਼ਪਾਲ ਸਿੰਘ ਧਾਲੀਵਾਲ, ਸਰਪੰਚ ਸ਼ੁਬੇਗ ਸਿੰਘ ਗਿੱਲ, ਮਾਰਕੀਟ ਕਮੇਟੀ ਅਜਨਾਲਾ ਚੇਅਰਮੈਨ ਬੱਬੂ ਚੇਤਨਪੁਰਾ, ਸਰਪੰਚ ਸੁੱਖ ਕੰਦੋਵਾਲੀ, ਨਗਰ ਪੰਚਾਇਤ ਅਜਨਾਲਾ ਪ੍ਰਧਾਨ ਭੱਟੀ ਜਸਪਾਲ ਸਿੰਘ ਢਿੱਲੋਂ, ਪਾਰਟੀ ਦੇ ਸ਼ਹਿਰੀ ਪ੍ਰਧਾਨ ਅਮਿਤ ਔਲ ਸਮੇਤ ਹੋਰ ਆਗੂ ਮੌਜੂਦ ਸਨ।



# ਜੰਗਬੰਦੀ ਦਾ ਫੈਸਲਾ ਦੋਵਾਂ ਦੇਸ਼ਾਂ ਦੇ ਲੋਕਾਂ ਲਈ ਹਾਂ-ਪੱਖੀ : ਬਖਤਪੁਰਾ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸੀਪੀਆਈ ਐੱਮ ਐੱਲ ਲਿਬਰੇਸ਼ਨ ਨੇ ਸਾਹਮਣੇ ਆਈਆ ਖਬਰਾਂ ਮੁਤਾਬਿਕ ਭਾਰਤ ਅਤੇ ਪਾਕਿਸਤਾਨ ਦਰਮਿਆਨ ਲੜਾਈ ਬੰਦ ਕਰਨ ਦੇ ਫੈਸਲੇ ਨੂੰ ਦੋਵਾਂ ਦੇਸ਼ਾਂ ਅਤੇ ਦੋਵਾਂ ਦੇਸ਼ਾਂ ਦੇ ਲੋਕਾਂ ਲਈ ਹਾਂ-ਪੱਖੀ ਖਬਰ ਦੱਸਿਆ ਹੈ।ਇਸ ਸਬੰਧੀ ਪ੍ਰੈੱਸ ਨਾਲ ਗੱਲਬਾਤ ਕਰਦਿਆ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਦਾ ਸ਼ੁਰੂ ਤੋਂ ਹੀ ਸਟੈਂਡ ਸੀ ਕਿ ਦੋਵੇਂ ਐਟਮੀ ਦੇਸ਼ਾਂ ਨੂੰ ਜੰਗ ਦੇ ਮੈਦਾਨ ਵਿੱਚ ਕੁੱਦਣ ਦੀ ਬਜਾਏ ਆਪਸੀ ਗੱਲਬਾਤ ਰਾਹੀਂ ਸਮੱਸਿਆ ਦਾ ਹੱਲ ਕਰਨਾ ਚਾਹੀਦਾ ਹੈ। ਬੇਸ਼ੱਕ ਜੰਗ ਬੰਦੀ ਵਿੱਚ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਦੀ ਭੂਮਿਕਾ ਸਾਹਮਣੇ ਆਈ ਹੈ ਪਰ ਭਵਿੱਖ 'ਚ ਵਧੀਆ ਹੋਵੇਗਾ ਕਿ ਭਾਰਤ ਇਸ ਖਿੱਤੇ ਦਾ ਇੱਕ ਵੱਡਾ ਦੇਸ਼ ਹੋਣ ਦੇ ਨਾਤੇ ਸਾਮਰਾਜੀਆਂ ਦੀਆਂ ਵਿਚੋਲਗੀਆਂ ਦੀ ਬਜਾਏ ਇਸ ਖਿੱਤੇ ਵਿੱਚ ਸ਼ਾਂਤੀ ਬਣਾਈ ਰੱਖਣ ਲਈ ਇਕ ਧੌਂਸਵਾਦੀ ਦੇਸ਼ ਹੋਣ ਦਾ ਰੋਲ ਨਿਭਾਉਣ ਦੀ ਬਜਾਏ ਇਕ ਚੰਗੇ ਆਗੂ ਦੀ ਭੂਮਿਕਾ ਅਖਤਿਆਰ ਕਰੇ ਤਾਂ ਜੋ ਇਸ ਖਿੱਤੇ ਦੀਆਂ ਮੁੱਢਲੀਆਂ ਸਮੱਸਿਆਵਾਂ ਨੂੰ ਹੱਲ ਕਰਨ ਤੇ ਜ਼ੋਰ ਦਿੱਤਾ ਜਾਵੇ ਕਿਉਂਕਿ ਸਾਮਰਾਜੀਆਂ ਤੋਂ ਕਿਸੇ ਤਰ੍ਹਾਂ ਵੀ ਵਿਕਸਤ ਦੇਸ਼ਾਂ ਦੇ ਲੋਕਾਂ ਦੇ ਹਿੱਤ ਵਿੱਚ ਸੋਚਣ ਦੀ ਆਸ ਨਹੀਂ ਰੱਖੀ ਜਾ ਸਕਦੀ ਪਰ ਅਫਸੋਸ ਹੈ ਕਿ ਭਾਜਪਾ ਅਤੇ ਆਰ ਐੱਸ ਐੱਸ ਦੀ ਅਗਵਾਈ ਵਾਲੀ ਮੋਦੀ ਸਰਕਾਰ ਇਸ ਤਰ੍ਹਾਂ ਦਾ ਰੋਲ ਨਿਭਾਉਣ ਦੀ ਬਜਾਏ ਦੇਸ਼ ਵਿੱਚ ਹਿੰਦੂਤਵਵਾਦੀ ਰਾਜ ਅਤੇ ਇਸ ਸਮੁੱਚੇ ਖਿੱਤੇ ਵਿੱਚ ਛੋਟੇ ਛੋਟੇ ਦੇਸ਼ਾਂ ਨੂੰ ਮਿਲਾ ਕੇ ਅਖੰਡ ਭਾਰਤ ਬਣਾਉਣ ਦੇ ਮਨਸੂਬੇ ਪਾਲੀ ਬੈਠੀ ਹੈ। ਇਸ ਜੰਗੀ ਘਟਨਾ ਕਰਨ ਤੋਂ ਬਾਅਦ ਭਾਜਪਾ ਅਤੇ ਆਰ ਐੱਸ ਐੱਸ ਦੇਸ਼ ਵਿੱਚ ਫਾਸ਼ੀਵਾਦੀ ਪ੍ਰਚਾਰ ਨੂੰ ਹੋਰ ਤੇਜ਼ ਕਰੇਗੀ।ਲਿਬਰੇਸ਼ਨ ਦਾ ਮੰਨਣਾ ਹੈ ਕਿ ਦੋਵਾਂ ਦੇਸ਼ਾਂ ਦਰਮਿਆਨ ਜੰਗ ਦਾ ਰੁਕਣਾ ਹੀ ਕਾਫੀ ਨਹੀਂ ਬਲਕਿ ਇਸ ਸੱਚਾਈ ਨੂੰ ਸਾਹਮਣੇ ਲਿਆਉਣਾ ਵੀ ਅਤਿ ਜ਼ਰੂਰੀ ਹੈ ਕਿ ਪਹਿਲਗਾਮ ਕਾਂਡ ਪਿੱਛੇ ਰਾਜਨੀਤਿਕ ਸਾਜ਼ਿਸ਼ ਅਤੇ ਅਸਲੀਅਤ ਕੀ ਹੈ ਤਾਂ ਜੋ ਭਵਿੱਖ ਵਿੱਚ ਇਸ ਤਰ੍ਹਾਂ ਦੇ ਮਨੁੱਖਤਾ ਵਿਰੋਧੀ ਕਾਰਿਆ ਨੂੰ ਰੋਕਿਆ ਜਾ ਸਕੇ। ਲਿਬਰੇਸ਼ਨ ਆਗੂ ਨੇ ਕਿਹਾ ਕਿ ਸਾਡੀ ਪਾਰਟੀ ਨੂੰ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਭਾਰਤ ਦੀ ਕਮਿਊਨਿਸਟ ਲਹਿਰ ਦੇ ਵਡੇ ਹਿੱਸੇਦਾਰ ਸੀਪੀਆਈ ਅਤੇ ਸੀਪੀਐੱਮ ਵੱਲੋਂ ਦੋਵਾਂ ਦੇਸ਼ਾਂ ਵਿੱਚ ਜੰਗ ਰੋਕਣ ਸਬੰਧੀ ਇਕਸਾਰ ਨੀਤੀ ਅਪਣਾਉਣ ਦੀ ਬਜਾਏ ਮੋਦੀ ਸਰਕਾਰ ਦੇ ਜੰਗੀ ਇਰਾਦਿਆਂ ਦੀ ਹਮਾਇਤ ਵਿੱਚ ਭੁਗਤਣ ਦਾ ਕੰਮ ਕੀਤਾ ਹੈ ਜਿਸ ਸਮਝ ਕਾਰਨ ਇਨਾ ਕਮਿਊਨਿਸਟ ਧਿਰਾਂ ਨੇ ਦੁਨੀਆ ਭਰ ਦੇ ਮਿਹਨਤਕਸ਼ ਇਕ ਹੋ ਜਾਓ, ਦੇ ਨਾਹਰੇ ਤੋਂ ਪਾਸਾ ਵਟਿਆ ਹੈ ਜੋ ਕਮਿਊਨਿਸਟ ਲਹਿਰ ਲਈ ਘਾਤਕ ਸਾਬਤ ਹੋਵੇਗਾ।



# ਪਾਕਿਸਤਾਨ ਬਾਜ਼ ਨਾ ਆਇਆ ਤਾਂ ਹਸ਼ਰ 1971 ਦੀ ਜੰਗ ਨਾਲੋਂ ਵੀ ਮਾੜਾ ਹੋਵੇਗਾ : ਧਾਲੀਵਾਲ

● ਮੰਤਰੀ ਨੇ ਸ਼ਹਿਰ 'ਚ ਦੁਕਾਨਾਂ 'ਤੇ ਜ਼ਰੂਰੀ ਵਸਤਾਂ ਦੀ ਸਪਲਾਈ ਤੇ ਫਾਇਰ ਬ੍ਰਿਗੇਡ ਸਟੇਸ਼ਨ ਦਾ ਲਿਆ ਜਾਇਜ਼ਾ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਪ੍ਰਵਾਸੀ ਭਾਰਤੀ ਮਾਮਲਿਆਂ ਦੇ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਤੇ ਕੈਬਨਿਟ ਮੰਤਰੀ ਮਹਿੰਦਰ ਲਾਲ ਭਗਤ ਸਮੇਤ ਪੁਲਸ ਦੇ ਉਚ ਅਧਿਕਾਰੀਆਂ ਦੀ ਸ਼ਮੂਲੀਅਤ ਨਾਲ ਪੁਲਸ ਥਾਣਾ ਆਜਨਾਲਾ ਤਹਿਤ ਪੈਂਦੇ ਕੌਮਾਂਤਰੀ ਸਰਹੱਦੀ ਪਿੰਡ ਸਾਰੰਗਦੇਵ ਤੇ ਬਲੜਵਾਲ ਸਰਹੱਦੀ ਖੇਤਰ 'ਚ ਬੀਤੀ ਰਾਤ ਪਾਕਿਸਤਾਨ ਵੱਲੋਂ ਆਪਣੀ ਨਾਪਾਕ ਹਰਕਤ ਨੂੰ ਅੰਜਾਮ ਦਿੰਦੇ ਹੋਏ ਮੋਰਟਾਰ ਗੋਲੇ ਦਾਗੇ ਜਾਣ ਤੇ ਫਾਇਰਿੰਗ ਕੀਤੇ ਜਾਣ ਤੋਂ ਉਤਪੰਨ ਹੋਈ ਤਾਜ਼ਾ ਸਥਿਤੀ ਦਾ ਉਚੇਚੇ ਤੌਰ ਤੇ ਪਿੰਡ ਸਾਰੰਗਦੇਵ ਵਿਖੇ ਪੁੱਜ ਕੇ ਜਾਇਜ਼ਾ ਲਿਆ ਅਤੇ ਸਰਹੱਦੀ ਲੋਕਾਂ ਨੂੰ ਸੰਯਮ ਤੇ ਸ਼ਾਂਤੀ ਬਣਾਏ ਰੱਖਣ ਦੀ ਅਪੀਲ ਕੀਤੀ ਅਤੇ ਸਪੱਸ਼ਟ ਕੀਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਪੰਜਾਬ ਵਾਸੀਆਂ ਦੇ ਨਾਲ ਡਟ ਕੇ ਖੜੀ ਹੈ ਅਤੇ ਪੂਰਨ ਸੁਰੱਖਿਆ ਦੇਣ ਲਈ ਕਾਰਜਸ਼ੀਲ਼ ਹੈ।ਉਪਰੰਤ ਗੱਲਬਾਤ ਦੌਰਾਨ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪਹਿਲਗਾਮ ਵਿਖੇ ਪਾਕਿਸਤਾਨ ਤੋਂ ਸਿਖਲਾਈ ਹਾਸਲ ਅਤਿਵਾਦੀਆਂ ਵੱਲੋਂ 26 ਨਿਰਦੋਸ਼ ਸੈਲਾਨੀਆਂ ਨੂੰ ਮੌਤ ਦੇ ਘਾਟ ਉਤਾਰੇ ਜਾਣ ਦੇ ਪ੍ਰਤੀਕਰਮ ਵਜੋਂ ਭਾਰਤੀ ਜਾਂਬਾਜ਼ ਫੌਜ ਵਲੋਂ ਪਾਕਿਸਤਾਨ ਕਬਜ਼ੇ ਹੇਠਲੇ ਕਸ਼ਮੀਰ (ਪੀ ਓ ਕੇ) 'ਚ ਦੁਸ਼ਟ ਅਤਿਵਾਦੀਆਂ ਦੇ 9 ਟਿਕਾਣਿਆਂ ਨੂੰ ਮਲੀਆਮੇਟ ਕੀਤੇ ਜਾਣ ਤੋਂ ਬੁਖਲਾਏ ਪਾਕਿਸਤਾਨ ਨੇ ਆਪਣੀਆਂ ਨਾਪਾਕ ਹਰਕਤਾਂ ਤਹਿਤ ਘਟੀਆ ਮਾਨਸਿਕਤਾ ਦਾ ਸਬੂਤ ਦਿੰਦੇ ਹੋਏ ਜੰਮੂ ਕਸ਼ਮੀਰ 'ਚ ਇਕ ਗੁਰਦੁਆਰਾ ਸਾਹਿਬ ਤੇ ਆਮ ਲੋਕਾਂ ਨੂੰ ਆਪਣੀ ਗੋਲਾਬਾਰੀ ਦਾ ਨਿਸ਼ਾਨਾ ਬਣਾਉਣ ਸਮੇਤ ਪੰਜਾਬ 'ਚ ਵੀ ਆਮ ਨਾਗਰਿਕਾਂ/ਪੰਜਾਬ ਵਾਸੀਆਂ ਨੂੰ ਡਰੋਨ/ਮਿਜ਼ਾਇਲ ਹਮਲੇ ਨਾਲ ਪ੍ਰਭਾਵਿਤ ਕਰਨ ਦੀ ਨਾਕਾਮ ਕੋਸ਼ਿਸ਼ ਕਰ ਰਿਹਾ ਹੈ।ਅਜੇ ਵੀ ਸਮਾਂ ਹੈ ਕਿ ਪਾਕਿਸਤਾਨ ਆਪਣੀ ਗੰਦੀ ਮਾਨਸਿਕਤਾ ਤੋਂ ਬਾਜ਼ ਆ ਕੇ ਭਾਰਤ ਵਿਰੁੱਧ ਫੌਰੀ ਤੌਰ ਤੇ ਪੈਦਾ ਕੀਤੇ ਗਏ ਜੰਗੀ ਹਾਲਾਤ ਤੋਂ ਤੌਬਾ ਕਰ ਲਵੇ ਅਤੇ ਜੇਕਰ ਪਾਕਿਸਤਾਨ ਆਪਣੀਆਂ ਇਸ ਮਾਨਵਤਾ ਵਿਰੋਧੀ ਕੋਝੀਆਂ ਨਾਪਾਕ ਚਾਲਾਂ ਤੋਂ ਬਾਜ਼ ਨਾ ਆਇਆ ਤਾਂ ਭਾਰਤੀ ਜਾਂਬਾਜ਼ ਸੈਨਾ ਆਪਣੀ ਜੁਆਬੀ ਕਾਰਵਾਈ 'ਚ ਪਾਕਿਸਤਾਨ ਨੂੰ ਅਜਿਹਾ ਸਬਕ ਸਿਖਾਏਗੀ ਕਿ 1971 ਦੀ ਜੰਗ 'ਚ ਤਾਂ ਪਾਕਿਸਤਾਨ ਦੇ ਇਕ ਲੱਖ ਦੇ ਕਰੀਬ ਹਥਿਆਰਬੰਦ ਸੈਨਿਕਾਂ ਨੂੰ ਆਤਮ ਸਮਰਪਣ ਕਰਵਾ ਕੇ ਇਕੋ ਹਿੱਸਾ ਬੰਗਲਾਦੇਸ਼ ਨੂੰ ਵੱਖ ਕੀਤਾ ਸੀ, ਜਦੋਂਕਿ ਇਸ ਵੇਰਾਂ ਬਲੋਚਿਸਤਾਨ, ਮਕਬੂਜ਼ਾ ਕਸ਼ਮੀਰ, ਸਿੰਧ, ਸਮੇਤ 5 ਟੁਕੜਿਆਂ 'ਚ ਵੰਡਿਆ ਜਾਵੇਗਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਮੁੱਚੀ ਸਰਕਾਰ ਸਮੇਤ ਪੰਜਾਬ ਦੇ 3 ਕਰੋੜ ਵਾਸੀ ਭਾਰਤੀ ਸੈਨਾ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੇ ਹਨ ਅਤੇ ਲੋੜ ਪੈਣ 'ਤੇ ਵਿਸ਼ਵ ਪੱਧਰੀ ਆਪਣਾ ਸੂਰਬੀਰਤਾ ਦੇ ਖਿਤਾਬ ਨੂੰ ਬਰਕਰਾਰ ਰੱਖਦੇ ਹੋਏ ਸਰਹੱਦਾਂ ਤੇ ਫੌਜ ਲਈ ਲੋੜੀਂਦੀ ਖਾਣ ਪੀਣ ਦੀ ਸਮੱਗਰੀ ਸਮੇਤ ਵਾਹਨਾਂ ਤੇ ਫੌਜ ਦਾ ਅਸਲਾ ਬਰੂਦ ਢੋਹਣ ਤੋਂ ਪਿੱਛੇ ਨਹੀਂ ਹਟਣਗੇ।ਬਾਅਦ ਵਿੱਚ ਮੰਤਰੀ ਧਾਲੀਵਾਲ ਤੇ ਮੰਤਰੀ ਭਗਤ ਹੁਰਾਂ ਨੇ ਅਜਨਾਲਾ ਸ਼ਹਿਰ 'ਚ ਅਗਨੀ ਅਮਰਜੈਂਸੀ ਹਾਲਾਤ ਤੇ ਫੌਰੀ ਤੌਰ ਤੇ ਕਾਬੂ ਪਾਉਣ ਲਈ ਸਥਿਤ ਫਾਇਰ ਬ੍ਰਿਗੇਡ ਸਟੇਸ਼ਨ ਅਤੇ ਬਜ਼ਾਰਾਂ 'ਚ ਦੁਕਾਨਾਂ ਤੇ ਪੁੱਜ ਕੇ ਦੁਕਾਨਦਾਰਾਂ ਕੋਲੋਂ ਜ਼ਰੂਰੀ ਵਸਤਾਂ ਦੀ ਸਪਲਾਈ ਦੀ ਤਾਜ਼ਾ ਸਥਿਤੀ ਦਾ ਜਾਇਜ਼ਾ ਲਿਆ।ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਜੰਗੀ ਹਲਾਤ 'ਚ ਖਪਤਕਾਰਾਂ ਦੀ ਮਜਬੂਰੀ ਦਾ ਨਜਾਇਜ਼ ਫਾਇਦਾ ਉਠਾਉਣ ਵਾਲੇ ਜਮ੍ਹਾਂਖੋਰਾਂ ਤੇ ਕਾਲਾਬਜ਼ਾਰੀ ਦਾ ਧੰਦਾ ਕਰਨ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ।ਅਜਿਹੇ ਸਮਾਜ ਵਿਰੋਧੀ ਅਨਸਰਾਂ ਨੂੰ ਕਾਨੂੰਨ ਦਾ ਸਾਹਮਣਾ ਕਰਨਾ ਪਵੇਗਾ।ਇਸ ਮੌਕੇ ਨਗਰ ਪੰਚਾਇਤ ਪ੍ਰਧਾਨ ਭੱਟੀ ਜਸਪਾਲ ਸਿੰਘ ਢਿੱਲੋਂ, ਪਾਰਟੀ ਦੇ ਸ਼ਹਿਰੀ ਪ੍ਰਧਾਨ ਅਮਿਤ ਔਲ, ਵਪਾਰ ਮੰਡਲ ਪ੍ਰਧਾਨ ਰਮੇਸ਼ ਮਹਾਜਨ, ਅਮਿਤ ਪੁਰੀ, ਬੱਬੂ ਮਹਾਜਨ ਆਦਿ ਸਥਾਨਕ ਸ਼ਹਿਰੀ ਆਗੂ ਮੌਜੂਦ ਸਨ।ਇਸੇ ਤਰ੍ਹਾਂ ਦੋਹਾਂ ਮੰਤਰੀਆਂ ਨੇ ਸਬ-ਡਵੀਜ਼ਨ ਦੇ ਸਰਹੱਦੀ ਕਸਬਾ ਚੋਗਾਵਾਂ ਵਿਖੇ ਵੀ ਜ਼ਰੂਰੀ ਵਸਤਾਂ ਦੀ ਸਪਲਾਈ ਲਾਈਨ ਦਾ ਦੁਕਾਨਦਾਰਾਂ ਨਾਲ ਮੀਟਿੰਗਾਂ ਕਰਕੇ ਜਾਇਜ਼ਾ ਲਿਆ।



# ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਖ਼ੂਨਦਾਨ ਕੈਂਪ ਆਯੋਜਿਤ




**ਗੁਰਦਾਸਪੁਰ (ਜਨਕ ਮਹਾਜਨ)**- ਮਾਣਯੋਗ ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਵਲੋਂ ਇੱਕ ਸਵੈ-ਇੱਛਕ ਖ਼ੂਨਦਾਨ ਕੈਂਪ ਸਨਾਤਨ ਸੇਵਾ ਦਲ ਗੁਰਦਾਸਪੁਰ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ ਡਾ. ਹਰਜਿੰਦਰ ਸਿੰਘ ਬੇਦੀ ਵਧੀਕ ਡਿਪਟੀ ਕਮਿਸ਼ਨਰ (ਜ), ਗੁਰਦਾਸਪੁਰ ਵੱਲੋਂ ਕੀਤਾ ਗਿਆ। ਇਸ ਕੈਂਪ ਦੌਰਾਨ ਦਾਨੀਆਂ ਵੱਲੋਂ 18 ਯੂਨਿਟ ਖ਼ੂਨ ਦਾਨ ਕੀਤਾ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਹਰਜਿੰਦਰ ਸਿੰਘ ਬੇਦੀ ਵਲੋਂ ਖ਼ੂਨਦਾਨ ਕਰਨ ਵਾਲੇ ਦਾਨੀਆਂ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਖ਼ੂਨਦਾਨ ਬਹੁਤ ਮਹਾਨ ਦਾਨ ਹੈ ਅਤੇ ਮੌਜੂਦਾ ਹਾਲਤ ਨੂੰ ਮੁੱਖ ਰੱਖਦੇ ਹੋਏ ਇਸ ਮਹਾਨ ਕੰਮ ਦੀ ਬਹੁਤ ਜ਼ਿਆਦਾ ਜ਼ਰੂਰਤ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਜ਼ਿਲ੍ਹਾ ਪ੍ਰਸ਼ਾਸਨ, ਜ਼ਿਲ੍ਹਾ ਰੈੱਡ ਕਰਾਸ ਅਤੇ ਸਿਹਤ ਵਿਭਾਗ ਗੁਰਦਾਸਪੁਰ ਦੇ ਨਾਲ ਇਸੇ ਤਰ੍ਹਾਂ ਜ਼ਰੂਰਤ ਪੈਣ 'ਤੇ ਸਹਿਯੋਗ ਕਰਦੇ ਰਹਿਣ। ਸਨਾਤਨ ਸੇਵਾ ਦਲ, ਗੁਰਦਾਸਪੁਰ ਦੇ ਅਹੁਦੇਦਾਰਾਂ ਵੱਲੋਂ ਇਹ ਵਿਸ਼ਵਾਸ ਦਿੱਤਾ ਗਿਆ ਕਿ ਜਦੋਂ ਵੀ ਜ਼ਿਲ੍ਹਾ ਪ੍ਰਸ਼ਾਸਨ, ਰੈੱਡ ਕਰਾਸ ਜਾਂ ਸਿਹਤ ਵਿਭਾਗ ਨੂੰ ਜ਼ਰੂਰਤ ਪੈਂਦੀ ਹੈ ਤਾਂ ਉਹ ਹਮੇਸਾ ਹੀ ਇਨ੍ਹਾਂ ਦੀ ਹਰ ਤਰ੍ਹਾਂ ਦੇ ਨਾਲ ਮਦਦ ਕਰਨ ਦੇ ਲਈ ਤਿਆਰ ਹਨ। ਇਸ ਮੌਕੇ 'ਤੇ ਰਾਜੀਵ ਸਿੰਘ, ਸਕੱਤਰ, ਰੈੱਡ ਕਰਾਸ ਸੋਸਾਇਟੀ, ਡਾ ਪੂਜਾ, ਇੰਚਾਰਜ, ਬਲੱਡ ਬੈਂਕ, ਗੁਰਦਾਸਪੁਰ, ਦਿਨੇਸ਼ ਠਾਕੁਰ, ਦੀਪਕ ਮਹਾਜਨ ਪ੍ਰਧਾਨ, ਸਨਾਤਨ ਸੇਵਾ ਦਲ ਗੁਰਦਾਸਪੁਰ ਬਿਕਰਮਜੀਤ ਸਿੰਘ, ਵਿਨੇ ਮਹਾਜਨ, ਗੁਲਸ਼ਨ ਸੈਣੀ ਅਤੇ ਇਸ ਸਭਾ ਦੇ ਹੋਰ ਮੈਂਬਰ ਵੀ ਹਾਜ਼ਰ ਸਨ।

# 'ਮਾਂ ਦਿਵਸ' ਨੂੰ ਸਮਰਪਿਤ ਜ਼ਿਲ੍ਹਾ ਰਿਸੋਰਸ ਸੈਂਟਰ ਬਟਾਲਾ ਵਿਖੇ ਖ਼ੂਨਦਾਨ ਕੈਂਪ ਲਾਇਆ

**ਬਟਾਲਾ, ਧਾਰੀਵਾਲ (ਤਰਲੋਕ ਬੱਗਾ, ਮਨਦੀਪ ਸਿੰਘ ਵਿੱਕੀ)** ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ, ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅੱਜ ਮਾਂ ਦਿਵਸ ਨੂੰ ਸਮਰਪਿਤ ਮਾਨਵਤਾ ਦੀ ਭਲਾਈ ਲਈ ਵੱਡਾ ਤੇ ਨੇਕ ਉਪਰਾਲਾ ਕਰਦਿਆਂ ਖ਼ੂਨਦਾਨ ਕੈਂਪ ਲਗਾਇਆ ਗਿਆ।ਜ਼ਿਲ੍ਹਾ ਰਿਸੋਰਸ ਸੈਂਟਰ ਗੁਰਦਾਸਪੁਰ ਰੋਡ ਬਟਾਲਾ ਵਿਖੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਦੇ ਯਤਨਾਂ ਸਦਕਾ ਖ਼ੂਨਦਾਨ ਕੈਂਪ ਸਿਵਲ ਹਸਪਤਾਲ ਬਟਾਲਾ ਦੇ ਸਹਿਯੋਗ ਨਾਲ ਲਗਾਇਆ ਗਿਆ, ਜਿਸ ਦੀ ਸ਼ੁਰੂਆਤ ਚੇਅਰਮੈਨ ਯਸ਼ਪਾਲ ਚੌਹਾਨ, ਚੇਅਰਮੈਨ ਮਾਨਿਕ ਮਹਿਤਾ ਅਤੇ ਡਾ ਮਨਿੰਦਰਜੀਤ ਸਿੰਘ, ਐੱਸਐੱਮਓ ਬਟਾਲਾ ਵਲੋਂ ਕਰਵਾਈ ਗਈ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਚੇਅਰਮੈਨ ਯਸ਼ਪਾਲ ਚੌਹਾਨ ਤੇ ਚੇਅਰਮੈਨ ਮਾਨਿਕ ਮਹਿਤਾ ਨੇ ਕਿਹਾ ਕਿ ਅੱਜ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਦੇ ਅਗਵਾਈ ਹੇਠ ਖ਼ੂਨਦਾਨ ਕੈਂਪ ਲਗਾਇਆ ਗਿਆ ਹੈ।ਉਨ੍ਹਾਂ ਨੇ ਦੱਸਿਆ ਕਿ ਬੀਤੀ ਕੱਲ ਦੁਪਹਿਰ ਸਮੇਂ ਜਦੋਂ ਵਿਧਾਇਕ ਸ਼ੈਰੀ ਕਲਸੀ ਬਟਾਲਾ ਸਿਵਲ ਹਸਪਤਾਲ ਵਿਖੇ ਸੰਕਟਕਾਲੀਨ ਹਾਲਾਤ ਨਾਲ ਨਿਪਟਣ ਲਈ ਬਟਾਲਾ ਸਿਵਲ ਹਸਪਤਾਲ ਵਿੱਚ ਕੀਤੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਪਹੁੰਚੇ ਸਨ ਤਾਂ ਐੱਸਐੱਮਓ ਮਨਿੰਦਰਜੀਤ ਸਿੰਘ ਵੱਲੋਂ ਦੱਸਿਆ ਗਿਆ ਸੀ ਕਿ ਸਾਰੀਆਂ ਤਿਆਰੀਆਂ ਮੁਕੰਮਲ ਹਨ ਪਰ ਹੰਗਾਮੀ ਹਾਲਤ ਵਿੱਚ ਲੋੜ ਪੈਣ ਤੇ ਖ਼ੂਨ ਦੀ ਲੋੜ ਅਨੁਸਾਰ ਹੋਰ ਉਪਲੱਬਧਤਾ ਜ਼ਰੂਰੀ ਹੈ, ਜਿਸ ਲਈ ਵਿਧਾਇਕ ਸ਼ੈਰੀ ਕਲਸੀ ਵਲੋਂ ਤੁਰੰਤ ਖ਼ੂਨਦਾਨ ਕੈਂਪ ਲਗਾਉਣ ਦਾ, ਫੈਸਲਾ ਲਿਆ ਗਿਆ ਤੇ ਅੱਜ ਖ਼ੂਨਦਾਨ ਕੈਂਪ ਲਗਾਇਆ ਗਿਆ।ਉਨ੍ਹਾਂ ਅੱਗੇ ਕਿਹਾ ਕਿ ਖ਼ੂਨਦਾਨ ਕਰਨਾ ਇਕ ਮਹਾਨ ਅਤੇ ਪੁੰਨ ਵਾਲਾ ਕਾਰਜ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਹਰ ਤੰਦਰੁਸਤ ਵਿਅਕਤੀ ਨੂੰ ਖ਼ੂਨਦਾਨ ਜ਼ਰੂਰ ਕਰਨਾ ਚਾਹੀਦਾ ਹੈ ਅਤੇ ਆਸ ਪਾਸ ਲੱਗਣ ਵਾਲੇ ਖ਼ੂਨਦਾਨ ਕੈਂਪਾਂ ਵਿਚ ਵੱਧ ਚੜ੍ਹ ਕੇ ਹਿੱਸਾ ਲੈ ਕੇ ਖ਼ੂਨਦਾਨ ਕਰਨਾ ਚਾਹੀਦਾ ਹੈ।ਉਨ੍ਹਾਂ ਨੇ ਸਾਰੇ ਖ਼ੂਨਦਾਨੀਆਂ ਦਾ ਇਸ ਮਹਾਨ ਤੇ ਨੇਕ ਕਾਰਜ ਲਈ ਖ਼ੂਨਦਾਨ ਕਰਨ ਲਈ ਧੰਨਵਾਦ ਕੀਤਾ।ਇਸ ਮੌਕੇ ਡਾ. ਪ੍ਰੀਆਗੀਤ ਕੌਰ ਕਲਸੀ, ਮਲਕੀਤ ਸਿੰਘ, ਨਿਸ਼ਾਨ ਸਿੰਘ, ਸੁਖਬੀਰ ਕੌਰ, ਬਲਜਿੰਦਰ ਕੋਰ, ਪ੍ਰਭਜੀਤ ਕੌਰ (ਸਾਰੇ ਐੱਮਐੱਲਟੀ), ਮਨਪ੍ਰੀਤ ਕੌਰ ਸਟਾਫ ਨਰਸ, ਨਵਦੀਪ ਸਿੰਘ, ਹਨੀ ਚੌਹਾਨ, ਸੁਖਦੇਵ ਸਿੰਘ, ਮਾਸਟਰ ਤਿਲਕ ਰਾਜ, ਮਨਜੀਤ ਸਿੰਘ ਬੁਮਰਾਹ, ਪਵਨ ਕੁਮਾਰ, ਭੁਪਿੰਦਰ ਸਿੰਘ, ਵਿਕਰਮ ਚੌਹਾਨ, ਬੰਟੀ ਟਰੈਂਡਜ, ਸੰਜੀਵ ਕੁਮਾਰ, ਦਵਿੰਦਰ ਸਿੰਘ, ਜਗਮੋਹਨ ਸਿੰਘ, ਡਾ ਰਾਕੇਸ਼ ਕੁਮਾਰ ਕਾਲੀਆ, ਪੰਕਜ ਖੁੱਲਰ, ਡਾ ਜਗਦੀਸ਼ ਸਿੰਘ ਰਜਾਦਾ, ਦਾਸ ਕਰਨ, ਮਿੰਟੂ ਤੱਤਲਾ, ਹੈਪੀ ਸਰਪੰਚ, ਜਸਪਾਲ ਸਿੰਘ, ਕੁਲਦੀਪ ਸਿੰਘ, ਮੁਨੀਸ਼ ਕੁਮਾਰ ਕਾਕਾ, ਕੁਨਾਲ ਸ਼ਰਮਾ, ਕਰਮਬੀਰ ਸਿੰਘ ਤੇ ਗੁਰਪ੍ਰੀਤ ਸਿੰਘ ਆਦਿ ਮੌਜੂਦ ਸਨ।



# ਸਮਾਜ ਸੇਵੀ ਸੰਸਥਾਵਾਂ ਲਾਉਣਗੀਆਂ ਖ਼ੂਨਦਾਨ ਕੈਂਪ



**ਗੁਰਦਾਸਪੁਰ (ਜਨਕ ਮਹਾਜਨ)**- ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਵਲੋਂ ਆਉਂਦੇ ਦਿਨਾਂ ਵਿੱਚ ਖ਼ੂਨਦਾਨ ਕੈਂਪ ਲਾਏ ਜਾਣਗੇ। ਇਨ੍ਹਾਂ ਜਥੇਬੰਦੀਆਂ ਵੱਲੋਂ ਇਹ ਭਰੋਸਾ ਸਿਵਲ ਸਰਜਨ ਗੁਰਦਾਸਪੁਰ ਡਾਕਟਰ ਜਸਵਿੰਦਰ ਸਿੰਘ ਨੂੰ ਉਨ੍ਹਾਂ ਨਾਲ ਮੁਲਾਕਾਤ ਦੌਰਾਨ ਦਿੱਤਾ। ਇਸ ਮੌਕੇ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਕਿਹਾ ਕਿ ਮੌਜੂਦਾ ਹਾਲਾਤ ਦੇ ਮੱਦੇਨਜ਼ਰ ਉਹ ਪ੍ਰਸ਼ਾਸਨ ਦੀ ਹਰ ਸੰਭਵ ਮਦਦ ਕਰਨਗੇ। ਇਸ ਲਈ ਵੱਖ-ਵੱਖ ਜਗ੍ਹਾ 'ਤੇ ਖ਼ੂਨਦਾਨ ਕੈਂਪ ਲਾਏ ਜਾਣਗੇ। ਸਿਵਲ ਸਰਜਨ ਗੁਰਦਾਸਪੁਰ ਡਾਕਟਰ ਜਸਵਿੰਦਰ ਸਿੰਘ ਨੇ ਕਿਹਾ ਕਿ ਖ਼ੂਨਦਾਨ ਮਹਾਨ ਦਾਨ ਹੈ। ਸਾਡਾ ਦਿੱਤਾ ਖ਼ੂਨ ਕਿਸੇ ਦੀ ਜ਼ਿੰਦਗੀ ਬਚਾ ਸਕਦਾ ਹੈ। ਉਨ੍ਹਾਂ ਕਿਹਾ ਕਿ ਐਕਸੀਡੈਂਟ, ਥੈਲੇਸੀਮੀਆ, ਕੈਂਸਰ ਦੇ ਮਰੀਜ਼ਾਂ ਅਤੇ ਆਪਰੇਸ਼ਨ ਆਦਿ ਦੌਰਾਨ ਖ਼ੂਨ ਦੀ ਜ਼ਰੂਰਤ ਰਹਿੰਦੀ ਹੈ। ਜ਼ਿਲ੍ਹਾ ਹਸਪਤਾਲ ਵਿੱਚ ਕਰੀਬ 600 ਯੂਨਿਟ ਖ਼ੂਨ ਦੀ ਹਰੇਕ ਮਹੀਨੇ ਲੋੜ ਪੈ ਜਾਂਦੀ ਹੈ। ਇਸ ਸਮੇਂ ਜ਼ਿਆਦਾ ਖ਼ੂਨ ਦੀ ਮੰਗ ਹੈ। ਖ਼ੂਨ ਦਾਨੀਆਂ ਕਾਰਨ ਹੀ ਇਹ ਲੋੜ ਪੂਰੀ ਹੋ ਰਹੀ ਹੈ। ਖ਼ੂਨ ਦਾਨ ਕਰਨ 'ਤੇ ਸਰੀਰ 24 ਘੰਟੇ ਵਿੱਚ ਇਸ ਦੀ ਪੂਰਤੀ ਕਰ ਲੈਂਦਾ ਹੈ। ਖ਼ੂਨਦਾਨ ਕਰਨ ਵਾਲਿਆਂ ਦੀ ਹਾਰਟ ਅਟੈਕ ਦੀ ਸੰਭਾਵਨਾ ਘੱਟ ਹੁੰਦੀ ਹੈ। ਖ਼ੂਨਦਾਨ ਨਾਲ ਵਜ਼ਨ ਵੀ ਘਟਦਾ ਹੈ ਅਤੇ ਸਰੀਰ ਨਵੇਂ ਸੈਲ ਬਣਾਉਂਦਾ ਹੈ । ਆਇਰਨ ਦੀ ਮਾਤਰਾ ਠੀਕ ਰਹਿਣ ਤੇ ਲਿਵਰ ਹੈਲਥੀ ਬਣਦਾ ਹੈ। ਇਸ ਮੌਕੇ ਏ ਸੀ ਐਸ ਡਾ. ਪ੍ਰਭਜੋਤ ਕੌਰ ਕਲਸੀ, ਜ਼ਿਲ੍ਹਾ ਪਰਵਾਰ ਭਲਾਈ ਅਫਸਰ ਡਾ. ਤੇਜਿੰਦਰ ਕੌਰ, ਡਾਕਟਰ ਅਰਵਿੰਦ ਮਹਾਜਨ, ਡਾ. ਮਨਮੋਹਨਜੀਤ ਸਿੰਘ, ਡਾਕਟਰ ਅੰਕੁਰ ਕੌਸ਼ਲ, ਡਾ. ਮੀਰਾ ਕੌਸ਼ਲ, ਜਥੇਬੰਦੀ ਨੇਤਾ ਗੋਪਾਲ ਬਾਂਸਲ, ਪਲਵਿੰਦਰ ਸਿੰਘ, ਸੁਮਿਤ, ਰਮੇਸ਼ ਪਰਾਸ਼ਰ, ਅਦਰਸ਼ ਕੁਮਾਰ, ਰਾਜੇਸ਼ ਬੱਬੀ, ਸੁਖਵਿੰਦਰ ਮੱਲ੍ਹੀ, ਬਲਵਿੰਦਰ ਹੰਸ, ਅਭੈ ਮਹਾਜਨ, ਨਵੀਨ ਵਰਮਾ, ਵਰੁਣ ਸ਼ਰਮਾ ਆਦਿ ਹਾਜ਼ਰ ਸਨ।

# ਕਿਸਾਨ ਮਜਦੂਰ ਸੰਘਰਸ਼ ਕਮੇਟੀ ਵੱਲੋਂ ਸੰਘਰਸ਼ਾਂ ਲਈ ਵਿਉਂਤਬੰਦੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲਾ ਤਰਨ ਤਾਰਨ ਦੀ ਇੱਕ ਬਹੁਤ ਅਹਿਮ ਮੀਟਿੰਗ ਜ਼ਿਲਾ ਪ੍ਰਧਾਨ ਸਤਨਾਮ ਸਿੰਘ ਮਾਨੋਚਾਹਲ ਦੀ ਅਗਵਾਈ ਵਿੱਚ ਪਿੰਡ ਪਿੱਦੀ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਹਰਜਿੰਦਰ ਸਿੰਘ ਸ਼ਕਰੀ ਅਤੇ ਜਰਨੈਲ ਸਿੰਘ ਨੂਰਦੀ ਨੇ ਕਿਹਾ ਕਿ ਅੱਜ ਦੀ ਮੀਟਿੰਗ ਪਿਛਲੇ ਸਮੇਂ ਹੋਏ ਸੰਘਰਸ਼ਾਂ ਦਾ ਲੇਖਾ ਜੋਖਾ ਕਰਨ ਵਾਸਤੇ ਅਤੇ ਆਉਣ ਵਾਲੇ ਦਿਨਾਂ ਵਿੱਚ ਕੀਤੇ ਜਾਣ ਵਾਲੇ ਹੋਰ ਸੰਘਰਸ਼ਾਂ ਦੀ ਰੂਪਰੇਖਾ ਤਿਆਰ ਕਰਨ ਵਾਸਤੇ ਕੀਤੀ ਗਈ ਹੈ।ਕਿਸਾਨ ਆਗੂ ਜ਼ਿਲ੍ਹਾ ਮੀਤ ਪ੍ਰਧਾਨ ਰੇਸ਼ਮ ਸਿੰਘ ਘੁਰਕਵਿੰਡ, ਫਤਿਹ ਸਿੰਘ ਪਿੱਦੀ, ਹਰਬਿੰਦਰਜੀਤ ਸਿੰਘ ਕੰਗ, ਬਲਵਿੰਦਰ ਸਿੰਘ ਚੋਹਲੇ ਨੇ ਕਿਹਾ ਕਿ ਪਿਛਲੇ ਦਿਨੀ 7 ਮਈ ਨੂੰ ਜੋ ਰੇਲ ਦੇਵੀਦਾਸਪੁਰਾ ਵਿਖੇ ਰੇਲ ਰੋਕਣ ਦਾ ਪ੍ਰੋਗਰਾਮ ਬਣਾਇਆ ਗਿਆ ਸੀ ਅਤੇ ਰੇਲਵੇ ਟਰੈਕ ਉੱਪਰ ਹਜ਼ਾਰਾਂ ਕਿਸਾਨ ਇਕੱਠੇ ਹੋ ਗਏ ਸਨ ।ਉਸ ਸਮੇਂ ਡੀਆਈਜੀ ਬਾਰਡਰ ਰੇਂਜ ਸਤਿੰਦਰ ਸਿੰਘ ਨੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹਾਜ਼ਰ ਹੋ ਕੇ ਇਹ ਯਕੀਨ ਦਵਾਇਆ ਗਿਆ ਸੀ ਕਿ ਹੁਣ ਜੰਗ ਦਾ ਮਾਹੌਲ ਬਣ ਰਿਹਾ ਹੈ।ਤੁਸੀਂ ਇਹ ਰੇਲਾਂ ਨਾ ਰੋਕੋ ਕਿਉਂਕਿ ਇਸ ਮਾਹੌਲ ਵਿੱਚ ਇਧਰ ਉਧਰ ਜਾਣ ਵਾਲੀ ਸਵਾਰੀ ਨੂੰ ਕੋਈ ਦਿੱਕਤ ਪੇਸ਼ ਨਾ ਆਵੇ ।ਡੀਆਈਜੀ ਸਾਹਿਬ ਨੇ ਇਹ ਗੱਲ ਦਾ ਯਕੀਨ ਦਵਾਇਆ ਸੀ ਕਿ ਆਉਣ ਵਾਲੇ 45 ਦਿਨਾਂ ਦੇ ਅੰਦਰ ਅੰਦਰ ਤੁਹਾਡੀਆਂ ਜੋ ਮੰਗਾਂ ਕਿ ਜੋ ਇਹ ਨੈਸ਼ਨਲ ਹਾਈਵੇ ਬਣ ਰਿਹਾ ਹੈ ਉਸ ਵਿੱਚ ਆਉਣ ਵਾਲੀਆਂ ਜ਼ਮੀਨਾਂ ਦਾ ਪੂਰਾ ਪੂਰਾ ਮੁਆਜਵਾ ਦੇ ਕੇ ਫਿਰ ਹੀ ਕਿਸਾਨਾਂ ਦੀਆਂ ਜ਼ਮੀਨਾਂ ਦਾ ਕਬਜ਼ਾ ਲਿਆ ਜਾਵੇਗਾ।ਹੋਰ ਵੀ ਇਸ ਤਰ੍ਹਾਂ ਦੀਆਂ ਜੋ ਕਿਸਾਨਾਂ ਦੀਆਂ ਮੰਗਾਂ ਹਨ ਉਹ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਲ ਗੱਲ ਕਰਕੇ ਆਉਣ ਵਾਲੇ 45 ਦਿਨਾਂ ਵਿੱਚ ਹੱਲ ਕਰਵਾਈਆਂ ਜਾਣਗੀਆਂ ।ਕਿਸਾਨ ਆਗੂਆਂ ਨੇ ਅੱਗੇ ਸੰਬੋਧਨ ਕਰਦਿਆਂ ਕਿਹਾ ਕਿ ਹੁਣ ਇਸ ਤਰ੍ਹਾਂ ਲੱਗ ਰਿਹਾ ਹੈ ਕਿ ਪ੍ਰਸ਼ਾਸਨ ਅਤੇ ਸਰਕਾਰ ਆਪਣੇ ਕੀਤੇ ਵਾਅਦੇ ਤੋਂ ਮੁੱਕਰ ਰਹੀ ਹੈ।ਜੇ ਇਸ ਤਰ੍ਹਾਂ ਕੀਤਾ ਗਿਆ ਸਰਕਾਰ ਨੇ ਆਪਣੇ ਵਾਅਦੇ ਮੁਤਾਬਕ ਕਿਸਾਨਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਕਿਸਾਨ ਆਗੂਆਂ ਨੇ ਕਿਹਾ ਕਿ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਅਤੇ ਆਪਣੀਆਂ ਮੰਗਾਂ ਮਨਵਾਏ ਬਗੈਰ ਕਿਸਾਨਾਂ ਦੀਆਂ ਜਮੀਨਾਂ ਉਪਰ ਕਬਜ਼ਾ ਨਹੀਂ ਕਰਨ ਦਿੱਤਾ ਜਾਵੇਗਾ। ਇਸ ਤੋਂ ਅੱਗੇ ਕਿਸਾਨ ਆਗੂ ਬੀਬੀਆਂ ਬੀਬੀ ਰਣਜੀਤ ਕੌਰ ਕੱਲਾ ਅਤੇ ਬੀਬੀ ਦਵਿੰਦਰ ਕੌਰ ਪਿੱਦੀ, ਬੀਬੀ ਉਪਜੀਤ ਕੌਰ ਝਬਾਲ ਨੇ ਕਿਹਾ ਕਿ ਪਿਛਲੇ ਦਿਨ ਹੀ ਪਹਿਲ ਗਾਂਵ ਵਿਖੇ ਜੋ ਵੀ ਘਟਨਾ ਵਾਪਰੀ ਹੈ ।ਸਾਨੂੰ ਉਸ ਦਾ ਬਹੁਤ ਹੀ ਦੁੱਖ ਹੈ ।ਉਸ ਘਟਨਾ ਵਿੱਚ ਮਰਨ ਵਾਲੇ ਸਾਰੇ ਪਰਿਵਾਰਾਂ ਨਾਲ ਸਾਡੀ ਦਿੱਲੀ ਹਮਦਰਦੀ ਹੈ ਜਿਸ ਕਿਸੇ ਨੇ ਵੀ ਇਹ ਕਾਰਾ ਕੀਤਾ ਹੈ। ਉਸ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਮਿਲਣੀ ਚਾਹੀਦੀ ਹੈ ।ਭਾਰਤ ਦੇਸ਼ ਦੀ ਫੌਜ ਜੋ ਵੀ ਅੱਤਵਾਦੀਆਂ ਵਿਰੁੱਧ ਕਾਰਵਾਈ ਕਰੇਗੀ ।ਅਸੀਂ ਉਸ ਦੇ ਨਾਲ ਹਾਂ।ਇਸ ਤੋਂ ਅੱਗੇ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੰਗ ਕਿਸੇ ਵੀ ਮਸਲੇ ਦਾ ਹੱਲ ਨਹੀਂ ਹੈ ।ਜੰਗ ਨਾਲ ਸਾਡੇ ਦੇਸ਼ ਨੂੰ ਬਹੁਤ ਨੁਕਸਾਨ ਹੋਵੇਗਾ ਅਤੇ ਅਸੀਂ 20 ਸਾਲ ਪਿੱਛੇ ਚਲੇ ਜਾਵਾਂਗੇ ਸਭ ਤੋਂ ਵੱਧ ਨੁਕਸਾਨ ਪੰਜਾਬ ਦਾ ਹੋਵੇਗਾ ਜੋ ਬਹੁਤ ਘਾਤਕ ਹੋਵੇਗਾ ਕਿਉਂਕਿ ਪੰਜਾਬ ਦੇ ਲੋਕ ਪਹਿਲਾਂ ਹੀ ਬਹੁਤ ਪੱਛੜੇ ਹੋਏ ਹਨ ਖਾਸ ਕਰਕੇ ਬਾਰਡਰ ਏਰੀਏ ਦੇ ਲੋਕ ਜੇ ਜੰਗ ਲੱਗੀ ਅਤੇ ਇਹ ਲੋਕ ਹੋਰ ਪੱਛੜ ਜਾਣਗੇ ਅਤੇ ਹੋਰ ਗਰੀਬੀ ਵੱਲ ਚਲੇ ਜਾਣਗੇ।ਕਿਸਾਨ ਆਗੂਆਂ ਨੇ ਕਿਹਾ ਕਿ ਫਿਰ ਵੀ ਜੇ ਇਸ ਮਸਲੇ ਦਾ ਕੋਈ ਹੱਲ ਗੱਲਬਾਤ ਨਾਲ ਨਾ ਨਿਕਲਿਆ ਅਤੇ ਅਸੀਂ ਇਸ ਔਖੀ ਘੜੀ ਵਿੱਚ ਆਪਣੇ ਦੇਸ਼ ਦੇ ਅਤੇ ਆਪਣੀ ਫੌਜ ਦੇ ਨਾਲ ਚਟਾਨ ਵਾਂਗ ਖੜੇ ਹੋਵਾਂਗੇ।ਅੱਜ ਦੀ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸੁਖਵਿੰਦਰ ਸਿੰਘ ਦੁਗਲਵਾਲਾ, ਮੁਖਤਾਰ ਸਿੰਘ ਬਿਹਾਰੀਪੁਰ, ਗੁਰਭੇਜ ਸਿੰਘ ਧਾਰੀਵਾਲ, ਦਿਲਬਾਗ ਸਿੰਘ ਪਹੂਵਿੰਡ, ਆਤਮਾ ਸਿੰਘ ਘਰਿਆਲੀ, ਮਨਜਿੰਦਰ ਸਿੰਘ ਗੋਹਲਵੜ, ਸਲਵਿੰਦਰ ਸਿੰਘ ਜੀਉਬਾਲਾ, ਨਿਸ਼ਾਨ ਸਿੰਘ ਘੁਵਾੜਕਾ, ਬਲਜੀਤ ਸਿੰਘ ਝਬਾਲ, ਕੁਲਵੰਤ ਸਿੰਘ ਢੋਟੀਆਂ, ਬਲਦੇਵ ਸਿੰਘ ਮੁੰਡਾਪਿੰਡ, ਕੁਲਵੰਤ ਸਿੰਘ ਭੈਲ, ਇਕਬਾਲ ਸਿੰਘ ਵੜਿੰਗ, ਰਾਜਪਾਲ ਸਿੰਘ ਅਤੇ ਹੋਰ ਬਹੁਤ ਸਾਰੇ ਆਗੂ ਸ਼ਾਮਿਲ ਹੋਏ।



# ਡਿਪਟੀ ਕਮਿਸ਼ਨਰ ਵੱਲੋਂ ਜਮਾਂਖ਼ੋਰੀ, ਕਾਲਾਬਾਜ਼ਾਰੀ ਨੂੰ ਰੋਕਣ ਲਈ ਵਪਾਰ ਮੰਡਲ ਦੇ ਨੁਮਾਇੰਦਿਆਂ ਤੇ ਦੁਕਾਨਦਾਰਾਂ ਨਾਲ ਮੀਟਿੰਗ

**ਗੁਰਦਾਸਪੁਰ (ਜਨਕ ਮਹਾਜਨ)**- ਭਾਰਤ-ਪਾਕਿਸਤਾਨ ਵਿੱਚ ਚੱਲ ਰਹੇ ਤਣਾਅਪੂਰਨ ਮਾਹੌਲ ਦੇ ਮੱਦੇਨਜ਼ਰ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਵੱਲੋਂ ਜ਼ਿਲ੍ਹੇ ਵਿੱਚ ਜ਼ਰੂਰੀ ਵਸਤਾਂ ਦੀ ਜਮ੍ਹਾਂਖ਼ੋਰੀ ਅਤੇ ਕਾਲਾਬਾਜ਼ਾਰੀ ਨੂੰ ਰੋਕਣ ਲਈ ਸਖ਼ਤ ਹੁਕਮ ਜਾਰੀ ਕੀਤੇ ਗਏ ਹਨ। ਇਨ੍ਹਾਂ ਹੁਕਮਾਂ ਦੀ ਪਾਲਣਾ ਲਈ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਵਲੋਂ ਵਪਾਰ ਮੰਡਲ ਗੁਰਦਾਸਪੁਰ ਦੇ ਨੁਮਾਇੰਦਿਆਂ ਅਤੇ ਦੁਕਾਨਦਾਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਹਰਜਿੰਦਰ ਸਿੰਘ ਬੇਦੀ, ਜ਼ਿਲ੍ਹਾ ਖ਼ੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਸੁਖਜਿੰਦਰ ਸਿੰਘ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿੱਚ ਆਇਆ ਹੈ ਕਿ ਕੁਝ ਸਟਾਕਿਸਟ ਜ਼ਰੂਰੀ ਵਸਤਾਂ ਜਿਵੇਂ ਕਿ ਅਨਾਜ, ਤੇਲ, ਡੀਜ਼ਲ, ਪਸ਼ੂ ਚਾਰਾ, ਦੁੱਧ ਅਤੇ ਰੋਜ਼ਮਰ੍ਹਾ ਦੀਆਂ ਵਸਤਾਂ ਦੀ ਜਮਾਂਖ਼ੋਰੀ ਕਰ ਰਹੇ ਹਨ, ਜਿਸ ਨਾਲ ਕੀਮਤਾਂ ਵਧਣ, ਕਾਲਾਬਾਜ਼ਾਰੀ ਅਤੇ ਸਪਲਾਈ ਦੀ ਕਮੀ ਦੀ ਸਮੱਸਿਆ ਪੈਦਾ ਹੋ ਸਕਦੀ ਹੈ। ਇਸ ਨਾਲ ਆਮ ਲੋਕਾਂ, ਖ਼ਾਸ ਤੌਰ 'ਤੇ ਕਮਜ਼ੋਰ ਵਰਗ ਨੂੰ ਭਾਰੀ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕ ਹਿਤ ਨੂੰ ਧਿਆਨ ਵਿੱਚ ਰੱਖਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੁਕਮ ਜਾਰੀ ਕੀਤੇ ਗਏ ਹਨ ਕਿ ਕੋਈ ਵੀ ਵਿਅਕਤੀ, ਵਪਾਰੀ ਜਾਂ ਸੰਸਥਾ ਅਨਾਜ, ਪਸ਼ੂ ਚਾਰਾ, ਦੁੱਧ ਅਤੇ ਡੇਅਰੀ ਉਤਪਾਦ, ਪੈਟਰੋਲ, ਡੀਜ਼ਲ ਅਤੇ ਹੋਰ ਰੋਜ਼ਮਰ੍ਹਾ ਦੀਆਂ ਜ਼ਰੂਰੀ ਵਸਤਾਂ ਦੀ ਜਮਾਂਖ਼ੋਰੀ ਨਹੀਂ ਕਰੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ, ਵਪਾਰੀ ਜਾਂ ਸੰਸਥਾ ਜ਼ਰੂਰੀ ਵਸਤਾਂ ਦੀ ਜਮ੍ਹਾਂਖ਼ੋਰੀ, ਕਾਲਾਬਾਜ਼ਾਰੀ ਜਾਂ ਕੀਮਤਾਂ ਵਿੱਚ ਹੇਰਾਫੇਰੀ ਕਰਦਾ ਹੈ ਤਾਂ ਪ੍ਰਸ਼ਾਸਨ ਵਲੋਂ ਉਸ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਕੋਈ ਵਿਅਕਤੀ, ਵਪਾਰੀ ਜਾਂ ਸੰਸਥਾ ਜ਼ਰੂਰੀ ਵਸਤਾਂ ਦੀ ਜਮਾਂਖ਼ੋਰੀ, ਕਾਲਾਬਾਜ਼ਾਰੀ ਜਾਂ ਕੀਮਤਾਂ ਵਿੱਚ ਹੇਰਾਫੇਰੀ ਕਰਦਾ ਹੈ ਤਾਂ ਉਸ ਦੀ ਸੂਚਨਾ ਜ਼ਿਲ੍ਹਾ ਪ੍ਰਸ਼ਾਸਨ ਨੂੰ ਦਿੱਤੀ ਜਾਵੇ। ਮੀਟਿੰਗ ਦੌਰਾਨ ਵਪਾਰ ਮੰਡਲ ਗੁਰਦਾਸਪੁਰ ਦੇ ਨੁਮਾਇੰਦਿਆਂ ਅਤੇ ਦੁਕਾਨਦਾਰਾਂ ਨੇ ਡਿਪਟੀ ਕਮਿਸ਼ਨਰ ਨੂੰ ਭਰੋਸਾ ਦਿੱਤਾ ਕਿ ਉਹ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਹਦਾਇਤਾਂ ਨੂੰ ਇੰਨ-ਬਿੰਨ ਮੰਨਣ ਲਈ ਵਚਨਬੱਧ ਹਨ ਅਤੇ ਉਨ੍ਹਾਂ ਵਲੋਂ ਕਿਸੇ ਤਰ੍ਹਾਂ ਵੀ ਜ਼ਰੂਰੀ ਵਸਤਾਂ ਦੀ ਜਮਾਂਖ਼ੋਰੀ, ਕਾਲਾਬਾਜ਼ਾਰੀ ਜਾਂ ਕੀਮਤਾਂ ਵਿੱਚ ਹੇਰਾਫੇਰੀ ਨਹੀਂ ਕੀਤੀ ਜਾਵੇਗੀ।



ਨਵਾਂ ਜ਼ਮਾਨਾ

ਸੋਮਵਾਰ, 12 ਮਈ 2025

# ਇੰਦਰਾ ਦਾ ਖੱਟਿਆ, ਮੋਦੀ ਨੇ ਗੁਆਇਆ !

*ਭਾਰਤ ਤੇ ਪਾਕਿਸਤਾਨ ਵਿਚਾਲੇ ਲੜਾਈਬੰਦੀ ਦਾ ਸਿਹਰਾ ਲੈਣ ਵਾਲੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ, 'ਮੈਨੂੰ ਇਹ ਐਲਾਨ ਕਰਦਿਆਂ ਖੁਸ਼ੀ ਹੈ ਕਿ ਰਾਤ ਭਰ ਅਮਰੀਕੀ ਵਿਚੋਲਗੀ 'ਚ ਚੱਲੀਆਂ ਲੰਮੀਆਂ ਵਾਰਤਾਵਾਂ ਦੇ ਬਾਅਦ ਭਾਰਤ ਤੇ ਪਾਕਿਸਤਾਨ ਮੁਕੰਮਲ ਤੌਰ 'ਤੇ ਫੌਰੀ ਲੜਾਈਬੰਦੀ ਲਈ ਰਾਜ਼ੀ ਹੋ ਗਏ ਹਨ।' ਲੜਾਈਬੰਦੀ ਦੌਰਾਨ ਕੀ ਹੋਵੇਗਾ, ਇਸ ਦਾ ਐਲਾਨ ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਕਰਦਿਆਂ ਕਿਹਾ, 'ਦੋਨੋਂ ਧਿਰਾਂ ਵੱਡੇ ਮੁੱਦਿਆਂ 'ਤੇ ਕਿਸੇ ਨਿਰਲੇਪ ਥਾਂ 'ਤੇ ਵਾਰਤਾ ਲਈ ਸਹਿਮਤ ਹੋ ਗਈਆਂ ਹਨ।' ਇਸ ਸਿਲਸਿਲੇ ਵਿੱਚ ਉਸ ਨੇ ਇਹ ਵੀ ਦਾਅਵਾ ਕੀਤਾ ਕਿ ਲੜਾਈਬੰਦੀ ਕਰਾਉਣ ਲਈ ਜਿਨ੍ਹਾਂ ਨਾਲ ਉਸ ਦੀ ਗੱਲਬਾਤ ਹੋਈ, ਉਨ੍ਹਾਂ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਵੀ ਸ਼ਾਮਲ ਹਨ। ਭਾਰਤ ਨੇ ਜੋ ਕਿਹਾ, ਉਸ ਵਿੱਚ ਕੋਸ਼ਿਸ਼ ਅਮਰੀਕੀ ਭੂਮਿਕਾ ਨੂੰ ਪਿਛੋਕੜ ਵਿੱਚ ਰੱਖਣ ਦੀ ਰਹੀ। ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਿਹਾ ਕਿ ਪਾਕਿਸਤਾਨ ਦੇ ਡਾਇਰੈਕਟਰ ਜਨਰਲ ਆਫ ਮਿਲਟਰੀ ਅਪ੍ਰੇਸ਼ਨਜ਼ (ਡੀ ਜੀ ਐੱਮ ਓ) ਨੇ ਭਾਰਤ ਦੇ ਡੀ ਜੀ ਐੱਮ ਓ ਨੂੰ ਫੋਨ ਕੀਤਾ ਤੇ ਇਸ ਗੱਲਬਾਤ ਵਿੱਚ ਲੜਾਈ ਰੋਕਣ ਦਾ ਫੈਸਲਾ ਹੋਇਆ। ਬਾਅਦ ਵਿੱਚ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਕਿਹਾ, 'ਭਾਰਤ ਤੇ ਪਾਕਿਸਤਾਨ ਨੇ ਅੱਜ ਗੋਲੀਬਾਰੀ ਤੇ ਫੌਜੀ ਕਾਰਵਾਈ ਰੋਕਣ ਲਈ ਆਪਸੀ ਸਹਿਮਤੀ ਬਣਾ ਲਈ ਹੈ।' ਪਰ ਪਾਕਿਸਤਾਨ ਨੇ ਇਸ ਗੱਲ ਨੂੰ ਖੂਬ ਉਛਾਲਿਆ ਕਿ ਇਹ ਸਹਿਮਤੀ ਅਮਰੀਕੀ ਦਖਲ ਨਾਲ ਬਣੀ। ਸ਼ਾਹਬਾਜ਼ ਸ਼ਰੀਫ ਨੇ ਕਿਹਾ ਕਿ ਲੜਾਈਬੰਦੀ ਅਮਰੀਕੀ ਕੋਸ਼ਿਸ਼ਾਂ ਦਾ ਨਤੀਜਾ ਹੈ। ਇਸ ਲਈ ਉਸ ਨੇ ਟਰੰਪ, ਅਮਰੀਕੀ ਉਪ ਰਾਸ਼ਟਰਪਤੀ ਜੇ ਡੀ ਵੈਂਸ ਤੇ ਮਾਰਕੋ ਰੂਬੀਓ ਦਾ ਸ਼ੁਕਰੀਆ ਅਦਾ ਕੀਤਾ।*

*ਜੰਮੂ-ਕਸ਼ਮੀਰ ਸਮੱਸਿਆ 'ਤੇ ਭਾਰਤ ਦੀ ਰਵਾਇਤੀ ਨੀਤੀ ਤੇ ਇਸ ਮਸਲੇ ਦੇ ਪਿਛੋਕੜ 'ਤੇ ਗੌਰ ਕਰੀਏ ਤਾਂ ਇਹ ਤਮਾਮ ਗੱਲਾਂ ਅਤਿਅੰਤ ਅਹਿਮ ਹੋ ਜਾਂਦੀਆਂ ਹਨ। ਭਾਰਤ ਦੀ ਨੀਤੀ ਜੰਮੂ-ਕਸ਼ਮੀਰ ਮਸਲੇ ਨੂੰ ਦੁਵੱਲੇ (ਯਾਨੀ ਭਾਰਤ ਤੇ ਪਾਕਿਸਤਾਨ ਦੇ) ਦਾਇਰੇ ਵਿੱਚ ਰੱਖਣ ਦੀ ਰਹੀ ਹੈ, ਜਦਕਿ ਪਾਕਿਸਤਾਨ ਹਮੇਸ਼ਾ ਇਸ ਨੂੰ ਕੌਮਾਂਤਰੀ ਰੂਪ ਦੇਣ ਅਤੇ ਤੀਜੀ ਧਿਰ ਦੀ ਭੂਮਿਕਾ ਬਣਾਉਣ ਲਈ ਜਤਨਸ਼ੀਲ ਰਿਹਾ ਹੈ। 1965 ਦੀ ਜੰਗ ਤੱਕ ਭਾਰਤ ਇਸ ਨੂੰ ਦੁਵੱਲੇ ਦਾਇਰੇ ਵਿੱਚ ਸੀਮਤ ਕਰਨ 'ਚ ਸਫਲ ਨਹੀਂ ਸੀ ਹੋਇਆ। ਉਸ ਜੰਗ ਦੇ ਬਾਅਦ ਸੋਵੀਅਤ ਯੂਨੀਅਨ ਦੇ ਦਖਲ 'ਤੇ ਤਾਸ਼ਕੰਦ ਵਿੱਚ ਭਾਰਤ ਤੇ ਪਾਕਿਸਤਾਨ ਦੀ ਸਿਖਰ ਵਾਰਤਾ ਹੋਈ ਤੇ ਸਮਝੌਤਾ ਹੋਇਆ। ਆਖਰਕਾਰ 1971 ਦੀ ਜੰਗ ਵਿੱਚ ਪਾਕਿਸਤਾਨ 'ਤੇ ਫੈਸਲਾਕੁੰਨ ਜਿੱਤ ਦੇ ਬਾਅਦ ਭਾਰਤ ਇਸ ਮਸਲੇ ਨੂੰ ਦੁਵੱਲੇ ਦਾਇਰੇ ਵਿੱਚ ਲਿਆਉਣ 'ਚ ਸਫਲ ਹੋਇਆ। ਤੱਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਸਰਕਾਰ ਨੇ ਉਦੋਂ ਜ਼ੋਰ ਪਾਇਆ ਕਿ ਜੰਗ ਦੇ ਬਾਅਦ ਦੇ ਮੁੱਦਿਆਂ ਨੂੰ ਹੱਲ ਕਰਨ ਲਈ ਸਿਖਰ ਵਾਰਤਾ ਭਾਰਤ ਵਿੱਚ ਹੋਵੇਗੀ। ਨਤੀਜਤਨ 1972 ਵਿੱਚ ਇੰਦਰਾ ਗਾਂਧੀ ਤੇ ਪਾਕਿਸਤਾਨ ਦੇ ਤੱਤਕਾਲੀ ਪ੍ਰਧਾਨ ਮੰਤਰੀ ਜ਼ੁਲਫਕਾਰ ਅਲੀ ਭੁੱਟੋ ਵਿਚਾਲੇ ਸਿਖਰ ਵਾਰਤਾ ਹੋਈ, ਜਿਸ ਦੇ ਨਤੀਜੇ ਵਜੋਂ ਬਹੁਚਰਚਿਤ ਸ਼ਿਮਲਾ ਸਮਝੌਤਾ ਹੋਇਆ, ਜਿਸ ਵਿੱਚ ਜੰਮੂ-ਕਸ਼ਮੀਰ ਮਸਲੇ ਨੂੰ ਦੁਵੱਲੇ ਦਾਇਰੇ ਵਿੱਚ ਰੱਖਣ ਤੇ ਗੱਲਬਾਤ ਰਾਹੀਂ ਮਸਲੇ ਦਾ ਪੁਰਅਮਨ ਢੰਗ ਨਾਲ ਹੱਲ ਕੱਢਣ ਲਈ ਪਾਕਿਸਤਾਨ ਨੂੰ ਵਚਨਬੱਧ ਕੀਤਾ ਗਿਆ। 1999 ਵਿੱਚ ਜਦੋਂ ਤੱਤਕਾਲੀ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਆਪਣੇ ਕਾਰਵਾਂ ਨਾਲ ਲਾਹੌਰ ਗਏ ਤੇ ਉੱਥੇ ਲਾਹੌਰ ਐਲਾਨਨਾਮਾ ਜਾਰੀ ਹੋਇਆ ਤਾਂ ਉਸ ਵਿੱਚ ਵੀ ਪਾਕਿਸਤਾਨ ਨੇ ਇਹ ਵਚਨਬੱਧਤਾ ਦੁਹਰਾਈ। ਨਰਿੰਦਰ ਮੋਦੀ ਦੇ ਸੱਤਾ 'ਚ ਆਉਣ ਤੋਂ ਬਾਅਦ ਅਣਐਲਾਨੀ ਨੀਤੀ ਇਹ ਹੋ ਗਈ ਕਿ ਜੰਮੂ-ਕਸ਼ਮੀਰ ਨੂੰ ਲੈ ਕੇ ਕੋਈ ਵਿਵਾਦ ਨਹੀਂ। ਮਸਲਾ ਸਿਰਫ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਨੂੰ ਲੈਣ ਦਾ ਬਚਿਆ ਹੈ, ਜਿਸ ਨੂੰ ਭਾਰਤ ਦੇਰ-ਸਵੇਰ ਆਪਣੇ ਨਾਲ ਰਲਾ ਲਵੇਗਾ। ਅਗਸਤ 2019 ਵਿੱਚ ਸੰਵਿਧਾਨ ਦੇ ਆਰਟੀਕਲ 370 ਨੂੰ ਰੱਦ ਕਰਨ ਦੇ ਬਾਅਦ ਤੋਂ ਇਸ ਨੀਤੀ ਦਾ ਐਲਾਨ ਹੋਰ ਵੀ ਜ਼ੋਰਦਾਰ ਢੰਗ ਨਾਲ ਹੁੰਦਾ ਰਿਹਾ ਹੈ। 2019 ਦੇ ਬਾਅਦ ਮੋਦੀ ਸਰਕਾਰ ਪਾਕਿਸਤਾਨ ਨਾਲ ਦੁਵੱਲੀ ਗੱਲਬਾਤ ਦੀ ਕਿਸੇ ਵੀ ਸੰਭਾਵਨਾ ਨੂੰ ਸਿਰੇ ਤੋਂ ਠੁਕਰਾਉਂਦੀ ਰਹੀ ਹੈ। ਪਹਿਲਗਾਮ ਕਾਂਡ ਤੋਂ ਬਾਅਦ ਤਾਂ ਲੜਾਈ ਤੱਕ ਛਿੜ ਗਈ। ਲੜਾਈਬੰਦੀ ਹੋਣ ਨਾਲ ਲੋਕਾਈ ਨੇ ਸੁਖ ਦਾ ਸਾਹ ਲਿਆ ਹੈ, ਪਰ ਲੜਾਈਬੰਦੀ ਲਈ ਭਾਰਤ ਜਿਹੜੀਆਂ ਗੱਲਾਂ 'ਤੇ ਸਹਿਮਤ ਹੋਇਆ ਹੈ, ਉਹ ਸਮੱਸਿਆਵਾਂ ਪੈਦਾ ਕਰਨ ਵਾਲੀਆਂ ਹਨ। ਅਮਰੀਕਾ ਨੇ ਕਸ਼ਮੀਰ ਮਾਮਲੇ ਵਿੱਚ ਆਪਣੀ ਭੂਮਿਕਾ ਬਣਾ ਲਈ ਹੈ। ਜੇ ਇਸ ਸਥਿਤੀ ਨੂੰ ਸਮਝਦਾਰੀ ਨਾਲ ਨਾ ਸੰਭਾਲਿਆ ਗਿਆ ਤਾਂ ਇਸ ਨਾਲ ਜੰਮੂ-ਕਸ਼ਮੀਰ ਦਾ ਮੁੱਦਾ ਕੌਮਾਂਤਰੀ ਬਣ ਸਕਦਾ ਹੈ ਤੇ ਕੌਮਾਂਤਰੀ ਦਖਲ ਦੀ ਸ਼ੁਰੂਆਤ ਹੋ ਸਕਦੀ ਹੈ। ਅਮਰੀਕੀ ਵਿਚੋਲਗੀ ਨਾਲ ਨਿਰਲੇਪ ਥਾਂ 'ਤੇ ਵਾਰਤਾ ਲਈ ਰਾਜ਼ੀ ਹੋਣ ਦਾ ਕੀ ਇਹ ਮਤਲਬ ਨਹੀਂ ਸਮਝਿਆ ਜਾਵੇਗਾ ਕਿ ਹੁਣ ਮੁੱਦਾ ਦੁਵੱਲਾ ਨਹੀਂ ਰਹਿ ਗਿਆ ? ਹੁਣ ਦੇਖਣ ਵਾਲੀ ਗੱਲ ਇਹ ਹੋਵੇਗੀ ਕਿ ਨਿਰਲੇਪ ਥਾਂ 'ਤੇ ਜਿਹੜੀ ਗੱਲਬਾਤ ਹੋਵੇਗੀ, ਉਸ ਵਿੱਚ ਸਿਰਫ ਭਾਰਤ ਤੇ ਪਾਕਿਸਤਾਨ ਦੇ ਨੁਮਾਇੰਦੇ ਸ਼ਾਮਲ ਹੋਣਗੇ ਜਾਂ ਤੀਜੀ ਧਿਰ ਵੀ ਉੱਥੇ ਮੌਜੂਦ ਰਹੇਗੀ ? ਕੀ ਦਹਿਸ਼ਤਗਰਦੀ ਦੀਆਂ ਹਾਲੀਆ ਘਟਨਾਵਾਂ ਵਿੱਚ ਪਾਕਿਸਤਾਨ ਦੇ ਹੱਥ ਨਾਲ ਜੁੜੇ ਸਬੂਤ ਲੈ ਕੇ ਭਾਰਤ ਉੱਥੇ ਜਾਵੇਗਾ ? ਅਤੇ ਕੀ ਵਾਰਤਾ ਤੋਂ ਪਹਿਲਾਂ ਮੁਅੱਤਲ ਕੀਤੀਆਂ ਗਈਆਂ ਸੰਧੀਆਂ ਜਾਂ ਸਮਝੌਤਿਆਂ ਨੂੰ ਬਹਾਲ ਕੀਤਾ ਜਾਵੇਗਾ ? ਇਨ੍ਹਾਂ ਵਿੱਚ ਸਿੰਧੂ ਜਲ ਸੰਧੀ ਨੂੰ ਭਾਰਤ ਨੇ ਮੁਅੱਤਲ ਕੀਤਾ ਹੈ, ਜਦਕਿ ਸ਼ਿਮਲਾ ਸਮਝੌਤੇ ਤੇ ਲਾਹੌਰ ਐਲਾਨਨਾਮੇ ਸਣੇ ਬਾਕੀ ਤਮਾਮ ਦੁਵੱਲੇ ਸਮਝੌਤਿਆਂ ਨੂੰ ਪਾਕਿਸਤਾਨ ਨੇ ਮੁਅੱਤਲ ਕੀਤਾ ਹੈ। ਇਨ੍ਹਾਂ ਸਵਾਲਾਂ ਦੇ ਜਵਾਬ ਮਿਲਣ ਦੇ ਬਾਅਦ ਹੀ ਠੋਸ ਨਤੀਜੇ 'ਤੇ ਪੁੱਜਿਆ ਜਾ ਸਕੇਗਾ ਕਿ ਫੌਜੀ ਕਾਰਵਾਈ ਦੇ ਬਾਅਦ ਕੂਟਨੀਤੀ ਵਿੱਚ ਭਾਰਤ ਕਿੰਨਾ ਕਾਰਗਰ ਜਾਂ ਨਾਕਾਮ ਰਿਹਾ ? ਅਮਰੀਕੀ ਬਿਆਨਾਂ ਤੋਂ ਤਾਂ ਇਹੀ ਲਗਦਾ ਹੈ ਕਿ ਕੂਟਨੀਤਕ ਮੋਰਚੇ ਵਿੱਚ ਭਾਰਤ ਨੂੰ ਨੁਕਸਾਨ ਹੀ ਵੱਧ ਹੋਇਆ ਹੈ।*

# ਸੁਪਰੀਮ ਕੋਰਟ ਦੇ ਹਾਲੀਆ ਫੈਸਲਿਆਂ 'ਤੇ ਵਿਵਾਦ ਕਿਉਂ

ਪੇਸ਼ਕਸ਼: ਡਾ. ਅਜੀਤਪਾਲ ਸਿੰਘ ਐੱਮ ਡੀ

ਵਾਕਿਆ ਹੀ ਬੀਤੇ ਸਮੇਂ ਵਿੱਚ ਸਾਡੇ ਗਣਤੰਤਰ ਜਾਂ "ਲੋਕਤੰਤਰ ਦੀ ਜਨਨੀ" ਵਿੱਚ ਅਜਿਹਾ ਨਜ਼ਾਰਾ ਕਦੀ ਵੇਖਣ ਨੂੰ ਨਹੀਂ ਮਿਲਿਆ ਸੀ। ਸੁਪਰੀਮ ਕੋਰਟ ਅਤੇ ਸਰਕਾਰ ਪਹਿਲਾਂ ਵੀ ਟਕਰਾਏ ਹਨ। ਹੱਦਾਂ ਉਲੰਘਣ ਦੇ ਦੋਸ਼ ਪਹਿਲਾਂ ਵੀ ਲੱਗੇ ਹਨ, ਪਰ ਸਿਰਫ ਸੰਵਿਧਾਨ ਦੇ ਦਾਇਰੇ ਤੇ ਹਵਾਲੇ ਨਾਲ ਹੀ ਸ਼ਾਇਦ ਕਦੀ ਸਵਾਲ ਉੱਠਿਆ ਕਿ ਕੌਣ ਸਰਬਉੱਚ ਹੈ, ਰਾਸ਼ਟਰਪਤੀ ਜਾਂ ਸੁਪਰੀਮ ਕੋਰਟ ਜਾਂ ਅਜਿਹੇ ਦੋਸ਼ ਉੱਭਰੇ ਕਿ ਦੇਸ਼ ਦੇ ਚੀਫ ਜਸਟਿਸ "ਧਰਮ ਯੁੱਧ, ਗ੍ਰਹਿ ਯੁੱਧ ਦੇ" ਜ਼ਿੰਮੇਵਾਰ ਹਨ ਕਿ ਸੁਪਰੀਮ ਕੋਰਟ 'ਸੁਪਰ ਸੰਸਦ' ਬਣ ਗਈ ਹੈ। ਹਾਲਾਤ ਇਸ ਮੁਕਾਮ 'ਤੇ ਪਹੁੰਚ ਗਏ ਕਿ ਕੇਂਦਰ ਸਰਕਾਰ ਨੂੰ ਨਿਰਦੇਸ਼ ਦੇਣ ਦੀ ਇੱਕ ਪਟੀਸ਼ਨ 'ਤੇ ਸੁਪਰੀਮ ਕੋਰਟ ਦੇ ਬੈਂਚ ਨੇ ਇਹ ਕਹਿ ਦਿੱਤਾ ਕਿ ਅਸੀਂ ਕੌਣ ਹਾਂ ਨਿਰਦੇਸ਼ ਦੇਣ ਵਾਲੇ, ਸਾਡੇ 'ਤੇ ਦਖਲ-ਅੰਦਾਜ਼ੀ ਦੇ ਦੋਸ਼ ਹਨ । ਤੁਸੀਂ ਉਥੇ ਹੀ ਅਪੀਲ ਲੈ ਕੇ ਜਾਓ, ਇੱਥੇ ਇਹ ਜ਼ਿਕਰ ਕਰਨ ਲਾਇਕ ਹੈ ਕਿ ਇਸ ਬੈਂਚ ਦੀ ਅਗਵਾਈ ਜਸਟਿਸ ਬੀ ਆਰ ਗਵਈ ਕਰ ਰਹੇ ਸਨ, ਜੋ ਅਗਲੇ ਮਹੀਨੇ ਦੇ ਅੱਧ ਵਿੱਚ ਅਗਲੇ ਚੀਫ ਜਸਟਿਸ ਬਣਨ ਵਾਲੇ ਹਨ। ਦੋਸ਼ ਕੇਂਦਰ ਵਿੱਚ ਸੱਤਾਧਾਰੀ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਸਾਸਦਾਂ, ਨੇਤਾਵਾਂ ਵੱਲੋਂ ਹੀ ਨਹੀਂ ਲਾਏ ਗਏ (ਅਲਬੱਤਾ ਬਾਅਦ ਵਿੱਚ ਪਾਰਟੀ ਪ੍ਰਧਾਨ ਜੇ ਪੀ ਨੱਡਾ ਨੇ ਉਸ ਨੂੰ ਉਹਨਾ ਦੀ ਨਿੱਜੀ ਟਿੱਪਣੀ ਕਰਾਰ ਦਿੱਤਾ ) ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਸੰਵਿਧਾਨ ਦੇ ਅਨੁਛੇਦ 142 ਨੂੰ ਹੀ ਸੁਪਰੀਮ ਕੋਰਟ ਦੇ ਪਾਸ 'ਪ੍ਰਮਾਣੂ ਮਿਜ਼ਾਇਲ' ਦੱਸ ਦਿੱਤਾ, ਜਿਸ ਵਿਚ ਉਸ ਨੂੰ ਵਿਸ਼ੇਸ਼ ਅਧਿਕਾਰ ਹਾਸਲ ਹਨ।

ਇਸ ਦੀ ਫੌਰੀ ਵਜ੍ਹਾ ਤਾਂ ਸੁਪਰੀਮ ਕੋਰਟ ਦੇ ਤਿੰਨ ਹਾਲੀਆ ਫੈਸਲੇ ਹਨ, ਜੋ ਕੇਂਦਰ ਵਿੱਚ ਸੱਤਾਧਾਰੀ ਪਾਰਟੀ ਨੂੰ ਨਾਗਵਾਰ ਗੁਜ਼ਰੇ । ਹਾਲ ਹੀ ਵਿੱਚ ਤਾਮਿਲਨਾਡੂ ਸਰਕਾਰ ਬਨਾਮ ਰਾਜਪਾਲ ਮਾਮਲੇ ਵਿੱਚ ਜਸਟਿਸ ਜੇ.ਬੀ ਪਾਰਦੀਵਾਲਾ ਅਤੇ ਜਸਟਿਸ ਆਰ ਮਹਾਦੇਵਨ ਦੇ ਬੈਂਚ ਨੇ ਕਿਹਾ ਕਿ ਰਾਜਪਾਲ ਵੱਲੋਂ 10 ਬਿੱਲਾਂ ਨੂੰ ਦੂਸਰੇ ਦੌਰ ਵਿੱਚ ਰਾਸ਼ਟਰਪਤੀ ਦੇ ਵਿਚਾਰ ਲਈ ਰਾਖਵਾਂ ਰੱਖਣਾ ਨਜਾਇਜ਼ ਤੇ ਕਾਨੂੰਨੀ ਰੂਪ ਵਿੱਚ ਗਲਤ ਹੈ ਅਤੇ ਇਸ ਲਈ ਉਸ ਨੂੰ ਰੱਦ ਕੀਤਾ ਜਾਣਾ ਚਾਹੀਦਾ ਹੈ । ਅਦਾਲਤ ਨੇ ਕਿਹਾ ਕਿ ਇਹ ਬਿੱਲ ਰਾਜਪਾਲ ਦੇ ਪਾਸ ਬੇਲੋੜੇ ਰੂਪ ਵਿੱਚ ਲੰਮੇ ਸਮੇਂ ਤੋਂ ਮੁਲਤਵੀ ਹਨ ਤੇ ਰਾਜਪਾਲ ਨੇ ਰਾਸ਼ਟਰਪਤੀ ਦੇ ਵਿਚਾਰਧੀਨ ਬਿੱਲਾਂ ਨੂੰ ਭੇਜਣ ਵਿੱਚ ਕੋਈ ਸਾਫਗੋਈ ਨਹੀਂ ਵਿਖਾਈ, ਇਸ ਲਈ ਉਹਨਾਂ ਨੂੰ ਉਸ ਤਰੀਕ ਤੋਂ ਮਨਜ਼ੂਰ ਮੰਨਿਆ ਜਾਏਗਾ, ਜਦ ਉਹਨਾਂ ਨੇ ਪੁਨਰਵਿਚਾਰ ਦੇ ਬਾਅਦ ਰਾਜਪਾਲ ਕੋਲ ਭੇਜਿਆ ਗਿਆ ਸੀ।

ਅਦਾਲਤ ਨੇ ਬਿੱਲਾਂ ਦੀ ਮਨਜ਼ੂਰੀ ਲਈ ਰਾਜਪਾਲ ਅਤੇ ਰਾਸ਼ਟਰਪਤੀ ਤੇ ਵੱਧ ਤੋਂ ਵੱਧ ਤਿੰਨ ਮਹੀਨੇ ਦੇ ਅਰਸੇ ਦੀ ਵਿਵਸਥਾ ਵੀ ਤਹਿ ਕਰ ਦਿੱਤੀ। ਉਸ ਤੋਂ ਕੁਝ ਕੁ ਦਿਨ ਪਹਿਲਾਂ ਅਦਾਲਤ ਦੇ ਬੈਂਚ ਨੇ ਉਰਦੂ ਨੂੰ ਭਾਰਤੀ ਭਾਸ਼ਾ ਦੱਸਿਆ ਅਤੇ ਕਿਹਾ ਕਿ ਉਸ ਦਾ ਧਰਮ ਨਾਲ ਕੋਈ ਲੈਣਾ-ਦੇਣਾ ਨਹੀਂ ਹੈ, ਇਸ ਲਈ ਉਸ ਦੇ ਵਿਕਾਸ ਤੇ ਪੜ੍ਹਾਈ ਨੂੰ ਉਤਸ਼ਾਹਤ ਕੀਤਾ ਜਾਣਾ ਚਾਹੀਦਾ ਹੈ, ਉਸ ਦੇ ਪਿੱਛੋਂ ਹੀ ਵਕਫ ਸੋਧ ਕਾਨੂੰਨ 2025 ਤੇ ਚੀਫ ਜਸਟਿਸ ਸੰਜੀਵ ਖੰਨਾ ਦੀ ਅਗਵਾਈ ਵਾਲੇ ਬੈਂਚ ਨੇ ਅਗਲੀ ਸੁਣਵਾਈ ਤੱਕ ਉਸ ਦੀਆਂ ਤਿੰਨ ਵਿਵਸਥਾਵਾਂ 'ਤੇ ਅੰਤਮ ਰੋਕ ਲਾ ਦਿੱਤੀ ਅਤੇ ਸਰਕਾਰ ਨੂੰ ਜਵਾਬ ਦਾਖਲ ਕਰਨ ਲਈ ਇੱਕ ਹਫਤੇ ਦੀ ਮੋਹਲਤ ਦਿੱਤੀ । ਇਹ ਮਾਮਲੇ ਭਾਜਪਾ ਤੇ ਸੰਘ ਪਰਵਾਰ ਦੇ ਲਈ ਵਿਸ਼ੇਸ਼ ਅਹਿਮੀਅਤ ਰੱਖਦੇ ਹਨ, ਇਹ ਤਾਂ ਜੱਗ ਜ਼ਾਹਰ ਹੈ। ਕਾਰਜ ਪਾਲਿਕਾ ਜਾਂ ਵਿਧਾਇਕਾ ਬਨਾਮ ਨਿਆਂ ਪਾਲਿਕਾ ਦਾ ਵਿਵਾਦ ਵੈਸੇ ਤਾਂ ਨਵਾਂ ਨਹੀਂ ਹੈ। ਆਜ਼ਾਦੀ ਤੋਂ ਬਾਅਦ ਅਨੇਕਾਂ ਅਜਿਹੇ ਵਿਵਾਦ ਯਾਦ ਕੀਤੇ ਜਾ ਸਕਦੇ ਹਨ। ਲੱਗਭੱਗ ਸਾਰੀਆਂ ਸਰਕਾਰਾਂ ਉਹਨਾਂ ਨੂੰ ਨਾਫ਼ਿਟ ਬਹਿੰਦੇ ਅਦਾਲਤਾਂ ਦੇ ਫੈਸਲਿਆਂ ਬਾਰੇ ਨਿਆਂਪਾਲਿਕਾ 'ਤੇ ਸਵਾਲ ਕਰਦੀਆਂ ਰਹੀਆਂ ਹਨ। ਭਾਜਪਾ ਅਤੇ ਉਸ ਦੀ ਵਿਚਾਰਧਾਰਾ ਦੇ ਸੰਗਠਨ-ਸੰਸਥਾਵਾਂ ਦੇ ਏਜੰਡੇ ਵਿੱਚ ਰਿਹਾ ਹੈ। ਜੋ ਵੀ ਹੋਵੇ, ਮਾਮਲੇ ਨੂੰ ਇਸ ਹੱਦ ਤੱਕ ਲੈ ਜਾਣ ਦੀ ਵਜ੍ਹਾ ਕਿਸੇ ਖਾਸ ਸਿਆਸੀ ਰਣਨੀਤੀ ਦਾ ਹਿੱਸਾ ਵੀ ਹੋ ਸਕਦੀ ਹੈ ਅਤੇ ਮਜਬੂਰੀ ਦਾ ਵੀ। ਵਿਵਾਦ ਦੀ ਸ਼ੁਰੂਆਤ ਉਪ ਰਾਸ਼ਟਰਪਤੀ, ਜੋ ਸੰਸਦ ਦੇ ਉਪਰਲੇ ਸਦਨ ਰਾਜ ਸਭਾ ਤੇ ਸਭਾਪਤੀ ਵੀ ਹਨ, ਨੇ ਰਾਜ ਸਭਾ ਦੇ ਇੱਕ ਪ੍ਰੋਗਰਾਮ ਵਿੱਚ ਦਿੱਤੇ ਇੱਕ ਭਾਸ਼ਣ ਨਾਲ ਹੋਈ। ਉਨ੍ਹਾ ਕਿਹਾ, 'ਸਾਡੇ ਸਭ ਤੋਂ ਉੱਚੇ ਸੰਵਿਧਾਨਕ ਅਹੁਦੇ ਨੂੰ ਵੀ ਨਿਰਦੇਸ਼ ਦਿੱਤਾ ਜਾ ਰਿਹਾ ਹੈ। ਕੰਮਕਾਜ ਦੀ ਸਮਾਂ-ਸੀਮਾ ਤਹਿ ਕੀਤੀ ਜਾ ਰਹੀ ਹੈ। ਇਹ ਕਿਵੇਂ ਸੰਭਵ ਹੈ ? ਸੁਪਰੀਮ ਕੋਰਟ ਦੇ ਪਾਸ 24 ਘੰਟੇ ਅਨੁਛੇਦ 142 ਪਰਮਾਣੂ ਮਿਜ਼ਾਈਲ ਹੈ, ਇਸ ਵਿੱਚ ਤਾਂ ਲੋਕਤੰਤਰ ਵਿੱਚ ਚੋਣ ਦਾ ਅਰਥ ਹੀ ਨਹੀਂ ਰਹਿ ਜਾਂਦਾ। ਸੁਪਰੀਮ ਕੋਰਟ ਸੁਪਰ ਸੰਸਦ ਬਣ ਗਈ ਹੈ, 'ਪਰ ਸੁਪਰੀਮ ਕੋਰਟ ਦੇ ਉੱਘੇ ਵਕੀਲ ਕਪਿਲ ਸਿੱਬਲ ਦਾ ਕਹਿਣਾ ਹੈ ਕਿ ਧਨਖੜ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਸਾਡੇ ਸੰਵਿਧਾਨਕ ਲੋਕਤੰਤਰ ਵਿੱਚ ਕੋਈ ਵੀ ਅਹੁਦਾ ਸਰਬ ਉੱਚ ਨਹੀਂ ਹੈ, ਬਲਕਿ ਸੰਵਿਧਾਨ ਸਰਬਉੱਚ ਹੈ ਅਤੇ ਸੁਪਰੀਮ ਕੋਰਟ ਨੂੰ ਸੰਵਿਧਾਨ ਨੇ ਹੀ ਤਾਕਤ ਦਿੱਤੀ ਹੈ। ਸੁਪਰੀਮ ਕੋਰਟ ਦੇ ਸਾਬਕਾ ਜਸਟਿਸ ਕੁਰੀਅਨ ਜੋਸਿਫ਼ ਦੀ ਰਾਇ ਵੀ ਤਕਰੀਬਨ ਇਹੀ ਹੈ। ਉਹਨਾਂ ਦਾ ਸਵਾਲ ਹੈ, 'ਅਹੁਦਾ ਕਿਵੇਂ ਸਰਬਉੱਚ ਹੋ ਸਕਦਾ ਹੈ ? ਚੀਫ ਜਸਟਿਸ ਜਾਂ ਕਿਸੇ ਜਸਟਿਸ ਦਾ ਅਹੁਦਾ ਵੀ ਵੱਡਾ ਨਹੀਂ, ਬਲਕਿ ਉਸ ਦਾ ਸੰਵਿਧਾਨਕ ਫਰਜ਼ ਵੱਡਾ ਹੈ ਅਤੇ ਤਾਮਿਲਨਾਡੂ ਵਾਲੇ ਮਾਮਲੇ ਵਿੱਚ ਸੁਪਰੀਮ ਕੋਰਟ ਨੇ ਤਿੰਨ ਮਹੀਨੇ ਦੀ ਸਮੇਂ ਸੀਮਾ ਦੀ ਗੱਲ ਕੀਤੀ ਹੈ, ਉਹ ਤੁਹਾਨੂੰ ਗ੍ਰਹਿ ਵਿਭਾਗ ਦੇ ਪੈਮਾਨੇ ਪ੍ਰਕਿਰਿਆ ਮੁਤਾਬਿਕ ਹੀ ਹੈ।' ਵਿਰੋਧੀ ਧਿਰ ਅਤੇ ਇੰਡੀਆ ਬਲਾਕ ਦੀਆਂ ਰਾਜਨੀਤਕ ਪਾਰਟੀਆਂ ਨੇ ਤਾਂ ਧਨਖੜ ਦੇ ਬਿਆਨ ਦੀ ਤਕੜੀ ਨਿੰਦਾ ਕੀਤੀ ਹੈ, ਪਰ ਉਸ ਤੋਂ ਬਾਅਦ ਤਾਂ ਜਿਵੇਂ ਭਰਿੰਡਾਂ ਦਾ ਛੱਤਾ ਹੀ ਛੇੜ ਦਿੱਤਾ ਗਿਆ ਹੋਵੇ। ਝਾਰਖੰਡ ਦੇ ਗੋਂਡਾ ਤੋਂ ਭਾਜਪਾ ਸਾਂਸਦ ਨਿਸ਼ੀਕਾਂਤ ਦੂਬੇ ਨੇ ਤਾਂ ਇੱਥੋਂ ਤੱਕ ਕਹਿ ਦਿੱਤਾ, 'ਚੀਫ ਜਸਟਿਸ ਸੰਜੀਵ ਖੰਨਾ ਦੀ ਵਜ੍ਹਾ ਨਾਲ ਥਾਂ-ਥਾਂ ਗ੍ਰਹਿ ਜੰਗ ਵਰਗੀ ਸਥਿਤੀ ਹੈ" ਉਹ ਇੱਥੇ ਨਹੀਂ ਰੁਕੇ, ਕਿਉਂਕਿ ਕਹਿੰਦੇ ਗਏ, ਸੁਪਰੀਮ ਕੋਰਟ ਨੂੰ ਹੀ ਕਾਨੂੰਨ ਬਣਾਉਣਾ ਹੈ ਤਾਂ ਸੰਸਦ ਅਤੇ ਵਿਧਾਨ ਸਭਾਵਾਂ ਦੀ ਕੀ ਲੋੜ ਹੈ ?' ਉਹ ਇਹ ਵੀ ਬੋਲੇ, 'ਸੰਸਦ ਦੇ ਅਗਲੇ ਸਦਨ ਵਿੱਚ ਚੀਫ ਜਸਟਿਸ ਕੌਮੀ ਨਿਆਇਕ ਨਿਯੁਕਤੀ ਅਯੋਗ ਸੰਬੰਧੀ ਬਿੱਲ ਫਿਰ ਲਿਆਂਦਾ ਜਾਏਗਾ, ਜਿਸ ਨੂੰ ਸੁਪਰੀਮ ਕੋਰਟ ਨੇ ਖਾਰਜ ਕਰ ਦਿੱਤਾ ਸੀ। ਅਜੇ ਤਾਂ ਨਿਆਂਪਾਲਿਕਾ ਵਿੱਚ ਕੋਈ ਅਜਿਹੀ ਐੱਸ ਟੀ ਪੱਛੜਾ ਜੱਜ ਨਹੀਂ ਹੈ, ਸਿਰਫ ਭਾਈ-ਭਤੀਜਾਵਾਦ ਚੱਲ ਰਿਹਾ ਹੈ।' ਪਰ ਤਾਮਿਲਨਾਡੂ ਵਾਲੇ ਫੈਸਲੇ ਵਿੱਚ ਸਿਖਰਲੀ ਅਦਾਲਤ ਨੇ ਕਿਹਾ ਕਿ ਅਨੁਛੇਦ 201 ਤਹਿਤ ਕੰਮਕਾਜ ਦੇ ਨਿਪਟਾਰੇ ਵਿੱਚ ਰਾਸ਼ਟਰਪਤੀ ਦੇ ਕੋਲ 'ਪਾਕਿਟ ਵੀਟੋ' ਜਾਂ 'ਪੂਰਨ ਵੀਟੋ' ਮੁਹੱਈਆ ਨਹੀਂ ਹੈ । ਸੰਵਿਧਾਨਿਕ ਯੋਜਨਾ ਕਿਸੇ ਵੀ ਤਰ੍ਹਾਂ ਨਾਲ ਇਹ ਵਿਵਸਥਾ ਨਹੀਂ ਕਰਦੀ ਕਿ ਕੋਈ ਸੰਵਿਧਾਨਕ ਅਥਾਰਟੀ ਸੰਵਿਧਾਨ ਦੇ ਤਹਿਤ ਆਪਣੀਆਂ ਸ਼ਕਤੀਆਂ ਦਾ ਮਨਮਾਨੇ ਢੰਗ ਨਾਲ ਇਸਤੇਮਾਲ ਕਰ ਸਕਦੀ ਹੈ, ਇਸ ਲਈ ਅਦਾਲਤ ਅਨੁਛੇਦ 201 ਦੀ ਮੂਲ ਭਾਵਨਾ ਅਤੇ ਸਰਕਾਰੀ ਤੇ ਪੰਛੀ ਅਯੋਗਾਂ ਦੀਆਂ ਰਿਪੋਰਟਾਂ ਦੇ ਨਾਲ-ਨਾਲ ਗ੍ਰਹਿ ਮੰਤਰਾਲੇ ਦੀਆਂ ਰਿਪੋਰਟਾਂ ਦੇ ਨਾਲ-ਨਾਲ ਗ੍ਰਹਿ ਮੰਤਰਾਲਿਆ ਦੇ ਚਾਰ ਜਨਵਰੀ, 2016 ਦੀ ਪੈਮਾਨਾ ਪ੍ਰਕਿਰਿਆ ਮੁਤਾਬਕ ਨਿਰਧਾਰਿਤ ਕਰਦੀ ਹੈ ਕਿ ਰਾਸ਼ਟਰਪਤੀ ਲਈ ਰਾਜਪਾਲ ਦੁਆਰਾ ਉਸ ਦੇ ਵਿਚਾਰ ਅਧੀਨ ਭੇਜੇ ਗਏ ਬਿੱਲਾਂ 'ਤੇ ਤਿੰਨ ਮਹੀਨੇ ਦੇ ਅਰਸੇ ਦੇ ਅੰਦਰ ਫੈਸਲਾ ਲੈਣਾ ਜ਼ਰੂਰੀ ਹੈ। ਇਸ ਅਰਸੇ ਵਿੱਚ ਵੱਧ ਕਿਸੇ ਵੀ ਦੇਰੀ ਦੇ ਮਾਮਲੇ ਵਿੱਚ ਉਚਿਤ ਕਾਰਨ ਦਰਜ ਕਰਨੇ ਹੋਣਗੇ ਅਤੇ ਸੰਵਿਧਾਨਕ ਰਾਜ ਨੂੰ ਸੂਚਿਤ ਕਰਨਾ ਹੋਏਗਾ। ਅਦਾਲਤ ਨੇ ਉਹਨਾਂ ਹੀ ਵਿਵਸਥਾਵਾਂ ਤਹਿਤ ਰਾਜਪਾਲ ਲਈ ਇੱਕ ਮਹੀਨੇ ਤੋਂ ਤਿੰਨ ਮਹੀਨੇ ਦਾ ਵੱਧ ਤੋਂ ਵੱਧ ਅਰਸਾ ਤਹਿ ਕੀਤਾ ਹੈ। ਤਾਮਿਲਨਾਡੂ ਰਾਜ ਵਿਧਾਨ ਸਭਾ ਵਿੱਚ ਪਾਸ 12 ਬਿੱਲ 13 ਜਨਵਰੀ 2020 ਤੋਂ 28 ਅਪ੍ਰੈਲ 2023 ਦੇ ਦਰਮਿਆਨ ਰਾਜਪਾਲ ਦੀ ਮਨਜ਼ੂਰੀ ਲਈ ਭੇਜੇ ਗਏ ਸਨ। ਮੌਜੂਦਾ ਰਾਜਪਾਲ ਆਰ ਐਨ ਰਵੀ ਨੇ 18 ਨਵੰਬਰ 2021 ਨੂੰ ਅਹੁਦਾ ਸੰਭਾਲਿਆ, ਪਰ ਉਹਨਾਂ ਨੇ ਅਕਤੂਬਰ 2023 ਤੱਕ ਕਿਸੇ ਵੀ ਬਿੱਲ 'ਤੇ ਜ਼ਰੂਰੀ ਕਾਰਵਾਈ ਨਹੀਂ ਕੀਤੀ। ਰਾਜਪਾਲ ਦੀ ਇਸ ਸੁਸਤੀ ਖਿਲਾਫ ਤਾਮਿਲਨਾਡੂ ਸਰਕਾਰ ਨੇ ਪਟੀਸ਼ਨ ਦਾਖਲ ਕੀਤੀ। ਅਦਾਲਤ ਨੇ 10 ਨਵੰਬਰ, 2023 ਨੂੰ ਨੋਟ ਜਾਰੀ ਕੀਤਾ ਤਾਂ ਰਾਜਪਾਲ ਨੇ 30 ਨਵੰਬਰ ਨੂੰ 10 ਬਿੱਲਾਂ ਨੂੰ ਰਾਸ਼ਟਰਪਤੀ ਕੋਲ ਭੇਜਣ ਤੋਂ ਰੋਕ ਲਿਆ। ਰਾਜਪਾਲ ਦੀ ਦਲੀਲ ਸੀ ਕਿ ਵਿਧਾਨ ਸਭਾ ਤੋਂ ਦੁਬਾਰਾ ਪਾਸ ਹੋਏ ਇਹ ਬਿੱਲ ਸੰਘੀ ਸੂਚੀ ਦੇ ਮਾਮਲੇ ਦੇ ਉਲਟ ਹਨ, ਗੈਰ ਭਾਜਪਾ ਰਾਜ ਵਾਲੇ ਸੂਬਿਆਂ ਵਿੱਚ ਰਾਜਪਾਲਾਂ ਦੇ ਰਵੱਈਏ ਅਤੇ ਉਲਟ ਬਿੱਲਾਂ ਨੂੰ ਰੋਕ ਕੇ ਰੱਖਣ ਦੀਆਂ ਸ਼ਿਕਾਇਤਾਂ 2014 ਤੋਂ ਬਾਅਦ ਤੋਂ ਹੀ ਆ ਰਹੀਆਂ ਹਨ। ਪੱਛਮੀ ਬੰਗਾਲ, ਕੇਰਲ, ਮਹਾਰਾਸ਼ਟਰ ਤੋਂ ਅਜਿਹੀਆਂ ਸ਼ਿਕਾਇਤਾਂ ਲਗਾਤਾਰ ਆਉਂਦੀਆਂ ਰਹੀਆਂ ਹਨ। ਮਹਾਰਾਸ਼ਟਰ ਵਿੱਚ ਉੱਧਤ ਠਾਕਰੇ ਸਰਕਾਰ ਨੂੰ ਵਿਸ਼ਵਾਸ ਮਤ ਜ਼ਾਹਿਰ ਕਰਨ ਦੇ ਸਾਬਕਾ ਰਾਜਪਾਲ ਭਗਤ ਸਿੰਘ ਕੋਸ਼ਿਆਰੀ ਦੇ ਹੁਕਮ ਨੂੰ ਤਾਂ ਸੁਪਰੀਮ ਕੋਰਟ ਦੇ ਸਾਬਕਾ ਚੀਫ ਜਸਟਿਸ ਨੇ, ਡੀ ਕੇ ਚੰਦਰਚੂੜ ਦੀ ਅਧੀਨਗੀ ਵਾਲੇ ਬੈਂਚ ਨੇ ਗੈਰ ਸੰਵਿਧਾਨਿਕ ਹੀ ਦੱਸਿਆ ਸੀ। ਪੱਛਮੀ ਬੰਗਾਲ ਵਿੱਚ ਮੌਜੂਦਾ ਉੱਪ-ਰਾਸ਼ਟਰਪਤੀ ਧਨਖੜ ਜਦੋਂ ਰਾਜਪਾਲ ਸਨ ਤਾਂ ਮਮਤਾ ਸਰਕਾਰ ਦੇ ਨਾਲ ਲਗਾਤਾਰ ਉਹਨਾਂ ਦੇ ਟਕਰਾਅ ਦੀਆਂ ਖਬਰਾਂ ਲਗਾਤਾਰ ਆਮ ਰਹੀਆਂ। ਤ੍ਰਿਣਮੂਲ ਕਾਂਗਰਸ ਦੇ ਸਾਂਸਦ ਕਲਿਆਣ ਬੈਨਰਜੀ ਨੇ ਕਿਹਾ ਕਿ "ਧਨਖੜ ਦੀਆਂ ਟਿੱਪਣੀਆਂ ਬੇਹੱਦ ਅਪਮਾਨਜਨਕ ਤੇ ਇਤਰਾਜ਼ਯੋਗ ਸਨ। ਸੰਵਿਧਾਨਿਕ ਅਹੁਦੇ 'ਤੇ ਹੋਣ ਦੇ ਨਾਤੇ ਉਹਨਾਂ ਤੋਂ ਹੋਰ ਸੁਵਿਧਾਨਕ ਸੰਸਥਾਵਾਂ ਤੇ ਅਹੁਦਿਆਂ ਨੂੰ ਬਣਾਈ ਰੱਖਣ ਅਤੇ ਉਹਨਾਂ ਦਾ ਮਾਣ-ਸਨਮਾਨ ਕਰਨ ਦੀ ਉਮੀਦ ਕੀਤੀ ਜਾਂਦੀ ਹੈ। ਉਪਰਾਸ਼ਟਰਪਤੀ ਨੇ ਵਾਰ-ਵਾਰ ਸੁਪਰੀਮ ਕੋਰਟ ਪ੍ਰਤੀ ਲਾਹਪ੍ਰਵਾਹੀ ਦਿਖਾਈ, ਜੋ ਬੇਹੱਦ ਚਿੰਤਾਜਨਕ ਰੁਝਾਨ ਹੈ। "ਡੀ ਐੱਮ ਕੇ ਸਾਂਸਦ ਤਰੁਚੀ ਸ਼ਿਵਾ ਨੇ ਧਨਖੜ ਦੀਆਂ ਟਿੱਪਣੀਆਂ ਨੂੰ ਅਨੈਤਿਕ ਦੱਸਿਆ ਤੇ ਲਿਖਿਆ ਕਿ, 'ਕਿਸੇ ਨੂੰ ਵੀ ਇਹ ਨਹੀਂ ਭੁੱਲਣਾ ਚਾਹੀਦਾ ਕਿ ਸੰਵਿਧਾਨ ਸਰਬਉੱਚ ਹੈ" ਰਾਜਪਾਲ ਅਤੇ ਰਾਸ਼ਟਰਪਤੀ ਦੀ ਭੂਮਿਕਾ ਤੇ ਸੁਪਰੀਮ ਕੋਰਟ ਦੇ ਫੈਸਲੇ ਨੇ ਇਹ ਸਥਾਪਤ ਕਰ ਦਿੱਤਾ ਹੈ ਕਿ ਵਿਧਾਨ ਸਭਾ ਤੋਂ ਪਾਸ ਬਿੱਲਾਂ ਨੂੰ ਕੋਈ ਵੀ ਅਨਮਿੱਥੇ ਸਮੇਂ ਲਈ ਰੋਕ ਨਹੀਂ ਸਕਦਾ ਹੈ" ਕਾਂਗਰਸ ਪ੍ਰਧਾਨ ਮਲਿਕਾਰਜਨ ਖੜਗੇ ਨੇ ਕਿਹਾ ਹੈ ਕਿ ਇਹ ਸੁਪਰੀਮ ਕੋਰਟ ਨੂੰ ਬਲਡੋਜ਼ ਕਰਨ ਅਤੇ ਸੰਵਿਧਾਨ ਦੀਆਂ ਧੱਜੀਆਂ ਉਡਾਉਣ ਦੀ ਕੋਸ਼ਿਸ਼ ਹੈ, ਜਿਸ ਨੂੰ ਅਸੀਂ ਕਿਸੇ ਵੀ ਕੀਮਤ 'ਤੇ ਹੋਣ ਨਹੀਂ ਦਿਆਂਗੇ । ਧਨਖੜ ਸਾਹਿਬ ਤੇ ਨਿਸ਼ੀਕਾਂਤ ਦੂਬੇ ਦੇ ਬਿਆਨਾਂ ਤੋਂ ਸਾਡਾ ਸ਼ੱਕ ਸਹੀ ਸਾਬਤ ਹੁੰਦਾ ਹੈ ਕਿ ਇਹਨਾਂ ਦੀ ਮਨਸ਼ਾ ਸੰਵਿਧਾਨ ਬਦਲਣ ਦੀ ਹੈ, ਇਸ ਦੇ ਖਿਲਾਫ ਇੰਡੀਆ ਬਲਾਕ ਇਕਜੁੱਟ ਹੈ" ਦਰਅਸਲ ਰਾਜਪਾਲਾਂ ਅਤੇ ਰਾਸ਼ਟਰਪਤੀ ਦੇ ਲਈ ਸਮਾਂ-ਸੀਮਾ ਬੰਨ੍ਹਣ ਤੋਂ ਵੀ ਜ਼ਿਆਦਾ ਭਾਜਪਾ ਨੇਤਾਵਾਂ ਅਤੇ ਸੰਘ ਪਰਵਾਰ ਨੂੰ ਵਕਫ ਸੋਧ ਕਾਨੂੰਨ ਤੇ ਸੁਪਰੀਮ ਕੋਰਟ ਦੀਆਂ ਤਿੰਨ ਬਿੰਦੂਆਂ 'ਤੇ ਅੰਤਰਿਮ ਰੋਕ ਤੋਂ ਪ੍ਰੇਸ਼ਾਨੀ ਹੋ ਸਕਦੀ ਹੈ। ਜ਼ਿਕਰਯੋਗ ਹੈ ਕਿ ਇਹ ਸਾਲ ਆਰ ਐੱਸ ਐੱਸ ਸਥਾਪਨਾ 'ਤੇ ਸੌ ਸਾਲ ਪੂਰੇ ਹੋ ਰਹੇ ਹਨ। ਸੋ ਕੇਂਦਰ ਸਰਕਾਰ ਦੀ ਕੋਸ਼ਿਸ਼ ਇਸ 'ਤੇ ਮੂਲ ਏਜੰਡਿਆਂ ਨੂੰ ਇੱਕ ਅਤੇ ਮਾਮਲੇ ਨੂੰ ਪੂਰਾ ਕਰਨ ਦੀ ਹੋ ਸਕਦੀ ਹੈ ਸੰਘ ਤੇ ਭਾਜਪਾ ਦੇ ਵੀ ਐਲਾਨਨਾਮਿਆਂ ਵਿੱਚ ਤਿੰਨ ਏਜੰਡਿਆਂ 'ਚੋਂ ਰਾਮ ਮੰਦਿਰ ਨਿਰਮਾਣ, ਕਸ਼ਮੀਰ 'ਚ ਧਾਰਾ 370 ਹਟਾਉਣ ਦਾ ਵਾਅਦਾ ਪੂਰਾ ਹੋ ਚੁੱਕਿਆ ਹੈ। ਉਹਨਾਂ ਵਿੱਚੋਂ ਸਿਰਫ ਸਮਾਨ ਨਾਗਰਿਕ ਕੋਡ ਦਾ ਮਾਮਲਾ ਬਚਿਆ ਹੈ, ਉਸ ਲਈ ਸੰਵਿਧਾਨ ਸੋਧ ਜ਼ਰੂਰੀ ਹੈ, ਜਿਸ ਲਈ ਸੰਸਦ ਦੇ ਦੋਨੋਂ ਸਦਨਾਂ ਵਿੱਚ ਦੋ-ਤਿਹਾਈ ਬਹੁਮਤ ਜ਼ਰੂਰੀ ਹੈ, ਜੋ ਅਜੇ ਐੱਨ ਡੀਏ ਕੋਲ ਨਹੀਂ ਹੈ, ਪਰ ਉਸ ਵਿਚ ਵੀ ਤਿੰਨ ਤਲਾਕ 'ਚ ਰੋਕ ਦੇ ਜ਼ਰੀਏ ਇੱਕ ਹੱਦ ਤੱਕ ਵਾਧਾ ਪੂਰਾ ਕੀਤਾ ਜਾ ਸਕਿਆ ਹੈ । ਇਸ ਨਾਲ ਜੁੜਿਆ ਵਕਫ ਦਾ ਵੀ ਮਾਮਲਾ ਹੈ। ਵਕਫ ਜਾਇਦਾਦਾਂ ਤੇ ਜ਼ਮੀਨ ਨੂੰ ਲੈ ਕੇ ਸੰਘ ਪਰਵਾਰ ਦੇ ਹਲਕਿਆਂ ਵਿਚ ਕਾਫੀ ਚਰਚਾਵਾਂ ਹਨ। ਸਰਕਾਰ ਦੀ ਤਰਫੋਂ ਇਹ ਵੀ ਕਿਹਾ ਗਿਆ ਹੈ ਕਿ ਰੇਲਵੇ ਤੇ ਰੱਖਿਆ ਖੇਤਰ ਤੋਂ ਇਲਾਵਾ ਵਕਫ ਕੋਲ ਵੀ ਸਭ ਤੋਂ ਜ਼ਿਆਦਾ ਜ਼ਮੀਨਾਂ ਅਤੇ ਉਸ ਵਿੱਚ ਕਈ ਝਗੜੇ ਵੀ ਹਨ। ਕੁਝ ਵਿਰੋਧੀ ਨੇਤਾਵਾਂ ਦੀ ਮੰਨੀਏ ਤਾਂ ਵਕਫ ਦਾ ਮਾਮਲਾ ਸੰਘ ਪਰਵਾਰ ਲਈ ਇਸ ਲਈ ਵੀ ਅਹਿਮ ਹੈ ਕਿ ਪੁਰਾਣੀਆਂ ਮਸਜਿਦਾਂ, ਮਜ਼ਾਰਾਂ ਵਗੈਰਾ ਨੂੰ ਨਜਾਇਜ਼ ਐਲਾਨਿਆ ਜਾ ਸਕਦਾ ਹੈ ਤਾਂ ਸ਼ਾਇਦ ਇਸ ਤਰੀਕੇ ਨਾਲ ਵੀ 1993 ਦੇ ਉਪਾਸਨਾ ਸਥਲ ਅਧੀਨਿਯਮ ਦੇ ਤਹਿਤ ਰੋਕ ਤੋਂ ਵੀ ਨਿਜ਼ਾਤ ਪਾਈ ਜਾ ਸਕਦੀ ਹੈ । ਅਸਲ ਵਿੱਚ ਉਪਾਸਨਾ ਸਥਲ ਕਾਨੂੰਨ ਨੂੰ ਵੀ ਸੰਘ ਪਰਵਾਰ ਨਾਲ ਜੁੜੇ ਲੋਕਾਂ ਨੇ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ ਹੋਈ ਹੈ। ਇਹ ਕਿਆਸ ਹੈ, ਪਰ ਸਰਕਾਰ ਦਾ ਕਹਿਣਾ ਹੈ ਕਿ ਵਕਫ ਦਾ ਪ੍ਰਬੰਧ ਜੇ ਠੀਕ ਢੰਗ ਨਾਲ ਹੋਵੇ ਤਾਂ ਗਰੀਬ ਮੁਸਲਮਾਨਾਂ ਨੂੰ ਪ੍ਰਧਾਨ ਮੰਤਰੀ ਮੋਦੀ ਮੁਤਾਬਿਕ 'ਪੰਕਚਰ ਲਾਉਣ ਵਰਗੇ ਛੋਟੇ-ਛੋਟੇ ਕੰਮਾਂ ਤੋਂ ਅੱਗੇ ਵਿਕਾਸ ਦਾ ਰਾਹ ਖੁੱਲ੍ਹ ਸਕੇਗਾ।' ਸਰਕਾਰ ਦਾ ਦਾਅਵਾ ਹੈ ਕਿ ਇਸ ਨਾਲ ਮੁਸਲਿਮ ਔਰਤਾਂ ਨੂੰ ਵੀ ਰਾਹਤ ਮਿਲ ਸਕੇਗੀ। ਦਾਅਵਾ ਤਾਂ ਠੀਕ ਹੈ ਪਰ ਵਕਫ ਸੋਧ ਬਿੱਲ 'ਤੇ ਸੁਣਵਾਈ ਤੋਂ ਪਹਿਲੇ ਦਿਨ ਤੋਂ ਹੀ ਚੀਫ ਜਸਟਿਸ ਨੇ ਸਵਾਲ ਖੜੇ ਕੀਤੇ ਕਿ ਬਾਰ੍ਹਵੀਂ, ਤੇਰ੍ਹਵੀਂ, ਚੌਦਵੀਂ ਸਦੀ ਦੀਆਂ ਵਕਫ ਜਾਇਦਾਦਾਂ ਦੇ ਦਸਤਾਵੇਜ਼ ਭਲਾ ਕਿੱਥੋਂ ਮਿਲਣਗੇ ਜਾਂ ਵਕਫ ਬੋਰਡ 'ਚ ਗੈਰ ਮੁਸਲਮਾਨਾਂ ਦੀ ਨਿਯੁਕਤੀ ਦਾ ਕੀ ਮਤਲਬ ਹੈ। ਅਦਾਲਤ ਨੇ ਤਿੰਨ ਬਿੰਦੂਆਂ 'ਤੇ ਰੋਕ ਲਾ ਕੇ ਅਤੇ ਸਟੇਟਸ ਕੋ ਬਣਾਈ ਰੱਖਣ ਦਾ ਉਹਨਾਂ ਤੋਂ ਵਾਅਦਾ ਲੈ ਕੇ ਅਗਲੀ ਸੁਣਵਾਈ ਦੀ ਤਰੀਕ ਮਿੱਥ ਦਿੱਤੀ ।

ਸੰਵਿਧਾਨਿਕ ਮਾਹਰਾਂ ਇਸ ਰਾਇ ਦੇ ਹਨ ਕਿ ਸੁਪਰੀਮ ਕੋਰਟ ਨੂੰ ਵਿਸ਼ੇਸ਼ ਅਧਿਕਾਰਾਂ ਦੀ ਵਿਵਸਥਾ ਇਸੇ ਮਕਸਦ ਨਾਲ ਹੈ ਕਿ ਕਾਰਜਪਾਲਿਕਾ ਜਾਂ ਵਿਧਾਨ ਪਾਲਿਕਾ ਬਹੁਮਤ ਦੇ ਜ਼ੋਰ 'ਤੇ ਸੰਵਿਧਾਨ ਦੇ ਮੂਲ ਢਾਂਚੇ ਦੀ ਉਲੰਘਣਾ ਕਰਨ ਵਾਲਾ ਕੋਈ ਕਾਨੂੰਨ ਜਾਂ ਨੀਤੀ ਬਣਾ ਸਕੇ, ਉੱਘੇ ਵਕੀਲ ਸੰਜੇ ਹੈਗੜੇ ਦਾ ਕਹਿਣਾ ਹੈ, 'ਉੱਚ ਅਦਾਲਤ ਅਨੇਕਾਂ ਵਾਰ ਅਨੁਛੇਦ 142 ਤਹਿਤ ਵਿਸ਼ੇਸ਼ ਅਧਿਕਾਰਾਂ ਦੀ ਵਰਤੋਂ ਕਰਕੇ ਫੈਸਲਾ ਸੁਣਾ ਚੁੱਕੀ ਹੈ। ਅਯੁਧਿਆ ਵਿੱਚ ਰਾਮ ਮੰਦਰ ਦਾ ਫ਼ੈਸਲਾ ਵਿਸ਼ੇਸ਼ ਅਧਿਕਾਰਾਂ ਦੀ ਵਰਤੋਂ ਕਰਕੇ ਦਿੱਤਾ ਗਿਆ, ਪਰ ਅਨੁਕੂਲ ਫੈਸਲੇ ਆਏ ਤਾਂ ਠੀਕ, ਪਰ ਪ੍ਰਤੀਕੂਲ ਹੋ ਜਾਏ ਤਾਂ ਵਿਰੋਧ ਦਾ ਕੀ ਮਤਲਬ ਹੈ। ਇਸ ਨਾਲ ਤਾਂ ਮਨਸ਼ਾ ਵਾਕਿਆ ਹੀ ਸੰਵਿਧਾਨਿਕ ਦਾਇਰੇ ਤੋਂ ਬਾਹਰ ਜਾਣ ਦੀ ਲੱਗਦੀ ਹੈ । ਹੁਣ ਦੇਖਣਾ ਹੈ ਅੱਗੇ ਇਹ ਟਕਰਾਅ ਕੀ ਸ਼ਕਲ ਅਖਤਿਆਰ ਕਰਦਾ ਹੈ।

**# ਸੰਪਰਕ : 98156-29301**

# ਜੰਗ ਸਮੇਂ ਮੀਡੀਆ ਦੀ ਭੂਮਿਕਾ

ਪ੍ਰੋ. ਕੁਲਬੀਰ ਸਿੰਘ

ਯੁੱਧ ਸਮੇਂ ਮੀਡੀਆ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੁੰਦੀ ਹੈ, ਕਿਉਂਕਿ ਇਸ ਦੀ ਜ਼ਿੰਮੇਵਾਰੀ ਲੋਕਾਂ ਨੂੰ ਤਾਜ਼ਾ ਸਹੀ ਸਥਿਤੀ ਤੋਂ ਜਾਣੂੰ ਕਰਵਾਉਣ ਦੀ ਹੁੰਦੀ ਹੈ ।ਯੁੱਧ ਸਮੇਂ ਧਿਆਨ ਰੱਖਣਯੋਗ ਗੱਲਾਂ ਨੂੰ ਲੋਕਾਂ ਤੱਕ ਪਹੁੰਚਾਉਣਾ, ਸੰਜਮ ਤੇ ਸੰਕੋਚ ਲਈ ਪ੍ਰੇਰਨਾ, ਪ੍ਰਸ਼ਾਸਨ ਅਤੇ ਸਰਕਾਰਾਂ ਦੁਆਰਾ ਦਿੱਤੀਆਂ ਜਾ ਰਹੀਆਂ ਹਦਾਇਤਾਂ ਨੂੰ ਇਨਬਿਨ ਮੰਨਣ ਲਈ ਪ੍ਰੇਰਿਤ ਤੇ ਉਤਸ਼ਾਹਿਤ ਕਰਨਾ ਮੀਡੀਆ ਦਾ ਮੁਢਲਾ ਫ਼ਰਜ਼ ਹੁੰਦਾ ਹੈ ।

ਪਰੰਤੂ ਹੋ ਕੀ ਰਿਹਾ ਹੈ ? ਭਾਰਤੀ ਹਿੰਦੀ ਮੀਡੀਆ ਦੇ ਇੱਕ ਵੱਡੇ ਹਿੱਸੇ ਦਾ ਆਪਹੁਦਰਾਪਨ ਸਭ ਹੱਦਾਂ ਬੰਨੇ ਟੱਪ ਗਿਆ ਹੈ। 'ਸੂਤਰਾਂ ਦੇ ਹਵਾਲੇ' ਨੇ ਖ਼ਬਰ ਬੁਲਿਟਨ ਦਾ ਹੁਲੀਆ ਵਿਗਾੜ ਦਿੱਤਾ ਹੈ। ਜੰਗ ਦੀਆਂ, ਟਕਰਾਅ ਦੀਆਂ, ਹਮਲਿਆਂ ਦੀਆਂ ਅਜਿਹੀਆਂ ਖ਼ਬਰਾਂ ਪ੍ਰਸਾਰਿਤ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਦਾ ਕੋਈ ਸਿਰ-ਪੈਰ ਨਹੀਂ ਹੈ, ਸਰੋਤ ਨਹੀਂ ਹੈ। ਉਦਾਹਰਨ ਵਜੋਂ 'ਪਾਕਿਸਤਾਨ 'ਤੇ ਜਲਦ ਕਬਜ਼ਾ ਹੋਣ ਵਾਲਾ ਹੈ', 'ਭਾਰਤ ਦਾ ਪਾਕਿਸਤਾਨ ਦੇ 7 ਸ਼ਹਿਰਾਂ 'ਤੇ ਕਬਜ਼ਾ', 'ਪਾਕਿਸਤਾਨ 'ਤੇ ਕਬਜ਼ਾ ਹੋ ਗਿਆ', 'ਪਾਕਿਸਤਾਨ ਦੀ ਰਾਜਧਾਨੀ ਇਸਲਾਮਾਬਾਦ 'ਤੇ ਕਬਜ਼ਾ', 'ਪਾਕਿਸਤਾਨ ਦਾ ਸਰੈਂਡਰ', 'ਪਾਕਿਸਤਾਨ ਦੇ ਕਈ ਸ਼ਹਿਰਾਂ 'ਤੇ ਕਬਜ਼ਾ' 'ਕਰਾਚੀ ਨਕਸ਼ੇ ਤੋਂ ਗਾਇਬ', 'ਭਾਰਤ ਲਈ ਪਾਕਿਸਤਾਨ 'ਤੇ ਟੁੱਟ ਪਏ 56 ਦੇਸ਼'। ਇਨ੍ਹਾਂ ਹਿੰਦੀ ਚੈਨਲਾਂ ਨੇ 7-8 ਮਈ ਤੱਕ ਅੱਧਾ ਪਾਕਿਸਤਾਨ ਜਿੱਤ ਲਿਆ ਸੀ । ਅਗਲੇ ਦਿਨ 9 ਮਈ ਨੂੰ ਇਨ੍ਹਾਂ ਵਿੱਚੋਂ ਕੁਝ ਚੈਨਲਾਂ ਦੇ ਐਂਕਰ ਇਨ੍ਹਾਂ ਮਨਘੜਤ ਖ਼ਬਰਾਂ ਲਈ ਮੁਆਫ਼ੀ ਮੰਗ ਰਹੇ ਸਨ ।

ਫ਼ੌਜ, ਪੁਲਸ ਅਤੇ ਪ੍ਰਸ਼ਾਸਨ ਲਗਾਤਾਰ ਅਪੀਲਾਂ ਕਰ ਰਹੇ ਹਨ ਕਿ ਫਰਜ਼ੀ ਖ਼ਬਰਾਂ, ਫਰਜ਼ੀ ਵੀਡੀਓ ਅਤੇ ਅਫ਼ਵਾਹਾਂ 'ਤੇ ਵਿਸ਼ਵਾਸ ਨਾ ਕਰੋ ।

ਮੀਡੀਆ ਲਈ ਅਡਵਾਈਜ਼ਰੀ ਜਾਰੀ ਕਰਦਿਆਂ ਕਿਹਾ ਗਿਆ ਹੈ, 'ਭਾਰਤ-ਪਾਕਿ ਤਣਾਅ ਦੌਰਾਨ ਰੱਖਿਆ ਕਾਰਜਾਂ ਤੇ ਸੁਰੱਖਿਆ ਬਲਾਂ ਦੀਆਂ ਗਤੀਵਿਧੀਆਂ ਦੀ ਲਾਈਵ ਕਵਰੇਜ ਨਾ ਕੀਤੀ ਜਾਵੇ, ' ਪਰੰਤੂ ਮੰਨਦਾ, ਸੁਣਦਾ ਤੇ ਸਮਝਦਾ ਕੌਣ ਹੈ ? ਟੈਲੀਵਿਜ਼ਨ ਚੈਨਲਾਂ ਦਾ ਇੱਕ ਵੱਡਾ ਹਿੱਸਾ ਝੂਠ ਵਿਖਾ ਰਿਹਾ ਹੈ। ਸਾਇਰਨ ਵਜਾ ਰਿਹਾ ਹੈ । ਡਰ, ਘਬਰਾਹਟ ਤੇ ਸਨਸਨੀ ਦਾ ਮਾਹੌਲ ਪੈਦਾ ਕਰ ਰਿਹਾ ਹੈ । ਬਹੁਤੇ ਲੋਕਾਂ ਨੇ ਨਿਊਜ਼ ਚੈਨਲ ਵੇਖਣੇ ਬੰਦ ਕਰ ਦਿੱਤੇ ਹਨ ਅਤੇ ਬਹੁਤ ਸਾਰੇ ਸੋਸ਼ਲ ਮੀਡੀਆ 'ਤੇ ਅਜਿਹਾ ਕਰਨ ਦੀਆਂ ਅਪੀਲਾਂ ਕਰ ਰਹੇ ਹਨ ।

ਦੂਸਰੇ ਪਾਸੇ ਪਾਕਿਸਤਾਨੀ ਚੈਨਲਾਂ ਅਤੇ ਸੋਸ਼ਲ ਮੀਡੀਆ ਦੁਆਰਾ ਲਗਾਤਾਰ ਗ਼ਲਤ ਜਾਣਕਾਰੀ ਫੈਲਾਈ ਜਾ ਰਹੀ ਹੈ ।ਅਜਿਹਾ ਇੱਕ ਮੁਹਿੰਮ ਦੇ ਤਹਿਤ ਕੀਤਾ ਜਾ ਰਿਹਾ ਹੈ ਤਾਂ ਜੋ ਭਾਰਤੀ ਲੋਕਾਂ ਵਿਚ ਦਹਿਸ਼ਤ ਅਤੇ ਡਰ ਪੈਦਾ ਕੀਤਾ ਜਾ ਸਕੇ।ਚਿੰਤਾ ਦਾ ਵਿਸ਼ਾ ਇਹ ਹੈ ਕਿ ਅਜਿਹੇ ਸੰਕਟ ਸਮੇਂ ਮੀਡੀਆ ਜਨਤਾ ਦੀ ਸੋਚ, ਜਨਤਾ ਦੀ ਧਾਰਨਾ ਨੂੰ ਵੱਡੀ ਪੱਧਰ 'ਤੇ ਪ੍ਰਭਾਵਿਤ ਕਰਦਾ ਹੈ ।

ਅਜਿਹੇ ਸਮੇਂ ਟੈਲੀਵਿਜ਼ਨ ਚੈਨਲਾਂ ਦੁਆਰਾ ਵਰਤੀ ਜਾ ਰਹੀ ਭਾਸ਼ਾ ਵੀ ਵੱਡੇ ਵਿਵਾਦ ਦਾ ਵਿਸ਼ਾ ਹੈ। ਵਿਲੀਅਮ ਥਾਮਸ ਦਾ ਕਹਿਣਾ ਹੈ, 'ਪੱਤਰਕਾਰ ਦੀ ਭੂਮਿਕਾ ਕਿਸੇ ਚੌਕੀਦਾਰ ਦੀ ਭੂਮਿਕਾ ਵਰਗੀ ਹੁੰਦੀ ਹੈ,' ਪਰੰਤੂ ਅਜੋਕੇ ਸਮਿਆਂ ਵਿਚ ਐਨ ਇਸ ਦੇ ਉਲਟ ਹੋ ਰਿਹਾ ਹੈ ।ਟੈਲੀਵਿਜ਼ਨ ਚੈਨਲਾਂ ਦੇ ਐਂਕਰ ਗਲਤ, ਝੂਠੀਆਂ ਤੇ ਫਰਜ਼ੀ ਖ਼ਬਰਾਂ ਪ੍ਰਸਾਰਿਤ ਕਰ ਰਹੇ ਹਨ। ਅਫ਼ਵਾਹਾਂ ਫੈਲਾਅ ਰਹੇ ਹਨ ।ਲੋਕਾਂ ਨੂੰ ਡਰਾ ਰਹੇ ਹਨ। ਕਿਸੇ ਨੇ ਸੋਸ਼ਲ ਮੀਡੀਆ 'ਤੇ ਲਿਖਿਆ ਹੈ 'ਜੰਗ ਨਾਲੋਂ ਵੱਧ ਅੱਗ ਤਾਂ ਮੀਡੀਆ ਲਗਾ ਰਿਹਾ ਹੈ ।' ਕਿਸੇ ਹੋਰ ਨੇ ਸੋਸ਼ਲ ਮੀਡੀਆ 'ਤੇ ਵੀਡੀਓ ਰਾਹੀਂ ਕਿਹਾ ਹੈ, 'ਮਿਹਰਬਾਨੀ ਕਰਕੇ ਟੀ.ਵੀ. ਬੰਦ ਕਰ ਦਿਓ। ਸੁਣਨਾ, ਸ਼ੇਅਰ ਕਰਨਾ ਬੰਦ ਕਰੋ, ਕਿਉਂਕਿ ਇਹ ਚੈਨਲ ਨਫ਼ਰਤ ਫੈਲਾਅ ਰਹੇ ਹਨ । ਚੀਖ਼-ਚੀਖ਼ ਕੇ ਗਲਤ ਜਾਣਕਾਰੀ ਦੇ ਰਹੇ ਹਨ । ਕੇਵਲ ਸਰਕਾਰ ਅਤੇ ਪ੍ਰਸ਼ਾਸਨ ਦੁਆਰਾ ਪ੍ਰੈੱਸ ਕਾਨਫ਼ਰੰਸਾਂ ਰਾਹੀਂ ਦਿੱਤੀ ਜਾ ਰਹੀ ਜਾਣਕਾਰੀ 'ਤੇ ਭਰੋਸਾ ਕਰੋ । ਭਾਰਤ-ਪਾਕਿ ਟਕਰਾਅ 'ਤੇ ਪੂਰੀ ਦੁਨੀਆ ਦੀਆਂ ਨਜ਼ਰਾਂ ਹਨ ।ਭਾਰਤੀ ਚੈਨਲਾਂ ਨੇ ਥੋੜ੍ਹੀ-ਬਹੁਤੀ ਬਚੀ ਭਰੋਸੇਯੋਗਤਾ ਵੀ ਗਵਾ ਲਈ ਹੈ।ਭਰੋਸੇਯੋਗਤਾ ਨੂੰ ਜੋ ਨੁਕਸਾਨ ਪਹੁੰਚਿਆ ਹੈ, ਉਸ ਦੀ ਪੂਰਤੀ ਜਲਦੀ ਸੰਭਵ ਨਹੀਂ।

ਅਮਰੀਕਾ, ਇੰਗਲੈਂਡ, ਰੂਸ ਅਤੇ ਚੀਨ ਦਾ ਮੀਡੀਆ ਭਾਰਤ-ਪਾਕਿ ਟਕਰਾਅ ਨੂੰ ਆਪਣੇ-ਆਪਣੇ ਢੰਗ ਨਾਲ, ਆਪਣੇ-ਆਪਣੇ ਨਜ਼ਰੀਏ ਤੋਂ ਕਵਰ ਕਰ ਰਿਹਾ ਹੈ।

ਕੁਝ ਮੁਲਕ ਟਕਰਾਅ ਘਟਾਉਣ ਲਈ ਅੱਗੇ ਆ ਰਹੇ ਹਨ, ਉਨ੍ਹਾਂ ਦਾ ਸੁਆਗਤ ਕੀਤਾ ਜਾਣਾ ਚਾਹੀਦਾ ਹੈ। ਹੋਰ ਮੁਲਕਾਂ ਨੂੰ ਵੀ ਆਪੋ-ਆਪਣਾ ਪ੍ਰਭਾਵ ਵਰਤ ਕੇ ਦੋਹਾਂ ਮੁਲਕਾਂ ਦਰਮਿਆਨ ਪੈਦਾ ਹੋਏ ਟਕਰਾਅ ਨੂੰ ਘਟਾ ਕੇ ਗੱਲਬਾਤ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ। ਜੰਗ ਕਿਸੇ ਮਸਲੇ ਦਾ ਹੱਲ ਨਹੀਂ। ਜੰਗ ਤਾਂ ਆਪਣੇ-ਆਪ ਵਿਚ ਮਸਲਾ ਹੈ। ਜੰਗ ਦੇ ਦੁਰਪ੍ਰਭਾਵਾਂ ਦਾ ਅਨੁਮਾਨ ਲਗਾਉਣਾ ਮੁਸ਼ਕਲ ਹੈ, ਕਿਉਂਕਿ ਇਹ ਬਹੁਤ ਵਿਆਪਕ ਹੁੰਦੇ ਹਨ।ਸਰੀਰਕ, ਮਾਨਸਿਕ, ਸਮਾਜਿਕ, ਆਰਥਿਕ, ਰਾਜਨੀਤਕ ਅਤੇ ਵਾਤਾਵਰਨ ਖੇਤਰਾਂ ਵਿਚ ਬੜੀ ਸ਼ਿੱਦਤ ਨਾਲ ਮਹਿਸੂਸ ਕੀਤੇ ਜਾਂਦੇ ਹਨ।

ਅਜੋਕੇ ਸਮਿਆਂ ਵਿਚ ਸ਼ਾਂਤੀ ਦਾ ਬੇਹੱਦ ਮਹੱਤਵ ਹੈ । ਸਮਾਜਿਕ ਵਿਕਾਸ ਅਤੇ ਸਥਿਰਤਾ ਸ਼ਾਂਤ ਸਮਿਆਂ ਵਿਚ ਹੀ ਸੰਭਵ ਹੈ। ਸ਼ਾਂਤ ਸਮਿਆਂ ਵਿਚ ਹੀ ਬਿਹਤਰ ਦੁਨੀਆ ਦਾ ਸੁਪਨਾ ਪੂਰਾ ਹੋ ਸਕਦਾ ਹੈ ।

# ਮਾਮਲਾ ਕਾਲੇ ਧੰਦਿਆਂ ਦਾ

ਮਾਸਟਰ ਲਖਵਿੰਦਰ ਸਿੰਘ

ਜੀਵਿਕਾ ਲਈ ਮਨੁੱਖ ਨੂੰ ਕਿਸੇ ਨਾ ਕਿਸੇ ਰੂਪ ਵਿੱਚ ਕਿਰਤ/ਕੰਮਕਾਰ ਨਾਲ ਜੁੜਨਾ ਹੀ ਪੈਂਦਾ ਹੈ। ਇਹ ਸਰੀਰਕ ਕਿਰਤ ਵੀ ਤੇ ਮਾਨਸਿਕ ਵੀ ਹੋ ਸਕਦੀ ਹੈ। ਸਾਰਥਿਕ ਕਿਰਤ ਦੀ ਆਮਦਨ ਨਾਲ ਹੀ ਜਿਥੇ ਆਪਣਾ ਨਿੱਜੀ ਪਾਲਣ-ਪੋਸਣ ਹੁੰਦਾ ਹੈ, ਉਥੇ ਇਸ ਨਾਲ ਘਰ-ਪਰਵਾਰ ਵੀ ਚਲਦਾ ਹੈ ਤੇ ਸਮਾਜ/ਦੇਸ਼ ਦੀ ਆਰਥਿਕਤਾ ਵਿੱਚ ਹਿੱਸੇਦਾਰੀ ਵੀ ਪੈਂਦੀ ਜਾਂਦੀ ਹੈ। ਅਜਿਹੀ ਕਿਰਤ ਕਮਾਈ ਨੂੰ ਸੱਚੀ-ਸੁੱਚੀ ਹੱਕ ਦੀ ਕਮਾਈ ਮੰਨਿਆ ਜਾਂਦਾ ਹੈ। ਕਰੀਬ ਹਰ ਸਮਾਜ ਤੇ ਧਰਮ ਇਸ ਨੇਕ ਕਮਾਈ ਦੀ ਪ੍ਰੋੜਤਾ ਕਰਦਾ ਆ ਰਿਹਾ ਹੈ। ਕਿਰਤ ਕਮਾਈ ਨੂੰ ਸਿਰਫ ਨਿੱਜ ਮੁਫਾਦ ਲਈ ਉਹ ਵੀ ਹੱਦੋਂ ਵੱਧ ਫਾਇਦੇ ਦੀ ਕਮਾਈ ਧਨ-ਦੌਲਤ ਨਾਲ ਭੰਡਾਰ ਭਰਨ, ਚੱਲ ਤੇ ਅੱਚਲ ਬੇਹਤਾਸ਼ਾ ਨਜਾਇਜ਼ ਜਾਇਦਾਦ ਬਣਾਉਣ ਦੀ ਅੰਨ੍ਹੀ ਲਾਲਸਾ ਦੀ ਪੂਰਤੀ ਲਈ ਅਜਿਹੇ ਅਨੈਤਿਕਤਾ ਭਰੇ ਘਿਨਾਉਣੇ ਕਰਮ ਸਹੇੜ ਲੈਣੇ, ਜਿਨ੍ਹਾਂ ਨਾਲ ਖੁਦ ਦੀ ਕਿਰਦਾਰਕੁਸ਼ੀ ਹੋਣੀ ਅਤੇ ਸਮਾਜ/ਦੇਸ਼ ਦਾ ਵੀ ਭਾਰੀ ਨੁਕਸਾਨ ਹੋਣਾ ਤਹਿ ਹੋਵੇ ਤਾਂ ਅਜਿਹੇ ਨਾਕਾਰਤਮਿਕ ਕੁਕਰਮਾਂ ਨੂੰ ਹੀ ਕਾਲਾ ਧੰਦਾ ਜਾਂ ਕਾਲਾ ਕਾਰਨਾਮਾ ਆਖਿਆ ਜਾਂਦਾ ਹੈ। ਫੋਕੀ ਟੌਹਰ ਬਣਾਉਣ, ਧੌਂਸ ਜਮਾਉਣ ਤੇ ਫੁਕਰੇਬਾਜ਼ੀ ਭਰੇ ਐਸ਼ਪ੍ਰਸਤੀ ਸਾਧਨਾਂ ਨੂੰ ਮੁੱਠੀ ਵਿੱਚ ਕਰਨ ਲਈ ਕੀਤੇ ਜਾਂਦੇ ਕਾਲੇ ਧੰਦਿਆਂ ਦੀ ਬਦ ਕਮਾਈ, ਨੂੰ 'ਪਾਪ/ ਹਰਾਮ' ਦੀ ਕਮਾਈ ਜੋ ਨੈਤਿਕਤਾ ਲਈ ਕਦੇ ਵੀ ਮਾਫਕ ਨਹੀਂ ਹੁੰਦੀ, ਭਾਵੇਂ ਕਿ ਗੁਰੂ ਉਪਦੇਸ਼ ਵੀ ਹੈ:

*'ਪਾਪਾ ਬਾਝਹੁ ਹੋਵੈ ਨਾਹੀ ਮੁਇਆ ਸਾਥਿ ਨ ਜਾਈ ॥'*

ਫਿਰ ਵੀ ਬੁੱਧ ਭ੍ਰਿਸ਼ਟ ਮਨੁੱਖ ਅਜਿਹੇ ਕਾਲੇ ਧੰਦਿਆਂ ਦੇ ਚਿੱਕੜ ਵਿੱਚ ਉਲਝ ਕੇ ਰਹਿ ਜਾਂਦੇ ਹਨ। ਕੋਈ ਵੀ ਸਮਾਜ ਤੇ ਧਰਮ ਪਾਪਾਂ ਭਰੀ ਅਜਿਹੀ ਬਦ ਕਮਾਈ ਦੀ ਪ੍ਰੋੜਤਾ ਨਹੀਂ ਕਰਦਾ । ਫਿਰ ਵੀ ਅਜਿਹੇ ਕਾਲੇ ਕਾਰਨਾਮੇ ਚਰਮ ਸੀਮਾ 'ਤੇ ਵਾਪਰ ਰਹੇ ਹਨ। ਰਾਤੋ-ਰਾਤ ਅਮੀਰ ਹੋਣ ਦੀ ਅੰਨ੍ਹੀ ਹਵਸ ਅਤੇ ਅਮੀਰ ਬਣ ਕੇ ਜੀਵਨ ਦੀ ਹਰ ਤਰ੍ਹਾਂ ਦੇ ਐਸ਼ੋ ਇਸ਼ਰਤ ਆਪਣੇ ਹੱਥਾਂ ਵਿੱਚ ਕਰਨ ਦੀਆਂ ਬਥੇਰੀਆਂ ਲਾਲਸਾਵਾਂ ਭਰੀਆਂ ਚਲਾਕੀਆਂ ਹੀ ਇਨ੍ਹਾਂ ਕਾਲੇ ਧੰਦਿਆਂ ਨੂੰ ਹਵਾ ਦੇਣ ਵਿੱਚ ਮੋਹਰੀ ਭੂਮਿਕਾ ਨਿਭਾ ਰਹੀਆਂ ਹਨ। ਨਸ਼ਾ ਤਸਕਰੀ, ਬੇਈਮਾਨੀ, ਠੱਗੀ-ਠੋਰੀ, ਧੋਖਾਧੜੀ,ਰਿਸ਼ਵਤਖੋਰੀ, ਜਮ੍ਹਾਂਖੋਰੀ, ਮਿਲਾਵਟਖੋਰੀ, ਭ੍ਰਿਸ਼ਟਾਚਾਰੀ, ਧਰਮ ਦੀ ਆੜ ਵਿੱਚ ਪਾਖੰਡਬਾਜ਼ੀ ਨਾਲ ਲੋਟੂ ਤਿਕੜਮਬਾਜ਼ੀਆਂ/ਮਾਨਸਿਕ ਸ਼ੋਸ਼ਣਬਾਜ਼ੀਆਂ, ਵੱਖ-ਵੱਖ ਤਰ੍ਹਾਂ ਦੇ ਮਾਫੀਆ/ ਗੈਂਗਸਟਰ ਗਿਰੋਹ, ਗੁੰਡਾਗਰਦੀ , ਝੂਠੇ ਤੇ ਅਣਹੋਣੇ ਲਾਰੇ-ਲੱਪੇ ਲਾ ਕੇ ਵੋਟਾਂ ਬਟੋਰੂ ਸਿਆਸਤ ਅਤੇ ਵਿਦੇਸ਼ਾਂ ਦੇ ਸਬਜ਼ ਬਾਗ ਵਿਖਾ ਕੇ ਗਲਤ ਰਾਹਾਂ 'ਤੇ ਤੋਰਨ ਵਾਲੇ ਮਨੁੱਖੀ ਤਸਕਰ (ਏਜੰਟ) ਆਦਿ ਸਭ ਕਾਲੇ ਧੰਦੇ ਦੇ ਘੇਰੇ ਵਿੱਚ ਹੀ ਆਉਂਦੇ ਹਨ। ਨਸ਼ਿਆਂ ਦਾ ਘੜੀ, ਪਲ ਦਾ ਇਹ ਫੁਕਰਾ ਸਰੂਰ ਹੀ ਜਦ ਮਨੁੱਖ ਦੇ ਸਰੀਰ ਤੇ ਮਾਨਸਿਕਤਾ 'ਤੇ ਕਾਬੂ ਪਾ ਲੈਂਦਾ ਤਾਂ ਫਿਰ ਉਹ ਮਨੁੱਖ ਨਸ਼ਿਆਂ ਦਾ ਗੁਲਾਮ ਹੋ ਕੇ ਰਹਿ ਜਾਂਦਾ ਹੈ ਤੇ ਉਸ ਲਈ ਨਸ਼ਿਆਂ ਦੀ ਦਲਦਲ ਤੋਂ ਖਹਿੜਾ ਛੁਡਾਉਣਾ ਬਹੁਤ ਔਖਾ ਹੋ ਜਾਂਦਾ ਹੈ। ਉਸ ਨੂੰ ਰੋਟੀ ਮਿਲੇ ਜਾਂ ਨਾ ਪਰ ਨਸ਼ਾ ਜਰੂਰ ਮਿਲਣਾ ਚਾਹੀਦਾ ਹੈ। ਨਸ਼ੇ ਦੇ ਆਦੀ ਨਸ਼ੇ ਪੂਰਤੀ ਲਈ ਪੈਸਾ ਜੁਟਾਉਣ ਲਈ ਕੁਝ ਵੀ ਪੁੱਠਾ-ਸਿੱਧਾ ਕਰਨ ਲਈ ਤਿਆਰ ਹੋ ਜਾਂਦੇ ਹਨ। ਘਰ, ਬਾਹਰ ਤੱਕ ਵਿਕ ਜਾਂਦਾ ਹੈ। ਚੋਰੀ-ਚਕਾਰੀ ਤੇ ਲੁੱਟ-ਖੋਹ ਕਰਨ ਦੇ ਵਰਤਾਰੇ ਵਰਤਣ ਲੱਗ ਪੈਂਦੇ ਹਨ। ਨਸ਼ਈਆਂ ਦੀ ਨਸ਼ੇ ਦੀ ਤੋਟ ਹੀ ਨਸ਼ਿਆਂ ਦੇ ਸੌਦਾਗਰਾਂ ਦੀ ਚਾਂਦੀ ਬਣਨ ਦਾ ਸਬੱਬ ਬਣਦੀ ਹੈ। 'ਕੌਣ ਕਹੇ ਰਾਣੀਏ ਅੱਗਾ ਢੱਕ' ਅਨੁਸਾਰ ਰਸੂਖਦਾਰ ਨਸ਼ਾ ਤਸਕਰਾਂ ਵੱਲ ਝਾਕਣ ਦੀ ਜੁਰਅੱਤ ਨਾ ਹੋਣ ਕਰਕੇ ਛੋਟੇ ਮੋਟੇ ਡੱਡ ਮੱਛ (ਨਸ਼ਾ-ਤਸਕਰ) 'ਤੇ ਕਾਨੂੰਨੀ ਕਾਰਵਾਈ ਕਰਨ ਤੱਕ ਹੀ ਸੀਮਤ ਰਿਹਾ ਜਾਂਦਾ ਹੈ ਤੇ ਵੱਡੇ ਵੱਡੇ ਮਗਰਮੱਛ (ਰਸੂਖਦਾਰ ਤਸਕਰ) ਆਪਣੇ ਕਾਲੇ ਧੰਦਿਆਂ ਨੂੰ ਬੜੀ ਆਰਾਮ ਨਾਲ ਅੰਜ਼ਾਮ ਦੇਈ ਜਾਂਦੇ ਹਨ। ਕੌਣ ਜਾਣੇ ਪੀੜ ਪਰਾਈ। ਲੋਕਾਂ ਦੇ ਘਰਾਂ ਵਿੱਚ ਅਣਆਈਆਂ ਮੌਤਾਂ ਦੇ ਸੱਥਰ ਵਿਛਦੇ ਤਾਂ ਵਿਛਦੇ ਰਹਿਣ, ਦੀ ਸੋਚ ਪਾਲੀ ਬੈਠੇ ਅਜਿਹੇ ਢੀਠ ਸੁਥਰੇ (ਤਸਕਰ) ਘੋਲ ਪਤਾਸੇ ਪੀ ਰਹੇ ਹਨ। ਕਾਲੇ ਧੰਦਿਆਂ ਨਾਲ ਜੁੜੇ ਤੰਤਰ ਦਾ ਬਹੁਤਾ ਹਿੱਸਾ ਏਨਾ ਸ਼ਾਤਰ ਦਿਮਾਗ ਹੁੰਦਾ ਹੈ ਕਿ ਉਸ ਨੂੰ ਇਹ ਵੀ ਪਤਾ ਹੁੰਦਾ ਹੈ ਕਿ 'ਸੌ ਦਿਨ ਚੋਰ ਦਾ ਇੱਕ ਦਿਨ ਸਾਧ ਦਾ' ਭਾਵ ਕਦੇ ਨਾ ਕਦੇ ਉਹ ਤੇ ਉਨ੍ਹਾਂ ਦੇ ਕਾਲੇ ਧੰਦੇ ਕਾਬੂ ਆ ਹੀ ਸਕਦੇ ਹਨ। ਇਸ ਕਰਕੇ ਕਾਲੀ ਕਮਾਈ ਨੂੰ ਖੁਰਦ-ਬੁਰਦ ਕਰਦੇ ਹੋਏ ਐਸੀਆਂ ਬੁਗਨੀਆਂ (ਤਿਜੌਰੀਆਂ) ਵਿੱਚ ਬੰਦ ਕਰ ਦਿੰਦੇ ਹਨ ਕਿ ਕਾਨੂੰਨੀ ਡੰਡੇ ਕੀ ? ਹਥੌੜੇ ਵੀ ਮਾਰੇ ਜਾਣ ਤਾਂ ਵੀ ਪਾਪਾਂ ਭਾਂਡਾ ਛੇਤੀ ਕੀਤਿਆਂ ਨਹੀਂ ਫੁੱਟਦਾ। ਨਿੱਤ ਨਵਾਂ ਚੰਨ ਚਾੜ੍ਹਦੇ ਕਾਲੇ ਧੰਦਿਆਂ ਦੇ ਮਾਮਲੇ ਧੜਾ-ਧੜਾ ਉਜਾਗਰ ਹੋ ਰਹੇ ਹਨ, ਜੋ ਦੋ-ਚਾਰ ਦਿਨ ਖਬਰਾਂ ਦੀਆਂ ਮੁੱਖ ਸੁਰਖੀਆਂ ਬਣਦੇ ਹਨ ਤੇ ਫਿਰ ਛੂੰਮਤਰ ਹੋ ਜਾਂਦੇ ਹਨ। ਜਦ ਕਿਤੇ ਰੱਬ-ਸਬੱਬੀਂ ਕਾਲੇ ਧੰਦੇ ਨਾਲ ਜੁੜੀ ਕੋਈ ਮਾੜੀ-ਮੋਟੀ ਡੱਡੀ-ਮੱਛੀ ਕਾਨੂੰਨ ਦੇ ਢਾਹੇ ਚੜ੍ਹਦੀ ਵੀ ਹੈ ਤਾਂ ਉਸ ਦੀ ਪੁਸ਼ਤ-ਪਨਾਹੀ ਕਰਨ ਵਾਲੇ ਰਸੂਖਦਾਰ ਆਕਾਵਾਂ ਦੀ ਘੁਰਕੀ ਜਾਂਚ-ਪੜਤਾਲ ਨੂੰ ਅੰਦਰੋਂ ਅੰਦਰੀ ਨੱਪ ਲੈਂਦੀ ਹੈ। ਜੇ ਕਿਤੇ ਫਿਰ ਵੀ ਕੁਝ ਕੇਸ ਅਦਾਲਤਾਂ ਵਿੱਚ ਪਹੁੰਚਦੇ ਵੀ ਹਨ ਤਾਂ ਉਨ੍ਹਾਂ ਵਿੱਚੋਂ ਬਹੁਤੇ ਕੇਸ ਬਦਨੀਤੀ ਤਹਿਤ ਕੇਸ ਦਾ ਕੱਚਾ ਪਿੱਲਾ ਪੱਖ ਹੀ ਅਦਾਲਤ ਸਾਹਮਣੇ ਰੱਖਿਆ ਜਾਂਦਾ ਹੈ । ਪੁਖਤਾ ਸਬੂਤਾਂ ਦੀ ਘਾਟ ਕਰਕੇ ਦੋਸ਼ੀ ਮਾੜੀ ਮੋਟੀ ਸਜ਼ਾ ਭੁਗਤਦਿਆਂ ਛੇਤੀ ਹੀ ਬਰੀ ਹੋ ਕੇ ਫਿਰ ਆਪਣੇ ਕਾਲੇ ਧੰਦਿਆਂ ਨੂੰ ਹੋਰ ਵੀ ਵੱਡੇ ਪੱਧਰ 'ਤੇ ਕਰਨਾ ਸ਼ੁਰੂ ਕਰ ਦਿੰਦੇ ਹਨ ਤੇ ਕਾਨੂੰਨ ਬੇਵੱਸੀ ਦੇ ਅੱਥਰੂ ਵਹਾਉਂਦਾ ਹੋਇਆ ਹੱਥ ਮਲਦਾ ਰਹਿ ਜਾਂਦਾ ਹੈ। ਇਮਾਨਦਾਰ ਕਾਨੂੰਨ ਦੇ ਰਾਖਿਆਂ ਜਿਨ੍ਹਾਂ ਨੇ ਬੜੀ ਸਖਤ ਘਾਲਣਾ ਨਾਲ ਕਾਲੇ ਧੰਦੇ ਕਰਨ ਵਾਲਿਆਂ ਨੂੰ ਦੋ ਬਚਿਆਂ ਹੁੰਦਾ ਹੈ , ਉਨ੍ਹਾਂ ਦੇ ਪੱਲੇ ਵੀ ਨਿਰਾਸ਼ਾ ਹੀ ਪੈਂਦੀ ਹੈ। ਇਥੇ ਜ਼ਰੂਰੀ ਆ ਕਿ ਦੋਸ਼ੀਆਂ ਨੂੰ ਛਤਰ ਛਾਇਆ ਦੇਣ ਵਾਲਿਆਂ, ਜਿਨ੍ਹਾਂ ਨਾਵਾਂ 'ਤੇ ਇਹ ਘਰ-ਬਾਹਰ ਹੁੰਦੇ ਹਨ, ਉਨ੍ਹਾਂ ਅਖੌਤੀ ਮਾਲਕਾਂ ਦੀ ਆਮਦਨ ਤੇ ਜਾਇਦਾਦ, ਬੈਂਕ ਖਾਤੇ ਖੰਗਾਲੇ ਜਾਣੇ ਚਾਹੀਦੇ ਹਨ ।ਉਨ੍ਹਾਂ ਦੇ ਆਮਦਨ ਸਰੋਤਾਂ ਦੀ ਜਾਂਚ-ਪੜਤਾਲ ਕੀਤੀ ਜਾਵੇ ਕਿ ਚਮਕਦੀ-ਦਮਕਦੀ ਬਣੀਆਂ ਉਕਤ ਸਭ ਵਸਤਾਂ ਖਰੀਦਣਾ ਜਾਂ ਬਣਾਉਣਾ ਉਨ੍ਹਾਂ ਦੀ ਔਕਾਤ ਵੀ ਹੈ ਜਾਂ ਫਿਰ ਕਾਲੇ ਧੰਦਿਆਂ ਵਿੱਚ ਨਾਮਜ਼ਦ ਦੋਸ਼ੀਆਂ ਦੀ ਕਾਲੀ ਕਮਾਈ (ਦੋ ਨੰਬਰੀ ਕਮਾਈ) ਦੀ ਹੀ ਇਹ ਸਭ ਅਖੌਤੀ ਬਰਕਤ ਆ ? ਉਨ੍ਹਾਂ ਦੀ ਨਾਜਾਇਜ਼ ਜਾਇਦਾਦਾਂ ਅਖੌਤੀ ਫਰਜ਼ੀ ਮਾਲਕਾਂ ਨੂੰ ਵੀ ਕਾਨੂੰਨ ਦੇ ਕਟਹਿਰੇ ਵਿੱਚ ਖੜਾ ਕਰ ਕੇ ਪੁੱਛ ਪੜਤਾਲ ਕਰਨੀ ਵੀ ਜ਼ਰੂਰੀ ਬਣ ਜਾਂਦੀ ਹੈ। ਇਨ੍ਹਾਂ ਜਾਂਚ-ਪੜਤਾਲਾਂ ਨਾਲ ਹੀ ਬੜਾ ਕੁਝ ਬਾਹਰ ਆਵੇਗਾ। ਨਹੀਂ ਤਾਂ ਬੇਈਮਾਨੀ ਦੀ ਖੀਰ ਢੱਕੀ-ਢਕਾਈ ਰਿੱਝਦੀ ਹੀ ਰਹੇਗੀ। ਅੱਜ ਦੇ ਡਿਜੀਟਲ ਯੁੱਗ ਵਿੱਚ ਅਪਰਾਧਕ ਗਤੀਵਿਧੀਆਂ ਆਮ ਹੀ ਕੈਮਰੇ/ਵੀਡੀਓ ਵਿੱਚ ਕੈਦ ਹੋ ਹੀ ਜਾਂਦੀਆਂ ਹਨ। ਜੇਕਰ ਆਰਟੀਫੀਸ਼ੀਅਲ ਇੰਟੈਲੀਜੈਂਸੀ ਦੀ ਛੇੜਛਾੜ ਤੋਂ ਮੁਕਤ ਵੀਡੀਓ ਰਿਕਾਰਡਿੰਗ ਨੂੰ ਚਸ਼ਮਦੀਦ ਗਵਾਹ ਮੰਨਣ ਦੀ ਵਿਵਸਥਾ ਕਰ ਲਈ ਜਾਵੇ ਤਾਂ ਕਾਨੂੰਨ ਨੂੰ ਛੇਤੀ ਇਨਸਾਫ ਕਰਨ ਵਿੱਚ ਕਾਫੀ ਮਦਦ ਮਿਲ ਸਕਦੀ ਹੈ ਤੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਵੀ ਮਿਲ ਸਕਦੀਆਂ ਹਨ। ਇਹ ਸਖਤ ਸਜ਼ਾਵਾਂ ਹੋਰ ਅਪਰਾਧੀਆਂ ਨੂੰ ਖਬਰਦਾਰ ਕਰਦਿਆਂ ਅਪਰਾਧ ਛੱਡਣ ਲਈ ਮਜਬੂਰ ਕਰ ਸਕਦੀਆਂ ਹਨ ।ਅਪਰਾਧ ਘਟਣ /ਖਤਮ ਹੋਣ ਨਾਲ ਹੀ ਅਮਨ-ਸ਼ਾਂਤੀ ਦੀ ਵਿਵਸਥਾ ਬਣ ਸਕਦੀ ਹੈ। ਅਮਨ ਸਾਂਤੀ ਵਾਲੀ ਇਹ ਵਿਵਸਥਾ ਹੀ ਸਮਾਜ/ਦੇਸ਼ ਦੇ ਵਿਕਾਸ ਲਈ ਇੱਕ ਮੀਲ ਪੱਥਰ ਸਾਬਤ ਹੋਵੇਗੀ।

**# ਵਟਸਐਪ 98764-74858, ਫੋਨ: 61430204832**

# ਅਗਾਂਹਵਧੂ ਸਾਹਿਤ ਹੀ ਸਮਾਜ ਦਾ ਸਹੀ ਰਾਹ ਦਸੇਰਾ : ਕਰਮਵੀਰ ਬੱਧਨੀ, ਧਰਮੂਵਾਲਾ

## ਮੈਗਜ਼ੀਨ 'ਭਵਿੱਖ' ਦਾ ਮਾਰਚ-ਅਪ੍ਰੈਲ ਅੰਕ ਜਾਰੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਪਦਾਰਥਵਾਦੀ ਵਿਚਾਰ ਮੰਚ ਦੇ ਮਹੀਨਾਵਾਰ ਸਿਧਾਂਤਕ ਕੈਂਪ ਦੌਰਾਨ ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਪੰਜਾਬ ਵੱਲੋਂ ਆਪਣਾ ਦੋ-ਮਾਸਿਕ ਮੈਗਜ਼ੀਨ 'ਭਵਿੱਖ' ਨੌਜਵਾਨਾਂ ਤੇ ਵਿਦਿਆਰਥੀਆਂ ਦਾ ਬੁਲਾਰਾ ਦੇ ਮਾਰਚ-ਅਪ੍ਰੈਲ ਅੰਕ ਨੂੰ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਕਰਮਵੀਰ ਕੌਰ ਬੱਧਨੀ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਕੁਮਾਰ ਧਰਮੂਵਾਲਾ ਵੱਲੋਂ ਜਾਰੀ ਕੀਤਾ ਗਿਆ। ਇਸ ਮੌਕੇ ਭਵਿੱਖ ਮੈਗਜ਼ੀਨ ਦੇ ਅੰਕ ਨੂੰ ਜਾਰੀ ਕਰਦਿਆਂ ਉਕਤ ਆਗੂਆਂ ਨੇ ਕਿਹਾ ਕਿ ਭਵਿੱਖ ਮੈਗਜ਼ੀਨ ਦਾ ਇਹ ਅੰਕ ਸ਼ਹੀਦ ਭਗਤ ਸਿੰਘ ਰਾਜਗੁਰੂ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਹੈ ਤੇ ਇਸ ਰਾਹੀਂ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਲਗਾਤਾਰ ਸਿਧਾਂਤਕ ਤੌਰ 'ਤੇ ਚਤਨ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਇਸ ਮੈਗਜ਼ੀਨ ਰਾਹੀਂ ਬਨੇਗਾ ਪ੍ਰਾਪਤੀ ਮੁਹਿੰਮ ਦੀਆਂ ਮਹੀਨਾਵਾਰ ਸਰਗਰਮੀਆਂ ਦੀ ਰਿਪੋਰਟਿੰਗ ਵੀ ਕੀਤੀ ਜਾਂਦੀ ਹੈ, ਜਿਸ ਨਾਲ ਕੇਡਰ ਨੂੰ ਸਿੱਖਿਅਤ ਹੁੰਦਾ ਰਹਿੰਦਾ ਹੈ। ਆਗੂਆਂ ਨੇ ਇਹ ਵੀ ਕਿਹਾ ਕਿ ਇਨ੍ਹਾਂ ਰਸਾਲਿਆਂ ਰਾਹੀਂ ਅਗਾਂਹ-ਵਧੂ ਸਾਹਿਤ ਪਰੋਸਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ, ਕਿਉਂਕਿ ਅਗਾਂਹ-ਵਧੂ ਸਾਹਿਤ ਹੀ ਸਮਾਜ ਨੂੰ ਸਹੀ ਰਾਹ ਦਿਖਾ ਸਕਦਾ ਹੈ।

ਆਗੂਆਂ ਨੇ ਨੌਜਵਾਨਾਂ ਤੇ ਵਿਦਿਆਰਥੀਆਂ ਨੂੰ ਇਸ ਰਸਾਲੇ ਨੂੰ ਆਪ ਵੀ ਪੜ੍ਹਨਾ ਚਾਹੀਦਾ ਹੈ ਅਤੇ ਇਸ ਨੂੰ ਵੱਧ ਤੋਂ ਵੱਧ ਵੰਡਣਾ ਚਾਹੀਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੈਗਜ਼ੀਨ ਦੇ ਸੰਪਾਦਕ ਚਰਨਜੀਤ ਛਾਂਗਾ ਰਾਏ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਸਕੱਤਰ ਸੁਖਵਿੰਦਰ ਮਲੋਟ, ਗੁਰਜੀਤ ਕੌਰ ਸਰਦੂਲਗੜ੍ਹ, ਅਵਤਾਰ ਚੜਿੱਕ, ਇਕਬਾਲ ਚੜਿੱਕ, ਸਵਰਾਜ ਖੋਸਾ, ਜਸਪ੍ਰੀਤ ਕੌਰ ਬੱਧਨੀ, ਲਵਪ੍ਰੀਤ ਬੱਧਨੀ, ਬੋਹੜ ਬੁੱਟਰ, ਚਰਨਜੀਤ ਚਮੇਲੀ, ਵਿਸ਼ਾਲ ਵਲਟੋਹਾ, ਰਸਾਲ ਭਿੱਖੀਵਿੰਡ ਆਦਿ ਹਾਜ਼ਰ ਸਨ।

# ਕੱਚੇ ਮੁਲਾਜ਼ਮ ਜੰਗ ਦੀ ਸਥਿਤੀ 'ਚ ਵੀ ਫਰੰਟ ਲਾਈਨ 'ਤੇ, ਪਰ ਸਰਕਾਰ ਦੀ ਅਣਦੇਖੀ ਦੇ ਸ਼ਿਕਾਰ : ਰੇਸ਼ਮ ਸਿੰਘ ਗਿੱਲ

## ਧੱਕੇਸ਼ਾਹੀ ਕੀਤੀ ਤਾਂ ਹੜਤਾਲ ਸਮੇਤ ਹੋਣਗੇ ਤਿੱਖੇ ਸੰਘਰਸ਼ : ਢਿੱਲੋਂ, ਵਿੱਕੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਪੰਜਾਬ ਰੋਡਵੇਜ਼, ਪਨਬਸ, ਪੀਆਰਟੀਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਸੂਬਾ ਚੇਅਰਮੈਨ ਬਲਵਿੰਦਰ ਸਿੰਘ ਰਾਠ, ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ, ਸੀਨੀਅਰ ਮੀਤ ਪ੍ਰਧਾਨ ਹਰਕੇਸ਼ ਕੁਮਾਰ ਵਿੱਕੀ ਨੇ ਦੱਸਿਆ ਕਿ ਸਮੇਂ ਸਮੇਂ 'ਤੇ ਟਰਾਂਸਪੋਰਟ ਵਿਭਾਗ ਦੇ ਕੱਚੇ ਮੁਲਾਜ਼ਮਾਂ ਵੱਲੋਂ ਸੰਘਰਸ਼ ਕਰਕੇ ਆਪਣੀਆਂ ਮੰਗਾਂ ਪ੍ਰਤੀ ਸਰਕਾਰ ਨੂੰ ਦੱਸਿਆ ਜਾਂਦਾ ਹੈ, ਪਰ ਸਰਕਾਰ ਵੱਲੋਂ ਹਰ ਸਮੇਂ ਮੰਗਾਂ ਮੰਨ ਕੇ ਅਫ਼ਸਰਸ਼ਾਹੀ ਵੱਲੋਂ ਲਾਗੂ ਨਹੀਂ ਕੀਤੀਆਂ ਜਾਂਦੀਆਂ ਜਾਂ ਫਿਰ ਟਾਲਮਟੋਲ ਕਰ ਦਿੱਤਾ ਜਾਂਦਾ ਹੈ ਅਤੇ ਮੰਗਾਂ ਜਿਉਂ ਦੀਆਂ ਤਿਉਂ ਹੀ ਰਹਿੰਦੀਆਂ ਹਨ, ਪਰ ਜਦੋਂ ਵੀ ਪੰਜਾਬ ਜਾਂ ਭਾਰਤ ਉੱਪਰ ਕੋਈ ਸੰਕਟ ਦੀ ਘੜੀ ਆਉਂਦੀ ਹੈ, ਜਿਸ ਵਿੱਚ ਭਾਵੇਂ ਦੰਗੇ, ਹੜ੍ਹ, ਕੋਰੋਨਾ ਜਾਂ ਫਿਰ ਹੁਣ ਜੰਗ ਦਾ ਮਾਹੌਲ ਹੋਵੇ, ਪਨਬੱਸ ਤੇ ਪੀਆਰਟੀਸੀ ਦੇ ਕੱਚੇ ਮੁਲਾਜ਼ਮਾਂ ਨੂੰ ਫਰੰਟ ਲਾਈਨ 'ਤੇ ਵਰਤਿਆ ਜਾਂਦਾ ਹੈ ਅਤੇ ਮੁਲਾਜ਼ਮਾਂ ਵੱਲੋਂ ਵੀ ਸਹਿਯੋਗ ਕੀਤਾ ਜਾਂਦਾ ਹੈ, ਪਰ ਸਰਕਾਰ ਵੱਲੋਂ ਕੋਈ ਵੀ ਅਣਸੁਖਾਵੀਂ ਘਟਨਾ ਵਾਪਰਨ 'ਤੇ ਵੀ ਕੱਚੇ ਮੁਲਾਜ਼ਮਾਂ ਦੀ ਸਾਰ ਨਹੀਂ ਲਈ ਜਾਂਦੀ। ਸੈਕਟਰੀ ਸ਼ਮਸ਼ੇਰ ਸਿੰਘ ਢਿੱਲੋਂ, ਜੁਆਇੰਟ ਸਕੱਤਰ ਜਗਤਾਰ ਸਿੰਘ, ਕੈਸ਼ੀਅਰ ਬਲਜੀਤ ਸਿੰਘ, ਕੈਸ਼ੀਅਰ ਰਮਨਦੀਪ ਸਿੰਘ ਨੇ ਦੱਸਿਆ ਕਿ ਪਿਛਲੇ ਸਮੇਂ ਵਿੱਚ ਮੁੱਖ ਮੰਤਰੀ ਪੰਜਾਬ ਵੱਲੋਂ 1 ਜੁਲਾਈ 2024 ਨੂੰ ਮੀਟਿੰਗ ਕਰਕੇ ਫੈਸਲਾ ਕੀਤਾ ਗਿਆ ਸੀ ਕਿ ਕਮੇਟੀ ਬਣਾ ਕੇ ਇੱਕ ਮਹੀਨੇ ਵਿੱਚ ਮੰਗਾਂ ਦੇ ਹੱਲ ਲਈ ਟਰਾਂਸਪੋਰਟ ਵਿਭਾਗ ਦੀ ਵੱਖਰੀ ਪਾਲਸੀ ਬਣਾਈ ਜਾਵੇ, ਪਰ ਹੁਣ ਤੱਕ ਕੋਈ ਹੱਲ ਨਹੀਂ ਕੱਢਿਆ ਗਿਆ, ਉਲਟਾ ਠੇਕੇਦਾਰ ਵੱਲੋਂ 11-12 ਕਰੋੜ ਰੁਪਏ ਮੁਲਾਜ਼ਮਾਂ ਦੀ ਲੁੱਟ ਕੀਤੀ ਗਈ ਹੈ ਅਤੇ ਸਮੇਂ ਸਮੇਂ 'ਤੇ ਹੋਈਆਂ ਮੀਟਿੰਗਾਂ ਵਿੱਚ ਟਰਾਂਸਪੋਰਟ ਮੰਤਰੀ ਪੰਜਾਬ ਵੱਲੋਂ ਮੰਗਾਂ ਪ੍ਰਵਾਨ ਕਰਨ ਦਾ ਭਰੋਸਾ ਦਿੱਤਾ ਜਾਂਦਾ ਰਿਹਾ ਅਤੇ ਹੁਣ 9 ਅਪ੍ਰੈਲ 25 ਨੂੰ ਟਰਾਂਸਪੋਰਟ ਮੰਤਰੀ ਪੰਜਾਬ, ਐਡਵੋਕੇਟ ਜਨਰਲ ਪੰਜਾਬ ਤੇ ਵਿੱਤ ਮੰਤਰੀ ਪੰਜਾਬ ਵੱਲੋਂ ਵੀ ਕੰਟਰੈਕਟ ਮੁਲਾਜ਼ਮਾਂ ਨੂੰ ਪੱਕਾ ਕਰਨ ਤੇ ਆਊਟ ਸੋਰਸ ਮੁਲਾਜ਼ਮਾਂ ਨੂੰ ਕੰਟਰੈਕਟ 'ਤੇ ਕਰਨ, ਠੇਕੇਦਾਰ ਬਾਹਰ ਕੱਢਣ ਲਈ 15 ਦਿਨਾਂ ਵਿੱਚ ਕੈਬਨਿਟ ਵਿੱਚ ਪਾਲਸੀ ਲਿਆਉਣ ਲਈ ਕਿਹਾ ਗਿਆ ਅਤੇ ਆਊਟ ਸੋਰਸ ਭਰਤੀ ਬੰਦ ਕਰਨ ਦੇ ਆਦੇਸ਼ ਦਿੱਤੇ ਗਏ ਹਨ ਤੇ ਸਰਕਾਰੀ ਬੱਸਾਂ ਪਾਉਣ ਲਈ ਕਿਹਾ ਗਿਆ ਹੈ, ਪਰ ਠੇਕੇਦਾਰ ਵੱਲੋਂ ਬਿਨਾਂ ਐਗਰੀਮੈਂਟ ਦੇ ਕੰਮ ਚਲਾਇਆ ਜਾ ਰਿਹਾ ਹੈ। ਸੀਨੀਅਰ ਮੀਤ ਬਲਜਿੰਦਰ ਸਿੰਘ ਬਰਾੜ, ਪ੍ਰਧਾਨ ਜਗਜੀਤ ਸਿੰਘ ਲਿਬੜਾ, ਗੁਰਪ੍ਰੀਤ ਸਿੰਘ ਪੰਨੂ ਨੇ ਕਿਹਾ ਕਿ ਜੰਗ ਦੇ ਮਾਹੌਲ ਕਾਰਨ 11 ਮਈ ਦੀ ਪ੍ਰੈੱਸ ਕਾਨਫਰੰਸ ਰੱਦ ਕੀਤੀ ਗਈ, ਪਰ ਜੇਕਰ ਵਿਭਾਗ ਦੇ ਅਧਿਕਾਰੀਆਂ ਵੱਲੋਂ ਮੰਗਾਂ ਨਾ ਮੰਨੀਆਂ ਗਈਆਂ ਜਾਂ ਕੋਈ ਵੀ ਧੱਕੇਸ਼ਾਹੀ ਕੀਤੀ ਜਿਸ ਵਿੱਚ ਨਜਾਇਜ਼ ਆਊਟ ਸੋਰਸ ਭਰਤੀ ਜਾਂ ਕਿਲੋਮੀਟਰ ਸਕੀਮ ਬੱਸਾਂ ਪਾਉਣ ਦੀ ਕੋਸ਼ਿਸ਼ ਕੀਤੀ ਗਈ ਤਾਂ ਤੁਰੰਤ ਸੰਘਰਸ਼ ਕੀਤਾ ਜਾਵੇਗਾ। ਜੇਕਰ 19 ਮਈ ਤੱਕ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ 20/21/22 ਮਈ ਨੂੰ ਤਿੰਨ ਰੋਜ਼ਾ ਹੜਤਾਲ ਕੀਤੀ ਜਾਵੇਗੀ ਅਤੇ 22 ਮਈ ਨੂੰ ਮੁੱਖ ਮੰਤਰੀ ਪੰਜਾਬ ਦੀ ਰਹਾਇਸ਼ ਅੱਗੇ ਧਰਨਾ ਦਿੱਤਾ ਜਾਵੇਗਾ, ਜੇਕਰ ਫਿਰ ਵੀ ਮੰਗਾਂ ਦਾ ਹੱਲ ਨਾ ਕੱਢਿਆ ਗਿਆ ਤਾਂ ਹੜਤਾਲ ਅਣਮਿੱਥੇ ਸਮੇਂ ਦੀ ਕਰਨ ਜਾਂ ਰੂਲਾਂ ਅਨੁਸਾਰ ਸਵਾਰੀਆਂ ਬੈਠਾਉਣ ਵਰਗੇ ਸੰਘਰਸ਼ ਕਰਨ ਲਈ ਮਜਬੂਰ ਹੋਵਾਂਗੇ, ਜਿਸ ਦੀ ਨਿੱਜੀ ਜ਼ਿੰਮੇਵਾਰੀ ਵਿਭਾਗ ਦੇ ਉੱਚ ਅਧਿਕਾਰੀਆਂ ਤੇ ਸਰਕਾਰ ਦੀ ਹੋਵੇਗੀ।

# ਲਿਫਟਿੰਗ ਨਾ ਹੋਣ ਕਾਰਨ ਮੰਡੀਆਂ 'ਚ ਰੁਲ ਰਹੀ ਹੈ ਕਣਕ : ਬੱਬੀ ਦਾਨੇਵਾਲੀਆ

## ਮੁੱਖ ਮੰਤਰੀ ਤੇ ਜ਼ਿਲ੍ਹਾ ਅਧਿਕਾਰੀਆਂ ਤੋਂ ਸਬੰਧਤ ਅਫਸਰਾਂ ਖਿਲਾਫ ਮੰਗੀ ਕਾਰਵਾਈ



**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹੇ ਦੀਆਂ ਮੰਡੀਆਂ ਅੰਦਰ ਕਣਕ ਨੂੰ ਲੈ ਕੇ ਬੇਸ਼ੱਕ ਸੀਜ਼ਨ ਆਖਰੀ ਪੜਾਅ 'ਚ ਹੈ, ਪਰ ਹਾਲੇ ਤੱਕ ਵੀ ਮੰਡੀਆਂ 'ਚ ਅਨੇਕਾਂ ਥਾਵਾਂ 'ਤੇ ਲਿਫਟਿੰਗ ਨਾ ਹੋਣ ਕਾਰਨ ਕਣਕ ਰੁਲ ਰਹੀ ਹੈ।ਭਾਰਤ-ਪਾਕਿ ਦੀ ਜੰਗ ਨੂੰ ਲੈ ਕੇ ਤਣਾਅ ਦੇ ਮਾਹੌਲ 'ਚ ਪ੍ਰਵਾਸੀ ਮਜ਼ਦੂਰ ਵੀ ਆਪਣੇ ਘਰਾਂ ਨੂੰ ਰੁਖ ਕਰਨ ਲੱਗੇ ਹਨ, ਉੱਪਰੋਂ ਮੌਸਮ ਦੀ ਖਰਾਬੀ ਨੇ ਆੜ੍ਹਤੀਆਂ ਤੇ ਕਿਸਾਨਾਂ ਨੂੰ ਵਕਤ ਪਾਇਆ ਹੋਇਆ ਹੈ।ਆੜ੍ਹਤੀਆਂ ਦਾ ਕਹਿਣਾ ਹੈ ਕਿ ਡਿਪਟੀ ਕਮਿਸ਼ਨਰ ਮਾਨਸਾ ਨੇ ਸ਼ੁਰੂ ਵਿੱਚ ਮੀਟਿੰਗਾਂ ਕਰਕੇ ਮੰਡੀਆਂ ਅੰਦਰ ਕਣਕ ਦੀ ਆਮਦ ਨੂੰ ਲੈ ਕੇ ਚੰਗੇ ਪ੍ਰਬੰਧ ਕੀਤੇ ਤੇ ਲਿਫਟਿੰਗ ਤੋਂ ਇਲਾਵਾ ਕਣਕ ਨੂੰ ਲੈ ਕੇ ਕੋਈ ਮੁਸ਼ਕਲ ਨਹੀਂ ਆਈ, ਪਰ ਸੀਜ਼ਨ ਦੇ ਆਖਰੀ ਪੜਾਅ ਵਿੱਚ ਹਾਲੇ ਵੀ ਕਣਕ ਮੰਡੀਆਂ ਵਿੱਚ ਪਈ ਰੁਲ ਰਹੀ ਹੈ।ਆੜ੍ਹਤੀਆਂ ਦਾ ਕਹਿਣਾ ਹੈ ਕਿ ਮੌਸਮ ਦੀ ਖਰਾਬੀ ਕਾਰਨ ਕਣਕ ਦੇ ਝਾੜ ਤੇ ਹੋਰ ਮੁਸ਼ਕਲਾਂ ਆ ਸਕਦੀਆਂ ਹਨ।ਸਰਕਾਰ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀ ਕਟੌਤੀ ਨਾ ਪਾਵੇ ਅਤੇ ਨਾ ਹੀ ਉਹ ਕਿਸੇ ਤਰ੍ਹਾਂ ਦੀ ਕਟੌਤੀ ਆਦਿ ਦਾ ਭੁਗਤਾਨ ਹੀ ਕਰਨਗੇ।

ਆੜ੍ਹਤੀਆ ਐਸੋਸੀਏਸ਼ਨ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਮੁਨੀਸ਼ ਬੱਬੀ ਦਾਨੇਵਾਲੀਆ ਨੇ ਕਿਹਾ ਕਿ ਬਿਨ੍ਹਾਂ ਸ਼ੱਕ ਜ਼ਿਲ੍ਹਾ ਪ੍ਰਸ਼ਾਸਨ ਨੇ ਮੰਡੀਆਂ ਵਿੱਚ ਕਣਕ ਦੀ ਆਮਦ ਨੂੰ ਲੈ ਕੇ ਸੁਚੱਜੇ ਪ੍ਰਬੰਧ ਕੀਤੇ ਸਨ। ਉਨ੍ਹਾ ਕਿਹਾ ਕਿ ਮੰਡੀਆਂ ਵਿੱਚ ਹੁਣ ਤੱਕ ਕਣਕ ਲਿਫਟਿੰਗ ਵਾਂਝੋਂ ਪਈ ਹੈ।ਜੰਗ ਨੂੰ ਲੈ ਕੇ ਤਣਾਅ ਭਰੇ ਮਾਹੌਲ ਵਿੱਚ ਪ੍ਰਵਾਸੀ ਮਜ਼ਦੂਰ ਆਪਣੇ ਘਰਾਂ ਨੂੰ ਰੁੱਖ ਕਰ ਗਏ।ਲੇਬਰ ਦੀ ਮੁਸ਼ਕਲ ਖੜ੍ਹੀ ਹੋ ਗਈ ਹੈ, ਜਿਸ ਕਰਕੇ ਜ਼ਿਲ੍ਹੇ ਭਰ ਵਿੱਚੋਂ ਆੜ੍ਹਤੀਆਂ ਦੀਆਂ ਉਨ੍ਹਾਂ ਕੋਲ ਲਗਾਤਾਰ ਸ਼ਿਕਾਇਤਾਂ ਆ ਰਹੀਆਂ ਹਨ। ਲਿਫਟਿੰਗ ਨਾ ਹੋਣ ਕਰਕੇ ਆੜ੍ਹਤੀਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਪ੍ਰੰਤੂ ਅਧਿਕਾਰੀ ਕੋਈ ਪ੍ਰਵਾਹ ਨਹੀਂ ਕਰ ਰਹੇ।ਉਨ੍ਹਾਂ ਕਿਹਾ ਕਿ ਹਰ ਦਿਨ ਮੌਸਮ ਖਰਾਬ ਹੋਣ ਕਾਰਨ ਕਣਕ ਨੂੰ ਰੱਖਣਾ ਔਖਾ ਹੈ ਅਤੇ ਜੇਕਰ ਇਸ ਤਰ੍ਹਾਂ ਹੀ ਚੱਲਦਾ ਰਿਹਾ ਤਾਂ ਸਰਕਾਰ ਉਨ੍ਹਾਂ ਦੇ ਗਲ ਕਟੌਤੀ ਪਾਵੇਗੀ।ਉਨ੍ਹਾਂ ਇਸ ਲਾਪ੍ਰਵਾਹੀ ਦਾ ਖਰੀਦ ਏਜੰਸੀਆਂ ਤੇ ਸਰਕਾਰ 'ਤੇ ਦੋਸ਼ ਲਗਾਏ।ਉਨ੍ਹਾਂ ਇਸ ਲਈ ਅਧਿਕਾਰੀਆਂ 'ਤੇ ਫੌਰੀ ਕਾਰਵਾਈ ਦੀ ਮੰਗ ਵੀ ਕੀਤੀ।ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਡਿਪਟੀ ਕਮਿਸ਼ਨਰ ਮਾਨਸਾ ਕੁਲਵੰਤ ਸਿੰਘ ਆਈ ਏ ਐੱਸ ਤੇ ਸਬੰਧਤ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਮਾਨਸਾ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਲਿਫਟਿੰਗ ਦੀ ਤੁਰੰਤ ਰਿਪੋਰਟ ਲਈ ਜਾਵੇ ਤਾਂ ਕਿ ਪਤਾ ਲੱਗ ਸਕੇ ਕਿ ਇਸ ਲਈ ਕੌਣ ਜ਼ਿੰਮੇਵਾਰ ਹੈ?

## ਕਾਤਰਾਂ

### ਸਿਰਸਾ 'ਚ ਬਣਾਏ ਦੋ ਕੰਟਰੋਲ ਰੂਮ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਸਿਰਸਾ ਦੇ ਏਅਰ ਫੋਰਸ ਸਟੇਸ਼ਨ 'ਤੇ ਹਮਲਾ ਕਰਨ ਦੀ ਕੋਸ਼ਿਸ਼ 'ਚ ਪਾਕਿਸਤਾਨ ਵੱਲੋਂ ਦਾਗੀ ਫਤਹਿ ਮਿਜ਼ਾਈਲ ਨੂੰ ਫੌਜ ਦੇ ਹਵਾਈ ਰੱਖਿਆ ਤੰਤਰ ਨੇ ਨਿਸ਼ਾਨੇ 'ਤੇ ਪਹੁੰਚਣ ਤੋਂ ਪਹਿਲਾਂ ਹੀ ਤਬਾਹ ਕਰ ਦਿੱਤਾ। ਵਿਦੇਸ਼ ਮੰਤਰਾਲੇ ਦੀ ਪ੍ਰੈੱਸ ਕਾਨਫਰੰਸ ਦੌਰਾਨ ਕਿਹਾ ਗਿਆ ਕਿ ਸਿਰਸਾ ਏਅਰਬੇਸ ਪੂਰੀ ਤਰ੍ਹਾਂ ਸੁਰੱਖਿਅਤ ਹੈ। ਸਿਰਸਾ ਵਿੱਚ ਦੋ ਕੰਟਰੋਲ ਰੂਮ ਵੀ ਬਣਾਏ ਗਏ ਹਨ। ਸਿਰਸਾ ਹਮਲੇ ਤੋਂ ਬਾਅਦ ਹਰਿਆਣਾ ਸਰਕਾਰ ਅਲਰਟ 'ਤੇ ਹੈ। ਮੁੱਖ ਮੰਤਰੀ ਨਾਇਬ ਸੈਣੀ ਚੰਡੀਗੜ੍ਹ ਵਿੱਚ ਅਧਿਕਾਰੀਆਂ ਨਾਲ ਮੁਲਾਕਾਤ ਕਰ ਰਹੇ ਹਨ ਤੇ ਪੰਜਾਬ ਦੇ ਸਰਹੱਦੀ ਇਲਾਕਿਆਂ ਲਈ ਹਰਿਆਣਾ ਬੱਸ ਸੇਵਾਵਾਂ ਰੱਦ ਕਰ ਦਿੱਤੀਆਂ ਗਈਆਂ ਹਨ। ਇਸ ਤੋਂ ਇਲਾਵਾ ਹਰਿਆਣਾ ਰਾਹੀਂ ਰਾਜਸਥਾਨ ਦੇ ਬਠਿੰਡਾ, ਲੁਧਿਆਣਾ, ਅੰਬਾਲਾ ਤੇ ਸ੍ਰੀ ਗੰਗਾਨਗਰ ਜਾਣ ਵਾਲੀਆਂ 6 ਰੇਲਗੱਡੀਆਂ ਰੱਦ ਕਰ ਦਿੱਤੀਆਂ ਗਈਆਂ ਹਨ।

### ਪਟਾਕੇ/ਆਤਿਸ਼ਬਾਜ਼ੀ ਚਲਾਉਣ 'ਤੇ ਪਾਬੰਦੀ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਵਧੀਕ ਜ਼ਿਲ੍ਹਾ ਮੈਜਿਸਟਰੇਟ ਸ੍ਰੀ ਮੁਕਤਸਰ ਸਾਹਿਬ ਗੁਰਪ੍ਰੀਤ ਸਿੰਘ ਥਿੰਦ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਹਦੂਦ ਅੰਦਰ ਹਵਾਈ ਫਾਇਰ, ਪਟਾਕੇ/ਆਤਿਸ਼ਬਾਜ਼ੀ ਚਲਾਉਣ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।ਇਹ ਹੁਕਮ 10 ਮਈ 2025 ਤੋਂ 10 ਜੂਨ 2025 ਤੱਕ ਲਾਗੂ ਰਹਿਣਗੇ।ਹੁਕਮਾਂ ਵਿੱਚ ਕਿਹਾ ਹੈ ਕਿ ਭਾਰਤ-ਪਾਕਿਸਤਾਨ ਵਿੱਚ ਬਣੇ ਤਣਾਅ ਦੀ ਸਥਿਤੀ ਨੂੰ ਵੇਖਦੇ ਹੋਏ ਪਾਕਿਸਤਾਨ ਵੱਲੋਂ ਹਵਾਈ ਫਾਇਰ/ਡਰੋਨ ਫਾਇਰ ਆਦਿ ਕੀਤੇ ਜਾ ਰਹੇ ਹਨ, ਪ੍ਰੰਤੂ ਆਮ ਜਨਤਾ ਵੱਲੋਂ ਵਿਆਹ ਸ਼ਾਦੀਆਂ ਵਿੱਚ ਜਾਂ ਹੋਰ ਖੁਸ਼ੀ ਦੇ ਮੌਕੇ 'ਤੇ ਪਟਾਕੇ/ਆਤਿਸ਼ਬਾਜ਼ੀ ਚਲਾਈ ਜਾਂਦੀ ਹੈ।ਉਕਤ ਸਥਿਤੀ ਨੂੰ ਮੁੱਖ ਰੱਖਦੇ ਹੋਏ ਪਟਕੇ/ਆਤਿਸ਼ਬਾਜ਼ੀ ਚਲਾਉਣ 'ਤੇ ਰੋਕ ਲਗਾਈ ਜਾਣੀ ਬਣਦੀ ਹੈ।

### ਵਪਾਰਕ ਅਦਾਰੇ ਸਵੇਰੇ 8 ਵਜੇ ਤੋਂ ਸ਼ਾਮ 7:30 ਵਜੇ ਤੱਕ ਖੋਲ੍ਹਣ ਦੇ ਹੁਕਮ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਵਧੀਕ ਜ਼ਿਲ੍ਹਾ ਮੈਜਿਸਟਰੇਟ ਸ੍ਰੀ ਮੁਕਤਸਰ ਸਾਹਿਬ ਗੁਰਪ੍ਰੀਤ ਸਿੰਘ ਥਿੰਦ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸਹਿਤ 2073 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਹਦੂਦ ਅੰਦਰ ਦੁਕਾਨਾਂ/ਰੇਹੜੀਆਂ/ਹੋਟਲ/ਢਾਬੇ/ਸਿਨੇਮਾਂ ਘਰ/ਸ਼ੌਪਿੰਗ ਮਾਲ/ਸ਼ਰਾਬ ਦੇ ਠੇਕੇ ਆਦਿ ਸਵੇਰੇ 8.00 ਵਜੇ ਤੋਂ ਸ਼ਾਮ 7:30 ਵਜੇ ਤੱਕ ਹੀ ਖੋਲ੍ਹਣ ਦੇ ਹੁਕਮ ਜਾਰੀ ਕੀਤੇ ਹਨ।ਇਸ ਸਮੇਂ ਤੋਂ ਬਾਅਦ ਦੁਕਾਨਾਂ/ਰੇਹੜੀਆਂ/ ਹੋਟਲ/ਢਾਬੇ/ਸਿਨੇਮਾਂ ਘਰ/ਸ਼ੌਪਿੰਗ ਮਾਲ/ਸ਼ਰਾਬ ਦੇ ਠੇਕੇ ਦੇ ਖੋਲ੍ਹਣ 'ਤੇ ਪੂਰਨ ਪਾਬੰਦੀ ਹੋਵੇਗੀ।ਇਹ ਹੁਕਮ 10 ਮਈ 2025 ਤੋਂ 10 ਜੂਨ 2025 ਤੱਕ ਲਾਗੂ ਰਹਿਣਗੇ ਤੇ ਹਸਪਤਾਲ/ਮੈਡੀਕਲ ਸਟੋਰ/ ਮੈਡੀਕਲ ਕਲੀਨਿਕ ਜਾਂ ਹੋਰ ਐਮਰਜੈਂਸੀ ਸੇਵਾਵਾਂ 'ਤੇ ਲਾਗੂ ਨਹੀਂ ਹੋਣਗੇ।

# ਟਰੱਕ ਪਲਟਣ ਕਾਰਨ ਇੱਕ ਦੀ ਮੌਤ, ਦੋ ਜ਼ਖਮੀ

**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਦਾਣਾ ਮੰਡੀ ਵਿੱਚੋਂ ਲੋਡਿੰਗ ਹੋ ਕੇ ਟਰੱਕ ਨਜ਼ਦੀਕ ਬਣੇ ਸੈਲੋਂ ਗੋਦਾਮ ਵਿੱਚ ਅਨਲੋਡਿੰਗ ਹੋਣ ਲਈ ਜਾ ਰਹੇ ਹਨ ਤੇ ਐਤਵਾਰ ਦੁਪਹਿਰ ਵੇਲੇ ਗੋਦਾਮ ਦੇ ਨਜ਼ਦੀਕ ਲਿੰਕ ਰੋਡ 'ਤੇ ਇੱਕ ਟਰੱਕ ਪਲਟ ਗਿਆ, ਜਿਸ ਦੌਰਾਨ ਇੱਕ 24 ਸਾਲ ਦੇ ਨੌਜਵਾਨ ਦੀ ਮੌਕੇ 'ਤੇ ਮੌਤ ਹੋ ਗਈ ਅਤੇ ਦੋ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਸਿਵਲ ਹਸਪਤਾਲ ਭਰਤੀ ਕਰਵਾਇਆ ਗਿਆ।

ਮੌਜੂਦਾ ਟਰੱਕ ਯੂਨੀਅਨ ਦੇ ਪ੍ਰਧਾਨ ਤੇ ਪਿੰਡ ਦਾਨੇਵਾਲਾ ਦੇ ਸਾਬਕਾ ਸਰਪੰਚ ਸੁਖਪਾਲ ਸਿੰਘ ਨੇ ਦੱਸਿਆ ਕਿ ਗੋਦਾਮ ਵਿੱਚ ਟਰੱਕ ਅਨਲੋਡਿੰਗ ਹੋਣ ਲਈ ਕਾਫੀ ਦੇਰੀ ਹੋਣ ਕਰਕੇ ਟਰੱਕਾਂ ਦੀਆਂ ਲੰਮੀਆਂ-ਲੰਮੀਆਂ ਕਤਾਰਾਂ ਲੱਗੀਆਂ ਹੋਈਆਂ ਸਨ। ਇਹ ਟਰੱਕ ਜਦੋਂ ਗੋਦਾਮ ਵੱਲ ਜਾ ਰਿਹਾ ਸੀ ਤਾਂ ਅਚਾਨਕ ਨਾਲ ਲੱਗਦੇ ਕਰੀਬ 3 ਫੁੱਟ ਡੂੰਘੇ ਖੇਤ ਵਿੱਚ ਪਲਟ ਗਿਆ, ਜਿਸ ਦੌਰਾਨ ਇੱਕ ਨੌਜਵਾਨ ਗੁਰਪ੍ਰੀਤ ਸਿੰਘ ਵਾਸੀ ਮਲੋਟ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਦੋ ਜ਼ਖਮੀ ਹੋ ਗਏ। ਉਨ੍ਹਾਂ ਮੰਗ ਕੀਤੀ ਕਿ ਟਰੱਕਾਂ ਦੀ ਅਨਲੋਡਿੰਗ ਚਾਲ ਵਧਾਈ ਜਾਵੇ ਤਾਂ ਜੋ ਨੈਸ਼ਨਲ ਹਾਈਵੇ ਉੱਪਰ ਲੱਗੀਆਂ ਲੰਮੀਆਂ-ਲੰਮੀਆਂ ਕਤਾਰਾਂ ਘੱਟ ਹੋ ਸਕਣ ਤੇ ਅੱਗੇ ਤੋਂ ਕੋਈ ਹੋਰ ਅਜਿਹਾ ਹਾਦਸਾ ਨਾ ਵਾਪਰ ਸਕੇ। ਦੂਜੇ ਪਾਸੇ ਮੌਕੇ 'ਤੇ ਪੁੱਜੇ ਥਾਣਾ ਸਿਟੀ ਮਲੋਟ ਦੇ ਥਾਣਾ ਮੁਖੀ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਸੂਚਨਾ ਮਿਲਣ 'ਤੇ ਅਸੀਂ ਘਟਨਾ ਵਾਲੀ ਥਾਂ 'ਤੇ ਪੁੱਜੇ ਹਾਂ ਅਤੇ ਇੱਥੇ ਟਰੱਕ ਪਲਟ ਜਾਣ ਕਾਰਨ ਇੱਕ ਨੌਜਵਾਨ ਦੀ ਮੌਤ ਹੋ ਗਈ ਹੈ ਅਤੇ ਦੋ ਜ਼ਖਮੀ ਹੋ ਗਏ ਹਨ। ਉਨ੍ਹਾਂ ਕਿਹਾ ਕਿ ਘਟਨਾ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਸੰਯੁਕਤ ਕਿਸਾਨ ਮੋਰਚਾ 14 ਨੂੰ ਜੰਗਬਾਜ਼ ਤਾਕਤਾਂ ਵਿਰੁੱਧ ਕਰੇਗਾ ਅਮਨ ਮਾਰਚ

- ਭਲਕੇ ਜਗਰਾਓਂ, ਸੰਗਰੂਰ ਤੇ ਬਠਿੰਡਾ ਦੇ ਜਬਰ ਵਿਰੋਧੀ ਮੁਜ਼ਾਹਰੇ ਮੁਲਤਵੀ
- ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੀ ਧੱਕੇਸ਼ਾਹੀ ਵਿਰੁੱਧ ਸਖਤ ਚੇਤਾਵਨੀ



**ਲੁਧਿਆਣਾ (ਸਿੰਗਲਾ, ਕਥੂਰੀਆ)**-ਸੰਯੁਕਤ ਕਿਸਾਨ ਮੋਰਚਾ ਪੰਜਾਬ ਨੇ ਭਾਰਤ ਪਾਕਿਸਤਾਨ ਵਿਚਕਾਰ ਹੋਈ ਜੰਗਬੰਦੀ ਨੂੰ ਦੋਵੇਂ ਦੇਸ਼ਾਂ ਦੇ ਸਰਹੱਦੀ ਸੂਬਿਆਂ ਦੇ ਲੋਕਾਂ ਲਈ ਵੱਡੀ ਰਾਹਤ ਦੀ ਖ਼ਬਰ ਦੱਸਦਿਆਂ 14 ਮਈ ਨੂੰ ਜ਼ਿਲ੍ਹਾ ਕੇਂਦਰਾਂ 'ਤੇ ਜੰਗਬਾਜ਼ ਤਾਕਤਾਂ ਵਿਰੁੱਧ ਅਮਨ ਮਾਰਚ ਕਰਨ ਦਾ ਸੱਦਾ ਦਿੱਤਾ ਹੈ।ਇਹ ਫੈਸਲਾ ਲੁਧਿਆਣਾ ਵਿਖੇ ਕਿਸਾਨ ਆਗੂਆਂ ਡਾ. ਸਤਨਾਮ ਸਿੰਘ ਅਜਨਾਲਾ, ਸੁਖਦੇਵ ਸਿੰਘ ਅਰਾਈਆਂਵਾਲਾ ਤੇ ਗੁਰਮੀਤ ਸਿੰਘ ਮਹਿਮਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਕੀਤਾ ਗਿਆ।

ਵਰਣਨਯੋਗ ਹੈ ਕਿ ਦੇਸ਼ ਤੇ ਸੂਬੇ ਵਿੱਚ ਬਣੇ ਹਾਲਤਾਂ ਦੇ ਮੱਦੇਨਜ਼ਰ ਐੱਸ ਕੇ ਐੱਮ ਪੰਜਾਬ ਨੇ 13 ਮਈ ਨੂੰ ਜਗਰਾਓਂ, ਸੰਗਰੂਰ ਤੇ ਬਠਿੰਡਾ ਵਿਖੇ ਜਬਰ ਵਿਰੁੱਧ ਕੀਤੇ ਜਾਣ ਵਾਲੇ ਇਕੱਠ ਤੇ ਮੁਜ਼ਾਹਰੇ ਦਾ ਪ੍ਰੋਗਰਾਮ ਮੁਲਤਵੀ ਕਰ ਦਿੱਤਾ ਹੈ।ਹੁਣ ਇਹ ਪ੍ਰੋਗਰਾਮ 26 ਮਈ ਨੂੰ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਭਾਰਤ-ਪਾਕਿਸਤਾਨ ਵਿਚਕਾਰ ਸਰਹੱਦਾਂ 'ਤੇ ਬਣੇ ਤਨਾਓ ਦੀਆਂ ਹਾਲਤਾਂ ਅਤੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵੱਲੋਂ ਪੰਜਾਬ ਨਾਲ ਧੱਕੇਸ਼ਾਹੀ ਕਰਕੇ ਹਰਿਆਣਾ ਨੂੰ ਵਾਧੂ ਪਾਣੀ ਛੱਡਣ ਦੀਆਂ ਕੋਸ਼ਿਸ਼ਾਂ ਬਾਰੇ ਭਰਵਾਂ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ 'ਚ ਭਾਰਤ-ਪਾਕਿਸਤਾਨ ਵਿਚਕਾਰ ਹੋਈ ਜੰਗਬੰਦੀ ਨੂੰ ਦੋਵਾਂ ਦੇਸ਼ਾਂ ਦੇ ਲੋਕਾਂ ਖਾਸ ਕਰਕੇ ਸਰਹੱਦੀ ਇਲਾਕਿਆਂ ਦੇ ਲੋਕਾਂ ਲਈ ਵੱਡੀ ਰਾਹਤ ਦੀ ਖ਼ਬਰ ਦੱਸਦਿਆਂ ਦੋਵਾਂ ਦੇਸ਼ਾਂ ਦੇ ਹੁਕਮਰਾਨਾਂ ਨੂੰ ਸਰਹੱਦਾਂ ਉੱਪਰ ਵਧੇ ਤਨਾਓ ਨੂੰ ਘਟਾਉਣ ਲਈ ਕਦਮ ਚੁੱਕਣ ਦੀ ਮੰਗ ਕੀਤੀ ਗਈ।ਜੰਗ ਨੂੰ ਦੋਵਾਂ ਦੇਸ਼ਾਂ ਦੇ ਲੋਕਾਂ ਦੇ ਹਿੱਤਾਂ ਵਿਰੁੱਧ ਦੱਸਦਿਆਂ ਸਥਾਈ ਸ਼ਾਂਤੀ ਲਈ ਸਾਰੇ ਮਸਲੇ ਗੱਲਬਾਤ ਦੇ ਜ਼ਰੀਏ ਸੁਲਝਾਉਣ ਦੇ ਹੱਕ ਵਿੱਚ ਮਤਾ ਪਾਸ ਕੀਤਾ ਗਿਆ।ਪਹਿਲਗਾਮ ਵਿੱਚ ਦਹਿਸ਼ਤਗਰਦਾਂ ਹੱਥੋਂ ਮਾਰੇ ਗਏ ਨਿਰਦੋਸ਼ ਲੋਕਾਂ ਨਾਲ ਹਮਦਰਦੀ ਜ਼ਾਹਰ ਕਰਦਿਆਂ ਇਸ ਘਟਨਾ ਦੀ ਉੱਚ ਪੱਧਰੀ ਨਿਰਪੱਖ ਜਾਂਚ ਕਰਵਾ ਕੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦੇਣ ਦੀ ਮੰਗ ਕਰਨ ਦੇ ਨਾਲ ਨਾਲ ਹਮਲਿਆਂ ਦੌਰਾਨ ਲੋਕਾਂ ਦੇ ਹੋਏ ਜਾਨ-ਮਾਲ ਦੇ ਨੁਕਸਾਨ ਦੀ ਭਰਪਾਈ ਕਰਨ ਤੇ ਜ਼ਖਮੀਆਂ ਦੇ ਮੁਫਤ ਇਲਾਜ ਦਾ ਪ੍ਰਬੰਧ ਕਰਨ ਦੀ ਮੰਗ ਵੀ ਕੀਤੀ ਗਈ।ਮੀਟਿੰਗ ਵਿੱਚ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵੱਲੋਂ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਪੰਜਾਬ ਨਾਲ ਪਾਣੀਆਂ ਦੇ ਮਾਮਲੇ ਵਿੱਚ ਕੀਤੀ ਜਾ ਰਹੀ ਧੱਕੇਸ਼ਾਹੀ ਵਿਰੁੱਧ ਕੇਂਦਰ ਸਰਕਾਰ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕੇਂਦਰ ਸਰਕਾਰ ਤੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਹਰਿਆਣਾ ਨੂੰ ਵਾਧੂ ਪਾਣੀ ਦੇਣ ਦੇ ਸਵਾਲ 'ਤੇ ਮੁੜ ਨਜ਼ਰਸਾਨੀ ਨਹੀਂ ਕਰਦਾ ਤਾਂ ਸੰਯੁਕਤ ਕਿਸਾਨ ਮੋਰਚਾ ਸੰਘਰਸ਼ ਛੇੜਨ ਤੋਂ ਗੁਰੇਜ਼ ਨਹੀਂ ਕਰੇਗਾ।

ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਦੇ ਵਿਸ਼ੇਸ਼ ਅਜਲਾਸ ਵਿੱਚ ਡੈਮ ਸੇਫਟੀ ਐਕਟ ਨੂੰ ਰੱਦ ਕਰਨ ਲਈ ਮਤਾ ਨਾ ਲਿਆਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕਰੜੀ ਆਲੋਚਨਾ ਕੀਤੀ ਗਈ।ਮੁੱਖ ਮੰਤਰੀ ਪੰਜਾਬ ਵੱਲੋਂ ਆਪਣੀ ਅਸਫਲਤਾ ਤੇ ਅਣਗਹਿਲੀ ਦਾ ਦੋਸ਼ ਹੁਣ ਕਿਸਾਨ ਲਹਿਰ ਉੱਪਰ ਥੋਪਣ ਲਈ ਕੀਤੀ ਜਾ ਰਹੀ ਕੋਝੀ ਬਿਆਨਬਾਜ਼ੀ ਨੂੰ ਆੜੇ ਹੱਥੀਂ ਲਿਆ ਗਿਆ।ਐੱਸ ਕੇ ਐੱਮ ਦੇ ਆਗੂਆਂ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਇੱਕ ਪਾਸੇ ਪੰਜਾਬ ਦੇ ਹਿੱਤਾਂ ਦੀ ਪਹਿਰੇਦਾਰੀ ਕਰਨ ਦਾ ਦੰਭ ਕਰ ਰਹੇ ਹਨ, ਦੂਸਰੇ ਪਾਸੇ ਕਿਸਾਨ ਲਹਿਰ ਨੂੰ ਬਦਨਾਮ ਕਰਨ ਦੀ ਕੇਂਦਰ ਸਰਕਾਰ ਦੀ ਬਿਰਤਾਂਤਕ ਮੁਹਿੰਮ ਦਾ ਹਿੱਸਾ ਬਣ ਗਏ ਹਨ। ਮੀਟਿੰਗ ਵਿੱਚ ਜੋਗਿੰਦਰ ਸਿੰਘ ਉਗਰਾਹਾਂ, ਬੂਟਾ ਸਿੰਘ ਬੁਰਜਗਿੱਲ, ਨਿਰਭੈ ਸਿੰਘ ਢੁੱਡੀਕੇ, ਅਵਤਾਰ ਸਿੰਘ ਮੇਹਲੋਂ, ਬਲਦੇਵ ਸਿੰਘ ਨਿਹਾਲਗੜ੍ਹ, ਰੁਲਦੂ ਸਿੰਘ ਮਾਨਸਾ, ਰੂਪ ਬਸੰਤ ਸਿੰਘ ਵੜੈਚ, ਅੰਗਰੇਜ਼ ਸਿੰਘ ਭਦੌੜ, ਵੀਰ ਸਿੰਘ ਬੜਵਾ, ਹਰਬੰਸ ਸਿੰਘ ਸੰਘਾ, ਕੁਲਦੀਪ ਸਿੰਘ ਗਰੇਵਾਲ, ਰਾਮਿੰਦਰ ਸਿੰਘ ਪਟਿਆਲਾ, ਰਜਿੰਦਰ ਸਿੰਘ ਦੀਪ ਸਿੰਘ ਵਾਲਾ, ਝੰਡਾ ਸਿੰਘ ਜੇਠੂਕੇ ਤੇ ਗੁਰਨਾਮ ਸਿੰਘ ਭੀਖੀ ਆਦਿ ਹਾਜ਼ਰ ਸਨ।

# ਸੜਕ ਹਾਦਸੇ 'ਚ ਪਤੀ-ਪਤਨੀ ਜ਼ਖਮੀਂ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਅਧੀਨ ਆਉਂਦੇ ਪਿੰਡ ਕੁੱਲਗੜ੍ਹੀ ਨਜ਼ਦੀਕ ਮਹਿੰਦਰਾ ਪਿਕਅੱਪ ਤੇ ਮੋਟਰਸਾਈਕਲ ਦੀ ਟੱਕਰ ਵਿੱਚ ਪਤੀ-ਪਤਨੀ ਦੇ ਜ਼ਖਮੀਂ ਹੋਣ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਕੁੱਲਗੜ੍ਹੀ ਪੁਲਸ ਨੇ ਮਹਿੰਦਰ ਪਿੱਕਅੱਪ ਗੱਡੀ ਦੇ ਅਣਪਛਾਤੇ ਚਾਲਕ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਬੱਬੂ ਪੁੱਤਰ ਗੁਰਦੀਪ ਸਿੰਘ ਵਾਸੀ ਢੰਡੀ ਕਦੀਮ ਢਾਣੀ ਨੱਥਾ ਸਿੰਘ ਵਾਲੀ ਥਾਣਾ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਨੇ ਦੱਸਿਆ ਕਿ ਉਹ 1 ਮਈ 2025 ਨੂੰ ਆਪਣੀ ਪਤਨੀ ਸਰੋਜ ਰਾਣੀ ਨਾਲ ਮੋਟਰਸਾਈਕਲ 'ਤੇ ਸਵਾਰ ਹੋ ਕੇ ਨਕੋਦਰ ਜਾ ਰਹੇ ਸੀ ਤਾਂ ਜਦ ਉਹ ਪਿੰਡ ਕੁੱਲਗੜ੍ਹੀ ਬੱਸ ਅੱਡਾ ਪਾਸ ਪੁੱਜੇ ਤਾਂ ਜ਼ੀਰਾ ਵੱਲੋਂ ਇੱਕ ਮਹਿੰਦਰਾ ਪਿਕਅੱਪ ਗੱਡੀ ਬੜੀ ਲਾਪ੍ਰਵਾਹੀ ਨਾਲ ਲਿਆ ਕੇ ਉਸ ਦੇ ਮੋਟਰਸਾਈਕਲ ਵਿੱਚ ਮਾਰੀ, ਜਿਸ ਨਾਲ ਉਹ ਮੋਟਰਸਾਈਕਲ ਤੋਂ ਡਿੱਗ ਗਏ ਤੇ ਅਣਪਛਾਤਾ ਵਿਅਕਤੀ ਆਪਣੀ ਗੱਡੀ ਭਜਾ ਕੇ ਲੈ ਗਿਆ। ਬੱਬੂ ਨੇ ਦੱਸਿਆ ਕਿ ਉਸ ਦੀ ਸੱਜੀ ਬਾਂਹ ਟੁੱਟ ਗਈ ਤੇ ਉਸ ਦੀ ਪਤਨੀ ਦੇ ਸਿਰ ਵਿੱਚ ਕਾਫੀ ਗੰਭੀਰ ਸੱਟਾਂ ਲੱਗੀਆਂ ਹਨ। ਇਸ ਮਾਮਲੇ ਦੀ ਜਾਂਚ ਕਰ ਰਹੇ ਐੱਚ ਸੀ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਗੱਡੀ ਚਾਲਕ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਸੀ ਪੀ ਆਈ ਬ੍ਰਾਂਚ ਕਾਠਗੜ੍ਹ ਦੀ ਮੀਟਿੰਗ 'ਚ ਵਲੰਟੀਅਰ ਮਾਰਚ ਲਈ ਕੀਤਾ ਲਾਮਬੰਦ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**-ਭਾਰਤੀ ਕਮਿਊਨਿਸਟ ਪਾਰਟੀ ਬਲਾਕ ਜਲਾਲਾਬਾਦ ਦੇ ਸਕੱਤਰ ਕਾਮਰੇਡ ਛਿੰਦਰ ਸਿੰਘ ਮਹਾਲਮ ਵੱਲੋਂ ਪਿੰਡ ਕਾਠਗੜ੍ਹ ਵਿਖੇ ਪਾਰਟੀ ਵਰਕਰਾਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਸੀ ਪੀ ਆਈ ਦੇ ਬਲਾਕ ਸਕੱਤਰ ਕਾਮਰੇਡ ਛਿੰਦਰ ਸਿੰਘ ਮਹਾਲਮ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਹਰੇਕ ਲਈ ਰੁਜ਼ਗਾਰ ਦੀ ਗਾਰੰਟੀ ਕਰਦੇ ਕਾਨੂੰਨ ਭਗਤ ਸਿੰਘ ਕੌਮੀ ਰੁਜ਼ਗਾਰ ਕਾਨੂੰਨ (ਬਨੇਗਾ) ਨੂੰ ਦੇਸ਼ ਦੀ ਪਾਰਲੀਮੈਂਟ ਵਿੱਚ ਪਾਸ ਕਰਵਾਉਣ ਲਈ 27 ਮਈ ਨੂੰ ਬਾਵਰਦੀ ਭਗਤ ਸਿੰਘ ਦੀ ਬਨੇਗਾ ਵਾਲੀ ਟੀ-ਸ਼ਰਟ ਪਹਿਨ ਕੇ ਪੈਦਲ ਵਲੰਟੀਅਰ ਮਾਰਚ ਕੀਤਾ ਜਾ ਰਿਹਾ ਹੈ। ਜਲਾਲਾਬਾਦ ਦੀ ਧਰਤੀ 'ਤੇ ਬਨੇਗਾ ਦੀ ਪ੍ਰਾਪਤੀ ਲਈ ਵਿਦਿਆਰਥੀਆਂ ਤੇ ਨੌਜਵਾਨਾਂ ਵੱਲੋਂ ਬਾਵਰਦੀ ਵਲੰਟੀਅਰ ਮਾਰਚ ਇਤਿਹਾਸਕ ਹੋਵੇਗਾ, ਜਿਸ ਦੀ ਤਿਆਰੀ ਲਈ ਪਿੰਡ ਕਾਠਗੜ੍ਹ ਵਿਖੇ ਪਾਰਟੀ ਵਰਕਰਾਂ ਤੇ ਆਮ ਲੋਕਾਂ ਨੂੰ ਲਾਮਬੰਦ ਕੀਤਾ ਗਿਆ।

ਇਸ ਮੌਕੇ ਬ੍ਰਾਂਚ ਕਾਠਗੜ੍ਹ ਦੇ ਸਕੱਤਰ ਕਾਮਰੇਡ ਬਲਵੀਰ ਕਾਠਗੜ੍ਹ ਤੇ ਭੈਣ ਗੁਰਮੀਤ ਕੌਰ ਕਾਠਗੜ੍ਹ ਨੇ ਵਿਸ਼ਵਾਸ ਦਿਵਾਇਆ ਕਿ 27 ਮਈ 2025 ਨੂੰ ਹੋਣ ਵਾਲੇ ਵਲੰਟੀਅਰ ਮਾਰਚ ਵਿੱਚ 60 ਦੇ ਕਰੀਬ ਵਰਦੀਧਾਰੀ ਨੌਜਵਾਨ ਮੁੰਡੇ-ਕੁੜੀਆਂ ਵਲੰਟੀਅਰ ਸ਼ਾਮਲ ਹੋਣਗੇ ਤੇ ਸੀਪੀਆਈ ਦੀ ਬਰਾਂਚ ਕਾਠਗੜ੍ਹ ਦੇ 20 ਦੇ ਕਰੀਬ ਨੌਜਵਾਨ ਮੁੰਡੇ ਕੁੜੀਆਂ ਸ਼ਾਮਲ ਹੋਣਗੇ।

# 20 ਦੀ ਦੇਸ਼-ਵਿਆਪੀ ਹੜਤਾਲ ਨੂੰ ਸਫਲ ਬਣਾਉਣ ਦਾ ਸੱਦਾ

## ਲੁਧਿਆਣਾ ਟਰੇਡ ਯੂਨੀਅਨਾਂ ਦੀ ਸਾਂਝੀ ਮੀਟਿੰਗ



**ਲੁਧਿਆਣਾ (ਕਥੂਰੀਆ)**-ਦਸ ਕੇਂਦਰੀ ਟਰੇਡ ਯੂਨੀਅਨਾਂ ਅਤੇ 60 ਤੋਂ ਵੱਧ ਕੇਂਦਰੀ ਤੇ ਸੂਬਾਈ ਫੈਡਰੇਸ਼ਨਾਂ ਦੇ ਸੱਦੇ 'ਤੇ 20 ਮਈ ਦੀ ਹੜਤਾਲ ਨੂੰ ਸਫਲ ਬਣਾਉਣ ਲਈ ਇੰਟਕ, ਏਟਕ, ਸੀਟੂ ਤੇ ਸੀ ਟੀ ਯੂ ਦੀ ਸਾਂਝੀ ਮੀਟਿੰਗ ਈਸੜੂ ਭਵਨ ਏਟਕ ਦਫਤਰ ਲੁਧਿਆਣਾ ਵਿਖੇ ਕਾਮਰੇਡ ਜਤਿੰਦਰਪਾਲ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇੰਟਕ ਵੱਲੋਂ ਸਾਥੀ ਸਰਬਜੀਤ ਸਿੰਘ ਸਰਹਾਲੀ, ਏਟਕ ਵੱਲੋਂ ਸਾਥੀ ਮਨਿੰਦਰ ਸਿੰਘ ਭਾਟੀਆ, ਸਾਥੀ ਡੀ. ਪੀ. ਗੌੜ ਤੇ ਸਾਥੀ ਐੱਨ. ਕੇ. ਗੌੜ, ਸੀਟੂ ਵੱਲੋਂ ਸਾਥੀ ਦਲਜੀਤ ਕੁਮਾਰ ਗੋਰਾ, ਸਾਥੀ ਅਮਰ ਨਾਥ ਕੂੰਮਕਲਾਂ, ਸਾਥੀ ਸਮਰ ਬਹਾਦਰ ਤੇ ਸੀ.ਟੀ.ਯੂ. ਵੱਲੋਂ ਸਾਥੀ ਜਗਦੀਸ਼ ਚੰਦ ਨੇ ਹੜਤਾਲ ਨੂੰ ਸਫਲ ਬਣਾਉਣ ਲਈ ਆਪਣੇ-ਆਪਣੇ ਵਿਚਾਰ ਰੱਖੇ। ਇਕਜੁੱਟਤਾ ਤੇ ਇਕਮੁੱਠਤਾ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਮੋਦੀ ਦੀ ਐੱਨ.ਡੀ.ਏ. ਸਰਕਾਰ ਵੱਲੋਂ ਚਾਰ ਲੇਬਰ ਕੋਡ ਪਾਸ ਕਰਕੇ ਪੂੰਜੀਪਤੀਆਂ ਦੇ ਮੁਨਾਫਿਆਂ ਦੀ ਗਰੰਟੀ ਦੇ ਨਾਲ-ਨਾਲ ਮਜ਼ਦੂਰ ਜਮਾਤ ਨੂੰ ਮੁੜ ਗੁਲਾਮੀ ਵੱਲ ਧੱਕਿਆ ਜਾ ਰਿਹਾ ਹੈ। ਮਜ਼ਦੂਰਾਂ ਦੇ ਨਾ ਕੰਮ ਦੀ ਗਰੰਟੀ, ਨਾ ਘੱਟੋ ਘੱਟ ਤਨਖਾਹ ਦੀ ਗਰੰਟੀ ਤੇ ਨਾ ਹੀ ਸਮਾਜਿਕ ਸੁਰੱਖਿਆ ਦੀ ਗਰੰਟੀ ਤੇ ਨਾ ਹੀ ਹੋਰ ਲਾਭ ਸੁਰੱਖਿਅਤ ਰਹਿਣੇ ਹਨ। ਮਾਲਕਾਂ ਨੂੰ ਮਜ਼ਦੂਰਾਂ ਦੀ ਲੁੱਟ ਕਰਨਾ ਅਪਰਾਧ ਮੁਕਤ ਕਰ ਦਿੱਤਾ ਹੈ। ਉਲਟਾ, ਮਜ਼ਦੂਰਾਂ ਨੂੰ ਹੱਕ ਮੰਗਣ, ਯੂਨੀਅਨ ਬਣਾਉਣ ਤੇ ਸੰਘਰਸ਼ ਕਰਨ ਨੂੰ ਅਪਰਾਧ ਬਣਾ ਦਿੱਤਾ ਗਿਆ ਹੈ। ਇਸ ਲਈ ਸਮੁੱਚੀ ਮਜ਼ਦੂਰ ਜਮਾਤ ਆਰ-ਪਾਰ ਦੀ ਲੜਾਈ ਲੜਨ ਲਈ ਤੱਤਪਰ ਹੈ। ਹੜਤਾਲ ਨੂੰ ਸਫਲ ਬਣਾਉਣ ਲਈ 16 ਮਈ ਨੂੰ ਸਾਂਝੀ ਕਨਵੈਨਸ਼ਨ ਈਸੜੂ ਭਵਨ ਵਿਖੇ ਕੀਤੀ ਜਾਵੇਗੀ। ਮੀਟਿੰਗ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ ਜੰਗ ਨਹੀਂ ਅਮਨ ਜ਼ਰੂਰੀ ਹੈ। ਜੰਗ ਮਿਹਨਤਕਸ਼ ਲੋਕਾਂ ਤੇ ਆਮ ਸ਼ਹਿਰੀਆਂ ਲਈ ਮੁਸੀਬਤਾਂ ਹੀ ਸਹੇੜਦੀ ਹੈ। ਮੀਟਿੰਗ ਨੇ ਮੰਗ ਕੀਤੀ ਕਿ ਕੇਂਦਰੀ ਸਰਕਾਰ ਜੰਗ ਨੂੰ ਟਾਲਣ ਲਈ ਗੱਲਬਾਤ ਰਾਹੀਂ ਮਸਲਾ ਹੱਲ ਕਰੇ। ਮੀਟਿੰਗ ਵਿੱਚ ਹਰ ਤਰ੍ਹਾਂ ਦੀ ਫਿਰਕਾਪ੍ਰਸਤੀ ਤੇ ਅੱਤਵਾਦੀ ਘਟਨਾਵਾਂ ਦੀ ਨਿੰਦਾ ਕੀਤੀ ਗਈ। ਪਹਿਲਗਾਮ ਵਿੱਚ ਅੱਤਵਾਦੀ ਹਮਲੇ ਵਿੱਚ ਸ਼ਹੀਦ ਔਰਤਾਂ, ਪੁਰਸ਼ਾਂ ਤੇ ਨੌਜਵਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਦੌਰਾਨ ਹੋਰ ਸ਼ਹੀਦ ਹੋਏ ਫੌਜੀ ਵੀਰਾਂ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਸਾਥੀ ਰਾਮ ਲਾਲ, ਬਹਾਦਰ ਸਿੰਘ, ਵਿਜੈ ਕੁਮਾਰ, ਰਮੇਸ਼ ਕੁਮਾਰ, ਕੇਵਲ ਸਿੰਘ ਨੇ ਵੀ ਆਪਣੇ ਵਿਚਾਰ ਰੱਖੇ।

# ਸ਼ਹਿਰ ਦੇ ਰਜਬਾਹੇ 'ਚ ਗੰਦੇ ਪਾਣੀ ਨੇ ਜਿਊਣਾ ਦੁੱਭਰ ਕੀਤਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਭਾਜਪਾ ਆਗੂ ਤੇ ਸਮਾਜ ਸੇਵਕ ਮਿੰਕਲ ਬਜਾਜ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸ਼ਹਿਰ ਦੇ ਨੇੜਿਓਂ ਲੰਘਦੇ ਰਜਬਾਹੇ 'ਚ ਬਹੁਤ ਗੰਦਾ ਪਾਣੀ ਵਗ ਰਿਹਾ ਹੈ, ਇਸਦਾ ਜਲਦੀ ਹੱਲ ਕੀਤਾ ਜਾਣਾ ਚਾਹੀਦਾ ਹੈ।ਜ਼ਿਕਰਯੋਗ ਹੈ ਕਿ ਸ਼ਹਿਰ ਦੇ ਜਲਘਰ ਨੂੰ ਵੀ ਇਸ ਰਜਬਾਹੇ ਤੋਂ ਹੀ ਪਾਣੀ ਦੀ ਸਪਲਾਈ ਹੁੰਦੀ ਹੈ।ਇਹ ਪਾਣੀ ਇਸ ਤਰ੍ਹਾਂ ਲੱਗਦਾ ਹੈ, ਜਿਵੇਂ ਇਸ ਵਿੱਚ ਸੀਵਰੇਜ ਜਾਂ ਕਿਸੇ ਗੰਦੇ ਨਾਲੇ ਦਾ ਪਾਣੀ ਮਿਲਿਆ ਹੋਵੇ।ਨਹਿਰਾਂ ਦੀ ਬੰਦੀ ਤੋਂ ਬਾਅਦ ਹੀ ਨਹਿਰਾਂ ਤੇ ਰਜਬਾਹਿਆਂ 'ਚ ਬਹੁਤ ਗੰਦਾ ਪਾਣੀ ਵਗ ਰਿਹਾ ਹੈ।ਸ਼ਹਿਰ ਦੇ ਸਰਕਾਰੀ ਕਾਲਜ ਦੇ ਨੇੜੇ ਰਜਬਾਹੇ 'ਤੇ ਬਣੇ ਰੇਲਵੇ ਪੁਲ ਦੇ ਨਾਲ ਰਜਬਾਹੇ 'ਚ ਗੰਦੇ ਪਾਣੀ ਤੋਂ ਇਲਾਵਾ ਬਹੁਤ ਜਿਆਦਾ ਗੰਦਗੀ ਤਾਂ ਹੈ ਹੀ ਇਸਤੋਂ ਇਲਾਵਾ ਇਸ ਵਿੱਚ ਕਈ ਦਿਨਾਂ ਤੋਂ ਮਰਿਆ ਹੋਇਆ ਪਸ਼ੂ ਵੀ ਪਿਆ ਹੈ।ਇਸੇ ਗੰਦੇ ਪਾਣੀ ਨੂੰ ਜਲਘਰ ਫਿਲਟਰ ਕਰਕੇ ਸ਼ਹਿਰ 'ਚ ਸਪਲਾਈ ਕਰਦਾ ਹੈ।ਉਹ ਪਾਣੀ ਦੇਖਣ ਨੂੰ ਤਾਂ ਸਾਫ਼ ਦਿਖਾਈ ਦਿੰਦਾ ਹੈ ਜਦਕਿ ਕਈ ਤਰ੍ਹਾਂ ਦੀਆਂ ਬਿਮਾਰੀਆਂ ਨੂੰ ਸੱਦਾ ਦਿੰਦਾ ਹੈ।ਪ੍ਰਸ਼ਾਸਨ ਨੂੰ ਇਸ ਪਾਸੇ ਤੁਰੰਤ ਧਿਆਨ ਦੇਣਾ ਚਾਹੀਦਾ ਹੈ।ਜਦੋਂ ਇਸ ਸਬੰਧੀ ਨਹਿਰੀ ਵਿਭਾਗ ਦੇ ਐਸਡੀਓ ਸੁਖਦੀਪ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਇਹ ਪਾਣੀ ਹਰੀਕੇ ਪੱਤਣ ਤੋਂ ਆਉਂਦਾ ਹੈ, ਬਾਕੀ ਜੋ ਰਜਬਾਹੇ 'ਚ ਗੰਦਗੀ ਜਾਂ ਮਰੇ ਪਸ਼ੂ ਦੀ ਗੱਲ ਹੈ, ਮੈਂ ਹੁਣੇ ਚੈੱਕ ਕਰਵਾ ਕੇ ਇਸਨੂੰ ਕਢਵਾਉਂਦਾ ਹਾਂ।

# ਮੈਡੀਕਲ ਕਾਲਜ 'ਚ ਸਿਵਲ ਡਿਫੈਂਸ ਵਲੰਟੀਅਰਜ਼ ਲਈ ਐਮਰਜੈਂਸੀ ਟ੍ਰੇਨਿੰਗ ਦੀ ਸ਼ੁਰੂਆਤ



**ਪਟਿਆਲਾ (ਰਜਿੰਦਰ ਸਿੰਘ ਥਿੰਦ)**
ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਦੇਸ਼ ਦਾ ਅਜਿਹਾ ਪਹਿਲਾ ਸੂਬਾ ਬਣ ਗਿਆ ਹੈ, ਜਿਸ ਨੇ ਅੱਤਵਾਦ ਹਮਲਿਆਂ ਜਾਂ ਜੰਗੀ ਹਾਲਾਤ ਵਿੱਚ ਜ਼ਖ਼ਮੀ ਹੋਣ ਵਾਲੇ ਵਿਅਕਤੀਆਂ ਦੇ ਇਲਾਜ ਦਾ ਪੂਰਾ ਖਰਚਾ ਸਰਕਾਰੀ ਤੌਰ 'ਤੇ ਚੁਕਾਉਣ ਦਾ ਫੈਸਲਾ ਲਿਆ ਹੈ।ਉਹ ਮੈਡੀਕਲ ਕਾਲਜ ਪਟਿਆਲਾ ਵਿਖੇ ਸਿਵਲ ਡਿਫੈਂਸ ਵਲੰਟੀਅਰਜ਼ ਲਈ ਆਯੋਜਤ ਐਮਰਜੈਂਸੀ ਮੈਡੀਕਲ ਤਿਆਰੀ ਪ੍ਰੋਗਰਾਮ ਤਹਿਤ ਨਰਸਿੰਗ ਵਿਦਿਆਰਥੀਆਂ ਤੇ ਮੈਡੀਕਲ ਇੰਟਰਨਜ਼ ਲਈ ਐਮਰਜੈਂਸੀ ਪ੍ਰਤੀਕ੍ਰਿਆ ਸਿਖਲਾਈ ਤੇ ਐਡਵਾਂਸਡ ਲਾਈਫ ਸਪੋਰਟ ਅਤੇ ਟਰਾਮਾ ਮੈਨੇਜਮੈਂਟ ਸੈਸ਼ਨ ਦੀ ਪ੍ਰਧਾਨਗੀ ਕਰਨ ਪਹੁੰਚੇ ਹੋਏ ਸਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਹਰੇਕ ਨੌਜਵਾਨ ਤੇ ਨਾਗਰਿਕ ਨੂੰ ਮੁੱਢਲੀ ਸਹਾਇਤਾ ਪ੍ਰਤੀ ਪੂਰਨ ਤੌਰ 'ਤੇ ਮਜ਼ਬੂਤ ਕਰਨਾ ਸਰਕਾਰ ਦਾ ਮਿਸ਼ਨ ਹੈ।ਸਿਹਤ ਮੰਤਰੀ ਨੇ ਕਿਹਾ ਕਿ ਡਰੋਨ ਹਮਲੇ ਜਾਂ ਹੋਰ ਐਮਰਜੈਂਸੀ ਹਾਦਸੇ ਵਧ ਰਹੇ ਹਨ, ਇਸ ਲਈ ਸਿਵਲ ਡਿਫੈਂਸ ਵਲੰਟੀਅਰਜ਼, ਨਰਸਿੰਗ ਵਿਦਿਆਰਥੀਆਂ ਤੇ ਮੈਡੀਕਲ ਇੰਟਰਨਜ਼ ਲਈ ਐਮਰਜੈਂਸੀ ਪ੍ਰਤੀਕ੍ਰਿਆ ਸਿਖਲਾਈ ਤੇ ਐਡਵਾਂਸਡ ਲਾਈਫ ਸਪੋਰਟ ਅਤੇ ਟਰਾਮਾ ਮੈਨੇਜਮੈਂਟ ਸੈਸ਼ਨ ਨੂੰ ਇਸ ਸਿਖਲਾਈ ਕੋਰਸ ਰਾਹੀਂ ਜ਼ਖ਼ਮੀ ਹੋਏ ਹਾਦਸਾਗ੍ਰਸਤ ਵਿਅਕਤੀਆਂ ਨੂੰ ਫਸਟ ਏਡ ਦੀ ਸਿਖਲਾਈ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਦਾ ਵਲੰਟੀਅਰਜ਼ ਨੂੰ ਐਮਰਜੈਂਸੀ ਸਿਥਿਤੀਆਂ ਲਈ ਵਿਸ਼ੇਸ਼ ਤਰੀਕੇ ਨਾਲ ਤਿਆਰ ਕੀਤਾ ਜਾ ਰਿਹਾ ਹੈ ਤਾਂ ਜੁ ਉਹ ਹਾਦਸਿਆਂ ਜਾਂ ਐਮਰਜੈਂਸੀ ਘਟਨਾਵਾਂ ਦੌਰਾਨ ਤੁਰੰਤ ਅਤੇ ਪ੍ਰਭਾਵਸ਼ਾਲੀ ਕਾਰਵਾਈ ਕਰ ਸਕਣ।ਇਨ੍ਹਾਂ ਦਾ ਕੰਮ ਜ਼ਖ਼ਮੀ ਵਿਅਕਤੀ ਨੂੰ ਖੂਨ ਵਗਣ ਤੋਂ ਰੋਕਣਾ, ਤੁਰੰਤ ਹਸਪਤਾਲ ਲਿਜਾਉਣਾ, ਅੱਗ ਵਿੱਚ ਘਿਰੇ ਲੋਕਾਂ ਨੂੰ ਸੁਰੱਖਿਅਤ ਥਾਂ 'ਤੇ ਲਿਜਾਣਾ ਹੈ।ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਮੈਡੀਕਲ ਸੇਵਾਵਾਂ ਘਰ-ਘਰ ਪੁਚਾਉਣ ਲਈ ਮੈਡੀਕਲ ਵਿਦਿਆਰਥੀਆਂ ਤੋਂ ਇਲਾਵਾ ਬਾਕੀ ਸਟਰੀਮ ਦੇ ਵਿਦਿਆਰਥੀਆਂ ਨੂੰ ਵੀ ਸਿਖਲਾਈ ਦਿੱਤੀ ਜਾਵੇਗੀ, ਭਾਵੇਂ ਉਹ ਕਾਮਰਸ, ਕੰਪਿਊਟਰ, ਆਰਟਸ ਜਾਂ ਹੋਰ ਸਟਰੀਮ ਦੇ ਵਿਦਿਆਰਥੀ ਹੋਣ। ਉਨ੍ਹਾਂ ਅੱਗੋਂ ਕਿਹਾ ਕਿ ਅਜਿਹੇ ਸਿਖਲਾਈ ਕੋਰਸ ਲਗਾਤਾਰ ਜਾਰੀ ਰਹਿਣਗੇ ਤੇ ਪੂਰੇ ਪੰਜਾਬ ਵਿੱਚ ਕਰਾਏ ਜਾਣਗੇ।

ਮੀਡੀਆ ਨਾਲ ਗੈਰ ਰਸਮੀ ਗੱਲ ਕਰਦਿਆਂ ਡਾ. ਬਲਬੀਰ ਸਿੰਘ ਨੇ ਇੱਕ ਸਵਾਲ ਦੇ ਜਵਾਬ ਵਿੱਚ ਦੱਸਿਆ ਕਿ ਪੰਜਾਬ ਦੇ ਸਰਹੱਦੀ ਇਲਾਕਿਆਂ ਵਿੱਚ ਲੱਗਦੇ ਜ਼ਿਲ੍ਹਿਆਂ ਵਿੱਚ ਬੁਨਿਆਦੀ ਢਾਂਚੇ ਦੇ ਸੁਧਾਰ ਦੀ ਮੰਗ ਕੇਂਦਰ ਸਰਕਾਰ ਕੋਲ ਰੱਖੀ ਜਾਵੇਗੀ।ਉਨ੍ਹਾਂ ਕਿਹਾ ਕਿ ਸਰਹੱਦੀ ਪਿੰਡਾਂ ਵਿੱਚ ਰਹਿ ਰਹੇ ਲੋਕਾਂ ਲਈ ਪਿੰਡ ਪੱਧਰੀ ਹਸਪਤਾਲਾਂ, ਬੁਲਟ ਪਰੂਫ ਬੰਕਰਜ਼, ਡੰਗਰ ਵੱਛਿਆਂ ਦੀ ਉਚਿਤ ਸੁਰੱਖਿਆ, ਕੰਡਿਆਲੀ ਤਾਰ ਤੋਂ ਅੱਗੇ ਦੀ ਜ਼ਮੀਨ ਲਈ ਮੁਆਵਜ਼ਾ ਤੇ ਹਸਪਤਾਲਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਦੀ ਮੰਗ ਵੀ ਕੇਂਦਰ ਸਰਕਾਰ ਕੋਲ ਕੀਤੀ ਜਾਵੇਗੀ।ਉਨ੍ਹਾਂ ਅੱਗੋਂ ਕਿਹਾ ਕਿ ਸਰਹੱਦੀ ਇਲਾਕਿਆਂ ਦੀ ਆਵਾਜਾਈ, ਸਿਹਤ ਸੁਰੱਖਿਆ ਤੇ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨਾ ਪੰਜਾਬ ਸਰਕਾਰ ਦੀ ਤਰਜੀਹ 'ਚ ਹੈ ਤੇ ਇਸ ਸਬੰਧੀ ਪੂਰੀ ਰਿਪੋਰਟ ਤਿਆਰ ਕਰਕੇ ਕੇਂਦਰ ਸਰਕਾਰ ਨੂੰ ਭੇਜੀ ਜਾਵੇਗੀ।

# ਸੀਜ਼ਫਾਇਰ ਸਮਝੌਤੇ ਲਈ ਵਿਧਾਇਕ ਸੇਖੋਂ ਨੇ ਰੱਬ ਦਾ ਕੀਤਾ ਸ਼ੁਕਰਾਨਾ

## ਗੁਰਦੁਆਰਾ ਮਾਤਾ ਖੀਵੀ ਜੀ ਵਿਖੇ ਸਰਬੱਤ ਦੇ ਭਲੇ ਦੀ ਕੀਤੀ ਅਰਦਾਸ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜਾ)**-ਵਿਧਾਇਕ ਫਰੀਦਕੋਟ ਸ੍. ਗੁਰਦਿੱਤ ਸਿੰਘ ਸੇਖੋਂ ਨੇ ਭਾਰਤ- ਪਾਕਿਸਤਾਨ ਵਿੱਚ ਹੋਏ ਸੀਜ਼ਫਾਇਰ ਸਮਝੌਤੇ ਲਈ ਗੁਰਦੁਆਰਾ ਮਾਤਾ ਖੀਵੀ ਜੀ ਵਿਖੇ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ ਅਤੇ ਨਾਲ ਹੀ ਪਿਛਲੇ ਦਿਨੀਂ ਪੁਲਵਾਮਾ ਵਿਖੇ ਆਪਣੀਆਂ ਜਾਨਾਂ ਗੁਆ ਚੁੱਕੇ ਲੋਕਾਂ ਦੀ ਆਤਮਾ ਦੀ ਸ਼ਾਂਤੀ ਲਈ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ।ਇਸ ਮੌਕੇ ਆਪਣੇ ਸੰਬੋਧਨ ਵਿੱਚ ਵਿਧਾਇਕ ਸੇਖੋਂ ਨੇ ਕਿਹਾ ਕਿ ਪਿਛਲੇ ਦਿਨੀਂ ਭਾਰਤ-ਪਾਕਿਸਤਾਨ ਸੰਬੰਧਾਂ ਵਿੱਚ ਬਹੁਤ ਹੀ ਤਣਾਅਪੂਰਨ ਸਥਿਤੀ ਵਿੱਚ ਪੰਜਾਬੀਆਂ ਨੇ ਹੌਸਲਾ ਨਾ ਹਾਰ ਕੇ ਸਥਿਤੀ ਨੂੰ ਬਹੁਤ ਹੀ ਸਹਿਜ ਨਾਲ ਸੰਭਾਲਿਆ। ਉਨ੍ਹਾਂ ਕਿਹਾ ਕਿ ਉਮੀਦ ਹੈ ਕਿ ਪੰਜਾਬੀ ਹਮੇਸ਼ਾ ਦੀ ਤਰ੍ਹਾਂ ਅੱਗੇ ਵੀ ਇਸੇ ਤਰ੍ਹਾਂ ਦੇਸ਼ ਲਈ ਚੱਟਾਨ ਵਾਂਗ ਖੜ੍ਹੇ ਹੋ ਕੇ ਹਰ ਮੁਸੀਬਤ ਦਾ ਸਾਹਮਣਾ ਕਰਨ ਲਈ ਤਿਆਰ ਰਹਿਣਗੇ।ਉਨ੍ਹਾਂ ਕਿਹਾ ਕਿ ਯੁੱਧ ਨਾਲ ਕਦੇ ਕਿਸੇ ਦੇਸ਼ ਦਾ ਭਲਾ ਨਹੀਂ ਹੋਇਆ ਹੈ।ਇਸ ਮੌਕੇ ਮੈਡਮ ਬੇਅੰਤ ਕੌਰ, ਚੇਅਰਮੈਨ ਮਾਰਕੀਟ ਕਮੇਟੀ ਫ਼ਰੀਦਕੋਟ ਅਮਨਦੀਪ ਸਿੰਘ ਬਾਬਾ, ਪ੍ਰੀਤਮ ਸਿੰਘ ਭਾਣਾ, ਕੈਪਟਨ ਧਰਮ ਸਿੰਘ ਗਿੱਲ, ਗੁਰਜੰਟ ਸਿੰਘ, ਚੇਅਰਪਰਸਨ ਬੀਬੀ ਅਜੀਤਪਾਲ ਕੌਰ, ਗੁਰਮੀਤ ਕੌਰ ਤੋਂ ਇਲਾਵਾ ਜ਼ਿਲ੍ਹਾ ਵਾਸੀ ਹਾਜ਼ਰ ਸਨ।

# ਆੜ੍ਹਤੀ ਭਾਈਚਾਰੇ ਦੇ ਮਸਲੇ ਜਲਦ ਹੱਲ ਹੋਣਗੇ : ਪ੍ਰਧਾਨ ਰਾਣਾ

## ਚੇਅਰਮੈਨ ਭੁੱਲਰ ਦੀ ਸਰਪ੍ਰਸਤੀ 'ਚ ਆੜ੍ਹਤੀ ਵਰਗ ਹੋਵੇਗਾ ਇੱਕਜੁਟ



**ਪਟਿਆਲਾ (ਰਜਿੰਦਰ ਸਿੰਘ ਥਿੰਦ)**
ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ ਨਵੇਂ ਬਣੇ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਨੇ ਪ੍ਰੈੱਸ ਨਾਲ ਗੱਲ ਕਰਦਿਆਂ ਉਨ੍ਹਾਂ ਸਮੁੱਚੇ ਪੰਜਾਬ ਦੇ ਆੜ੍ਹਤੀਆਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਮੈਂ ਪੰਜਾਬ ਦੇ ਸਮੁੱਚੇ ਆੜ੍ਹਤੀਆਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਮੈਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਹੈ ਤੇ ਜੋ ਉਨ੍ਹਾਂ ਨੇ ਮੇਰੇ 'ਤੇ ਵਿਸ਼ਵਾਸ ਕੀਤਾ ਹੈ, ਮੈਂ ਵੀ ਉਸ ਕਸੌਟੀ 'ਤੇ ਖਰਾ ਉਤਰਨ ਦੀ ਪੂਰੀ ਕੋਸ਼ਿਸ਼ ਕਰਾਂਗਾ।ਉਨ੍ਹਾਂ ਕਿਹਾ ਕਿ ਸਮੁੱਚੇ ਪੰਜਾਬ ਦੇ ਆੜ੍ਹਤੀ ਧੜੇਬੰਦੀ ਤੇ ਗਰੁੱਪਬਾਜ਼ੀ ਤੋਂ ਉੱਪਰ ਉੱਠ ਕੇ ਮੇਰੇ ਮੋਢੇ ਨਾਲ ਮੋਢਾ ਮਿਲਾ ਕੇ ਚੱਲਣ ਤਾਂ ਕਿ ਆੜ੍ਹਤੀ ਵਰਗ ਦੇ ਜੋ ਲੰਬਿਤ ਪਏ ਮਸਲੇ ਹਨ, ਉਨ੍ਹਾਂ ਨੂੰ ਸਰਕਾਰ ਨਾਲ ਮਿਲ ਜੁਲ ਕੇ ਹੱਲ ਕਰਵਾ ਸਕੀਏ। ਰਾਣਾ ਨੇ ਕਿਹਾ ਕਿ ਮੈਂ ਆਸ ਕਰਦਾ ਹਾਂ ਸਾਡੇ ਦੋਨੋਂ ਲੀਡਰ ਮੈਨੂੰ ਸਹਿਯੋਗ ਵੀ ਕਰਨਗੇ ਤੇ ਆਪਣੀ ਕੀਮਤੀ ਰਾਏ ਵੀ ਦਿੰਦੇ ਰਹਿਣਗੇ।ਇਸ ਲਈ ਸਮੇਂ ਦੀ ਨਜ਼ਾਕਤ ਨੂੰ ਸਮਝਦੇ ਹੋਏ ਤੇ ਆਪਣੇ ਜਮੀਰ ਦੀ ਆਵਾਜ਼ ਨੂੰ ਸੁਣਦੇ ਹੋਏ ਹਰ ਆੜ੍ਹਤੀ ਵੀਰ ਨੂੰ ਇੱਕਜੁੱਟ ਹੋ ਕੇ ਚੱਲਣ ਦੀ ਅਪੀਲ ਕਰਦਾ ਹਾਂ ਤੇ ਵਿਸ਼ਵਾਸ ਦਿਵਾਉਂਦਾ ਹਾਂ ਕਿ ਅਗਰ ਤੁਸੀਂ ਸਾਰੇ ਇੱਕਜੁੱਟ ਹੋ ਕੇ ਸਾਥ ਦਿੰਦੇ ਹੋ ਤਾਂ ਸਾਡੇ ਸਤਿਕਾਰਯੋਗ ਚੇਅਰਮੈਨ ਲਾਲ ਜੀਤ ਸਿੰਘ ਭੁੱਲਰ ਕੈਬਨਿਟ ਮੰਤਰੀ ਪੰਜਾਬ ਸਰਕਾਰ 'ਚ ਬੈਠ ਕੇ ਸਾਡੇ ਸਭ ਮਸਲੇ ਹੱਲ ਕਰਵਾਉਣ ਦੀ ਸੂਝ-ਬੂਝ ਤੇ ਹਿੰਮਤ ਰੱਖਦੇ ਹਨ, ਜੋ ਕਿ ਐਸੋਸੀਏਸ਼ਨ ਨੂੰ ਇੱਕਜੁੱਟ ਕਰਨ ਵਿੱਚ ਤੇ ਸਰਕਾਰ ਤੋਂ ਸਾਡੀਆਂ ਮੰਗਾਂ ਮਨਵਾਉਣ ਲਈ ਦਿਨ-ਰਾਤ ਇੱਕ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਆੜ੍ਹਤੀ ਵਰਗ ਦੇ ਜ਼ਰੂਰੀ ਮਸਲਿਆਂ ਵਿੱਚੋਂ ਸਭ ਤੋਂ ਵੱਡਾ ਮਸਲਾ ਆੜ੍ਹਤ ਕਾਨੂੰਨ ਮੁਤਾਬਕ ਐੱਮ ਐੱਸ ਪੀ 'ਤੇ 2.50% ਮਿਲੇ, ਲੇਬਰ ਦੇ ਮੌਜੂਦਾ ਰੇਟਾਂ ਵਿੱਚ ਘੱਟੋ ਘੱਟ 50% ਦਾ ਵਾਧਾ ਯਕਮੁਸ਼ਤ ਹੋਵੇ। ਉਨ੍ਹਾ ਮੰਗ ਕੀਤੀ ਕਿ ਈ ਪੀ ਐੱਫ਼ ਦਾ ਪੱਕਾ ਹੱਲ ਕਰਕੇ, ਐੱਫ ਸੀ ਆਈ ਵੱਲ ਬਕਾਇਆ ਪਈ ਰਾਸ਼ੀ ਤੁਰੰਤ ਰਿਲੀਜ਼ ਕੀਤਾ ਜਾਵੇ। ਇਸ ਤੋਂ ਇਲਾਵਾ ਅਦਾਇਗੀ ਕਿਸਾਨਾਂ ਦੀ ਮਰਜ਼ੀ ਅਨੁਸਾਰ ਆੜ੍ਹਤੀ ਜਾਂ ਸਿੱਧੀ ਲੈਣ ਦੀ ਆਪਸ਼ਨ ਪੋਰਟਲ 'ਤੇ ਮੌਜੂਦ ਹੋਵੇ।ਸ਼ੌਰਟੇਜ ਦੀ ਵਸੂਲੀ ਆੜ੍ਹਤੀ ਵਰਗ ਤੋਂ ਕੱਟਣੀ ਬੰਦ ਕਰਕੇ ਸਾਈਲੋ ਗੁਦਾਮਾਂ ਨੂੰ ਜਾਂ ਬੰਦ ਕੀਤਾ ਜਾਵੇ ਜਾਂ ਆੜ੍ਹਤੀ ਨੂੰ ਪੂਰੀ ਆੜ੍ਹਤ ਮਿਲਣ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ। ਇਸ ਮੌਕੇ ਉਨ੍ਹਾਂ ਨਾਲ ਰਜਿੰਦਰ ਸਿੰਘ ਨਿਰੰਕਾਰੀ ਜਨਰਲ ਸਕੱਤਰ, ਪੁਨੀਤ ਜੈਨ ਜਨਰਲ ਸਕੱਤਰ, ਰਣਜੀਤ ਸਿੰਘ ਔਜਲਾ, ਵਿੱਕੀ ਮਾਛੀਵਾੜਾ ਤੇ ਸਤਵਿੰਦਰ ਸਿੰਘ ਸੈਣੀ, ਦਵਿੰਦਰ ਸਿੰਘ ਬੈਦਵਾਣ ਹਾਜ਼ਰ ਸਨ।

# ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਸਰਬੱਤ ਦੇ ਭਲੇ ਲਈ ਦੁਆ ਸਮਾਗਮ



**ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ, ਨਿਰਮਲ ਸਿੰਘ)**-ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ, ਮੌਜੂਦਾ ਹਾਲਤ ਦੇ ਮੱਦੇਨਜ਼ਰ, ਅਮਨ-ਸ਼ਾਂਤੀ-ਸਦਭਾਵਨਾ ਨੂੰ ਸਮਰਪਿਤ ਸਰਬੱਤ ਦੇ ਭਲੇ ਲਈ ਦੁਆ ਸਮਾਗਮ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ।ਇਸ ਮੌਕੇ ਅੰਮ੍ਰਿਤਸਰ ਵੱਲ ਜਾਂਦੇ ਰਾਹੀਓ ਗੀਤ ਦੇ ਰਚੇਤਾ ਲਖਵਿੰਦਰ ਸਿੰਘ ਲੱਖਾ ਸਲੇਮਪੁਰੀ (ਚੇਅਰਮੈਨ ਮਾਨ ਪੰਜਾਬੀਆਂ ਤੇ ਅੰਤਰਰਾਸ਼ਟਰੀ ਸਾਹਿਤਕ ਮੰਚ ਇੰਗਲੈਂਡ) ਬਤੌਰ ਮੁੱਖ ਮਹਿਮਾਨ, ਜਦਕਿ ਅਵਤਾਰ ਸਿੰਘ ਭੁੱਲਰ (ਏਡੀਸੀ) ਸ: ਸੰਯੁਕਤ ਡਾਇਰੈਕਟਰ ਪੰਚਾਇਤ ਵਿਭਾਗ, ਚੰਡੀਗੜ੍ਹ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ, ਜਦਕਿ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ਿਲਿੰਦਰਜੀਤ ਸਿੰਘ ਰਾਜਨ, ਕਾਰਜਕਾਰੀ ਮੈਂਬਰ ਮਨਜੀਤ ਸਿੰਘ ਵੱਸੀ, ਕਾਰਜਕਾਰੀ ਮੈਂਬਰ ਡਾ: ਪਰਮਜੀਤ ਸਿੰਘ ਬਾਠ, ਮੈਨੇਜਰ ਭਾਈ ਸ਼ੇਰ ਸਿੰਘ, ਹਰਭਜਨ ਸਿੰਘ ਭੱਗਰੱਥ (ਪ੍ਰਧਾਨ ਸਾਹਿਤਕ ਸਿਤਾਰੇ ਮੰਚ ਤਰਨ ਤਾਰਨ), ਗਿਆਨੀ ਗੁਲਜ਼ਾਰ ਸਿੰਘ ਖੇੜਾ (ਪ੍ਰਧਾਨ ਸ਼੍ਰੋਮਣੀ ਪੰਜਾਬੀ ਸਾਹਿਤ ਸਭਾ ਜੰਡਿਆਲਾ ਗੁਰੂ), ਜਸਵੀਰ ਸਿੰਘ ਸ਼ੀਰਾ (ਪ੍ਰਧਾਨ ਬੱਧਨੀ ਕਲਾਂ), ਹਰਜਿੰਦਰ ਸਿੰਘ ਜਿੰਦੀ ਮਠੌਲਾ (ਜਨਰਲ ਸਕੱਤਰ ਪੰਜਾਬ ਸਾਹਿਤਕ ਮੰਚ ਜਲੰਧਰ), ਸੁਖਦੇਵ ਸਿੰਘ ਭੁੱਲਰ ਸਾ: ਸੀਨੀਅਰ ਮੈਨੇਜਰ ਪੰਜਾਬ ਸਕੂਲ ਸਿਖਿਆ ਬੋਰਡ, ਮੱਖਣ ਸਿੰਘ ਭੈਣੀਵਾਲਾ (ਸਾਬਕਾ ਬੀਈਈਓ) ਮੁੱਖ ਅਧਿਆਪਕ ਕਰਮਜੀਤ ਸਿੰਘ ਪੱਲ੍ਹਾ, ਪ੍ਰਚਾਰਕ ਭਾਈ ਜਸਪਾਲ ਸਿੰਘ ਬਲਸਰਾਏ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ ਅਤੇ ਪ੍ਰਧਾਨ ਸੰਤੋਖ ਸਿੰਘ ਗੁਰਾਇਆ ਆਦਿ ਸੁਸ਼ੋਭਿਤ ਹੋਏ।ਇਸ ਮੌਕੇ ਧਾਰਮਿਕ ਗੀਤ ਅਤੇ ਗੀਤਕਾਰ ਮੱਖਣ ਭੈਣੀਵਾਲਾ ਦਾ ਪਲੇਠਾ ਗੀਤ ਅਤੇ ਕਾਵਿ ਸੰਗ੍ਰਹਿ ਅਲਬੇਲਾ ਨੂੰ ਲੋਕ ਅਰਪਿਤ ਕੀਤਾ ਗਿਆ।ਮੰਚ ਸੰਚਾਲਨ ਦੇ ਫਰਜ਼ ਸ਼ਿਲਿੰਦਰਜੀਤ ਸਿੰਘ ਰਾਜਨ ਨੇ ਬਾਖੂਬੀ ਨਿਭਾਏ।ਇਸ ਮੌਕੇ ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ (ਮਹਿਲਾ ਵਿੰਗ) ਦੇ ਪ੍ਰਧਾਨ ਸੁਖਵੰਤ ਕੌਰ ਵੱਸੀ, ਸੁਰਿੰਦਰ ਖਿਲਚੀਆਂ, ਬਲਵਿੰਦਰ ਕੌਰ ਸਰਘੀ, ਡਾ: ਹਰਵਿੰਦਰਜੀਤ ਕੌਰ ਬਾਠ, ਗੁਰਮੀਤ ਕੌਰ ਬੱਲ, ਅਮਨਦੀਪ ਢਿੱਲੋਂ ਕਸੇਲ, ਸੁਖਵਿੰਦਰ ਕੌਰ, ਲਖਵਿੰਦਰ ਕੱਟੋਆ, ਮੁਖਤਾਰ ਸਿੰਘ ਗਿੱਲ, ਨਵਦੀਪ ਸਿੰਘ ਬਦੇਸ਼, ਸਤਰਾਜ ਜਲਾਲਾਬਾਦੀ, ਜਸਪਾਲ ਸਿੰਘ ਧੂਲਕਾ, ਅਵਤਾਰ ਸਿੰਘ ਗੋਇੰਦਵਾਲੀਆ, ਸਰਬਜੀਤ ਸਿੰਘ ਪੱਡਾ, ਡਾ: ਕੁਲਵੰਤ ਸਿੰਘ ਬਾਠ, ਮਾ: ਚਰਨ ਸਿੰਘ ਪਿਆਰਾਪੁਰੀ, ਮਾ: ਬਲਬੀਰ ਸਿੰਘ ਬੀਰ ਬੋਲੇਵਾਲੀਆ, ਜਸਮੇਲ ਸਿੰਘ ਜੋਧੇ, ਜਗਤਾਰ ਸਿੰਘ ਤਲਵੰਡੀ, ਕਾਕੇ ਸ਼ਾਹ ਟਾਂਗਰਾ, ਅਜੀਤ ਸਿੰਘ ਸਠਿਆਲਵੀ, ਬਲਵਿੰਦਰ ਸਿੰਘ ਅਠੌਲਾ, ਅਜਿੰਦਰ ਬੁਤਾਲਵੀ, ਅਮਰਜੀਤ ਸਿੰਘ ਰਤਨਗੜ੍ਹ, ਬਲਜਿੰਦਰ ਸਿੰਘ ਬਿੰਦ, ਦਿਲਾਵਰ ਜੋਸ਼ੀ, ਸਰਬ ਮਜੀਠਾ, ਗੁਰ ਰੰਧਾਵਾ, ਧਰਮਿੰਦਰ ਸਿੰਘ ਭੈਣੀ, ਅਮਿਤ ਕੁਮਾਰ, ਵੈਦ ਮਦਨ ਬਾਵਾ, ਅਜੈਬ ਸਿੰਘ ਬੋਦੇਵਾਲ, ਸਕੱਤਰ ਸਿੰਘ ਪੁਰੇਵਾਲ, ਕੈਪਟਨ ਸਿੰਘ ਮਹਿਤਾ ਆਦਿ ਹਾਜ਼ਰੀਨ ਕਵੀਆਂ ਵੱਲੋਂ ਸਰਬੱਤ ਦੇ ਭਲੇ ਅਤੇ ਦੇਸ਼ ਵਿੱਚ ਅਮਨ-ਸ਼ਾਂਤੀ ਲਈ ਕਵਿਤਾ ਪਾਠ ਕੀਤਾ ਗਿਆ।ਇਸ ਮੌਕੇ ਸਭਾ ਵੱਲੋਂ ਸ. ਲਖਵਿੰਦਰ ਸਿੰਘ ਲੱਖਾ ਸਲੇਮਪੁਰੀ ਅਤੇ ਏਡੀਸੀ ਅਵਤਾਰ ਸਿੰਘ ਭੁੱਲਰ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।

# ਸਾਧਾਂਵਾਲੀ 'ਚ ਡੇਰੇ ਤੇ ਇੱਕ ਘਰ ਨੂੰ ਸ਼ੱਕੀ ਹਾਲਾਤ 'ਚ ਲੱਗੀ ਅੱਗ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਭਾਰਤ-ਪਾਕਿ ਕੌਮਾਂਤਰੀ ਸਰਹੱਦ ਡੇਰਾ ਬਾਬਾ ਨਾਨਕ ਤੇ ਵੱਸੇ ਸਰਹੱਦੀ ਪਿੰਡ ਸਾਧਾਂਵਾਲੀ ਦੇ ਇੱਕ ਡੇਰੇ ਉਪਰ ਰਹਿੰਦੇ ਗਰੀਬ ਪਰਿਵਾਰ ਦੇ ਘਰ ਨੂੰ ਸ਼ੱਕੀ ਹਾਲਾਤ ਵਿੱਚ ਅੱਗ ਲੱਗਣ ਦਾ ਮਾਮਲਾ ਪ੍ਰਾਪਤ ਹੋਇਆ ਹੈ।ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਪੀੜਤ ਪਰਿਵਾਰ ਦੇ ਰਾਜ ਕੁਮਾਰ ਅਤੇ ਸੁਨੀਲ ਕੁਮਾਰ ਨੇ ਦੱਸਿਆ ਕਿ ਡੇਰਾ ਬਾਬਾ ਨਾਨਕ ਦੇ ਉੱਘੇ ਕਾਰੋਬਾਰੀ ਸਵਰਗੀ ਵਾਸੀ ਰਾਮ ਲੁਭਾਇਆ ਸਰਨਾ ਦੇ ਡੇਰੇ ਉਪਰ ਉਹ ਕਰੀਬ 50-60 ਸਾਲ ਤੋਂ ਆਪਣੇ ਪਰਿਵਾਰ ਸਮੇਤ ਰਹਿ ਰਹੇ ਸਨ ਪਰ ਬੀਤੇ ਕੁਝ ਦਿਨਾਂ ਤੋਂ ਭਾਰਤ ਅਤੇ ਪਾਕਿਸਤਾਨ ਵਿਚਾਲੇ ਵਧੇ ਹੋਏ ਤਣਾਅ ਨੂੰ ਲੈ ਕੇ ਉਹ ਆਪਣੇ ਰਿਸ਼ਤੇਦਾਰਾਂ ਕੋਲੋਂ ਚਲੇ ਗਏ ਸਨ।ਅੱਜ ਜਦੋਂ ਉਹ ਡੇਰੇ ਉਪਰ ਆਏ ਤਾਂ ਡੇਰੇ ਨੂੰ ਭਿਆਨਕ ਅੱਗ ਲੱਗੀ ਹੋਈ ਸੀ ਜਿਸ ਤੋਂ ਬਾਅਦ ਤੁਰੰਤ ਫਾਇਰ ਬ੍ਰਿਗੇਡ ਨੂੰ ਸੂਚਨਾ ਦਿੱਤੀ ਗਈ ਜਿਨ੍ਹਾਂ ਨੇ ਕਾਫੀ ਮੁਸ਼ੱਕਤ ਤੋਂ ਬਾਅਦ ਅੱਗ ਤੇ ਕਾਬੂ ਪਾਇਆ ਪਰ ਉਨਾ ਚਿਰ ਤੱਕ ਉਨ੍ਹਾਂ ਦੇ ਘਰ ਦਾ ਸਾਰਾ ਕੀਮਤੀ ਸਾਮਾਨ, ਗਹਿਣੇ ਅਤੇ ਨਗਦੀ ਸੜ ਕੇ ਸਵਾਹ ਹੋ ਚੁੱਕੇ ਸਨ।ਇਸ ਘਟਨਾ ਨੂੰ ਲੈ ਕੇ ਗਰੀਬ ਪਰਿਵਾਰ ਦਾ ਰੋ ਰੋ ਬੁਰਾ ਹਾਲ ਹੈ।ਉਨ੍ਹਾਂ ਦੱਸਿਆ ਕਿ ਇਸ ਘਟਨਾ ਵਿੱਚ ਕਰੀਬ 70 ਹਜ਼ਾਰ ਦੀ ਨਕਦੀ, ਦੋ ਤੋਲੇ ਸੋਨੇ ਦੇ ਗਹਿਣੇ, ਐੱਲਸੀਡੀ, ਫਰਿੱਜ, ਕੂਲਰ, ਪੱਖੇ, ਬੈਟਰਾ ਇਨਵਰਟਰ ਅਤੇ ਟਰੰਕ ਅਤੇ ਪੇਟੀਆਂ ਵਿੱਚ ਪਏ ਹੋਏ ਬਿਸਤਰੇ, ਕੱਪੜੇ ਅਤੇ ਘਰ ਦਾ ਸਾਰਾ ਫਰਨੀਚਰ ਸੜ ਕੇ ਸਵਾਹ ਹੋਇਆ ਹੈ।ਪੀੜਤ ਪਰਿਵਾਰ ਨੇ ਪਿੰਡ ਦੇ ਹੀ ਕੁਝ ਸ਼ਰਾਰਤੀ ਅਨਸਰਾਂ ਉਪਰ ਅੱਗ ਲਾਉਣ ਦਾ ਖਦਸ਼ਾ ਜਤਾਇਆ ਹੈ।ਇਸ ਮੌਕੇ ਪੀੜਤ ਪਰਿਵਾਰ ਲਈ ਪਿੰਡ ਵਾਸੀ ਸਾਬਕਾ ਸਰਪੰਚ ਮਨੋਹਰ ਲਾਲ, ਸਰਪੰਚ ਦਲਬੀਰ ਸਿੰਘ, ਹਰਜੀਤ ਕੁਮਾਰ, ਸ਼ਕਤੀ ਕੁਮਾਰ, ਵਿਜੇ ਕੁਮਾਰ, ਸਰਬਜੀਤ ਸਿੰਘ, ਕਸ਼ਮੀਰ ਸਿੰਘ ਆਦਿ ਵੱਲੋਂ ਪੰਜਾਬ ਸਰਕਾਰ ਅਤੇ ਪੁਲਸ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਅੱਗ ਲੱਗਣ ਦੇ ਕਾਰਨਾਂ ਦੀ ਨਿਰਪੱਖ ਜਾਂਚ ਕੀਤੀ ਜਾਵੇ ਅਤੇ ਇਸ ਅੱਗ ਪੀੜਤ ਪਰਿਵਾਰ ਦੀ ਵੱਧ ਤੋਂ ਵੱਧ ਮਦਦ ਕੀਤੀ ਜਾਵੇ।

# ਲਿਬਰਲ ਪਾਰਟੀ ਦੀ ਜਿੱਤ 'ਤੇ ਪ੍ਰਵਾਸੀ ਭਾਰਤੀਆਂ ਵੱਲੋਂ ਖੁਸ਼ੀ ਦਾ ਇਜ਼ਹਾਰ



**ਗੁਰਦਾਸਪੁਰ (ਜਨਕ ਮਹਾਜਨ)**-ਕੈਨੇਡਾ ਵਿਖੇ ਲਿਬਰਲ ਪਾਰਟੀ ਦੀ ਸਰਕਾਰ ਬਣਨ 'ਤੇ ਪ੍ਰਵਾਸੀ ਭਾਰਤੀਆਂ ਨੇ ਖੁਸ਼ੀ ਦਾ ਇਜ਼ਹਾਰ ਕੀਤਾ ਹੈ। ਇਸ ਮੌਕੇ ਗੱਲਬਾਤ ਦੌਰਾਨ ਪ੍ਰਵਾਸੀ ਭਾਰਤੀਆਂ ਚੰਨੀ ਖੱਟੜਾ (ਤਨਖਾਹ ਰਹਿਤ ਟਰੱਕਿੰਗ ਸਕੂਲ) ਬਰੈਂਪਟਨ, ਸੁਖਵਿੰਦਰ ਸੈਣੀ ਕੈਨੇਡਾ, ਸ਼ੈਲੀ ਕਾਹਲ ਕੈਨੇਡਾ, ਵਰਿੰਦਰ ਕੈਨੇਡਾ ਅਤੇ ਅਰਮਾਨ ਧੰਜੂ ਨੇ ਦੱਸਿਆ ਕਿ ਸਮੂਹ ਪੰਜਾਬੀਆਂ ਵੱਲੋਂ ਲਿਬਰਲ ਪਾਰਟੀ ਦਾ ਚੋਣਾਂ ਦੌਰਾਨ ਭਰਪੂਰ ਸਮਰਥਨ ਕੀਤਾ ਗਿਆ ਸੀ ਜਿਸ ਸਦਕਾ ਕੈਨੇਡਾ ਵਿਚ ਲਿਬਰਲ ਪਾਰਟੀ ਵੱਡੀ ਧਿਰ ਵਜੋਂ ਉਭਰ ਕੇ ਸਾਹਮਣੇ ਆਈ ਹੈ।

ਉਨ੍ਹਾਂ ਕਿਹਾ ਟੋਰਾਂਟੋ ਤੋਂ ਸਿਟੀ ਈਟੋਬੀਕੋਕ ਵਿਚ ਜੌਨ ਜ਼ੇਰਸਿਲ ਲਿਬਰੀ ਲਿਬਰਲ ਪਾਰਟੀ ਤੋਂ ਜਿੱਤੇ ਹਨ ਜਿਨ੍ਹਾਂ ਨੇ ਪੰਜਾਬੀਆਂ ਨੂੰ ਯਕੀਨ ਦਿਵਾਇਆ ਕਿ ਹਰ ਮੁਸ਼ਕਿਲ ਦੇ ਹੱਲ ਲਈ ਸਰਕਾਰ ਨਾਲ ਵਿਚਾਰ ਵਟਾਂਦਰਾ ਕਰਕੇ ਹੱਲ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਲਿਬਰਲ ਪਾਰਟੀ ਤੋਂ ਪੰਜਾਬੀਆਂ ਨੂੰ ਬਹੁਤ ਉਮੀਦਾਂ ਹਨ ਅਤੇ ਆਸ ਪ੍ਰਗਟਾਈ ਕਿ ਲਿਬਰਲ ਪਾਰਟੀ ਆਪਣੇ ਵਾਅਦੇ ਮੁਤਾਬਿਕ ਕੰਮ ਕਰੇਗੀ। ਉਨ੍ਹਾਂ ਕਿਹਾ ਲਿਬਰਲ ਪਾਰਟੀ ਦੇ ਸਮੂਹ ਐੱਮ. ਪੀ. ਪੰਜਾਬੀਆਂ ਨੂੰ ਅਥਾਹ ਪਿਆਰ ਕਰਦੇ ਹਨ ਅਤੇ ਪੰਜਾਬੀਆਂ ਨੂੰ ਆ ਰਹੀਆਂ ਮੁਸ਼ਕਲਾਂ ਦੇ ਹੱਲ ਲਈ ਤਰਜੀਹ ਦਿੰਦੇ ਹਨ ਜਿਸ ਨਾਲ ਪੰਜਾਬੀ ਭਾਰਤੀਆਂ ਵਿਚ ਇਸ ਪ੍ਰਤੀ ਕਾਫ਼ੀ ਦਿਲਚਸਪੀ ਦਿਖਾਈ ਦੇ ਰਹੀ ਹੈ।

# ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲਾ ਅੰਮ੍ਰਿਤਸਰ ਵੱਲੋਂ ਮੰਗਾਂ ਨੂੰ ਲੈ ਕੇ ਮਹੀਨਾਵਾਰ ਮੀਟਿੰਗ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲਾ ਅੰਮ੍ਰਿਤਸਰ ਦੀ ਮਾਸਿਕ ਮੀਟਿੰਗ ਜੋਲੀ ਸਵੀਟ ਸ਼ਾਪ ਪੁਤਲੀ ਘਰ ਵਿਖੇ ਕਾਰਜਕਾਰੀ ਪ੍ਰਧਾਨ ਕੁਲਵੰਤ ਸਿੰਘ ਤੋਲਾ ਨੰਗਲ ਦੀ ਪ੍ਰਧਾਨਗੀ ਹੇਠ ਹੋਈ। ਸਭ ਤੋਂ ਪਹਿਲਾਂ ਪਹਿਲਗਾਮ ਵਿੱਚ ਦਹਿਸ਼ਤਗਰਦਾਂ ਵੱਲੋਂ ਬੇਕਸੂਰ ਸੈਲਾਨੀਆਂ ਉਤੇ ਹਮਲਾ ਕਰਨ ਦੀ ਸਖਤ ਨਿੰਦਾ ਕੀਤੀ ਗਈ। ਮੀਟਿੰਗ ਵਿੱਚ ਮਾਰੇ ਗਏ ਸੈਲਾਨੀਆਂ ਅਤੇ ਬਲਰਾਜ ਸਿੰਘ ਭੰਗੂ ਦੇ ਭਾਈ ਸਾਹਿਬ ਅਤੇ ਨਿਰਵੈਰ ਸਿੰਘ ਦੀ ਬੇਟੀ ਦੇ ਸਦੀਵੀ ਵਿਛੋੜੇ 'ਤੇ ਦੋ ਮਿੰਟ ਦਾ ਮੋਨ ਰੱਖ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਬਲਦੇਵ ਰਾਜ ਸ਼ਰਮਾ ਨੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾ ਡਿਪਟੀ ਜਨਰਲ ਸਕੱਤਰ ਸੱਤਿਆਪਾਲ ਗੁਪਤਾ ਨੇ ਪੰਜਾਬ ਸਰਕਾਰ 'ਤੇ ਦੋਸ਼ ਲਾਉਂਦੇ ਹੋਏ ਕਿਹਾ ਕਿ ਸਰਕਾਰ ਪੈਨਸ਼ਨਰਾਂ ਨੂੰ ਮੀਟਿੰਗਾਂ ਦੇ ਕੇ ਲਗਾਤਾਰ ਮੀਟਿੰਗਾਂ ਤੋਂ ਭੱਜ ਰਹੀ ਹੈ। ਪੰਝੀ ਅਪ੍ਰੈਲ ਦੀ ਮੀਟਿੰਗ ਵਿੱਚ ਪੈਨਸ਼ਨਰਾਂ ਦੀਆਂ ਮੰਗਾਂ ਤੇ ਸਬ ਕਮੇਟੀ ਨੇ ਸਹਿਮਤੀ ਪ੍ਰਗਟਾਈ ਸੀ ਅਤੇ ਭਰੋਸਾ ਦਿੱਤਾ ਸੀ ਕਿ 30 ਮਈ ਦੀ ਮੀਟਿੰਗ ਵਿੱਚ ਮੰਗਾਂ ਦਾ ਨਿਪਟਾਰਾ ਕੀਤਾ ਜਾਵੇਗਾ ਪਰ ਬੜੇ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕੇ ਪੰਜਾਬ ਸਰਕਾਰ ਇਸ ਗੱਲ ਤੋਂ ਵੀ ਮੁੱਕਰ ਗਈ ਹੈ ਅਤੇ ਅਗਲੀ ਮੀਟਿੰਗ ਦੀ ਕੋਈ ਵੀ ਡੇਟ ਨਿਸ਼ਚਿਤ ਨਹੀਂ ਕੀਤੀ। ਵੱਖ-ਵੱਖ ਬੁਲਾਰਿਆਂ ਭਵਾਨੀ ਫੇਰ, ਕੁਲਵੰਤ ਸਿੰਘ ਘੁਕੇਵਾਲੀ, ਗੁਰਚਰਨ ਸਿੰਘ ਸੰਧੂ, ਰਾਣਾ ਪ੍ਰਤਾਪ ਸਿੰਘ, ਕੁਲਦੀਪ ਸਿੰਘ ਬੱਲ, ਹਰਜੀਤ ਸਿੰਘ ਉੱਪਲ, ਨਿਰਵੈਰ ਸਿੰਘ, ਬਲਰਾਜ ਸਿੰਘ ਭੰਗੂ ਨੇ ਪੰਜਾਬ ਸਰਕਾਰ ਨੂੰ ਆੜੇ ਹੱਥੀ ਲੈਂਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਸੈਂਟਰ ਸਰਕਾਰ ਅਤੇ ਗੁਆਂਢੀ ਸੂਬਿਆਂ ਦੀਆਂ ਸਰਕਾਰਾਂ ਤੋਂ ਬਹੁਤ ਪਿੱਛੇ ਚੱਲ ਰਹੀ ਹੈ। ਕੋਈ ਸਮਾਂ ਸੀ ਕਿ ਗੁਆਂਢੀ ਸੂਬੇ ਪੰਜਾਬ ਵੱਲ ਵੇਖਦੇ ਸੀ ਅਤੇ ਜੋ ਪੰਜਾਬ ਸਰਕਾਰ ਆਪਣੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਡੀਏ ਦੀਆਂ ਕਿਸ਼ਤਾਂ ਜਾਰੀ ਕਰਦੀ ਸੀ ਬਾਕੀ ਸੂਬੇ ਉਸ ਦੀ ਨਕਲ ਕਰਦੇ ਸਨ ਪਰ ਅੱਜ ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰ ਦੂਜਿਆਂ ਵੱਲ ਵੇਖ ਕੇ ਪੰਜਾਬ ਸਰਕਾਰ ਨੂੰ ਕੋਸ ਰਹੇ ਹਨ ਕਿਉਂਕਿ ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰ ਬਾਕੀ ਸੂਬਿਆਂ ਨਾਲੋਂ 13% ਡੀਏ ਘੱਟ ਲੈ ਰਹੇ ਹਨ। ਇਸੇ ਤਰ੍ਹਾਂ ਹੀ ਪੰਜਾਬ ਦੇ ਵਿੱਤ ਮੰਤਰੀ ਨੇ ਵਾਅਦਾ ਕੀਤਾ ਸੀ ਕਿ ਪੰਜਾਬ ਦੇ ਪੈਨਸ਼ਨਾਂ ਨੂੰ ਦੋ ਪੁਆਇੰਟ 59 ਦਾ ਗੁਣਾਂਕ ਸਰਕਾਰ ਬਣਨ ਤੇ ਜਲਦੀ ਦੇ ਦਿੱਤਾ ਜਾਵੇਗਾ। ਵਿੱਤ ਮੰਤਰੀ ਵੱਲੋਂ ਆਪਣੇ ਪੈਡ ਤੇ ਵੀ ਲਿਖ ਕੇ ਦਿੱਤਾ ਹੋਇਆ ਹੈ, ਇਸੇ ਕਰਕੇ ਪੰਜਾਬ ਦੇ ਪੈਨਸ਼ਨਰ ਸਰਕਾਰ ਤੋਂ ਖਫਾ ਹਨ ਕਿ ਉਨ੍ਹਾਂ ਦਾ ਸਾਢੇ 5 ਸਾਲ ਦਾ ਬਕਾਇਆ ਲੀਰੋ ਲੀਰ ਕਰਕੇ ਪੈਨਸ਼ਨਾਂ ਵਿੱਚ ਵੰਡੀਆਂ ਪਾਈਆਂ ਗਈਆਂ ਹਨ, ਬਹੁਤ ਸਾਰੇ ਬੈਂਕਾਂ ਨੇ ਅਜੇ ਤੱਕ ਬਕਾਏ ਦੀ ਪਹਿਲੀ ਕਿਸ਼ਤ ਵੀ ਨਹੀਂ ਪਾਈ ਗਈ। ਇਹ ਵੀ ਪਤਾ ਲੱਗਾ ਹੈ ਕਿ ਫੈਮਲੀ ਪੈਨਸ਼ਨਰਾਂ ਨੂੰ ਫੈਮਿਲੀ ਪੈਨਸ਼ਨ ਦੀ ਕਿਸੇ ਵੀ ਬੈਂਕ ਨੇ ਬਕਾਏ ਦੀ ਕਿਸ਼ਤ ਨਹੀਂ ਪਾਈ। ਜਿਹੜੇ ਪੈਨਸ਼ਨਰ 1-1- 16 ਤੋਂ ਇਕ ਦੋ ਤਿੰਨ ਮਹੀਨੇ ਬਾਅਦ ਵੀ ਰਿਟਾਇਰ ਹੋਏ ਹਨ ਉਨ੍ਹਾਂ ਨੂੰ ਵੀ ਮੁਲਾਜ਼ਮਾਂ ਵਾਂਗੂੰ ਗਿਣ ਲਿਆ ਗਿਆ ਹੈ ਅਤੇ ਉਨ੍ਹਾਂ ਨੂੰ ਵੀ ਕੋਈ ਕਿਸ਼ਤ ਨਹੀਂ ਮਿਲੀ। ਸਰਕਾਰ ਨੂੰ ਚਾਹੀਦਾ ਹੈ ਕਿ 2016 ਤੋਂ ਬਾਅਦ ਜਿੰਨੇ ਮਹੀਨੇ ਸਰਵਿਸ ਕੀਤੀ ਹੈ ਉਸ ਨੂੰ ਛੱਡ ਕੇ ਬਾਕੀ ਦੇ ਮਹੀਨਿਆਂ ਦਾ ਬਕਾਇਆ ਬਣਾ ਕੇ ਕਿਸ਼ਤ ਪਾਈ ਜਾਵੇ ਅਤੇ ਬੈਂਕਾਂ ਨੂੰ ਬਕਾਇਆ ਪਾਉਣ ਦੀਆਂ ਸਪਸ਼ਟ ਹਦਾਇਤਾਂ ਦਿੱਤੀਆਂ ਜਾਣ ਜਿਸ ਨਾਲ ਬਜ਼ੁਰਗ ਪੈਨਸ਼ਨਰਾਂ ਨੂੰ ਬੈਂਕਾਂ ਵਿੱਚ ਖੱਜਲ ਖੁਆਰੀ ਨਾ ਕਰਨੀ ਪਵੇ। ਮੀਟਿੰਗ ਵਿੱਚ ਸੁਰਿੰਦਰ ਕੁਮਾਰ, ਬਲੌਰ ਸਿੰਘ, ਤੀਰਥ ਰਾਮ, ਤਿਲਕ ਰਾਜ, ਸੁਖਦੇਵ ਸਿੰਘ ਪੱਟੀ, ਮਨਮੋਹਨ ਸਿੰਘ, ਹਰਪਾਲ ਸਿੰਘ, ਅੰਚਲ ਕੁਮਾਰ, ਨਰ ਬਹਾਦਰ, ਬਲਦੇਵ ਸਿੰਘ, ਜਗੀਰ ਸਿੰਘ, ਅਵਤਾਰ ਸਿੰਘ, ਬਲਦੇਵ ਸਿੰਘ ਭੋਮਾ, ਸਲਵਿੰਦਰ ਸਿੰਘ ਆਦਿ ਵੱਡੀ ਗਿਣਤੀ ਵਿੱਚ ਪੈਨਸ਼ਨਰ ਹਾਜ਼ਰ ਸਨ।

# ਪ੍ਰੋ. ਐੱਚ ਐੱਸ ਬੋਪਾਰਾਏ ਨਾਲ ਸਜਾਈ ਅਦਬੀ ਮਹਿਫ਼ਲ



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਜਨਵਾਦੀ ਲੇਖਕ ਸੰਘ ਵੱਲੋਂ ਆਰੰਭੀ ਕਿਛ ਸੁਣੀਐ ਕਿਛ ਕਹੀਐ ਸਮਾਗਮਾਂ ਦੀ ਲੜੀ ਤਹਿਤ ਪ੍ਰੋ. ਐੱਚ. ਐੱਸ. ਬੋਪਾਰਾਏ ਨਾਲ ਅਦਬੀ ਮਹਿਫ਼ਲ ਸਜਾਈ ਗਈ।ਸਮਾਗਮ ਦੇ ਕਨਵੀਨਰ ਕਥਾਕਾਰ ਦੀਪ ਦੇਵਿੰਦਰ ਸਿੰਘ ਨੇ ਸਵਾਗਤੀ ਸ਼ਬਦ ਕਹਿੰਦਿਆਂ ਦੱਸਿਆ ਕਿ ਸਾਡਾ ਮਨੋਰਥ ਬਜ਼ੁਰਗ ਸਾਹਿਤਕਾਰਾਂ ਨਾਲ ਸੰਵਾਦ ਰਚਾ ਕੇ ਜ਼ਿੰਦਗੀ ਦੇ ਅਤੇ ਕਲਮੀ ਅਨੁਭਵ ਨੂੰ ਪਾਠਕਾਂ ਨਾਲ ਸਾਂਝਾ ਕਰਨ ਤੋਂ ਹੈ। ਅਣਵੰਡੇ ਪੰਜਾਬ ਦੇ ਜ਼ਿਲਾ ਕਸੂਰ ਵਿਚ 1931 ਨੂੰ ਜਨਮੇ ਅਤੇ ਇਤਿਹਾਸਕ ਖਾਲਸਾ ਕਾਲਜ ਅੰਮ੍ਰਿਤਸਰ ਤੋਂ ਅਧਿਆਪਨ ਦੇ ਕਿੱਤੇ ਤੋਂ ਸੇਵਾ ਮੁਕਤ ਹੋਏ ਪ੍ਰੋ. ਬੋਪਾਰਾਏ ਹੁਰਾਂ ਮੌਜੂਦਾ ਹਾਲਾਤ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਉਨ੍ਹਾਂ ਸੰਤਾਲੀ ਦਾ ਉਜਾੜਾ ਅਤੇ ਪੈਂਹਠ-ਇਕੱਹਤਰ ਦੀਆਂ ਜੰਗਾਂ ਦੀ ਭਿਆਨਕਤਾ ਅੱਖੀਂ ਵੇਖੀ ਹੈ, ਜੰਗ ਮਨੁੱਖਤਾ ਦਾ ਵਿਨਾਸ਼ ਕਰਦਾ ਹੈ ਅਤੇ ਅਮਨ-ਸ਼ਾਂਤੀ ਮਨੁੱਖ ਨੂੰ ਵਿਕਾਸ ਦੀਆਂ ਲੀਹਾਂ ਦੀ ਨਿਸ਼ਾਨਦੇਹੀ ਕਰਵਾਉਂਦੀ ਹੈ।ਜਨਵਾਦੀ ਲੇਖਕ ਸੰਘ ਦੇ ਸੀਨੀਅਰ ਮੀਤ ਪ੍ਰਧਾਨ ਮਨਮੋਹਨ ਸਿੰਘ ਢਿੱਲੋਂ ਨੇ ਪ੍ਰੋ. ਬੋਪਾਰਾਏ ਦੀ ਪੁਸਤਕ 'ਜ਼ਿੰਦਗੀ ਦਾ ਸਫ਼ਰ' ਦੇ ਹਵਾਲੇ ਨਾਲ ਕਿਹਾ ਕਿ ਬੋਪਾਰਾਏ ਹੁਰਾਂ ਕੋਲ ਸੰਘਰਸ਼ਮਈ ਜੀਵਨ ਜਾਚ ਦੀ ਇਕ ਲੰਬੀ ਗਾਥਾ ਹੈ।ਇਸ ਮੌਕੇ ਸੁਮੀਤ ਸਿੰਘ ਅਤੇ ਡਾ. ਕਸ਼ਮੀਰ ਸਿੰਘ ਨੇ ਧੰਨਵਾਦ ਕੀਤਾ ਅਤੇ ਅਜਿਹੇ ਸਮਾਗਮਾਂ ਦੀ ਨਿਰੰਤਰਤਾ ਦੀ ਹਾਮੀ ਭਰੀ।

## ਭਗੌੜਾ ਪੁਲਸ ਅੜਿੱਕੇ

**ਗੁਰਦਾਸਪੁਰ (ਜਨਕ ਮਹਾਜਨ)**-ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਮਾਨਯੋਗ ਅਦਾਲਤ ਦੇ ਹੁਕਮਾਂ ਦੀ ਉਲੰਘਣਾ ਕਰਨ 'ਤੇ ਇਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਉਸ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਏ. ਐੱਸ. ਆਈ. ਸ਼ਲਿੰਦਰ ਸਿੰਘ ਨੇ ਦੱਸਿਆ ਕਿ ਪਰਮਿੰਦਰ ਸਿੰਘ ਰਾਏ ਸਪੈਸ਼ਲ ਜੱਜ ਗੁਰਦਾਸਪੁਰ ਦੇ ਹੁਕਮਾਂ 'ਤੇ ਵਿਸ਼ਾਲ ਕੁਮਾਰ ਲੱਡੂ ਪੁੱਤਰ ਬਚਨ ਲਾਲ ਵਾਸੀ ਤਾਲਬਿਪੁਰ ਨੂੰ ਮੁਕੱਦਮਾ ਨੰ: 59 ਮਿਤੀ 02/11/2022 ਜੁਰਮ 21 (ਬ)-61-85 ਐੱਨਡੀਪੀਸੀ ਐਕਟ ਥਾਣਾ ਪੁਰਾਣਾ ਸ਼ਾਲਾ ਵਿੱਚ ਮਾਨਯੋਗ ਅਦਾਲਤ ਦੇ ਹੁਕਮਾਂ ਦੀ ਉਲੰਘਣਾ ਕਰਨ 'ਤੇ ਮਿਤੀ 22.01.2024 ਨੂੰ ਪੀ. ਓ. ਐਲਾਨ ਕੀਤਾ ਗਿਆ ਸੀ ਜਿਸ 'ਤੇ ਵਿਸ਼ਾਲ ਕੁਮਾਰ ਖਿਲਾਫ ਮਾਮਲਾ ਦਰਜ ਕਰਕੇ ਉਸ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

# ਬਾਸਰਕੇ ਗਿੱਲਾਂ ਵਿਖੇ ਸ੍ਰੀ ਗੁਰੂ ਅਮਰਦਾਸ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



**ਸਰਾਏ ਅਮਾਨਤ ਖਾਂ (ਮੱਖਣ ਮਨੋਜ )**-ਗੁਰਦੁਆਰਾ ਜਨਮ ਅਸਥਾਨ ਸ੍ਰੀ ਗੁਰੂ ਅਮਰਦਾਸ ਜੀ ਬਾਸਰਕੇ ਗਿੱਲਾਂ ਵਿਖੇ ਤੀਸਰੀ ਪਾਤਸ਼ਾਹੀ ਸ੍ਰੀ ਗੁਰੂ ਅਮਰਦਾਸ ਜੀ ਦਾ ਪ੍ਰਕਾਸ਼ ਦਿਹਾੜਾ ਐਤਵਾਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਸੰਪਰਦਾਇ ਕਾਰ ਸੇਵਾ ਸੰਤ ਬਾਬਾ ਖੜਕ ਸਿੰਘ, ਸੰਤ ਬਾਬਾ ਦਰਸ਼ਨ ਸਿੰਘ ਵੱਲੋਂ ਬਾਬਾ ਸੰਤੋਖ ਸਿੰਘ ਬੀੜ ਸਾਹਿਬ ਵਾਲਿਆਂ ਦੀ ਅਗਵਾਈ ਹੇਠ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਮਨਾਇਆ ਗਿਆ। ਸਵੇਰੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣ ਉਪਰੰਤ ਨਵੇਂ ਬਣੇ ਦੀਵਾਨ ਹਾਲ ਵਿਖੇ ਗੁਰਬਾਣੀ ਦੇ ਸ਼ਬਦ ਕੀਰਤਨ ਉਪਰੰਤ ਗੁਰੂ ਘਰ ਦੇ ਪ੍ਰਸਿੱਧ ਰਾਗੀ, ਢਾਡੀਆਂ ਨੇ ਸੰਗਤਾਂ ਨੂੰ ਗੁਰੂ ਜੱਸ ਸੁਣਾ ਕੇ ਨਿਹਾਲ ਕੀਤਾ।ਇਸ ਸਮੇਂ ਬਾਬਾ ਸੰਤੋਖ ਸਿੰਘ ਬੀੜ ਸਾਹਿਬ ਵਾਲਿਆਂ ਨੇ ਜਨਮ ਦਿਹਾੜੇ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਅੱਗੇ ਨਤਮਸਤਕ ਹੋਣ ਆਈਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਬਾਣੀ ਤੇ ਬਾਣੇ ਨਾਲ ਜੁੜਨ ਤੇ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ। ਇਸ ਸਮੇਂ ਜਥੇਦਾਰ ਬਾਬਾ ਭੋਲਾ ਸਿੰਘ, ਭਾਜਪਾ ਦੇ ਸੀਨੀਅਰ ਆਗੂ ਇੰਦਰਜੀਤ ਸਿੰਘ ਬਾਸਰਕੇ, ਕਰਮਜੀਤ ਸਿੰਘ ਬਾਸਰਕੇ, ਜਥੇਦਾਰ ਕਸ਼ਮੀਰ ਸਿੰਘ ਬਘਿਆੜੀ ਬਹਾਲ ਸਿੰਘ, ਸਰਪੰਚ ਸਕੱਤਰ ਸਿੰਘ ਬਾਸਰਕੇ ਗਿੱਲਾਂ, ਸਾਬਕਾ ਸਰਪੰਚ ਹੀਰਾ ਸਿੰਘ, ਦਲਬੀਰ ਸਿੰਘ ਸਰਪੰਚ, ਬਾਬਾ ਨੱਥਾ ਸਿੰਘ, ਸਤਵਿੰਦਰ ਸਿੰਘ, ਕਾਬਲ ਸਿੰਘ ਨੰਬਰਦਾਰ, ਸੰਤੋਖ ਸਿੰਘ, ਦਵਿੰਦਰ ਸਿੰਘ, ਜੱਗਾ ਸਿੰਘ, ਉਂਕਾਰ ਸਿੰਘ ਮੈਂਬਰ ਪੰਚਾਇਤ, ਝਿਰਮਲ ਸਿੰਘ, ਦਲਬੀਰ ਸਿੰਘ ਸਰਪੰਚ, ਕੁੰਨਣ ਸਿੰਘ, ਮੁਖ਼ਤਾਰ ਸਿੰਘ, ਅਮਰੀਕ ਸਿੰਘ, ਭਾਈ ਕਸ਼ਮੀਰ ਸਿੰਘ ਬਘਿਆੜੀ, ਰਜਵੰਤ ਸਿੰਘ ਜੱਜ ਕਸੇਲ, ਗੁਰਨਾਮ ਸਿੰਘ ਚੜ੍ਹਦੀ ਕਲਾ, ਭੁਪਿੰਦਰ ਸਿੰਘ, ਰਛਪਾਲ ਸਿੰਘ ਗ੍ਰੰਥੀ ਬਾਸਰਕੇ ਗਿੱਲਾਂ, ਕਸ਼ਮੀਰ ਸਿੰਘ, ਪ੍ਰਤਾਪ ਸਿੰਘ, ਫੌਜੀ ਤਲਵਿੰਦਰ ਸਿੰਘ, ਬਾਬਾ ਮਹਿੰਗਾ ਸਿੰਘ, ਸੰਤੋਖ ਸਿੰਘ, ਬਲਵਿੰਦਰ ਸਿੰਘ ਬਾਊ ਐਮਾ ਆਦਿ ਸੰਗਤਾਂ ਹਾਜ਼ਰ ਸਨ।

# ਖਾਲਸਾ ਕਾਲਜ ਗਵਰਨਿੰਗ ਕੌਂਸਲ ਨੇ ਪ੍ਰਕਾਸ਼ ਪੁਰਬ ਸ਼ਰਧਾ ਸਹਿਤ ਮਨਾਇਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਖਾਲਸਾ ਕਾਲਜ ਗਵਰਨਿੰਗ ਕੌਂਸਲ ਵੱਲੋਂ ਤੀਜੀ ਪਾਤਸ਼ਾਹੀ ਸ੍ਰੀ ਗੁਰੂ ਅਮਰਦਾਸ ਜੀ ਦਾ ਪ੍ਰਕਾਸ਼ ਪੁਰਬ ਖਾਲਸਾ ਕਾਲਜ ਕੈਂਪਸ 'ਚ ਸਥਿਤ ਗੁਰਦੁਆਰਾ ਸਾਹਿਬ ਵਿਖੇ ਬੜੇ ਹੀ ਉਤਸ਼ਾਹ ਤੇ ਸ਼ਰਧਾ ਸਹਿਤ ਮਨਾਇਆ ਗਿਆ।ਇਸ ਪਾਵਨ ਪਵਿੱਤਰ ਦਿਹਾੜੇ 'ਤੇ ਗੁਰਮਤਿ ਸਟੱਡੀ ਸੈਂਟਰ ਦੇ ਵਿਦਿਆਰਥੀਆਂ ਨੇ ਸ਼ਬਦ ਕੀਰਤਨ ਦੁਆਰਾ ਆਈ ਸੰਗਤ ਨੂੰ ਨਿਹਾਲ ਕੀਤਾ।ਉਪਰੰਤ ਖ਼ਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਅਤੇ ਸਿੱਖ ਇਤਿਹਾਸ ਮਾਹਿਰ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੀਵਨ ਫ਼ਲਸਫ਼ੇ ਬਾਰੇ ਅਤੇ ਵਹਿਮਾਂ-ਭਰਮਾਂ ਨੂੰ ਤਿਆਗ ਕੇ ਗੁਰਮਤੇ ਅਨੁਸਾਰੀ ਜ਼ਿੰਦਗੀ ਬਤੀਤ ਕਰਨ ਸਬੰਧੀ ਆਈ ਹੋਈ ਸੰਗਤ ਨੂੰ ਵਿਸਥਾਰਪੂਰਵਕ ਚਾਨਣਾ ਪਾਇਆ। ਇਸ ਮੌਕੇ ਕੌਂਸਲ ਦੇ ਜੁਆਇੰਟ ਸਕੱਤਰ ਲਖਵਿੰਦਰ ਸਿੰਘ ਢਿੱਲੋਂ ਨੇ ਸਮੂਹ ਸੰਗਤ ਨੂੰ ਪਵਿੱਤਰ ਦਿਹਾੜੇ 'ਤੇ ਵਧਾਈ ਦਿੰਦਿਆਂ ਕਿਹਾ ਕਿ ਹਰੇਕ ਇਨਸਾਨ ਨੂੰ ਗੁਰੂ ਮਹਾਰਾਜ ਵੱਲੋਂ ਵਿਖਾਏ ਮਾਰਗ 'ਤੇ ਚਲਦਿਆਂ ਸਰਬੱਤ ਦੇ ਭਲੇ ਲਈ ਕਾਰਜ ਕਰਨੇ ਚਾਹੀਦੇ ਹਨ।ਇਸ ਮੌਕੇ ਸ: ਢਿੱਲੋਂ ਨੇ ਖ਼ਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨਾਲ ਮਿਲ ਕੇ ਸ਼ਬਦ ਗਾਇਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ।ਇਸ ਮੌਕੇ ਖ਼ਾਲਸਾ ਯੂਨੀਵਰਸਿਟੀ ਦੇ ਐਗਜ਼ਾਮੀਨੇਸ਼ਨ ਕੰਟਰੋਲਰ ਡਾ. ਕੰਵਲਜੀਤ ਸਿੰਘ, ਕੌਂਸਲ ਦੇ ਮੈਂਬਰ ਮੇਜਰ ਸਿੰਘ, ਰਮਿੰਦਰ ਕੌਰ, ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਰਣਜੀਤ ਐਵੀਨਿਊ ਪ੍ਰਿੰਸੀਪਲ ਡਾ. ਮਨਦੀਪ ਕੌਰ, ਖ਼ਾਲਸਾ ਕਾਲਜ ਆਫ਼ ਲਾਅ ਡਾਇਰੈਕਟਰ ਡਾ. ਜਸਪਾਲ ਸਿੰਘ, ਖ਼ਾਲਸਾ ਕਾਲਜ ਚਵਿੰਡਾ ਦੇਵੀ ਪ੍ਰਿੰਸੀਪਲ ਸ: ਗੁਰਦੇਵ ਸਿੰਘ, ਖ਼ਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਪ੍ਰਿੰਸੀਪਲ ਪੁਨੀਤ ਕੌਰ ਨਾਗਪਾਲ, ਖ਼ਾਲਸਾ ਕਾਲਜ ਪਬਲਿਕ ਸਕੂਲ, ਹੇਰ ਪ੍ਰਿੰਸੀਪਲ ਗੁਰਿੰਦਜੀਤ ਕੰਬੋਜ, ਅੰਡਰ ਸੈਕਟਰੀ ਡੀ. ਐੱਸ. ਰਟੌਲ, ਗ੍ਰੰਥੀ ਸਿੰਘ ਹਰਪ੍ਰੀਤ ਸਿੰਘ, ਅਧਿਆਪਕ ਸਾਹਿਬਾਨ, ਗੈਰ-ਅਧਿਆਪਨ ਸਟਾਫ਼ ਮੈਂਬਰ ਅਤੇ ਵੱਡੀ ਗਿਣਤੀ 'ਚ ਕਾਲਜ, ਸਕੂਲ ਦੇ ਵਿਦਿਆਰਥੀ ਹਾਜ਼ਰ ਸਨ।

## ਅੱਜ ਤੋਂ ਸਮੁੱਚੇ ਵਿੱਦਿਅਕ ਅਦਾਰੇ ਆਮ ਵਾਂਗ ਖੁੱਲ੍ਹਣਗੇ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਭਲਕੇ 12 ਮਈ 2025 ਤੋਂ ਰਾਜ ਦੇ ਸਾਰੇ ਸਕੂਲ, ਕਾਲਜ ਅਤੇ ਯੂਨੀਵਰਸਿਟੀਆਂ ਸਮੇਤ ਸਮੁੱਚੇ ਵਿੱਦਿਅਕ ਅਦਾਰੇ ਆਮ ਵਾਂਗ ਖੁੱਲ੍ਹਣ ਦੇ ਆਦੇਸ਼ ਜਾਰੀ ਕਰ ਦਿੱਤੇ ਹਨ। ਇਨ੍ਹਾਂ ਹੁਕਮਾਂ ਤਹਿਤ ਅੱਜ ਤੋਂ ਜ਼ਿਲ੍ਹਾ ਗੁਰਦਾਸਪੁਰ ਵਿੱਚ ਵੀ ਸਾਰੇ ਸਕੂਲ, ਕਾਲਜ ਅਤੇ ਯੂਨੀਵਰਸਿਟੀਆਂ ਸਮੇਤ ਸਮੁੱਚੇ ਵਿੱਦਿਅਕ ਅਦਾਰੇ ਆਮ ਵਾਂਗ ਖੁੱਲ੍ਹਣਗੇ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਕੱਲ੍ਹ ਤੋਂ ਸਾਰੇ ਵਿੱਦਿਅਕ ਅਦਾਰਿਆਂ ਵਿੱਚ ਰੈਗੂਲਰ ਕਲਾਸਾਂ ਲੱਗਣਗੀਆਂ ਅਤੇ ਪਹਿਲਾਂ ਤੋਂ ਜਾਰੀ ਸਮਾਂ-ਸਾਰਣੀ ਅਨੁਸਾਰ ਪ੍ਰੀਖਿਆਵਾਂ ਵੀ ਹੋਣਗੀਆਂ।

## ਜ਼ਿਲ੍ਹਾ ਗੁਰਦਾਸਪੁਰ 'ਚ ਸਥਿਤੀ ਸ਼ਾਂਤਮਈ ਤੇ ਕਾਬੂ ਹੇਠ : ਡੀ ਸੀ



**ਧਾਰੀਵਾਲ/ਗੁਰਦਾਸਪੁਰ, (ਮਨਦੀਪ ਸਿੰਘ ਵਿੱਕੀ)**-ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਨੇ ਕਿਹਾ ਹੈ ਕਿ ਭਾਰਤ-ਪਾਕਿਸਤਾਨ ਦਰਮਿਆਨ ਸੀਜ਼ਫਾਇਰ ਹੋਣ ਉਪਰੰਤ ਹਾਲਾਤ ਵਿੱਚ ਸੁਧਾਰ ਹੋਇਆ ਹੈ ਅਤੇ ਜ਼ਿਲ੍ਹੇ ਵਿੱਚ ਸਥਿਤੀ ਪੂਰੀ ਤਰ੍ਹਾਂ ਸ਼ਾਂਤਮਈ ਅਤੇ ਕਾਬੂ ਹੇਠ ਹੈ ਪਰ ਇਸਦੇ ਬਾਵਜੂਦ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੂਰੀ ਚੌਕਸੀ ਅਤੇ ਅਹਿਤਿਆਤ ਵਰਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਜੇ ਰਾਤ ਦੇ ਬਲੈਕਆਊਟ ਦੇ ਹੁਕਮ ਵਾਪਸ ਨਹੀਂ ਲਏ ਗਏ ਅਤੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਹੈ ਕਿ ਉਹ ਸੁਰੱਖਿਆ ਉਪਾਵਾਂ ਵਜੋਂ ਰਾਤ ਸਮੇਂ ਆਪਣੇ ਘਰਾਂ ਦੇ ਅੰਦਰ-ਬਾਹਰ ਲਾਈਟਾਂ ਨੂੰ ਬੰਦ ਰੱਖ ਕੇ ਬਲੈਕਆਊਟ ਨੂੰ ਜਾਰੀ ਰੱਖਣ।ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਜਦੋਂ ਵੀ ਸਾਇਰਨ ਵੱਜਦਾ ਹੈ ਤਾਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੋਈ ਸੂਚਨਾ ਦਿੱਤੀ ਜਾਂਦੀ ਹੈ ਤਾਂ ਉਸਦੀ ਪਾਲਣਾ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਕਿਸੇ ਵੀ ਸਹਾਇਤਾ ਜਾਂ ਜਾਣਕਾਰੀ ਲਈ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਦੇ ਹੈਲਪ ਲਾਈਨ ਨੰਬਰ 01874-266376 ਉਪਰ ਸੰਪਰਕ ਕੀਤਾ ਜਾ ਸਕਦਾ ਹੈ।ਡਿਪਟੀ ਕਮਿਸ਼ਨਰ ਨੇ ਪੰਜਾਬ ਸਰਕਾਰ ਵੱਲੋਂ ਹਰ ਸਥਿਤੀ ਵਿੱਚ ਜ਼ਿਲ੍ਹਾ ਵਾਸੀਆਂ ਦੇ ਨਾਲ ਖੜ੍ਹੇ ਰਹਿਣ ਦੀ ਵਚਨਬੱਧਤਾ ਦੁਹਰਾਉਂਦਿਆਂ ਕਿਹਾ ਕਿ ਹੁਣ ਹਾਲਾਤ ਆਮ ਵਾਂਗ ਹੋਣ ਉਪਰੰਤ ਵੀ ਅਧਿਕਾਰੀ ਆਮ ਲੋਕਾਂ ਨੂੰ ਹਰ ਪ੍ਰਕਾਰ ਦਾ ਸਹਿਯੋਗ ਅਤੇ ਸਹਾਇਤਾ ਪ੍ਰਦਾਨ ਲਈ ਤਤਪਰ ਹਨ।

## ਸਰਕਾਰੀ ਸਕੂਲ 'ਚੋਂ ਸਫ਼ੈਦੇ ਕੱਟਣ 'ਤੇ ਵਾਤਾਵਰਣ ਪ੍ਰੇਮੀਆਂ 'ਚ ਰੋਸ



**ਸਰਹਾਲੀ ਕਲਾਂ (ਮੱਖਣ ਮਨੋਜ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੱਗੋਬੂਆ ਵਿਖੇ ਸਕੂਲ ਮੈਨੇਜਮੈਂਟ ਵੱਲੋਂ ਸਕੂਲ ਦੇ ਵਿਹੜੇ ਵਿੱਚ ਲੱਗੇ ਸਫ਼ੈਦੇ ਦੇ ਰੁੱਖ ਕੱਟਣ ਤੇ ਇਲਾਕਾ ਨਿਵਾਸੀਆਂ ਸਮਾਜ ਸੇਵੀ ਤੇ ਵਾਤਾਵਰਣ ਪ੍ਰੇਮੀਆਂ ਵਿਚ ਇਸ ਘਟਨਾ ਤੇ ਭਾਰੀ ਰੋਸ ਪਾਇਆ ਜਾ ਰਿਹਾ ਹੈ ।ਇਕ ਪਾਸੇ ਸਰਕਾਰ ਵਾਤਾਵਰਣ ਨੂੰ ਬਚਾਉਣ ਲਈ ਹਰ ਸਾਲ ਕਰੋੜਾਂ ਰੁਪਏ ਖ਼ਰਚ ਕੇ ਵਾਤਾਵਰਣ ਨੂੰ ਹਰਿਆ ਭਰਿਆ ਬਣਾਉਣ ਲਈ ਬੂਟੇ ਲਗਾਏ ਜਾਂਦੇ ਹਨ ਪਰ ਸਕੂਲ ਮੈਨੇਜਮੈਂਟ ਵੱਲੋਂ ਪਿਛਲੇ ਕਈ ਸਾਲਾਂ ਤੋਂ ਸਕੂਲ ਦੇ ਵਿਹੜੇ ਵਿੱਚ ਲਗਾਏ ਸਫ਼ੈਦੇ ਦੇ ਰੁੱਖਾਂ ਨੂੰ ਕੱਟ ਦਿੱਤਾ। ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਤਿਆਰ ਹੋਏ ਰੁੱਖਾਂ ਨੂੰ ਕੱਟਣ 'ਤੇ ਸਕੂਲ ਮੈਨੇਜਮੈਂਟ 'ਤੇ ਕਾਰਵਾਈ ਕੀਤੀ ਜਾਵੇ ਤਾਂ ਜੋ ਅੱਗੇ ਤੋਂ ਸਕੂਲ ਮੈਨੇਜਮੈਂਟ ਬਾਕੀ ਰਹਿੰਦੇ ਸਕੂਲ ਦੇ ਰੁੱਖਾਂ ਨੂੰ ਨਾ ਕੱਟ ਸਕੇ। ਇਸ ਸਬੰਧੀ ਜਦੋਂ ਸਕੂਲ ਦੇ ਪ੍ਰਿੰਸੀਪਲ ਮੈਡਮ ਅਨੂ ਮੋਂਗਾ, ਮਾਸਟਰ ਸੁਖਵੰਤ ਸਿੰਘ ਨਾਲ ਇਨ੍ਹਾਂ ਰੁੱਖਾਂ ਨੂੰ ਕੱਟਣ ਬਾਰੇ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਸਕੂਲ ਦੀ ਪਸਵਕ ਕਮੇਟੀ ਵੱਲੋਂ ਬਕਾਇਦਾ ਮਤਾ ਪਾਇਆ ਗਿਆ ਹੈ ਤੇ ਮਤਾ ਪਾਉਣ ਉਪਰੰਤ ਹੀ ਰੁੱਖ ਕੱਟੇ ਗਏ ਹਨ।


**SBI**

**RETAIL ASSETS CENTRAL PROCESSING CENTRE (05296), CIVIL LINES, FOUNTAIN CHOWK, LUDHIANA**

**ਰੂਲ -8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਸਟੇਟ ਬੈਂਕ ਆਫ ਇੰਡੀਆ, ਆਰ ਏ ਸੀ ਪੀ ਸੀ, ਸਿਵਲ ਲਾਈਨਜ਼, ਲੁਧਿਆਣਾ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਮਿਤੀ 'ਤੇ ਕਰਜ਼ਦਾਰਾਂ/ਗਰੰਟਰਾਂ ਨੂੰ ਉਕਤ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸਾਂ 'ਚ ਦਰਸਾਈ ਰਕਮ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ।

ਕਰਜ਼ਦਾਰ ਤੇ ਗਰੰਟਰ ਰਕਮ ਅਦਾ ਕਰਨ 'ਚ ਅਸਫਲ ਰਹੇ ਹਨ, ਜਾਇਦਾਦ ਦੇ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਹੇਠਾਂ ਦਰਸਾਏ ਖਾਤਿਆਂ ਵਿਰੁੱਧ ਇਨ੍ਹਾਂ ਮਿਤੀਆਂ ਨੂੰ ਕਬਜ਼ਾ ਹਾਸਲ ਕਰ ਲਿਆ ਹੈ।

ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕੀਤੇ ਜਾਣ ਲਈ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕਰਨ 'ਤੇ ਸਟੇਟ ਬੈਂਕ ਆਫ ਇੰਡੀਆ, ਆਰ ਏ ਸੀ ਪੀ ਸੀ, ਸਿਵਲ ਲਾਈਨਜ਼, ਲੁਧਿਆਣਾ ਵੱਲੋਂ ਹੇਠਾਂ ਦਰਸਾਈ ਕੁੱਲ ਰਕਮ ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਵਸੂਲ ਕੀਤੇ ਜਾਣਗੇ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ ਅਤੇ ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| (ਕਰਜ਼ਦਾਰ) :- ਸ੍ਰੀ ਮੁਹੰਮਦ ਇਆਜ਼ ਅੰਸਾਰੀ ਪੁੱਤਰ ਸ੍ਰੀ ਮੁਹਾਬੁਲ ਅੰਸਾਰੀ ਵਾਸੀ ਮਕਾਨ ਨੰਬਰ ਐੱਮ ਸੀ ਬੀ/ਬੀ/XXV/870/1, ਗਲੀ ਨੰ. 4 ਬਸਤੀ ਜੋਧੇਵਾਲ, ਲੁਧਿਆਣਾ-141007 | ਜਾਇਦਾਦ ਪਲਾਟ ਨੰ. 870/1, ਰਕਬਾ 48 ਵਰਗ ਗਜ਼, ਖਸਰਾ ਨੰ. 1112/893/328, ਖੱਤਾ ਨੰ: 58/58, ਜਮ੍ਹਾਂਬੰਦੀ ਸਾਲ 2005-06, ਪਿੰਡ ਤਰਫ਼ ਜੋਧੇਵਾਲ, ਹਦਬਸਤ ਨੰ: 77, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ : ਵਿਕ੍ਰੇਤਾ 24'-00", ਪੱਛਮ : ਦਰਸ਼ਨ ਲਾਲ 24'-00", ਉੱਤਰ ਅਮਰ ਚੰਦ 18'-00", ਦੱਖਣ : ਗਲੀ 10 ਫੁੱਟ ਚੌੜੀ 18'-00" * ਬੈਨਾਮਾ ਵਸੀਕਾ ਨੰ: 15964 ਮਿਤੀ 23.02.2015 ਅਨੁਸਾਰ ਸ੍ਰੀ ਇਆਜ਼ ਅੰਸਾਰੀ ਪੁੱਤਰ ਸ੍ਰੀ ਮੁਹਾਬੁਲ ਅੰਸਾਰੀ ਦੇ ਨਾਂਅ 'ਤੇ ਹੈ। | 23.10.2024 | 09.05.2025 | ਸੰਕੇਤਕ ਕਬਜ਼ਾ / 09.11.2024 ਨੂੰ ਰੁਪਏ 14,98,639/- (ਚੌਦਾਂ ਲੱਖ ਅਠਾਨਵੇਂ ਹਜ਼ਾਰ ਛੇ ਸੌ ਉਨਤਾਲੀ ਰੁਪਏ ਕੇਵਲ) ਸਮੇਤ 10.11.2024 ਤੋਂ ਇਸ ਉੱਪਰ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼/ਖਰਚੇ। |

ਮਿਤੀ : 11.05.2025 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

**ਪਬਲਿਕ ਨੋਟਿਸ**

**ICICI Bank** Registered Office: ICICI Bank Tower, Near Chakli Circle, Old Padra Road, Vadodara- 390007 Corporate Office: ICICI Bank Towers, Bandra-Kurla Complex Mumbai 400051

**ਸੋਨਾ ਈ-ਨਿਲਾਮੀ ਕਮ ਸੱਦਾ ਨੋਟਿਸ**

ਹੇਠਾਂ ਲਿਖੇ ਕਰਜ਼ਦਾਰਾਂ ਨੂੰ ਸੋਨੇ ਦੇ ਗਹਿਣਿਆਂ ਬਦਲੇ ਆਈ ਸੀ ਆਈ ਸੀ ਆਈ ਬੈਂਕ ਲਿਮ: ('ਆਈ ਸੀ ਆਈ ਸੀ ਆਈ ਬੈਂਕ') ਤੋਂ ਲਈ ਸਹੂਲਤ ('ਸਹੂਲਤ') ਪ੍ਰਤੀ ਬਕਾਇਆ ਰਕਮ ਦੇ ਭੁਗਤਾਨ ਲਈ ਨੋਟਿਸ ਜਾਰੀ ਕੀਤਾ ਗਿਆ ਹੈ। ਕਿਉਂਕਿ ਇਹ ਬਕਾਇਆ ਰਕਮ ਦਾ ਭੁਗਤਾਨ ਕਰਨ 'ਚ ਅਸਫਲ ਰਹੇ ਹਨ। ਇਸ ਲਈ ਅਸੀਂ ਗਿਰਵੀ ਰੱਖੇ ਸੋਨੇ ਦੇ ਗਹਿਣਿਆਂ ਦੀ 22 ਮਈ 2025 ਨੂੰ ਈ-ਨਿਲਾਮੀ ਕਰਨ ਦੇ ਪਾਬੰਦ ਹਾਂ। ਆਈ ਸੀ ਆਈ ਸੀ ਆਈ ਬੈਂਕ ਨੂੰ ਬਿਨਾਂ ਅਗਾਊਂ ਨੋਟਿਸ ਖਾਤਾ ਹਟਾਉਣ/ਈ-ਨਿਲਾਮੀ ਦੀ ਤਰੀਕ ਬਦਲਣ ਦਾ ਅਧਿਕਾਰ ਹੈ। ਨਿਲਾਮੀ ਦੁਪਹਿਰ 12.30 ਤੋਂ 3.30 ਵਜੇ ਤੱਕ https://jewel-auction.procuretiger.com 'ਤੇ ਆਨਲਾਈਨ ਕੀਤੀ ਜਾਵੇਗੀ। ਸ਼ਰਤਾਂ ਅਤੇ ਨਿਯਮਾਂ ਦੇ ਵੇਰਵੇ ਲਈ ਕ੍ਰਿਪਾ ਕਰਕੇ ਦਿੱਤੀ ਗਈ ਵੈੱਬਸਾਈਟ 'ਤੇ ਲਾਗ ਕਰੋ। ਮ੍ਰਿਤਕ ਕਰਜ਼ਦਾਰਾਂ ਦੇ ਮਾਮਲੇ 'ਚ ਸਾਰੀਆਂ ਸ਼ਰਤਾਂ ਉਹਨਾਂ ਦੇ ਕਾਨੂੰਨੀ ਵਾਰਸਾਂ 'ਤੇ ਲਾਗੂ ਹੋਣਗੀਆਂ।

| ਕਰਜ਼ਾ ਖਾਤਾ ਨੰ. | ਗਾਹਕ ਦਾ ਨਾਂਅ |
|---|---|
| ਬਰਾਂਚ ਦਾ ਨਾਂਅ : ਅਬੋਹਰ | |
| 189462003754 | ਰਮੇਸ਼ ਕੁਮਾਰ |
| ਬਰਾਂਚ ਦਾ ਨਾਂਅ : ਅਹਿਮਦਗੜ੍ਹ | |
| 096862003693 | ਹਰਪ੍ਰੀਤ ਕੌਰ |
| ਬਰਾਂਚ ਦਾ ਨਾਂਅ : ਅਮਲੋਹ | |
| 151462002941 | ਮਨਜੋਤ ਕੌਰ |
| ਬਰਾਂਚ ਦਾ ਨਾਂਅ : ਅੰਮ੍ਰਿਤਸਰ-ਰਣਜੀਤ ਐਵੀਨਿਊ | |
| 060862001847 | ਮੋਹਿਤ ਕੁਮਾਰ |
| ਬਰਾਂਚ ਦਾ ਨਾਂਅ : ਅੰਮ੍ਰਿਤਸਰ-ਵੱਲ੍ਹਾ ਮੰਡੀ | |
| 360662000680 | ਗੁਰਦੇਵ ਸਿੰਘ |
| ਬਰਾਂਚ ਦਾ ਨਾਂਅ : ਅੰਮ੍ਰਿਤਸਰ-ਵੇਰਕਾ | |
| 374262000607 | ਗੁਰਜੀਤ ਸਿੰਘ |
| ਬਰਾਂਚ ਦਾ ਨਾਂਅ : ਰਾਈਂਵਾਲਾ ਸ਼ੇਖਸੁਬਾਨ | |
| 411962001347 | ਸ਼ੰਕਰ ਸਿੰਘ |
| 411962003508 | ਹਰਜਿੰਦਰ ਸਿੰਘ |
| ਬਰਾਂਚ ਦਾ ਨਾਂਅ : ਬੰਗਾ | |
| 152062001201 | ਅਵਤਾਰ ਸਿੰਘ |
| ਬਰਾਂਚ ਦਾ ਨਾਂਅ : ਬੱਸੀ ਪਠਾਣਾ | |
| 383462001458 | ਜਗਤਾਰ ਸਿੰਘ |
| ਬਰਾਂਚ ਦਾ ਨਾਂਅ : ਬਟਾਲਾ | |
| 129862000492 | ਹਰਪਾਲ ਸਿੰਘ |
| ਬਰਾਂਚ ਦਾ ਨਾਂਅ : ਬਟਾਲਾ-ਅਰਬਨ ਅਸਟੇਟ | |
| 241562000946 | ਗੁਰਪ੍ਰੀਤ ਸਿੰਘ |
| ਬਰਾਂਚ ਦਾ ਨਾਂਅ : ਬੇਗੋਵਾਲ | |
| 152262001558 | ਦਲਜੀਤ ਕੌਰ |
| 152262001590 | ਦਲਜੀਤ ਕੌਰ |
| ਬਰਾਂਚ ਦਾ ਨਾਂਅ : ਭਗਤਾ | |
| 372862002096 | ਹਰਪ੍ਰੀਤ ਸਿੰਘ |
| ਬਰਾਂਚ ਦਾ ਨਾਂਅ : ਬਠਿੰਡਾ-ਸਿਵਲ ਲਾਈਨ | |
| 241662001395 | ਰਸ਼ਬੇਗ ਸਿੰਘ |
| ਬਰਾਂਚ ਦਾ ਨਾਂਅ : ਭਵਾਨੀਗੜ੍ਹ | |
| 282962002820 | ਵਿੱਕੀ ਸਿੰਘ |
| ਬਰਾਂਚ ਦਾ ਨਾਂਅ : ਭੀਖੀ | |
| 381962002126 | ਹਰਦੀਪ ਸਿੰਘ |
| 381962002170 | ਕੁਲਦੀਪ ਸਿੰਘ |
| ਬਰਾਂਚ ਦਾ ਨਾਂਅ : ਭੋਗਪੁਰ | |
| 374562000551 | ਸੰਦੀਪ ਕੌਰ ਗੁਰਾਈ |
| ਬਰਾਂਚ ਦਾ ਨਾਂਅ : ਚੰਡੀਗੜ੍ਹ ਸੈਕਟਰ 10 | |
| 360762000221 | ਅਭੀਨੀਤ ਸ਼ਰਮਾ |
| ਬਰਾਂਚ ਦਾ ਨਾਂਅ : ਚੰਡੀਗੜ੍ਹ ਸੈਕਟਰ 19 | |
| 134062001461 | ਮਨਜੀਤ ਸਿੰਘ |
| ਬਰਾਂਚ ਦਾ ਨਾਂਅ : ਚੰਡੀਗੜ੍ਹ ਸੈਕਟਰ 38ਡੀ | |
| 078262001723 | ਗੌਤਮ ਮਹਾਜਨ |
| ਬਰਾਂਚ ਦਾ ਨਾਂਅ : ਦਸੂਹਾ, ਪੰਜਾਬ | |
| 357562001596 | ਰਾਜਨ ਸਿੰਘ |
| ਬਰਾਂਚ ਦਾ ਨਾਂਅ : ਡੇਰਾ ਬਾਬਾ ਨਾਨਕ | |
| 388362000515 | ਬਲਵਿੰਦਰ ਕੌਰ |
| 388362000516 | ਨਰੇਸ਼ ਕੁਮਾਰ |
| ਬਰਾਂਚ ਦਾ ਨਾਂਅ : ਡੇਰਾ ਬੱਸੀ | |
| 096762003797 | ਗੁਰਪ੍ਰਤਾਪ ਸਿੰਘ |
| ਬਰਾਂਚ ਦਾ ਨਾਂਅ : ਦੀਨਾਨਗਰ, ਪੰਜਾਬ | |
| 355962002308 | ਲਵਪ੍ਰੀਤ ਸਿੰਘ |
| 355962002227 | ਮੰਗਤ ਰਾਮ |
| 355962002597 | ਰਵਿੰਦਰ ਸਿੰਘ |
| 355962002596 | ਪ੍ਰੇਮਕਾ ਕੁਮਾਰੀ |
| ਬਰਾਂਚ ਦਾ ਨਾਂਅ : ਦੋਰਾਹਾ | |

| ਕਰਜ਼ਾ ਖਾਤਾ ਨੰ. | ਗਾਹਕ ਦਾ ਨਾਂਅ |
|---|---|
| 078762002057 | ਸਰਬਜੀਤ ਕੌਰ |
| 078762002588 | ਗੁਰਵਿੰਦਰ ਸਿੰਘ |
| ਬਰਾਂਚ ਦਾ ਨਾਂਅ : ਗੁਰਦਾਸਪੁਰ | |
| 050162003733 | ਬਚਨ ਕੌਰ |
| ਬਰਾਂਚ ਦਾ ਨਾਂਅ : ਜਲੰਧਰ-ਬਬਰੀਕ ਚੌਕ | |
| 483862000088 | ਪ੍ਰਿੰਸ ਸ਼ਰਮਾ |
| ਬਰਾਂਚ ਦਾ ਨਾਂਅ : ਜਲੰਧਰ-ਅਰਬਨ ਅਸਟੇਟ | |
| 361262000694 | ਸੁਰੇਸ਼ ਕੁਮਾਰ |
| ਬਰਾਂਚ ਦਾ ਨਾਂਅ : ਜਲੰਧਰ-ਮਾਡਲ ਟਾਊਨ | |
| 151062000500 | ਸੁਖਜਿੰਦਰਜੀਤ ਕੌਰ |
| ਬਰਾਂਚ ਦਾ ਨਾਂਅ : ਜਲੰਧਰ-ਨਕੋਦਰ | |
| 008062002855 | ਗਗਨਦੀਪ ਸਿੰਘ |
| ਬਰਾਂਚ ਦਾ ਨਾਂਅ : ਜਲੰਧਰ-ਨੂਰਮਹਿਲ | |
| 007962001880 | ਛਿੰਦੋ ਛਿੰਦੋ |
| 007962002153 | ਕਿਸ਼ਨਪਾਲ |
| ਬਰਾਂਚ ਦਾ ਨਾਂਅ : ਜੰਡਿਆਲਾ ਗੁਰੂ | |
| 202162002390 | ਹਰਪ੍ਰੀਤ ਸਿੰਘ |
| ਬਰਾਂਚ ਦਾ ਨਾਂਅ : ਕਪੂਰਥਲਾ | |
| 044962003157 | ਬਲਜੀਤ ਕੌਰ |
| ਬਰਾਂਚ ਦਾ ਨਾਂਅ : ਕਰਤਾਰਪੁਰ | |
| 163462001744 | ਗੁਰਕਰਣ ਸਿੰਘ |
| ਬਰਾਂਚ ਦਾ ਨਾਂਅ : ਖਮਾਣੋਂ | |
| 199462002475 | ਹੀਰਾ ਸਿੰਘ |
| ਬਰਾਂਚ ਦਾ ਨਾਂਅ : ਖੰਨਾ-ਜੀ.ਟੀ. ਰੋਡ | |
| 659662602692 | ਦਵਿੰਦਰ ਸਿੰਘ |
| ਬਰਾਂਚ ਦਾ ਨਾਂਅ : ਕੁਰਾਲੀ | |
| 152462003262 | ਆਕਾਸ਼ਦੀਪ ਸਿੰਘ |
| ਬਰਾਂਚ ਦਾ ਨਾਂਅ : ਲੌਂਗੋਵਾਲ | |
| 178162003225 | ਜੀਵਨ ਕੁਮਾਰ |
| ਬਰਾਂਚ ਦਾ ਨਾਂਅ : ਲੁਧਿਆਣਾ-ਇੰਡਸਟ੍ਰੀਅਲ ਏਰੀਆ-ਏ | |
| 336762000655 | ਜਸਵਿੰਦਰ ਸਿੰਘ |
| ਬਰਾਂਚ ਦਾ ਨਾਂਅ : ਲੁਧਿਆਣਾ-ਜਮਾਲਪੁਰ | |
| 057862003396 | ਰਾਜੇਸ਼ ਕੁਮਾਰ |
| ਬਰਾਂਚ ਦਾ ਨਾਂਅ : ਲੁਧਿਆਣਾ-ਮਾਡਲ ਟਾਊਨ | |
| 041362002247 | ਹਰਵਿੰਦਰ ਸਿੰਘ |
| ਬਰਾਂਚ ਦਾ ਨਾਂਅ : ਮਾਛੀਵਾੜਾ | |
| 178262003270 | ਸੁਰਜੀਤ ਸਿੰਘ |
| ਬਰਾਂਚ ਦਾ ਨਾਂਅ : ਮਲੋਦ | |
| 397962001212 | ਹਰਪਾਲ ਸਿੰਘ |
| ਬਰਾਂਚ ਦਾ ਨਾਂਅ : ਮਮਦੋਟ | |
| 382162004483 | ਦੇਸਾ ਸਿੰਘ |
| 382162001670 | ਜਗਸੀਰ ਜਗਸੀਰ |
| ਬਰਾਂਚ ਦਾ ਨਾਂਅ : ਮੰਡੀ ਗੋਬਿੰਦਗੜ੍ਹ | |
| 045062003418 | ਰਾਹੁਲ ਕੁਮਾਰ |
| ਬਰਾਂਚ ਦਾ ਨਾਂਅ : ਮਾਨਸਾ | |
| 044662004967 | ਮੱਖਣ ਸਿੰਘ |
| 044662005464 | ਸਤਨਾਮ ਸਿੰਘ |
| ਬਰਾਂਚ ਦਾ ਨਾਂਅ : ਮੋੜਮੰਡੀ, ਪੰਜਾਬ | |
| 355662003902 | ਭੁਪਿੰਦਰ ਸਿੰਘ |
| 355662003957 | ਸਤਿਗੁਰ ਸਿੰਘ |
| ਬਰਾਂਚ ਦਾ ਨਾਂਅ : ਮੋਹਾਲੀ-ਸੈਕਟਰ-67 | |
| 366962000068 | ਹਿਮਾਂਸ਼ੂ ਕਕੜ |
| ਬਰਾਂਚ ਦਾ ਨਾਂਅ : ਮੁਲਾਂਪੁਰ ਦਾਖਾ | |
| 151662002105 | ਅਨਿਲ ਅਨਿਲ |
| 151662002983 | ਜੋਤੀ ਕੁਮਾਰੀ |
| ਬਰਾਂਚ ਦਾ ਨਾਂਅ : ਨਡਾਲਾ | |
| 374762000211 | ਦੇਵੀ ਦਿਆਲ ਸਿੰਘ |

| ਕਰਜ਼ਾ ਖਾਤਾ ਨੰ. | ਗਾਹਕ ਦਾ ਨਾਂਅ |
|---|---|
| ਬਰਾਂਚ ਦਾ ਨਾਂਅ : ਨੰਗਲ | |
| 152362001819 | ਅਜੇ ਕੁਮਾਰ |
| 152362001727 | ਜਸਜੀਤ ਕੌਰ |
| ਬਰਾਂਚ ਦਾ ਨਾਂਅ : ਨਿਹਾਲ ਸਿੰਘ ਵਾਲਾ, ਪੰਜਾਬ | |
| 357362001649 | ਕਿਰਨਜੀਤ ਕੌਰ |
| 357362001656 | ਮੋਹਿੰਦਰ ਸਿੰਘ |
| ਬਰਾਂਚ ਦਾ ਨਾਂਅ : ਪਟਿਆਲਾ-ਸ਼ੇਰਾਂਵਾਲਾ ਗੇਟ | |
| 535962000066 | ਸੁਜੀਤ ਕੁਮਾਰ ਚੌਧਰੀ |
| ਬਰਾਂਚ ਦਾ ਨਾਂਅ : ਪਾਤੜਾਂ | |
| 283162003796 | ਹਰਦੀਪ ਸਿੰਘ |
| 283162004659 | ਰਾਜਵੰਤ ਸਿੰਘ |
| ਬਰਾਂਚ ਦਾ ਨਾਂਅ : ਕਾਦੀਆਂ | |
| 411862001652 | ਮੋਹਿੰਦਰ ਲਾਲ |
| 411862001659 | ਬਚਿੱਤਰ ਸਿੰਘ |
| ਬਰਾਂਚ ਦਾ ਨਾਂਅ : ਰਾਜਪੁਰਾ | |
| 047762006778 | ਗੁਰਪ੍ਰੀਤ ਸਿੰਘ |
| 047762007946 | ਕਰਮਜੀਤ ਕੌਰ |
| ਬਰਾਂਚ ਦਾ ਨਾਂਅ : ਰਈਆ | |
| 214362003918 | ਹਰਵੰਤ ਸਿੰਘ |
| ਬਰਾਂਚ ਦਾ ਨਾਂਅ : ਸਾਦਿਕ, ਪੰਜਾਬ | |
| 357162006681 | ਰਮਨਦੀਪ ਕੌਰ |
| ਬਰਾਂਚ ਦਾ ਨਾਂਅ : ਸਮਾਣਾ | |
| 152162006678 | ਜਸਵਿੰਦਰ ਕੌਰ |
| ਬਰਾਂਚ ਦਾ ਨਾਂਅ : ਸਮਰਾਲਾ | |
| 151862002579 | ਨਰਿੰਦਰ ਸਿੰਘ |
| ਬਰਾਂਚ ਦਾ ਨਾਂਅ : ਸੰਗਤ | |
| 383562003031 | ਗਗਦੀਪ ਕੌਰ |
| ਬਰਾਂਚ ਦਾ ਨਾਂਅ : ਸ਼ਾਹਕੋਟ | |
| 216662001167 | ਦਿਆਲ ਸਿੰਘ |
| 216662001680 | ਅਮਨਪ੍ਰੀਤ ਸਿੰਘ |
| ਬਰਾਂਚ ਦਾ ਨਾਂਅ : ਸਰਹਿੰਦ | |
| 150662003878 | ਪਰਵਿੰਦਰ ਸਿੰਘ |
| ਬਰਾਂਚ ਦਾ ਨਾਂਅ : ਸੁਨਾਮ | |
| 152662004415 | ਜਗਸੀਰ ਸਿੰਘ |
| 152662005209 | ਜਗਸੀਰ ਸਿੰਘ |
| ਬਰਾਂਚ ਦਾ ਨਾਂਅ : ਤਲਵੰਡੀ ਭਾਈ | |
| 283262002787 | ਜਸ਼ਨਪ੍ਰੀਤ ਸਿੰਘ ਬਰਾੜ |
| ਬਰਾਂਚ ਦਾ ਨਾਂਅ : ਟਾਂਡਾ ਉੜਮੁੜ | |
| 087862002477 | ਜਸਪ੍ਰੀਤ ਕੌਰ |
| 087862003225 | ਅੰਮ੍ਰਿਤਪਾਲ ਕੌਰ |
| ਬਰਾਂਚ ਦਾ ਨਾਂਅ : ਤਪਾ | |
| 417462000145 | ਹਰਪਾਲ ਸਿੰਘ |
| 417462001525 | ਅੰਮ੍ਰਿਤਪਾਲ ਸਿੰਘ |
| 417462002017 | ਮਨਪ੍ਰੀਤ ਸਿੰਘ |
| ਬਰਾਂਚ ਦਾ ਨਾਂਅ : ਜ਼ੀਰਾ | |
| 199762000866 | ਮਨਜਿੰਦਰ ਸਿੰਘ |
| 199762002314 | ਸਰਬਜੀਤ ਸਿੰਘ ਭੁਲਰ |
| ਬਰਾਂਚ ਦਾ ਨਾਂਅ : ਜ਼ੀਰਕਪੁਰ | |
| 050762002471 | ਨੇਤਰਪਾਲ |
| 050762004329 | ਰਾਸ਼ੀ |
| ਬਰਾਂਚ ਦਾ ਨਾਂਅ : ਆਗਰਾ-ਸ਼ਮਸ਼ਬਾਦ ਰੋਡ | |
| 422262000684 | ਅਤੁਲ ਖਿਰਵਾੜ |
| ਬਰਾਂਚ ਦਾ ਨਾਂਅ : ਕਰਨਾਲ-ਕੁੰਜਪਾਲ ਰੋਡ | |
| 247962001500 | ਨੀਰਜ ਕੁਮਾਰ |
| ਬਰਾਂਚ ਦਾ ਨਾਂਅ : ਪਟਨਾ-ਕੁੰਮਹਾਰਾਰ | |
| 329762001507 | ਰੌਸ਼ਨ ਕੁਮਾਰ |
| ਬਰਾਂਚ ਦਾ ਨਾਂਅ : ਟੋਹਾਣਾ | |
| 282862003036 | ਗੁਰਮੀਤ ਸਿੰਘ |
| 282862003612 | ਗੁਰਮੀਤ ਸਿੰਘ |

ਮਿਤੀ : 12.05.2025

ਸਥਾਨ : ਚੰਡੀਗੜ੍ਹ, ਲੁਧਿਆਣਾ, ਮਾਲੇਰਕੋਟਲਾ, ਮਾਨਸਾ, ਪਟਿਆਲਾ, ਰੂਪਨਗਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਸੰਗਰੂਰ, ਸ਼ਹੀਦ ਭਗਤ ਸਿੰਘ ਨਗਰ, ਅੰਮ੍ਰਿਤਸਰ, ਬਠਿੰਡਾ, ਫਰੀਦਕੋਟ, ਫਤਿਹਗੜ੍ਹ ਸਾਹਿਬ, ਫਾਜ਼ਿਲਕਾ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਮੋਗਾ, ਬਰਨਾਲਾ, ਫਿਰੋਜ਼ਪੁਰ, ਮੋਹਾਲੀ, ਪਠਾਨਕੋਟ, ਲੁਧਿਆਣਾ, ਪਠਾਨਕੋਟ

ਸਹੀ/- ਅਧਿਕਾਰਤ ਅਫਸਰ, ਵਾਸਤੇ ਆਈ ਸੀ ਆਈ ਸੀ ਆਈ ਬੈਂਕ, ਲਿਮ:


# ਫੇਰੀ ਵਾਲਿਆਂ ਦੇ ਲਾਊਡ ਸਪੀਕਰਾਂ ਤੋਂ ਵਿਦਿਆਰਥੀ ਤੇ ਲੋਕ ਪ੍ਰੇਸ਼ਾਨ

ਗੁਰਦਾਸਪੁਰ (ਜਨਕ ਮਹਾਜਨ)-ਪਿੰਡਾਂ ਵਿਚ ਸਾਮਾਨ ਵੇਚਣ ਲਈ ਫੇਰੀ ਲਗਾਉਣ ਵਾਲਿਆਂ ਵੱਲੋਂ ਪ੍ਰਸ਼ਾਸਨ ਦੀ ਬਿਨਾਂ ਇਜਾਜ਼ਤ ਤੋਂ ਚਲਾਏ ਜਾ ਰਹੇ ਵੱਡੇ-ਵੱਡੇ ਲਾਊਡ ਸਪੀਕਰਾਂ ਤੋਂ ਪੜ੍ਹਨ ਵਾਲੇ ਵਿਦਿਆਰਥੀ ਡਾਢੇ ਪ੍ਰੇਸ਼ਾਨ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨਸੀਬ ਸਿੰਘ, ਮੱਖਣ ਸਿੰਘ ਆਦਿ ਨੇ ਦੱਸਿਆ ਕਿ ਹਰ ਪਿੰਡ ਵਿਚ ਕਈ ਸਾਮਾਨ ਵੇਚਣ ਵਾਲੇ ਜਿਵੇਂ ਸਬਜ਼ੀ, ਮਨਿਆਰੀ, ਕੱਪੜੇ, ਕਬਾੜੀਆਂ ਇੱਥੋਂ ਤੱਕ ਕਿ ਮੰਗਣ ਵਾਲੇ ਵੀ ਆਪਣਾ ਖ਼ੁਦ ਦਾ ਲਾਊਡ ਸਪੀਕਰ ਉੱਚੀ ਆਵਾਜ਼ ਵਿਚ ਲਗਾ ਕੇ ਕਈ ਚੱਕਰ ਲਗਾਉਂਦੇ ਹਨ ਜਿਸ ਨਾਲ ਆਵਾਜ਼ ਪ੍ਰਦੂਸ਼ਣ ਤਾਂ ਵੱਧ ਹੀ ਰਿਹਾ ਹੈ ਅਤੇ ਉਸ ਦੇ ਨਾਲ-ਨਾਲ ਵਿਦਿਆਰਥੀਆਂ ਦੇ ਪੱਕੇ ਪੇਪਰਾਂ ਵਿਚ ਸਾਰਾ ਦਿਨ ਇਨ੍ਹਾਂ ਦਾ ਕੰਨ ਪਾੜ ਰੌਲਾ ਉਨ੍ਹਾਂ ਦੀ ਪੜ੍ਹਾਈ ਵਿਚ ਵਿਘਨ ਪਾ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਇਨ੍ਹਾਂ ਫੇਰੀ ਵਾਲਿਆਂ ਨੂੰ ਇੰਨੇ ਵੱਡੇ ਪੱਧਰ 'ਤੇ ਲਾਊਡ ਸਪੀਕਰਾਂ ਦੀ ਇਜਾਜ਼ਤ ਕਿਸ ਥਾਣੇ, ਉਪ ਮੰਡਲ ਅਧਿਕਾਰੀਆਂ ਜਾਂ ਜ਼ਿਲ੍ਹਾ ਪ੍ਰਸ਼ਾਸਨ ਅਧਿਕਾਰੀਆਂ ਵਲੋਂ ਨਹੀਂ ਦਿੱਤੀ ਗਈ। ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਘਰਾਂ ਲਾਗੇ ਵੀ ਇਹ ਸ਼ੋਰ ਪ੍ਰਦੂਸ਼ਣ ਪੂਰੇ ਜ਼ੋਰਾਂ 'ਤੇ ਹੈ। ਲੋਕਾਂ ਦਾ ਕਹਿਣਾ ਹੈ ਕਿ ਪ੍ਰਸ਼ਾਸਨ ਆਪਣੀ ਕੁੰਭਕਰਨੀ ਨੀਂਦ ਤੋਂ ਜਾਗ ਕੇ ਇਲਾਕੇ ਦੀ ਇਸ ਵੱਡੀ ਸਮੱਸਿਆ ਦੇ ਹੱਲ ਲਈ ਜਲਦੀ ਕੋਈ ਠੋਸ ਕਦਮ ਚੁੱਕੇਗਾ ਜਾਂ ਫਿਰ ਇਹ ਸਭ ਕੁੱਝ ਇਸੇ ਤਰ੍ਹਾਂ ਚੱਲਦਾ ਰਹੇਗਾ? ਲੋਕਾਂ ਦੀ ਮੰਗ ਹੈ ਕਿ ਪਿੰਡਾਂ, ਸ਼ਹਿਰਾਂ ਵਿਚ ਅਜਿਹੇ ਫੇਰੀ ਲਾਉਣ ਵਾਲਿਆਂ ਨੂੰ ਲਾਊਡ ਸਪੀਕਰਾਂ ਦੀ ਦੁਰਵਰਤੋਂ ਕਰਨ ਤੋਂ ਰੋਕਿਆ ਜਾਵੇ।

## ਸ਼ਹੀਦ ਕਾਮਰੇਡਾਂ ਦੀ ਸਾਂਝੀ ਬਰਸੀ 19 ਨੂੰ: ਜਸਪਾਲ ਸਿੰਘ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਦਹਿਸ਼ਤਗਰਦਾਂ ਦਾ ਬਹਾਦਰੀ ਨਾਲ ਮੁਕਾਬਲਾ ਕਰਦਿਆਂ ਸ਼ਹੀਦ ਹੋਏ ਕਾਮਰੇਡ ਦੀਪਕ ਧਵਨ, ਡਾਕਟਰ ਅਵਤਾਰ ਸਿੰਘ ਚੁਤਾਲਾ, ਗੁਰਪ੍ਰਤਾਪ ਸਿੰਘ ਜਾਮਾਰਾਏ, ਬਲਕਾਰ ਸਿੰਘ ਧਾਰਨ, ਜਗੀਰ ਸਿੰਘ ਧਾਰੜ, ਗੁੰਡਾਗਰਦੀ ਦਾ ਮੁਕਾਬਲਾ ਕਰਦਿਆਂ ਸ਼ਹੀਦ ਹੋਏ ਅਰੁਨ ਸਿੰਘ ਅਲਾਦੀਨਪੁਰ ਅਤੇ ਕੁਦਰਤੀ ਮੌਤ ਨਾਲ ਵਿਛੜੇ ਕਾਮਰੇਡ ਬਲਬੀਰ ਸੂਦ, ਬਲਦੇਵ ਸਿੰਘ ਦੇਊ, ਜੋਗਿੰਦਰ ਸਿੰਘ ਮਾਨੋਚਾਹਲ ਦੀ ਸਾਂਝੀ ਬਰਸੀ 19 ਮਈ ਨੂੰ ਬੱਸ ਅੱਡਾ ਤਰਨਤਾਰਨ ਦੇ ਸਾਹਮਣੇ ਵਿਸ਼ਾਲ ਕਾਨਫਰੰਸ ਕਰਕੇ ਮਨਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਆਗੂ ਕਾਮਰੇਡ ਜਸਪਾਲ ਝਬਾਲ ਨੇ ਦੱਸਿਆ ਕਿ ਇਸ ਸਮੇਂ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ, ਸੂਬਾ ਸਕੱਤਰ ਪ੍ਰਗਟ ਸਿੰਘ ਜਾਮਾਰਾਏ, ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ, ਮੁਖਤਾਰ ਸਿੰਘ ਮੱਲਾ, ਦਿਹਾਤੀ ਮਜ਼ਦੂਰ ਸਭਾ ਦੇ ਪ੍ਰਧਾਨ ਜਸਬੀਰ ਸਿੰਘ ਵੈਰੋਵਾਲ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਆਗੂ ਕਾਮਰੇਡ ਸੁਲੱਖਣ ਸਿੰਘ ਤੁੜ, ਔਰਤ ਮੁਕਤੀ ਮੋਰਚੇ ਦੀ ਆਗੂ ਕਾਮਰੇਡ ਕੁਲਵਿੰਦਰ ਕੌਰ ਖਡੂਰ ਸਾਹਿਬ ਆਦਿ ਆਗੂ ਸ਼ਰਧਾਂਜਲੀ ਭੇਟ ਕਰਨਗੇ।

## ਗਿਆਨੀ ਮੋਹਨ ਸਿੰਘ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਇਜ਼ਹਾਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਾਬਕਾ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਮੋਹਨ ਸਿੰਘ ਕੈਨੇਡਾ ਦੇ ਸ਼ਹਿਰ ਵੈਨਕੂਵਰ ਵਿੱਚ ਅਕਾਲ ਚਲਾਣਾ ਕਰ ਜਾਣ 'ਤੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਗਹਿਰੇ ਦੁੱਖ ਦਾ ਇਜ਼ਹਾਰ ਕਰਦਿਆਂ ਸਿੱਖ ਸਮਾਜ ਨੂੰ ਨਾ ਪੂਰਿਆ ਜਾਣ ਵਾਲਾ ਘਾਟਾ ਦੱਸਿਆ ਹੈ।ਉਨ੍ਹਾਂ ਕਿਹਾ ਕਿ ਗਿਆਨੀ ਮੋਹਨ ਸਿੰਘ ਗੁਰੂ ਦੀ ਕਰਨੀ 'ਚ ਜੀਵਨ ਬਤੀਤ ਕਰਨ ਵਾਲੀ ਸ਼ਖ਼ਸ਼ੀਅਤ ਸਨ, ਉਨ੍ਹਾਂ ਨੇ ਆਪਣੇ ਸੇਵਾ ਕਾਲ ਦਰਮਿਆਨ ਹਰਿਮੰਦਰ ਸਾਹਿਬ ਵਾਪਰੀਆਂ ਘਟਨਾਵਾਂ ਨੂੰ ਵੀ ਕਈ ਥਾਈਂ ਰਿਕਾਰਡ ਕਰਵਾਇਆ ਹੈ, ਜੋ ਪੰਥ ਨੂੰ ਹਮੇਸ਼ਾ ਰਾਹ ਦਰਸਾਉਂਦੀਆਂ ਰਹਿਣਗੀਆਂ। ਉਨ੍ਹਾਂ ਕਿਹਾ ਕਿ ਗੁਰੂ ਦੇ ਦਰ ਸੇਵਾ ਕਰਦੇ ਉਹ ਗੁਰੂ ਰੰਗ ਵਿੱਚ ਵਲੀਨ ਸਨ, ਸੱਚ ਦੇ ਮੁੱਦਈ ਸਨ, ਪਰ ਅਕਾਲ ਪੁਰਖ ਅੱਗੇ ਕਿਸੇ ਦਾ ਜ਼ੋਰ ਨਹੀਂ। ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ 'ਚ ਥਾਂ ਦੇਣ ਤੇ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।


# ਕਲਾਸੀਫਾਈਡ ਇਸ਼ਤਿਹਾਰ

**Change of Name**

I, Bhajan Singh S/o Joginder Singh R/o Vill. Nawan Pind Khalewal, Tehsil Shahkot, Distt. Jalandhar, Have Changed My Name Bhajan Singh to Harbhajan Singh Concerned May Note.

I Sonia W/o Arun Kumar R/o H/No. 947, Rose Garden, Dil Bagh Nagar Extention,Jalandhar-144002 have changed my name Sonia Chitkara to Sonia. All please note.

I,Manjeet Kaur D/o Jeet Ram R/o Jaja Byepass, Railway Fatak, Darapur Road, UrmarTanda, Tehsil Dasuya, Hoshiarpur,Punjab,144204 changed my name from Aayat Ansari to Manjeet Kaur.

I Simranjit Kaur W/o Nishan Singh R/o Village Awan Ghore Shah, Post Office Rani Pind District Hoshiarpur Have changed my name from Simranjit Kaur to Simranjit Surname Kaur (Kaur as Surname). All concerned please note.

I Sukhwinder Kaur W/o Sukhbir Singh R/o Village Ghore Shah Awan, Post Office Rani Pind District Hoshiarpur Have changed my name from Sukhwinder Kaur to Sukhwinder Surname Kaur (Kaur as Surname). All concerned please note.

I, Harbhajan Lal S/o Harbilash R/o Vill. Sikandarpur, Teh. Samrala , Distt. Ludhiana, Punjab, India, have changed the Name of my minor daughter from Divanshi to Dilpreet Kaur. All concerned note.

I, Gurpreet Kumar S/o Boota Ram R/o VPO. Dhogri, Distt. Jalandhar, Punjab have changed my name to Given name as Gurpreet & Surname as Kumar. All Please Note.

**Change of Name**

I, Kadam Nilam Prashant w/o Hav Kadam Prashant Sarjerao r/o Bus Stand Javal, Po. Chore Dhavarwadi, District Satara Maharashtra have change my name from Nilam Kadam to Kadam Nilam Prashant. All Please Note.

I, Charu Verma W/o Ankush Amar R/o H.No.66, Chandan Nagar, Near Sodal Railway Crossing, Jalandhar have changed my name from Charu Verma to Charu Amar, After Marriage. All Please Note.

I, Alpha d/o Tarsem Lal r/o H.No.19, Gali No.2, MS Farm, Basti Peer Dad, Bajwa Colony, Jalandhar-144021, Punjab have changed my name to Alpha Masih. All Please Note.

I, Anil Kumar S/o Butti Ram R/o H.No. 3434, Bhargo Camp, Jalandhar have changed my name from Anil Kumar to Aniel Brar. All Please Note. (R)

I Balwinder Singh S/O Gopal Singh R/O Village Dhanoa Khurd Po Dhanoa Kalan Amritsar Have Declared That Balwinder My Given Name And Singh Is My Surname.

**ਆਮ ਸੂਚਨਾ**

ਮੈਂ, ਕਮਲੇਸ਼ ਰਾਣੀ ਪਤਨੀ ਗੁਰਸ਼ਰਨ ਸਿੰਘ ਵਾਸੀ ਮਕਾਨ ਨੰ. 10, ਗੁਰੂ ਅਰਜਨ ਨਗਰ, ਜਲੰਧਰ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਲੜਕੇ ਕਮਲਪ੍ਰੀਤ ਸਿੰਘ ਉਰਫ ਪੰਪਲ ਨੂੰ ਮੇਰੇ ਕਹਿਣੇ ਵਿੱਚ ਨਾ ਹੋਣ ਕਰਕੇ ਮਿਤੀ 23-11-2023 ਨੂੰ ਅਖ਼ਬਾਰ ਵਿੱਚ ਦਿੱਤੇ ਇਸ਼ਤੇਹਾਰ ਰਾਹੀਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਕਮਲਪ੍ਰੀਤ ਸਿੰਘ ਉਰਫ ਪੰਪਲ ਮੇਰੇ ਕਹਿਣੇ ਵਿੱਚ ਹੈ। ਮੈਂ ਇਸ ਦੀ ਬੇਦਖਲੀ ਵਾਪਿਸ ਲੈਂਦੀ ਹਾਂ। ਹੁਣ ਇਹ ਮੇਰੀ ਚੱਲ-ਅਚੱਲ ਜਾਇਦਾਦ ਦਾ ਵਾਰਿਸ ਹੋਵੇਗਾ। ਸੰਬੰਧਿਤ ਨੋਟ ਕਰਨ।

**ਬੇਦਖਲੀ ਨੋਟਿਸ**

ਮੈਂ ਸੋਹਣ ਲਾਲ ਪੁੱਤਰ ਮੇਹਰ ਸਿੰਘ ਵਾਸੀ ਵਾਰਡ ਨੰਬਰ 6, ਬੈਕਸਾਈਡ ਦਾਦੂ ਆਈਸ ਫੈਕਟਰੀ, ਬਰਨਾਲਾ ਨੇ ਆਪਣਾ ਪੁੱਤਰ ਤਲਵਿੰਦਰ ਕੁਮਾਰ ਉਰਫ ਵਿੱਕੀ ਅਤੇ ਉਸਦੀ ਪੁੱਤਰੀ ਕਮਲਪ੍ਰੀਤ ਉਰਫ ਡਿੰਪਲ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਆਪਣੀ ਚੱਲ-ਅੱਚਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ।ਉਸ ਨਾਲ ਲੈਣ-ਦੇਣ ਕਰਨ ਵਾਲਾ ਵਿਅਕਤੀ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।ਸੰਬੰਧਤ ਨੋਟ ਕਰਨ।

ਮੈਂ, ਬਲਦੇਵ ਸਿੰਘ ਪੁੱਤਰ ਸੁਰਜਨ ਸਿੰਘ ਵਾਸੀ ਗੋਇੰਦਵਾਲ ਸਾਹਿਬ ਤਹਿਸੀਲ ਖਡੂਰ ਸਾਹਿਬ ਜ਼ਿਲ੍ਹਾ ਤਰਨਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਰਣਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਆਪਣੇ ਪੁੱਤਰ ਰਣਜੀਤ ਸਿੰਘ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਕਿਸੇ ਵੀ ਕਿਸਮ ਦਾ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਊਸ਼ਾ ਪਤਨੀ ਲੇਟ ਰਾਮੂ ਵਾਸੀ ਮਕਾਨ ਨੰ. 674, ਵਾਰਡ ਨੰ. 8, ਮੁਹੱਲਾ ਇੰਪਲਾਈਜ਼ ਕਾਲੋਨੀ ਸ਼ਾਹਕੋਟ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਹੇਮੰਤ ਅਤੇ ਉਸਦੀ ਪਤਨੀ ਸਿਮਰਨਜੀਤ ਕੌਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅੱਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

**ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ**

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਮੁਕਤਸਰ ਪੁਲਸ ਵੱਲੋਂ ਰੇਲਵੇ ਸਟੇਸ਼ਨਾਂ ਤੇ ਬੱਸ ਸਟੈਂਡਾਂ 'ਤੇ ਸਰਚ ਆਪ੍ਰੇਸ਼ਨ

## ਝੂਠੀਆਂ ਅਫਵਾਹਾਂ ਤੋਂ ਬਚੋ, ਸਿਰਫ ਪੁਸ਼ਟੀ ਹੋਈ ਜਾਣਕਾਰੀ 'ਤੇ ਹੀ ਕਰੋ ਭਰੋਸਾ : ਐੱਸ ਐੱਸ ਪੀ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਨਸ਼ਿਆਂ ਵਿਰੁੱਧ ਚੱਲ ਰਹੀ ਰਾਜ ਪੱਧਰੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ ਤਹਿਤ ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਡਾ. ਅਖਿਲ ਚੌਧਰੀ ਐੱਸ.ਐੱਸ.ਪੀ. ਦੀ ਅਗਵਾਈ ਹੇਠ ਜ਼ਿਲ੍ਹੇ ਦੇ ਸਾਰੇ ਰੇਲਵੇ ਸਟੇਸ਼ਨਾਂ ਤੇ ਬੱਸ ਸਟੈਂਡਾਂ 'ਤੇ ਅਚਨਚੇਤ ਸਰਚ ਅਭਿਆਨ ਚਲਾਇਆ ਗਿਆ।ਇਹ ਅਭਿਆਨ ਪੁਲਸ ਦੀਆਂ ਵੱਖ-ਵੱਖ ਟੀਮਾਂ ਦੀ ਤਾਇਨਾਤੀ ਹੇਠ ਜ਼ਿਲ੍ਹੇ ਦੀਆਂ ਚਾਰੇ ਸਬ-ਡਵੀਜ਼ਨਾਂ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ ਤੇ ਲੰਬੀ ਵਿੱਚ ਇੱਕੋ ਸਮੇਂ ਕੀਤਾ ਗਿਆ।



ਐੱਸ.ਐੱਸ.ਪੀ. ਡਾ. ਅਖਿਲ ਚੌਧਰੀ ਨੇ ਦੱਸਿਆ ਕਿ ਪੁਲਸ ਦੀ ਅਗਵਾਈ ਵਿੱਚ ਸ੍ਰ. ਮਨਮੀਤ ਸਿੰਘ ਢਿੱਲੋਂ ਐੱਸ.ਪੀ. (ਡੀ.), ਡੀ.ਐੱਸ.ਪੀ. ਸਤਨਾਮ ਸਿੰਘ, ਡੀ ਐੱਸ ਪੀ ਇਕਬਾਲ ਸਿੰਘ, ਡੀ.ਐੱਸ.ਪੀ. ਅਵਤਾਰ ਸਿੰਘ ਤੇ ਡੀ.ਐੱਸ.ਪੀ. ਜਸਪਾਲ ਸਿੰਘ ਸਮੇਤ ਲਗਭਗ 170 ਪੁਲਸ ਅਧਿਕਾਰੀ ਤੇ ਕਰਮਚਾਰੀ ਇਸ ਮੁਹਿੰਮ ਵਿੱਚ ਸ਼ਾਮਲ ਰਹੇ।ਸਰਚ ਆਪ੍ਰੇਸ਼ਨ ਤਹਿਤ ਰੇਲਵੇ ਸਟੇਸ਼ਨ ਤੇ ਬੱਸ ਸਟੈਂਡ ਵੱਲ ਜਾਂਦੇ ਸਾਰੇ ਮੁੱਖ ਰਾਹਾਂ 'ਤੇ ਨਾਕਾਬੰਦੀ ਕੀਤੀ ਗਈ, ਜਿੱਥੇ ਲੰਘ ਰਹੀਆਂ ਗੱਡੀਆਂ, ਦਸਤਾਵੇਜ਼, ਨੰਬਰ ਪਲੇਟਾਂ ਦੀ ਜਾਂਚ ਕੀਤੀ ਗਈ।ਐਂਟੀ-ਸਾਬੋਟਾਜ ਟੀਮ ਵੱਲੋਂ ਰੇਲਵੇ ਸਟੇਸ਼ਨਾਂ ਤੇ ਬੱਸ ਸਟੈਂਡਾਂ 'ਤੇ ਸ਼ੱਕੀ ਸਾਮਾਨ ਦੀ ਤਲਾਸ਼ੀ ਕੀਤੀ ਗਈ, ਸ਼ੱਕੀ ਵਿਅਕਤੀਆਂ ਦੀ ਪੀ ਏ ਐੱਲ ਐੱਸ ਐਪ ਰਾਹੀਂ ਜਾਂਚ ਕੀਤੀ ਗਈ ਤੇ ਪਾਰਕਿੰਗ ਵਿੱਚ ਖੜ੍ਹੇ ਵਾਹਨਾਂ ਦੀ ਵੀ ਏ ਐੱਚ ਏ ਐੱਨ ਐਪ ਰਾਹੀਂ ਜਾਂਚ ਕੀਤੀ ਗਈ।ਡਾ. ਚੌਧਰੀ ਨੇ ਸਾਫ਼ ਕੀਤਾ ਕਿ ਇਹ ਕਾਰਵਾਈ ਨਾ ਸਿਰਫ ਨਸ਼ਾ ਤਸਕਰੀ ਉਤੇ ਲਗਾਮ ਲਾਉਣ ਲਈ ਹੈ, ਬਲਕਿ ਜਨਤਕ ਥਾਵਾਂ 'ਤੇ ਲੋਕਾਂ ਦੀ ਸੁਰੱਖਿਆ ਨੂੰ ਮਜ਼ਬੂਤ ਬਣਾਉਣ ਲਈ ਵੀ ਹੈ।ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਹਾਲਤ 'ਚ ਬਖ਼ਸ਼ਿਆ ਨਹੀਂ ਜਾਵੇਗਾ ਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਅਚਨਚੇਤ ਕਾਰਵਾਈਆਂ ਲਗਾਤਾਰ ਜਾਰੀ ਰਹਿਣਗੀਆਂ। ਐੱਸ.ਐੱਸ.ਪੀ. ਨੇ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਕਈ ਤਰ੍ਹਾਂ ਦੀਆਂ ਝੂਠੀਆਂ ਵੀਡੀਓਜ਼, ਮੈਸੇਜ ਤੇ ਗਲਤ ਦਾਅਵਿਆਂ ਵਾਲੀਆਂ ਪੋਸਟਾਂ ਸੋਸ਼ਲ ਮੀਡੀਆ 'ਤੇ ਫੈਲ ਰਹੀਆਂ ਹਨ।ਇਹ ਸਾਰੇ ਮੈਸੇਜ ਲੋਕਾਂ ਵਿੱਚ ਡਰ, ਘਬਰਾਹਟ ਤੇ ਅਫਵਾਹਾਂ ਦਾ ਮਾਹੌਲ ਬਣਾਉਣ ਦੀ ਕੋਸ਼ਿਸ਼ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਕਿਸੇ ਵੀ ਅਣਅਧਿਕਾਰਤ ਸਰੋਤ ਜਾਂ ਵਿਅਕਤੀ ਵੱਲੋਂ ਭੇਜੇ ਗਏ ਕੋਈ ਵੀਡੀਓ, ਮੈਸੇਜ ਜਾਂ ਪੋਸਟਾਂ 'ਤੇ ਵਿਸ਼ਵਾਸ ਨਾ ਕਰੋ ਤੇ ਨਾ ਹੀ ਉਨ੍ਹਾਂ ਨੂੰ ਅੱਗੇ ਭੇਜੋ।ਸਿਰਫ਼ ਸਰਕਾਰ ਦੁਆਰਾ ਜਾਰੀ ਕੀਤੇ ਗਏ ਸੰਦੇਸ਼ਾਂ, ਪ੍ਰੈੱਸ ਨੋਟਾਂ ਜਾਂ ਅਧਿਕਾਰਤ ਪਲੇਟਫਾਰਮਾਂ ਜਿਵੇਂ ਕਿ ਸਰਕਾਰੀ ਫੇਸਬੁੱਕ ਪੇਜ, ਯੂਟਿਊਬ ਚੈਨਲ ਜਾਂ ਮਾਨਤਾ ਪ੍ਰਾਪਤ ਟੀਵੀ ਚੈਨਲਾਂ ਉੱਤੇ ਆ ਰਹੀਆਂ ਜਾਣਕਾਰੀਆਂ ਨੂੰ ਹੀ ਭਰੋਸੇਯੋਗ ਮੰਨੋ।ਜੇਕਰ ਕਿਸੇ ਨੂੰ ਕੋਈ ਵੀ ਸ਼ੱਕੀ ਗਤੀਵਿਧੀ, ਸ਼ੱਕੀ ਵਿਅਕਤੀ ਜਾਂ ਕੋਈ ਸ਼ੱਕੀ ਸਾਮਾਨ, ਸ਼ੱਕੀ ਵਸਤੂ ਬਾਰੇ ਜਾਣਕਾਰੀ ਮਿਲੇ ਤਾਂ ਸਾਡੇ ਨਾਲ ਸੰਪਰਕ ਕਰੋ।

## ਕਰ ਭਲਾ ਹੋ ਭਲਾ ਸੁਸਾਇਟੀ ਵੱਲੋਂ 59ਵਾਂ ਰਾਸ਼ਨ ਵੰਡ ਸਮਾਰੋਹ



**ਜਗਰਾਉਂ (ਅਮਿਤ ਖੰਨਾ)**-ਜਗਰਾਉਂ ਦੀ ਨੌਜਵਾਨ ਕਰ ਭਲਾ ਹੋ ਭਲਾ ਸੁਸਾਇਟੀ ਦੀ ਸਮਾਜ ਸੇਵੀ ਸੰਸਥਾ ਵੱਲੋਂ 59ਵਾਂ ਰਾਸ਼ਨ ਵੰਡ ਸਮਾਰੋਹ ਕਰਵਾਇਆ ਗਿਆ।51 ਲੋੜਵੰਦ ਪਰਵਾਰਾਂ ਨੂੰ ਸੁੱਕਾ ਰਾਸ਼ਨ ਵੰਡਿਆ ਗਿਆ।ਅਰੋੜਾ ਪ੍ਰਾਪਰਟੀ ਐਡਵਾਈਜ਼ਰ ਲਿੰਕ ਰੋਡ ਜਗਰਾਉਂ ਵਿਖੇ ਕਰਵਾਏ ਸਮਾਗਮ ਮੌਕੇ ਸੁਸਾਇਟੀ ਦੇ ਚੇਅਰਮੈਨ ਅਮਿਤ ਅਰੋੜਾ ਤੇ ਵਾਈਸ ਚੇਅਰਮੈਨ ਰਜਿੰਦਰ ਜੈਨ ਕਾਕਾ, ਪ੍ਰਧਾਨ ਮਦਨ ਲਾਲ ਨੇ ਕਿਹਾ ਕਿ ਸੁਸਾਇਟੀ ਮਨੁੱਖਤਾ ਦੀ ਸੇਵਾ ਲਈ ਬਣਾਈ ਗਈ ਸੀ ਅਤੇ ਇਸ ਉਦੇਸ਼ ਨੂੰ ਪੂਰਾ ਕਰਨ ਲਈ ਸਮਾਜ ਦੇ ਸਾਰੇ ਮੈਂਬਰ ਪੂਰੀ ਲਗਨ ਨਾਲ ਕੰਮ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਸੋਕੇ ਤੋਂ ਬਾਅਦ ਸੁਸਾਇਟੀ ਵੱਲੋਂ 59 ਮਹੀਨੇ ਪਹਿਲਾਂ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਵੰਡਣ ਦਾ ਕੰਮ ਸ਼ੁਰੂ ਕੀਤਾ ਗਿਆ ਸੀ ਅਤੇ ਇਹ ਨਿਰਵਿਘਨ ਜਾਰੀ ਹੈ ਅਤੇ ਅੱਜ 59ਵਾਂ ਮਾਸਿਕ ਰਾਸ਼ਨ ਵੰਡ ਸਮਾਰੋਹ ਹੋਇਆ। 51 ਲੋੜਵੰਦ ਪਰਵਾਰਾਂ ਨੂੰ ਸੁੱਕਾ ਰਾਸ਼ਨ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਸੁਸਾਇਟੀ ਖੁੱਲ੍ਹੇ ਦਿਲ ਵਾਲੇ ਦਾਨੀਆਂ ਦੀ ਮਦਦ ਨਾਲ ਕਈ ਸਮਾਜ ਸੇਵਾ ਪ੍ਰੋਜੈਕਟ ਚਲਾ ਰਹੀ ਹੈ।ਵਿਦਿਅਕ ਸੰਸਥਾਵਾਂ ਤੇ ਹੋਰ ਸੰਸਥਾਵਾਂ ਨੂੰ ਉਨ੍ਹਾਂ ਦੀ ਜ਼ਰੂਰਤ ਅਨੁਸਾਰ ਜ਼ਰੂਰੀ ਚੀਜ਼ਾਂ ਵੀ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।ਇਸ ਮੌਕੇ ਸੁਸਾਇਟੀ ਦੇ ਸਕੱਤਰ ਨਨੇਸ਼ ਗਾਂਧੀ, ਕੈਸ਼ੀਅਰ ਨੀਰਜ ਕਟਾਰੀਆ, ਵਿਸ਼ਾਲ ਸ਼ਰਮਾ, ਸੁਨੀਲ ਬਜਾਜ, ਸਾਹਿਲ ਗੁਪਤਾ, ਕਮਲ ਗੁਪਤਾ, ਮੋਹਿਤ ਜੈਨ ਆਦਿ ਹਾਜ਼ਰ ਸਨ।

## ਡੀ ਟੀ ਐੱਫ ਵੱਲੋਂ ਤਹਿਸੀਲ ਪੱਧਰੀ ਕਨਵੈਨਸ਼ਨ 18 ਨੂੰ



**ਸਮਰਾਲਾ (ਸੁਰਜੀਤ ਸਿੰਘ)**-ਡੈਮੋਕ੍ਰੇਟਿਕ ਟੀਚਰ ਫਰੰਟ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਰਮਨਜੀਤ ਸਿੰਘ ਸੰਧੂ ਦੀ ਅਗਵਾਈ ਵਿੱਚ ਕੀਤੀ ਗਈ। ਮੀਟਿੰਗ ਦੌਰਾਨ ਬੀਤੇ ਸਮੇਂ ਦੌਰਾਨ ਕੀਤੀਆਂ ਸਰਗਰਮੀਆਂ ਦੀ ਪੜਚੋਲ ਕੀਤੀ ਗਈ।ਪ੍ਰੈੱਸ ਸਕੱਤਰ ਸੁਰਿੰਦਰ ਸਿੰਘ ਇਆਲੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 18 ਮਈ ਨੂੰ ਸਾਬਕਾ ਡੀ ਟੀ ਐੱਫ ਆਗੂ ਸਵ. ਤਰਲੋਚਨ ਸਿੰਘ ਸਮਰਾਲਾ ਨੂੰ ਸਮਰਪਤ ਤਹਿਸੀਲ ਸਮਰਾਲਾ ਦੇ ਅਧਿਆਪਕਾਂ ਦੀਆਂ ਮੰਗਾਂ ਮਸਲਿਆਂ ਨੂੰ ਲੈ ਕੇ ਕਨਵੈਨਸ਼ਨ ਕਰਨ ਦਾ ਫੈਸਲਾ ਕੀਤਾ ਗਿਆ।ਇਸੇ ਤਰ੍ਹਾਂ 15 ਮਈ ਨੂੰ ਤਹਿਸੀਲ ਰਾਇਕੋਟ ਵਿਖੇ ਭਰਵੀਂ ਮੀਟਿੰਗ ਕਰਨ ਦਾ ਫੈਸਲਾ ਕੀਤਾ ਗਿਆ।ਮੀਟਿੰਗ ਵਿੱਚ ਪਹੁੰਚੇ ਸਟੇਟ ਕਮੇਟੀ ਮੈਂਬਰਾਂ ਵੱਲੋਂ ਚੱਲ ਰਹੇ ਮੁੱਦਿਆਂ ਉੱਤੇ ਵਿਚਾਰ ਚਰਚਾ ਕੀਤੀ ਗਈ ਤੇ ਅਗਲੀਆਂ ਰਣਨੀਤੀਆਂ ਲਈ ਵਿਉਂਤਬੰਦੀ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਸਕੱਤਰ ਰੁਪਿੰਦਰ ਪਾਲ ਗਿੱਲ, ਜ਼ਿਲ੍ਹਾ ਕਮੇਟੀ ਮੈਂਬਰ ਰਜਿੰਦਰ ਜੰਡਿਆਲੀ, ਡੀ ਐੱਮ ਐੱਫ ਦੇ ਪ੍ਰਧਾਨ ਸੁਖਵਿੰਦਰ ਸਿੰਘ ਲੀਲ, ਮਿਡ ਡੇ ਮੀਲ ਵਰਕਰ ਦੀ ਪ੍ਰਧਾਨ ਪ੍ਰਵੀਨ ਕੁਮਾਰੀ ਹਾਜ਼ਰ ਸਨ।

## ਨਗਰ ਕੌਂਸਲ ਸਟਾਫ਼ ਨੂੰ ਮੌਜੂਦਾ ਹਾਲਾਤ ਦੇ ਮੱਦੇਨਜ਼ਰ ਹਦਾਇਤਾਂ ਜਾਰੀ



**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਨਗਰ ਕੌਂਸਲ ਦਫਤਰ ਵਿਖੇ ਨਗਰ ਕੌਂਸਲ ਦੇ ਪ੍ਰਧਾਨ ਜੁਗਿੰਦਰ ਸਿੰਘ ਬਿੱਟੂ ਵੱਲੋਂ ਭਾਰਤ-ਪਾਕਿਸਤਾਨ ਵਿਚਾਲੇ ਤਣਾਅ ਦੇ ਚੱਲਦਿਆਂ ਸਮੂਹ ਸਟਾਫ਼ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਪ੍ਰਧਾਨ ਬਿੱਟੂ ਨੇ ਮੀਟਿੰਗ ਦੌਰਾਨ ਬੋਲਦਿਆਂ ਭਾਰਤ-ਪਾਕਿਸਤਾਨ ਦਰਮਿਆਨ ਤਣਾਅਪੂਰਨ ਹਾਲਾਤਾਂ ਨੂੰ ਮੱਦੇਨਜ਼ਰ ਰੱਖਦੇ ਹੋਏ ਫਾਇਰ ਸਟੇਸ਼ਨ ਨਗਰ ਕੌਂਸਲ ਦੇ ਹਾਜ਼ਰ ਸਟਾਫ਼ ਨੂੰ ਹਦਾਇਤ ਕੀਤੀ ਕਿ ਅੱਗ ਬੁਝਾਊ ਯੰਤਰਾਂ ਤੇ ਫਾਇਰ ਟੈਂਡਰਾਂ ਨੂੰ ਸਟੈਂਡ ਬਾਏ ਰੱਖਣ। ਇਸ ਤੋਂ ਇਲਾਵਾ ਸਹਾਇਕ ਇੰਜੀਨੀਅਰ ਨੂੰ ਹਦਾਇਤ ਕੀਤੀ ਕਿ ਸਰਕਾਰ ਵੱਲੋਂ ਦੀਆਂ ਹਦਾਇਤਾਂ ਅਨੁਸਾਰ ਬਲੈਕਆਊਟ ਸਮੇਂ ਸਟਰੀਟ ਲਾਈਟਾਂ ਨੂੰ ਪੂਰਨ ਤੌਰ 'ਤੇ ਬੰਦ ਕਰਨ ਲਈ ਸਟਾਫ਼ ਨੂੰ ਸਮੇਂ ਸਿਰ ਫੀਲਡ ਵਿੱਚ ਭੇਜ ਕੇ ਬੰਦ ਕਰਨੀਆਂ ਯਕੀਨੀ ਬਣਾਇਆ ਜਾਵੇ ਅਤੇ ਆਮ ਪਬਲਿਕ ਨੂੰ ਵੀ ਇਸ ਬਾਰੇ ਜਾਣੂੰ ਕਰਵਾਇਆ ਜਾਵੇ ਕਿ ਬਲੈਕਆਊਟ ਸਮੇਂ ਆਪਣੀਆਂ-ਆਪਣੀਆਂ ਲਾਈਟਾਂ ਬੰਦ ਰੱਖੀਆਂ ਜਾਣ। ਉਨ੍ਹਾਂ ਨਗਰ ਕੌਂਸਲ ਦੇ ਸਮੂਹ ਸਟਾਫ਼ ਨੂੰ ਹਦਾਇਤ ਕੀਤੀ ਕਿ ਐਮਰਜੈਂਸੀ ਦੇ ਛੁੱਟੀ 'ਤੇ ਨਾ ਜਾਣ ਤੇ 24 ਘੰਟੇ ਆਪਣਾ ਮੋਬਾਇਲ ਫੋਨ ਚਾਲੂ ਰੱਖਣ ਦੀ ਅਪੀਲ ਕੀਤੀ। ਇਸ ਮੌਕੇ ਸਮੂਹ ਸਟਾਫ਼ ਨੇ ਯਕੀਨ ਦਿਵਾਇਆ ਕਿ ਕਿਸੇ ਵੀ ਐਮਰਜੈਂਸੀ ਸਮੇਂ ਸਮੂਹ ਸਟਾਫ਼ ਆਪਣੀਆਂ ਬਣਦੀਆਂ ਸੇਵਾਵਾਂ ਦੇਣ ਲਈ ਤਿਆਰ-ਬਰ-ਤਿਆਰ ਰਹਿਣਗੇ।

## ਆਰਥੋਪੀਡਿਕ ਤੇ ਸਪਾਈਨ ਸਰਜਨ ਡਾ. ਰਜਿੰਦਰ ਸਿੰਘ ਦਾ ਸਨਮਾਨ



**ਜਗਰਾਉਂ (ਅਮਿਤ ਖੰਨਾ)**-ਲੁਧਿਆਣਾ ਦੇ ਕਲਿਆਣ ਹਸਪਤਾਲ ਦੇ ਮਸ਼ਹੂਰ ਆਰਥੋਪੀਡਿਕ ਤੇ ਸਪਾਈਨ ਸਰਜਨ ਡਾ. ਰਜਿੰਦਰ ਸਿੰਘ ਨੂੰ ਨਾਲ ਹੀ ਪੰਜਾਬ ਦੇ ਮਾਣਯੋਗ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋਂ ਸਨਮਾਨਤ ਕੀਤਾ ਗਿਆ।ਇਹ ਸਨਮਾਨ ਇਸ਼ਾ ਰੂਮੈਨ ਵੈੱਲਫੇਅਰ ਟਰਸਟ (ਰਜਿਸਟਰਡ) ਵੱਲੋਂ ਇੱਕ ਵਿਸ਼ੇਸ਼ ਸਮਾਰੋਹ ਦੌਰਾਨ ਦਿੱਤਾ ਗਿਆ।ਇਹ ਸਨਮਾਨ ਡਾ. ਸਿੰਘ ਦੇ ਆਰਥੋਪੀਡਿਕ ਸਰਜਰੀ ਖੇਤਰ ਵਿੱਚ ਉਤਕ੍ਰਿਸ਼ਟ ਯੋਗਦਾਨ ਤੇ ਉਪਲਬਧੀਆਂ ਦੀ ਪਛਾਣ ਹੈ, ਜਿੱਥੇ ਉਹ ਆਪਣੇ ਕੈਰੀਅਰ ਦੌਰਾਨ 25 ਤੋਂ ਵੱਧ ਪ੍ਰਤਿਸ਼ਠਤ ਇਨਾਮ ਜਿੱਤ ਚੁੱਕੇ ਹਨ।ਡਾ. ਸਿੰਘ ਕੋਲ 22 ਸਾਲਾਂ ਦਾ ਵਿਸ਼ਾਲ ਅਨੁਭਵ ਹੈ ਤੇ ਉਹ ਮਾਇਕਰੋਸਕੋਪਿਕ ਸਪਾਈਨ ਸਰਜਰੀ, ਘੁਟਣਾ ਬਦਲਾਅ, ਆਰਥੋਸਕੋਪੀ ਤੇ ਜਟਿਲ ਟ੍ਰੌਮਾ ਇਲਾਜ ਵਿੱਚ ਨਿਪੁੰਨ ਹਨ।ਉਹ ਕਲਿਆਣ ਹਸਪਤਾਲ ਲੁਧਿਆਣਾ ਦੇ ਮੈਨੇਜਿੰਗ ਡਾਇਰੈਕਟਰ ਹਨ ਤੇ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਸਰਜੀਕਲ ਮਹਾਰਤ ਲਈ ਜਾਣੇ ਜਾਂਦੇ ਹਨ।1994 ਵਿੱਚ ਆਰਥੋਪੀਡਿਕਸ ਦੀ ਡਿਗਰੀ ਲੈਣ ਤੋਂ ਬਾਅਦ, ਉਨ੍ਹਾਂ ਨੇ ਅਮਰੀਕਾ ਤੋਂ ਆਪਣੀ ਐੱਮ ਸੀ ਐੱਚ (ਓਰਥੋ) ਪੂਰੀ ਕੀਤੀ।ਡਾ. ਸਿੰਘ ਖਾਸ ਕਰਕੇ ਪੰਜਾਬ ਖੇਤਰ ਵਿੱਚ ਮਿਨੀਮਲ ਇਨਵੇਸਿਵ ਐਂਡੋਸਕੋਪਿਕ ਸਪਾਈਨ ਸਰਜਰੀ ਲਈ ਪ੍ਰਸਿੱਧ ਹਨ।ਉਨ੍ਹਾਂ ਦੇ ਮਰੀਜ਼ਾਂ ਵਿੱਚ ਮੈਡੀਕਲ ਪਿਛੋਕੜ ਵਾਲੇ ਲੋਕ ਵੀ ਸ਼ਾਮਿਲ ਹਨ, ਖਿਡਾਰੀ ਚੋਟਾਂ ਤੇ ਘੁਟਣਾ ਬਦਲਾਅ ਜਿਹੀਆਂ ਸਰਜਰੀਜ਼ ਵਿੱਚ ਉੱਚ ਦਰਜੇ ਦੇ ਨਤੀਜੇ ਦਿੰਦਾ ਹੈ।

## ਮਾਂ ਦਿਵਸ ਮੌਕੇ ਵਿਧਾਇਕ ਦੇਵ ਮਾਨ ਨੇ ਮਾਂ ਤੋਂ ਲਿਆ ਅਸ਼ੀਰਵਾਦ



**ਨਾਭਾ (ਵਰਿੰਦਰ ਵਰਮਾ)**-ਮਦਰ ਡੇਅ ਦਿਵਸ 'ਤੇ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਆਪਣੇ ਜੱਦੀ ਪਿੰਡ ਵਿਖੇ ਆਪਣੀ ਮਾਂ ਦੇ ਪੈਰਾਂ ਨੂੰ ਛੂਹ ਕੇ ਅਸ਼ੀਰਵਾਦ ਲਿਆ। ਉਨ੍ਹਾਂ ਕਿਹਾ ਕਿ ਮਾਂ ਰੱਬ ਦਾ ਦੂਸਰਾ ਰੂਪ ਹੈ।ਆਪਣੇ ਮਾਂ-ਬਾਪ ਦਾ ਸਤਿਕਾਰ ਤੇ ਸੇਵਾ ਜ਼ਰੂਰ ਕਰਿਆ ਕਰੋ ਕਿਉਂਕਿ ਮਾਂ ਤੋਂ ਵੱਡਾ ਦੁਨੀਆਂ 'ਤੇ ਕੋਈ ਨਹੀਂ। ਦੇਸ਼ ਦੀ ਰੱਖਿਆ ਕਰਨ ਵਾਲੇ ਫੌਜੀ ਭਰਾਵਾਂ ਦੀਆਂ ਮਾਵਾਂ ਨੂੰ ਵੀ ਉਨ੍ਹਾਂ ਨੇ ਸਿਜਦਾ ਕੀਤਾ ਅਤੇ ਕਿਹਾ ਕਿ ਭਾਰਤ ਪਾਕਿਸਤਾਨ ਦੀ ਲੜਾਈ ਮੌਕੇ ਸਰਹੱਦਾਂ ਉੱਤੇ ਖੜ੍ਹੇ ਜਵਾਨਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕਰਦੀ ਹਾਂ।ਇਸ ਮੌਕੇ ਪਰਿਵਾਰਕ ਮੈਂਬਰ ਤੇ ਸਮਰਥਕ ਹਾਜ਼ਰ ਸਨ।

## ਜੰਗ ਲਈ ਦੋਵੇਂ ਦੇਸ਼ਾਂ ਦੀਆਂ ਸਰਕਾਰਾਂ ਜ਼ਿੰਮੇਵਾਰ : ਜਮਹੂਰੀ ਅਧਿਕਾਰ ਸਭਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜਮਹੂਰੀ ਅਧਿਕਾਰ ਸਭਾ ਪੰਜਾਬ ਇਕਾਈ ਪਟਿਆਲਾ ਦੀ ਮੀਟਿੰਗ ਡਾ. ਰਣਜੀਤ ਸਿੰਘ ਘੁੰਮਣ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਸਕੱਤਰ ਵਿਧੂ ਸ਼ੇਖਰ ਭਾਰਦਵਾਜ ਨੇ ਦੱਸਿਆ ਕਿ ਮੀਟਿੰਗ ਵਿੱਚ ਦੇਸ਼ ਦੇ ਮੌਜੂਦਾ ਹਾਲਾਤ ਲਈ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਨੂੰ ਜ਼ਿੰਮੇਵਾਰ ਠਹਿਰਾਇਆ, ਜਿਨ੍ਹਾਂ ਲੋਕਾਂ ਦੇ ਜਾਨ-ਮਾਲ ਦੀ ਰਾਖੀ ਨਹੀਂ ਕੀਤੀ ਤੇ ਦੇਸ਼ਾਂ ਨੂੰ ਜੰਗ ਦੀ ਭੱਠੀ ਵਿੱਚ ਝੋਕ ਦਿੱਤਾ।ਸਰਕਾਰਾਂ ਦੀਆਂ ਨਾਕਾਮੀਆਂ ਦੀ ਸਜ਼ਾ ਆਮ ਲੋਕਾਂ ਨੂੰ ਮੌਤ ਤੇ ਉਜਾੜੇ ਦੇ ਰੂਪ ਵਿੱਚ ਮਿਲ ਰਹੀ ਹੈ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਜੰਗ ਤੁਰੰਤ ਬੰਦ ਕੀਤੀ ਜਾਵੇ ਤਾਂ ਕਿ ਆਮ ਲੋਕਾਂ ਦਾ ਨੁਕਸਾਨ ਨਾ ਹੋਵੇ।ਦੋਵੇਂ ਦੇਸ਼ਾਂ ਦੇ ਮਸਲੇ ਗੱਲਬਾਤ ਰਾਹੀਂ ਹੱਲ ਕੀਤੇ ਜਾਣ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਜੰਗ ਖਿਲਾਫ ਆਵਾਜ਼ ਉਠਾਉਣ ਤਾਂ ਕਿ ਦੋਨਾਂ ਦੇਸ਼ਾਂ ਦੇ ਹਾਕਮ ਜੰਗ ਬੰਦ ਕਰਨ ਲਈ ਮਜਬੂਰ ਹੋਣ।

# ਸਰਕਾਰ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ : ਕਾਕਾ ਬਰਾੜ

### ਸ਼ਿਵਪੁਰ ਕੁਕਰੀਆਂ ਦੀ ਪੰਚਾਇਤ ਹੋਈ 'ਆਪ' 'ਚ ਸ਼ਾਮਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਪੱਖੀ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਹਲਕੇ ਦੇ ਪਿੰਡ ਸ਼ਿਵਪੁਰ ਕੁਕਰੀਆਂ ਦੀ ਸਮੂਹ ਪੰਚਾਇਤ ਮਾਰਕਿਟ ਕਮੇਟੀ ਚੇਅਰਮੈਨ ਸੁਰਜੀਤ ਸਿੰਘ ਸੰਧੂ ਦੀ ਪ੍ਰੇਰਣਾ ਸਦਕਾ ਹਲਕਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੀ ਹਾਜ਼ਰੀ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਈ।ਇਸ ਦੌਰਾਨ ਸਮੂਹ ਪਿੰਡ ਵਾਸੀ ਤੇ ਵਰਕਰ ਹਾਜ਼ਰ ਸਨ।ਮੀਟਿੰਗ ਦੀ ਸ਼ੁਰੂਆਤ ਵਿੱਚ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਪਿੰਡ ਦੇ ਸਰਪੰਚ ਨੌਨਿਹਾਲ ਸਿੰਘ ਸਮੇਤ ਮੈਂਬਰਾਂ ਦੇ ਗਲੇ ਵਿੱਚ ਪਾਰਟੀ ਚਿੰਨ੍ਹ ਪਾ ਕੇ ਸ਼ਾਮਲ ਕੀਤਾ ਗਿਆ।ਇਸ ਮੌਕੇ ਬੋਲਦਿਆਂ ਜਗਦੀਪ ਸਿੰਘ ਕਾਕਾ ਬਰਾੜ ਨੇ ਸਰਪੰਚ ਤੇ ਪੰਚਾਇਤ ਮੈਂਬਰਾਂ ਨੂੰ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਵਧਾਈ ਦਿੱਤੀ ਤੇ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਪੰਜਾਬ ਦੇ ਲੋਕਾਂ ਦੀ ਸੇਵਾ ਲਈ ਤੱਤਪਰ ਰਹੇਗੀ।ਉਨ੍ਹਾ ਕਿਹਾ ਕਿ ਪਿੰਡ ਸ਼ਿਵਪੁਰ ਕੁਕਰੀਆਂ ਦੇ ਵਿਕਾਸ ਲਈ ਹਰ ਸੰਭਵ ਮਦਦ ਕੀਤੀ ਜਾਵੇਗੀ।ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਹਰ ਵਰਗ ਦੇ ਲੋਕਾਂ ਲਈ ਕੰਮ ਕਰ ਰਹੀ ਹੈ ਤੇ ਕਿਸੇ ਨਾਲ ਵੀ ਕੋਈ ਵਿਤਕਰਾ ਨਹੀਂ ਕੀਤਾ ਜਾ ਰਿਹਾ। ਉਨ੍ਹਾ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਨੂੰ ਤਰੱਕੀ ਵੱਲ ਲਿਜਾਣ ਲਈ ਆਮ ਆਦਮੀ ਪਾਰਟੀ ਦਾ ਸਾਥ ਦੇਣ।ਇਸ ਮੌਕੇ ਪਾਰਟੀ ਦੇ ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਵਿੱਚ ਸਿੱਖਿਆ, ਸਿਹਤ ਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕਈ ਅਹਿਮ ਕਦਮ ਚੁੱਕੇ ਹਨ, ਜਿਨ੍ਹਾਂ ਦਾ ਸਿੱਧਾ ਲਾਭ ਆਮ ਲੋਕਾਂ ਨੂੰ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ ਤੇ ਇਸ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ।ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਸਰਕਾਰ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਨਾਲ ਨੌਜਵਾਨਾਂ ਨੂੰ ਆਪਣੇ ਪੈਰਾਂ 'ਤੇ ਖੜੇ ਹੋਣ ਵਿੱਚ ਮਦਦ ਮਿਲੇਗੀ।ਇਸ ਦੌਰਾਨ ਪਿੰਡ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਖੁਸ਼ੀ ਜ਼ਾਹਰ ਕੀਤੀ ਤੇ ਕਿਹਾ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣਗੇ ਤੇ ਪਿੰਡ ਦੇ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਇਸ ਮੌਕੇ ਪੰਚਾਇਤ ਮੈਂਬਰ ਨਰੇਸ਼ ਕੁਮਾਰ, ਧਰਮਜੀਤ ਸਿੰਘ ਨੀਨਾ, ਜਸਵੀਰ ਕੌਰ, ਕਰਮਜੀਤ ਕੌਰ, ਜਸਵਿੰਦਰ ਸਿੰਘ, ਗੁਰਮਿਲਾਪ ਸਿੰਘ, ਸੋਨੀ ਕੌਰ, ਗੁਰਬਿੰਦਰ ਸਿੰਘ ਮਾਂਗਟ ਆਦਿ ਪਿੰਡ ਵਾਸੀ ਹਾਜ਼ਰ ਸਨ।

## ਗਣੇਸ਼ੇ ਵਾਲੇ ਝੁੱਗੇ ਦੇ ਖੇਤਾਂ 'ਚੋਂ ਡਰੋਨ ਤੇ ਪਿਸਟਲ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਰਹੱਦੀ ਪਿੰਡ ਗਣੇਸ਼ੇ ਵਾਲੇ ਝੁੱਗੇ ਦੇ ਖੇਤਾਂ ਵਿੱਚੋਂ ਇਕ ਡਰੋਨ ਮਾਰਕਾ ਡੀਜੀਆਈ ਏਅਰ-3, 1 ਪਿਸਟਲ ਸਮੇਤ ਮੈਗਜ਼ੀਨ ਬਿਨਾਂ ਬੈਰਲ ਬਰਾਮਦ ਹੋਇਆ। ਇਸ ਸਬੰਧੀ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਜਗਤਾਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀਆਂ ਦੇ ਬਾਸਵਾਰੀ ਸਰਕਾਰੀ ਗੱਡੀ ਬਰਾਏ ਗਸ਼ਤ ਦੇ ਸਬੰਧ ਵਿੱਚ ਨਿਹਾਲਾ ਕਿਲਚਾ ਬੰਨ 'ਤੇ ਸਨ ਤੇ ਖਾਸ ਮੁਖਬਰੀ ਮਿਲੀ ਕਿ ਬੀਤੀ ਰਾਤ ਕਿਸੇ ਅਣਪਛਾਤੇ ਵਿਅਕਤੀ ਵੱਲੋਂ ਪਾਕਿਸਤਾਨ ਵੱਲੋਂ ਡਰੋਨ ਰਾਹੀਂ ਪਿਸਟਲ ਮੰਗਵਾਇਆ ਹੈ ਤੇ ਜੋ ਗਣੇਸ਼ੇ ਵਾਲੇ ਝੁੱਗੇ ਖੇਤਾਂ ਵਿੱਚ ਡਿੱਗਾ ਹੈ। ਜਾਂਚਕਰਤਾ ਜਗਤਾਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਜਗ੍ਹਾ 'ਤੇ ਸਰਚ ਦੌਰਾਨ 1 ਡਰੋਨ ਮਾਰਕਾ ਡੀਜੇਆਈ ਏਅਰ-3, 1 ਪਿਸਟਲ ਸਮੇਤ ਮੈਗਜ਼ੀਨ ਬਿਨਾਂ ਬੈਰਲ ਤੋਂ ਬਰਾਮਦ ਹੋਇਆ। ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਵੱਲੋਂ ਪਿੰਡ ਕਾਠਗੜ੍ਹ ਦੇ ਸ਼ਮਸ਼ਾਨਘਾਟ ਨੇੜਿਓਂ ਇੱਕ ਵਿਅਕਤੀ ਨੂੰ 470 ਨਸ਼ੀਲੀਆਂ ਗੋਲੀਆਂ ਸਣੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ-ਕਮ-ਐੱਸ.ਐੱਚ.ਓ. ਐੱਸ.ਆਈ. ਪਰਮਜੀਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਦੇ ਨਾਲ ਥਾਣੇ ਦੇ ਏਰੀਏ ਵਿੱਚ ਗਸ਼ਤ ਦੌਰਾਨ ਮੌਜੂਦ ਸੀ ਤੇ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਕੁਲਦੀਪ ਸਿੰਘ ਪੁੱਤਰ ਸ਼ੰਬਾ ਸਿੰਘ ਵਾਸੀ ਕਾਠਗੜ੍ਹ ਨਸ਼ੇ ਦੀਆਂ ਗੋਲੀਆਂ ਵੇਚਣ ਦਾ ਆਦੀ ਹੈ ਅਤੇ ਹੁਣ ਵੀ ਨਸ਼ੇ ਦੀਆਂ ਗੋਲੀਆਂ ਵੇਚ ਰਿਹਾ ਹੈ, ਜਿਸ 'ਤੇ ਪੁਲਸ ਪਾਰਟੀ ਨੇ ਪਿੰਡ ਕਾਠਗੜ੍ਹ ਸ਼ਮਸ਼ਾਨਘਾਟ ਨੇੜੇ ਰੇਡ ਕਰਕੇ ਕੁਲਦੀਪ ਸਿੰਘ ਨੂੰ 470 ਨਸ਼ੀਲੀਆਂ ਗੋਲੀਆਂ ਸਣੇ ਗ੍ਰਿਫਤਾਰ ਕਰਕੇ ਥਾਣਾ ਵੈਰੋਕੇ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

# ਜੰਗ ਦੇ ਮਾਹੌਲ ਦੌਰਾਨ ਪੰਜਾਬ ਵਾਸੀ ਪ੍ਰਸ਼ਾਸਨ ਦੀ ਆਗਿਆ ਦਾ ਪਾਲਣ ਕਰਨ : ਬੀ ਕੇ ਯੂ ਲੱਖੋਵਾਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਦਫਤਰ ਵਿਖੇ ਗੱਲਬਾਤ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਅਪੀਲ ਕੀਤੀ ਹੈ ਕਿ ਪੰਜਾਬ ਵਾਸੀ ਕੇਂਦਰ ਸਰਕਾਰ, ਪੰਜਾਬ ਸਰਕਾਰ ਤੇ ਲੋਕਲ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਹਦਾਇਤਾਂ ਨੂੰ ਇੰਨ ਬਿੰਨ ਲਾਗੂ ਕਰਨ, ਕਿਉਂਕਿ ਜੋ ਆਪਣੇ ਦੇਸ਼ ਉੱਪਰ ਜੰਗ ਦੇ ਬਦਲ ਮੰਡਰਾ ਰਹੇ ਹਨ, ਚਾਰੇ ਪਾਸੇ ਸਹਿਮ ਵਾਲਾ ਮਾਹੌਲ ਬਣਿਆ ਹੋਇਆ ਹੈ, ਉਸ ਤੋਂ ਬਚਣ ਲਈ ਸਾਨੂੰ ਸਰਕਾਰ ਦੀਆਂ ਹਰੇਕ ਹਦਾਇਤਾਂ ਮੰਨਣੀਆਂ ਚਾਹੀਦੀਆਂ ਹਨ ਤੇ ਆਪਣੇ ਘਰਾਂ ਵਿੱਚ ਲੋੜੀਂਦਾ ਸਾਮਾਨ ਜ਼ਰੂਰ ਖਰੀਦ ਕੇ ਰੱਖੋ, ਪਰ ਜੇ ਕੋਈ ਵੀ ਆਸੇ ਪਾਸੇ ਜਮ੍ਹਾਂਖੋਰੀ ਜਾਂ ਜ਼ਿਆਦਾ ਰੇਟ 'ਤੇ ਚੀਜ਼ ਵਸਤੂ ਵੇਚ ਰਿਹਾ, ਕਾਲਾ ਬਜ਼ਾਰੀ ਕਰ ਰਿਹਾ ਹੈ ਤਾਂ ਉਸ ਦੀ ਤੁਰੰਤ ਜ਼ਿਲ੍ਹਾ ਪ੍ਰਸ਼ਾਸਨ ਨੂੰ ਜਾਣਕਾਰੀ ਦਿਓ, ਅਸੀਂ ਪ੍ਰਸ਼ਾਸਨ ਨੂੰ ਅਪੀਲ ਕਰਦੇ ਹਾਂ ਕਿ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਜ਼ਿਲ੍ਹਾ ਮੋਗਾ ਜ਼ਿਲ੍ਹਾ ਪ੍ਰਸ਼ਾਸਨ ਦੇ ਮੋਢੇ ਨਾਲ ਮੋਢਾ ਜੋੜ ਕੇ ਖੜੇ ਹਾਂ, ਸਾਡੀ ਜਿੱਥੇ ਵੀ ਕਿਤੇ ਲੋੜ ਪੈਂਦੀ ਹੈ ਤਾਂ ਸਾਨੂੰ ਸੰਪਰਕ ਕੀਤਾ ਜਾਵੇ ਅਸੀਂ ਹਰ ਹੀਲੇ ਪ੍ਰਸ਼ਾਸਨ ਦੇ ਨਾਲ ਖੜ੍ਹੇ ਹੋਵਾਂਗੇ। ਇਸ ਸਮੇਂ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਜ਼ਿਲ੍ਹਾ ਜਰਨਲ ਸਕੱਤਰ ਰਵਿੰਦਰ ਸਿੰਘ ਭੋਲਾ ਮਾਣੂਕੇ, ਜਸਵਿੰਦਰ ਸਿੰਘ ਸਰਾਵਾਂ, ਮੋਦਨ ਸਿੰਘ ਨਿਧਾਵਾਲਾ, ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ, ਕਰਮਜੀਤ ਸਿੰਘ ਨੈਸਲੇ, ਹਰਜੀਤ ਸਿੰਘ ਨੈਸਲੇ ਆਦਿ ਹਾਜ਼ਰ ਸਨ।

# ਗੁਰੂ ਨਾਨਕ ਸਹਾਰਾ ਸੁਸਾਇਟੀ ਵੱਲੋਂ ਪੈਨਸ਼ਨ ਤੇ ਰਾਸ਼ਨ ਵੰਡ ਸਮਾਗਮ



**ਜਗਰਾਉਂ (ਅਮਿਤ ਖੰਨਾ)**-ਗੁਰੂ ਨਾਨਕ ਸਹਾਰਾ ਸੁਸਾਇਟੀ ਜਗਰਾਉਂ ਵੱਲੋਂ ਚੇਅਰਮੈਨ ਗੁਰਮੇਲ ਸਿੰਘ ਢਿੱਲੋਂ ਯੂ ਕੇ ਤੇ ਪ੍ਰਧਾਨ ਕੈਪਟਨ ਨਰੇਸ਼ ਵਰਮਾ ਦੀ ਯੋਗ ਅਗਵਾਈ ਹੇਠ 202ਵਾਂ ਸਵਰਗੀ ਸੰਸਾਰ ਚੰਦ ਵਰਮਾ ਯਾਦਗਾਰੀ ਮਹੀਨਾਵਾਰ ਪੈਨਸ਼ਨ ਤੇ ਰਾਸ਼ਨ ਵੰਡ ਸਮਾਗਮ ਸਥਾਨਕ ਤਾਰਾ ਦੇਵੀ ਜਿੰਦਲ ਸਕੂਲ ਵਿੱਚ ਕਰਵਾਇਆ ਗਿਆ। ਇਸ ਸਮਾਗਮ ਦੇ ਮੁੱਖ ਮਹਿਮਾਨ ਸਮਾਜਸੇਵੀ ਰਵੀ ਮਲਹੋਤਰਾ ਨੇ ਅਪਣੇ ਪਿਤਾ ਸਵਰਗੀ ਸਰਦਾਰੀ ਲਾਲ ਮਲਹੋਤਰਾ ਦੀ ਸਾਲਾਨਾ ਬਰਸੀ 'ਤੇ 27 ਬਜ਼ੁਰਗਾਂ ਨੂੰ ਮਹੀਨਾਵਾਰ ਪੈਨਸ਼ਨ ਦਿੱਤੀ। ਇਸ ਮੌਕੇ ਰਵੀ ਮਲਹੋਤਰਾ ਵੱਲੋ ਕੇਵਲ ਮਲਹੋਤਰਾ ਤੇ ਸਾਜਨ ਮਲਹੋਤਰਾ ਦੇ ਨਾਲ ਸਾਰੇ ਬਜ਼ੁਰਗਾਂ ਲਈ ਚਾਹ ਤੇ ਭੋਜਨ ਦਾ ਵਧੀਆ ਪ੍ਰਬੰਧ ਕੀਤਾ ਗਿਆ। ਸਾਰੇ ਬਜ਼ੁਰਗਾਂ ਨੇ ਸਮਾਜ ਸੇਵੀ ਰਵੀ ਮਲਹੋਤਰਾ ਦੀ ਚੰਗੀ ਸਿਹਤ ਤੇ ਲੰਬੀ ਉਮਰ ਦੀ ਅਰਦਾਸ ਕੀਤੀ। ਰਵੀ ਮਲਹੋਤਰਾ ਦਿੱਲੀ ਵਾਲੇ ਹਰ ਸਾਲ ਬਜ਼ੁਰਗਾਂ ਨੂੰ ਅਪਣੇ ਮਾਤਾ-ਪਿਤਾ ਦੀ ਬਰਸੀ 'ਤੇ ਪੈਨਸ਼ਨ ਤੇ ਰਾਸ਼ਨ ਦਿੰਦੇ ਹਨ। ਇਸ ਮੌਕੇ ਵਿਸ਼ੇਸ਼ ਮਹਿਮਾਨ ਪੰਕਜ ਅਗਰਵਾਲ (ਪ੍ਰਧਾਨ ਕੈਮਿਸਟ ਐਸੋਸੀਏਸ਼ਨ) ਨੇ ਮਲਹੋਤਰਾ ਪਰਵਾਰ ਦੇ ਇਸ ਸਮਾਗਮ ਵਿੱਚ ਸਭ ਬਜ਼ੁਰਗਾਂ ਨੂੰ ਰਾਸ਼ਨ ਵੰਡਿਆ ਤੇ ਇੱਕ ਵਿਦਿਆਰਥੀ ਦੀ ਦਾਖਲਾ ਫੀਸ ਵੀ ਦਿੱਤੀ। ਕਰ ਭਲਾ ਹੋ ਭਲਾ ਸੁਸਾਇਟੀ ਵੱਲੋਂ ਸਭ ਬਜ਼ੁਰਗਾਂ ਨੂੰ ਬਿਸਕੁਟਾਂ ਦੇ ਪੈਕੇਟ ਤੇ ਪੈਕਡ ਲੰਚ ਦਿੱਤਾ ਗਿਆ।

ਬਰਤਨ ਬੈਂਕ ਵੱਲੋਂ ਮੋਹਿਤ ਗੁਪਤਾ ਨੇ ਬਰਤਨਾਂ ਦੀ ਸੇਵਾ ਕੀਤੀ। ਇਸ ਮੌਕੇ ਪ੍ਰਿੰਸੀਪਲ ਮਨੂੰ ਪ੍ਰਿਯਾ ਨੇ ਸਭ ਮਹਿਮਾਨਾਂ ਦਾ ਧੰਨਵਾਦ ਕੀਤਾ। ਕੇਵਲ ਮਲਹੋਤਰਾ, ਸਾਜਨ ਮਲਹੋਤਰਾ ਤੇ ਰਵੀ ਮਲਹੋਤਰਾ ਨੇ ਸਕੂਲ ਦੇ ਸਭ ਅਧਿਆਪਕਾਂ ਨੂੰ ਸਨਮਾਨਤ ਕੀਤਾ। ਪ੍ਰਧਾਨ ਕੈਪਟਨ ਨਰੇਸ਼ ਵਰਮਾ ਨੇ ਅਪਣੇ ਵੱਲੋਂ ਦਾਨੀ ਸੱਜਣ ਸਮਾਜ ਸੇਵੀ ਕੇਵਲ ਮਲਹੋਤਰਾ, ਸਾਜਨ ਮਲਹੋਤਰਾ, ਡਾਕਟਰ ਪੰਕਜ ਅੱਗਰਵਾਲ, ਮੋਹਿਤ ਗੁਪਤਾ ਤੇ ਪ੍ਰਿੰਸੀਪਲ ਮਨੂੰ ਪ੍ਰਿਯਾ ਨੂੰ ਮੋਮੈਂਟੋ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਵਿਸ਼ੇਸ਼ ਰੂਪ ਵਿੱਚ ਸ਼ਾਮਲ ਸਾਬਕਾ ਕਾਰਜਕਾਰੀ ਪ੍ਰਧਾਨ ਅਮਰਜੀਤ ਮਾਲਵਾ, ਕੌਂਸਲਰ ਕੰਵਰਪਾਲ ਸਿੰਘ, ਕੌਂਸਲਰ ਕਲੇਰ, ਸਾਬਕਾ ਪ੍ਰਧਾਨ ਸਤੀਸ਼ ਕੁਮਾਰ ਪੱਪੂ, ਸਾਬਕਾ ਬਲਾਕ ਪ੍ਰਧਾਨ ਰਵਿੰਦਰ ਸੱਭਰਵਾਲ ਫੀਨਾ, ਸਾਜਨ ਮਲਹੋਤਰਾ, ਪਰਵੀਨ ਖੁਰਾਣਾ, ਸ਼ਸ਼ੀ ਭੂਸ਼ਣ ਜੈਨ, ਡਾਕਟਰ ਬੀ ਬੀ ਸਿੰਗਲਾ, ਰਾਜ ਕੁਮਾਰ ਭੱਲਾ, ਡਾਕਟਰ ਰਾਕੇਸ਼ ਭਾਰਦਵਾਜ, ਜਤਿੰਦਰ ਬਾਂਸਲ, ਪ੍ਰਧਾਨ ਆਰ ਕੇ ਗੁਪਤਾ, ਮੁਕੇਸ਼ ਮਲਹੋਤਰਾ ਮੈਨੇਜਰ, ਸੁਰਿੰਦਰ ਪੂਰੀ, ਡਾਕਟਰ ਪੰਕਜ ਅਗਰਵਾਲ, ਪ੍ਰਿੰਸੀਪਲ ਮਨੂੰ ਪ੍ਰਿਯਾ, ਮੋਹਿਤ ਗੁਪਤਾ, ਸਮੂਹ ਸਟਾਫ ਤੇ ਸਾਜਨ ਮਲਹੋਤਰਾ ਨੇ ਰਵੀ ਮਲਹੋਤਰਾ, ਕੇਵਲ ਮਲਹੋਤਰਾ ਤੇ ਕੈਪਟਨ ਨਰੇਸ਼ ਵਰਮਾ ਦੇ ਇਸ ਨੇਕ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕੀਤੀ।

## ਬਾਹਮਣੀਵਾਲਾ 'ਚ ਹੋਈ ਲੜਾਈ ਦੇ ਸੰਬੰਧ 'ਚ 5 ਵਿਰੁੱਧ ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਵੱਲੋਂ ਬੀਤੇ ਦਿਨ ਪਿੰਡ ਬਾਹਮਣੀਵਾਲਾ ਵਿਖੇ ਹੋਈ ਲੜਾਈ ਦੇ ਸਬੰਧ ਵਿੱਚ 5 ਲੋਕਾਂ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ।

ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਲਖਮੀਰ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਸੁਖਦੇਵ ਸਿੰਘ ਪੁੱਤਰ ਰੇਸ਼ਮ ਸਿੰਘ ਵਾਸੀ ਬਾਹਮਣੀਵਾਲਾ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ, ਜਿਸ ਦੇ ਅਧਾਰ 'ਤੇ ਪੁਲਸ ਵੱਲੋਂ ਮੁਦੱਈ ਸੁਖਦੇਵ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਅਮਰ ਸਿੰਘ ਪੁੱਤਰ ਕਾਸ਼ੀ ਸਿੰਘ, ਸੁਖਦੇਵ ਸਿੰਘ ਪੁੱਤਰ ਅਮਰ ਸਿੰਘ, ਦਵਿੰਦਰ ਸਿੰਘ ਪੁੱਤਰ ਅਮਰ ਸਿੰਘ, ਜੋਗਿੰਦਰੋ ਬਾਈ ਪਤਨੀ ਅਮਰ ਸਿੰਘ ਤੇ ਵੀਨਾ ਰਾਣੀ ਪੁੱਤਰੀ ਅਮਰ ਸਿੰਘ ਵਾਸੀਆਨ ਬਾਹਮਣੀਵਾਲਾ ਉਰਫ ਮੌਜਾ ਕੋਕਰੀ ਦੇ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ।

# ਪੰਜਾਬੀ ਯੂਨੀਵਰਸਿਟੀ ਦੇ ਇੱਕ ਅਧਿਐਨ ਰਾਹੀਂ ਇੰਡਸਟਰੀ ਨੂੰ ਵਾਤਾਵਰਣ ਪੱਖੀ ਟਿਕਾਊ ਬਣਾਉਣ ਦੇ ਤਰੀਕੇ ਲੱਭੇ

### ਵਾਤਾਵਰਣ ਅਨੁਕੂਲ ਨਿਰਮਾਣ ਖੇਤਰ ਬਣਾਉਣ ਲਈ ਪੇਸ਼ ਕੀਤਾ ਰੋਡਮੈਪ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬੀ ਯੂਨੀਵਰਸਿਟੀ ਵਿਖੇ ਇੱਕ ਤਾਜ਼ਾ ਅਧਿਐਨ ਰਾਹੀਂ ਦੇਸ਼ ਵਿੱਚ ਨਿਰਮਾਣ (ਮੈਨੂਫੈਕਚਰਿੰਗ) ਇੰਡਸਟਰੀ ਨੂੰ ਹੋਰ ਵਧੇਰੇ ਵਾਤਾਵਰਣ ਪੱਖੀ ਤੇ ਟਿਕਾਊ ਬਣਾਉਣ ਦੀਆਂ ਵਿਧੀਆਂ ਬਾਰੇ ਖੋਜ ਕੀਤੀ ਗਈ ਹੈ।ਯੂਨੀਵਰਸਿਟੀ ਦੇ ਮਕੈਨੀਕਲ ਇੰਜੀਨੀਅਰਿੰਗ ਵਿਭਾਗ ਤੋਂ ਖੋਜਾਰਥੀ ਡਾ. ਫਤਿਹਬੀਰ ਸਿੰਘ ਢਿੱਲੋਂ ਵੱਲੋਂ ਨਿਗਰਾਨ ਡਾ. ਚੰਦਨ ਦੀਪ ਸਿੰਘ ਦੀ ਅਗਵਾਈ ਹੇਠ ਕੀਤੇ ਗਏ ਇਸ ਅਧਿਐਨ ਰਾਹੀਂ ਭਾਰਤ ਦੇ ਨਿਰਮਾਣ ਖੇਤਰ ਵਿੱਚ ਟਿਕਾਊ ਅਮਲਾਂ ਦੀ ਮਹੱਤਤਾ ਨੂੰ ਦੇਸ਼ ਦੀ ਆਰਥਿਕਤਾ ਦੇ ਅਧਾਰ ਵਜੋਂ ਉਜਾਗਰ ਕੀਤਾ ਗਿਆ ਹੈ।

ਡਾ. ਚੰਦਨ ਦੀਪ ਸਿੰਘ ਨੇ ਦੱਸਿਆ ਕਿ ਇਹ ਅਧਿਐਨ ਵਾਤਾਵਰਣ ਤੇ ਚੌਗਿਰਦੇ ਪੱਖੀ ਵਿਕਾਸ ਨਾਲ਼ ਸਬੰਧਤ 'ਗ੍ਰੀਨ ਮੈਨੂਫੈਕਚਰਿੰਗ' ਬਾਰੇ ਡੂੰਘਾਈ ਨਾਲ ਵਿਚਾਰ ਕਰਦਾ ਹੈ, ਜੋ ਕਿ ਅੱਜ ਦੇ ਦੌਰ ਵਿੱਚ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਤੇ ਕੁਸ਼ਲ ਸਰੋਤ ਉਪਯੋਗਤਾ ਨੂੰ ਸੰਤੁਲਿਤ ਕਰਨ ਵਾਲ਼ਾ ਅਗਾਂਹਵਧੂ ਉਤਪਾਦਨ ਮਾਡਲ ਹੈ। ਉਨ੍ਹਾਂ ਕਿਹਾ ਕਿ ਵਿਕਾਸ ਦਾ ਇਹ ਮਾਡਲ ਕਿਸੇ ਵੀ ਨਿਰਮਾਣ ਸਮੇਂ ਸਬੰਧਤ ਸਰੋਤ ਦੀ ਵਰਤੋਂ ਨੂੰ ਸਮਝਦਾਰੀ ਤੇ ਜ਼ਿੰਮੇਵਾਰੀ ਨਾਲ਼ ਕਰਨ ਅਤੇ ਵਾਤਾਵਰਣ ਦੇ ਨੁਕਸਾਨ ਨੂੰ ਘੱਟ ਤੋਂ ਘੱਟ ਕਰਨ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੰਦਾ ਹੈ।ਇਸ ਨਾਲ਼ ਕੰਪਨੀਆਂ ਨੂੰ ਆਰਥਿਕ ਤੇ ਸਮਾਜਿਕ ਦੋਵੇਂ ਲਾਭ ਪ੍ਰਾਪਤ ਕਰਨ ਦੇ ਯੋਗ ਬਣਾਇਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਇਹ ਅਧਿਐਨ ਦਰਸਾਉਂਦਾ ਹੈ ਕਿ ਇਸ ਤਰ੍ਹਾਂ ਦੇ ਵਿਕਾਸ ਨੂੰ ਅਪਣਾਉਣਾ ਨਾ ਸਿਰਫ਼ ਵਾਤਾਵਰਣ ਲਈ ਜ਼ਰੂਰੀ ਹੈ, ਸਗੋਂ ਆਧੁਨਿਕ ਵਿਸ਼ਵ ਬਾਜ਼ਾਰ ਵਿੱਚ ਮੁਕਾਬਲੇਬਾਜ਼ੀ ਬਣਾਈ ਰੱਖਣ ਦੇ ਟੀਚੇ ਵਾਲ਼ੀਆਂ ਭਾਰਤੀ ਕੰਪਨੀਆਂ ਲਈ ਇੱਕ ਰਣਨੀਤਕ ਜ਼ਰੂਰਤ ਵੀ ਬਣ ਗਿਆ ਹੈ।ਉਨ੍ਹਾਂ ਦੱਸਿਆ ਕਿ ਅਧਿਐਨ ਰਾਹੀਂ ਉਨ੍ਹਾਂ ਨੁਕਤਿਆਂ 'ਤੇ ਚਰਚਾ ਕੀਤੀ ਗਈ ਹੈ, ਜਿਨ੍ਹਾਂ ਰਾਹੀਂ ਭਾਰਤੀ ਨਿਰਮਾਣ ਉਦਯੋਗ ਨੂੰ ਵਧੇਰੇ ਟਿਕਾਊ ਅਮਲਾਂ ਵੱਲ ਤਬਦੀਲ ਕੀਤਾ ਜਾ ਸਕਦਾ ਹੈ।ਇਹ ਅਧਿਐਨ ਉਦਯੋਗਾਂ ਨੂੰ ਆਪਣੇ ਕਾਰਜਾਂ ਵਿੱਚ ਵਾਤਾਵਰਣ ਸੰਬੰਧੀ ਵਿਚਾਰਾਂ ਨੂੰ ਏਕੀਕ੍ਰਿਤ ਕਰਨ ਲਈ ਇੱਕ ਅਹਿਮ ਢਾਂਚਾ ਪ੍ਰਦਾਨ ਕਰਦਾ ਹੈ।ਉਨ੍ਹਾਂ ਕਿਹਾ ਕਿ ਅਜਿਹਾ ਹੋਣਾ ਸਿਰਫ਼ ਵਾਤਾਵਰਣ ਪ੍ਰਬੰਧਨ ਲਈ ਹੀ ਨਹੀਂ, ਸਗੋਂ ਦੇਸ਼ ਦੀ ਲੰਬੇ ਸਮੇਂ ਦੀ ਆਰਥਿਕ ਸਿਹਤ ਲਈ ਵੀ ਜ਼ਰੂਰੀ ਹੈ। ਖੋਜਾਰਥੀ ਡਾ. ਫਤਿਹਬੀਰ ਸਿੰਘ ਢਿੱਲੋਂ ਨੇ ਦੱਸਿਆ ਕਿ ਇਸ ਅਧਿਐਨ ਰਾਹੀਂ ਭਾਰਤੀ ਨਿਰਮਾਣ ਉਦਯੋਗ ਵਿੱਚ ਟਿਕਾਊ ਹਰੇ ਵਿਕਾਸ ਲਈ ਮੁੱਖ ਮਾਪਦੰਡਾਂ ਦੀ ਪਛਾਣ ਤੇ ਵਿਸ਼ਲੇਸ਼ਣ ਕਰਨ ਦਾ ਕਾਰਜ ਕੀਤਾ ਗਿਆ ਹੈ।ਅਧਿਐਨ ਰਾਹੀਂ ਪਰਖਿਆ ਗਿਆ ਹੈ ਕਿ ਸਬੰਧਤ ਸੈਕਟਰ ਦੇ ਪ੍ਰਦਰਸ਼ਨ ਨੂੰ ਵਧਾਉਣ ਵਿੱਚ ਇਸ ਤਰ੍ਹਾਂ ਦੇ ਵਿਕਾਸ ਮਾਡਲ ਦੀ ਭੂਮਿਕਾ ਕਿਹੋ ਜਿਹੀ ਹੋ ਸਕਦੀ ਹੈ।ਉਨ੍ਹਾਂ ਦੱਸਿਆ ਕਿ ਇਸ ਅਧਿਐਨ ਦਾ ਇੱਕ ਮਹੱਤਵਪੂਰਨ ਯੋਗਦਾਨ ਇਨ੍ਹਾਂ ਉਦਯੋਗਾਂ ਦੇ ਪ੍ਰਦਰਸ਼ਨ ਉੱਤੇ ਟਿਕਾਊ ਹਰੇ ਵਿਕਾਸ ਦੇ ਪ੍ਰਭਾਵ ਦਾ ਮੁਲਾਂਕਣ ਕਰਨ ਲਈ ਇੱਕ ਮਾਡਲ ਦਾ ਵਿਕਾਸ ਕਰਨਾ ਵੀ ਹੈ।ਇਹ ਮਾਡਲ ਉਦਯੋਗ ਮਾਹਿਰਾਂ ਤੇ ਅਕਾਦਮਿਕ ਖੋਜਕਰਤਾਵਾਂ ਦੋਵਾਂ ਲਈ ਇੱਕ ਕੀਮਤੀ ਸਾਧਨ ਪ੍ਰਦਾਨ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਇਹ ਖੋਜ 'ਗ੍ਰੀਨ ਡਿਜ਼ਾਈਨ' ਦੀ ਮਹੱਤਤਾ 'ਤੇ ਜ਼ੋਰ ਦਿੰਦੀ ਹੈ, ਜਿਸ ਦਾ ਅਰਥ ਹੈ ਕਿ ਉਤਪਾਦਾਂ ਤੇ ਨਿਰਮਾਣ ਪ੍ਰਕਿਰਿਆਵਾਂ ਨੂੰ ਇਸ ਤਰ੍ਹਾਂ ਡਿਜ਼ਾਈਨ ਕੀਤੇ ਜਾਣਾ ਚਾਹੀਦਾ ਹੈ ਕਿ ਸਬੰਧਤ ਸਰੋਤਾਂ ਦੀ ਸਮਝਦਾਰੀ ਨਾਲ਼ ਵਰਤੋਂ ਕੀਤੀ ਜਾ ਸਕੇ ਅਤੇ ਵਾਤਾਵਰਣ ਨੂੰ ਘੱਟ ਤੋਂ ਘੱਟ ਨੁਕਸਾਨ ਪਹੁੰਚਾਇਆ ਜਾ ਸਕੇ।ਉਨ੍ਹਾਂ ਦੱਸਿਆ ਕਿ ਇਹ ਅਧਿਐਨ ਭਾਰਤ ਵਿੱਚ ਇੱਕ ਵਧੇਰੇ ਟਿਕਾਊ ਤੇ ਵਾਤਾਵਰਣ ਅਨੁਕੂਲ ਨਿਰਮਾਣ ਖੇਤਰ ਬਣਾਉਣ ਲਈ ਇੱਕ ਰੋਡਮੈਪ ਪੇਸ਼ ਕਰਦਾ ਹੈ।ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਵੱਲੋਂ ਇਸ ਖੋਜ ਕਾਰਜ ਲਈ ਸਬੰਧਤ ਖੋਜਾਰਥੀ ਤੇ ਉਸ ਦੇ ਨਿਗਰਾਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਾਤਾਵਰਣ ਪੱਖੀ ਵਿਕਾਸ ਮਾਡਲ ਬਾਰੇ ਗੱਲ ਕਰਨਾ ਅੱਜ ਸਮੇਂ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਅਜਿਹੇ ਅਧਿਐਨ ਵਿਕਾਸ ਦੀ ਦਿਸ਼ਾ ਤੇ ਗਤੀ ਵਿੱਚ ਸਹੀ ਸੰਤੁਲਨ ਬਣਾਈ ਰੱਖਣ ਵਿੱਚ ਸਹਾਈ ਸਿੱਧ ਹੁੰਦੇ ਹਨ।

## ਕਾਸੋ ਅਭਿਆਨ ਤਹਿਤ ਪੁਲਸ ਵੱਲੋਂ ਵੱਖ-ਵੱਖ ਥਾਵਾਂ 'ਤੇ ਚੈਕਿੰਗ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਸਰਤਾਜ ਸਿੰਘ ਚਹਿਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਥਾਣਾ ਲੌਂਗੋਵਾਲ ਦੇ ਐੱਸ ਐੱਚ ਓ ਇੰਸਪੈਕਟਰ ਬਲਵੰਤ ਸਿੰਘ ਬਲਿੰਗ ਦੀ ਅਗਵਾਈ ਹੇਠ ਪੁਲਸ ਪਾਰਟੀ ਵੱਲੋਂ ਕਸਬੇ ਦੀਆਂ ਵੱਖ-ਵੱਖ ਜਨਤਕ ਥਾਵਾਂ 'ਤੇ ਕਾਰਡਨ ਐਂਡ ਸਰਚ ਅਪ੍ਰੇਸ਼ਨ (ਕਾਸੋ) ਤਹਿਤ ਚੈਕਿੰਗ ਕੀਤੀ ਗਈ।ਇਸ ਸਬੰਧੀ ਥਾਣਾ ਮੁਖੀ ਇੰਸਪੈਕਟਰ ਬਲਿੰਗ ਨੇ ਦੱਸਿਆ ਕਿ ਨਸ਼ਾ ਤਸਕਰਾਂ, ਚੋਰਾਂ ਤੇ ਹੋਰ ਮਾੜੇ ਅਨਸਰਾਂ ਨੂੰ ਕਾਬੂ ਕਰਨ ਲਈ ਅਜਿਹੇ ਅਭਿਆਨ ਸਮੇਂ-ਸਮੇਂ 'ਤੇ ਪੁਲਸ ਵੱਲੋਂ ਚਲਾਏ ਜਾਂਦੇ ਹਨ।ਅੱਜ-ਕੱਲ੍ਹ ਚੱਲ ਰਹੇ ਹਾਲਾਤਾਂ ਨੂੰ ਧਿਆਨ ਵਿੱਚ ਰੱਖਦਿਆਂ ਇਸ ਅਭਿਆਨ ਤਹਿਤ ਬਸ ਸਟੈਂਡ ਤੋਂ ਇਲਾਵਾ ਸਰਕਾਰੀ ਹਸਪਤਾਲ ਦੇ ਨੇੜਲੇ ਸ਼ੱਕੀ ਇਲਾਕਿਆਂ ਵਿੱਚ ਤਲਾਸ਼ੀ ਲਈ ਗਈ।ਉਨ੍ਹਾਂ ਕਿਹਾ ਕਿ ਮਾੜੇ ਅਨਸਰਾਂ 'ਤੇ ਪੁਲਸ ਦੀ ਤਿੱਖੀ ਨਜ਼ਰ ਹੈ, ਇਸ ਦੇ ਨਾਲ ਹੀ ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਮਾੜੇ ਅਨਸਰਾਂ ਨੂੰ ਨੱਥ ਪਾਉਣ ਲਈ ਪੁਲਸ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ।

## ਵਿਧਾਇਕ ਗੋਲਡੀ ਵੱਲੋਂ ਸਰਹੱਦੀ ਪਿੰਡਾਂ ਦਾ ਦੌਰਾ, ਲੋਕਾਂ ਦੀ ਕੀਤੀ ਹੌਸਲਾ ਅਫਜ਼ਾਈ

### ਪੰਜਾਬ ਸਰਕਾਰ ਡਟ ਕੇ ਖੜ੍ਹੀ ਹੈ ਆਪਣੇ ਲੋਕਾਂ ਨਾਲ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**-ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਸਰਹੱਦੀ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ। ਢਾਣੀ ਨਾਨਕ ਨਗਰ ਤੇ ਜੋਧਾ ਭੈਣੀ ਵਿਖੇ ਉਨ੍ਹਾਂ ਨੇ ਪਿੰਡਾਂ ਦੇ ਲੋਕਾਂ ਨੂੰ ਕਿਹਾ ਕਿ ਪੰਜਾਬ ਸਰਕਾਰ ਡੱਟ ਕੇ ਲੋਕਾਂ ਦੇ ਨਾਲ ਖੜੀ ਹੈ। ਉਨ੍ਹਾਂ ਕਿਹਾ ਕਿ ਸਰਹੱਦੀ ਪਿੰਡਾਂ ਦੇ ਲੋਕ ਬਹੁਤ ਬਹਾਦਰ ਹਨ ਅਤੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਲਈ ਉਹ ਹਮੇਸ਼ਾ ਫੌਜ ਨਾਲ ਡੱਟ ਕੇ ਸਾਥ ਦਿੰਦੇ ਹਨ। ਉਨ੍ਹਾਂ ਕਿਹਾ ਕਿ ਕਿਸੇ ਪ੍ਰਕਾਰ ਦੀ ਘਬਰਾਹਟ ਵਿੱਚ ਨਹੀਂ ਆਉਣਾ, ਪ੍ਰਸ਼ਾਸਨ ਪੂਰੀ ਤਰ੍ਹਾਂ ਲੋਕਾਂ ਦੇ ਨਾਲ ਹੈ।

ਇਸ ਮੌਕੇ ਉਨ੍ਹਾਂ ਕਿਹਾ ਕਿ ਫਿਲਹਾਲ ਖਤਰਾ ਟਲ ਗਿਆ ਹੈ, ਕਿਉਂਕਿ ਦੋਹਾਂ ਮੁਲਕਾਂ ਵਿੱਚ ਸੀਜ਼ ਫਾਇਰ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਇੱਕ ਸਵਾਗਤਯੋਗ ਕਦਮ ਹੈ। ਉਨ੍ਹਾਂ ਨੇ ਕਿਹਾ ਕਿ ਬੇਸ਼ੱਕ ਅਸੀਂ ਅਮਨ ਚਾਹੁੰਦੇ ਹਾਂ, ਪਰ ਆਪਣੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਵੀ ਕਰਨੀ ਜਾਣਦੇ ਹਾਂ। ਗੋਲਡੀ ਨੇ ਆਖਿਆ ਕਿ ਪੰਜਾਬ ਸਰਕਾਰ ਆਪਣੇ ਸਰਹੱਦੀ ਪਿੰਡਾਂ ਦੇ ਲੋਕਾਂ ਦੀ ਹਰ ਮੁਸ਼ਕਲ ਦੇ ਹੱਲ ਲਈ ਵਚਨਬੱਧ ਹੈ। ਇਸ ਮੌਕੇ ਪਿੰਡਾਂ ਦੇ ਲੋਕਾਂ ਨੇ ਹੌਸਲੇ ਨਾਲ ਕਿਹਾ ਕਿ ਉਹ ਪੂਰੀ ਤਰ੍ਹਾਂ ਨਾਲ ਸਰਕਾਰ ਤੇ ਫੌਜ ਦੇ ਨਾਲ ਹਨ।

## ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਦੀ ਮੀਟਿੰਗ




**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਦੀ ਮਹੀਨਾਵਾਰ ਮੀਟਿੰਗ ਸਭਾ ਦੇ ਪ੍ਰਧਾਨ ਸੁਖਦਰਸ਼ਨ ਗਰਗ ਦੀ ਪ੍ਰਧਾਨਗੀ ਹੇਠ ਕਵੀਸ਼ਰ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬਰੇਰੀ ਤੇ ਬ੍ਰਿਗੇਡੀਅਰ ਬੰਤ ਸਿੰਘ ਮੈਮੋਰੀਅਲ ਸੁਵਿਧਾ ਕੇਂਦਰ ਅਤੇ ਕੰਪਿਊਟਰ ਸੈਂਟਰ ਵਿਖੇ ਹੋਈ। ਸਾਹਿਤਕ ਦੌਰ ਵਿੱਚ ਹਰਜਿੰਦਰ ਕੌਰ ਨੇ ਕਵਿਤਾ ਸੁਣਾਈ, ਮਾਸਟਰ ਦਰਸ਼ਨ ਸਿੰਘ ਸਿੱਧੂ ਤੇ ਸੱਤਪਾਲ ਸਿੰਘ ਗਿੱਲ ਨੇ ਕਵੀਸ਼ਰ ਮਾਘੀ ਸਿੰਘ ਗਿੱਲ ਦੀਆਂ ਰਚਨਾਵਾਂ ਪੇਸ਼ ਕੀਤੀਆਂ। ਨਸੀਬ ਚੰਦ ਸ਼ਰਮਾ ਤੇ ਹਰਿੰਦਰ ਹਨੀ ਨੇ ਗੀਤ, ਸੁਖਦਰਸ਼ਨ ਗਰਗ ਤੇ ਗੁਰਤੇਜ ਸਿੰਘ ਨੇ ਰੁਬਾਈਆਂ ਸੁਣਾਈਆਂ। ਗੁਰਮੀਤ ਕੁਮਾਰ ਨੇ ਮਿੰਨੀ ਕਹਾਣੀ ਤੇ ਮਾਸਟਰ ਜਗਨ ਨਾਥ ਨੇ ਵਾਰਤਕ ਸੁਣਾਈ। ਪੜ੍ਹੀਆਂ ਰਚਨਾਵਾਂ 'ਤੇ ਸੱਤਪਾਲ ਸਿੰਘ ਗਿੱਲ ਤੇ ਮਾਸਟਰ ਜਗਨ ਨਾਥ ਨੇ ਉਸਾਰੂ ਆਲੋਚਨਾ ਕੀਤੀ।

## ਪੰਜਾਬੀਆਂ ਨੇ ਹੌਸਲਾ ਨਾ ਹਾਰ ਕੇ ਦੇਸ਼ ਭਗਤੀ ਦਾ ਬਹੁਤ ਵੱਡਾ ਸਬੂਤ ਦਿੱਤਾ : ਅਮੋਲਕ ਸਿੰਘ



**ਕੋਟਕਪੂਰਾ (ਰਛਪਾਲ ਭੁੱਲਰ)**-ਪਿਛਲੇ ਕੁੱਝ ਦਿਨਾਂ ਤੋਂ ਭਾਰਤ-ਪਾਕਿਸਤਾਨ ਸੰਬੰਧਾਂ ਵਿੱਚ ਆਈ ਤਣਾਅਪੂਰਨ ਸਥਿਤੀ ਉਪਰੰਤ ਦੋਵਾਂ ਦੇਸ਼ਾਂ 'ਚ ਸੀਜ਼ਫਾਇਰ ਹੋਣ 'ਤੇ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰਾ ਵਿਖੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਰੱਬ ਦਾ ਸ਼ੁਕਰਾਨਾ ਕੀਤਾ।ਇਸ ਮੌਕੇ ਵਿਧਾਇਕ ਜੈਤੋ ਅਮੋਲਕ ਸਿੰਘ ਵੀ ਉਨ੍ਹਾਂ ਨਾਲ ਹਾਜ਼ਰ ਸਨ।ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਸੀਜ਼ਫਾਇਰ ਹੋਣ ਨਾਲ ਸਥਿਤੀ ਸੁਧਰੀ ਹੈ ਅਤੇ ਦੋਵਾਂ ਮੁਲਕਾਂ ਵਿੱਚ ਤਣਾਅ ਘੱਟ ਹੋਇਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੇ ਪੰਜਾਬ ਦੇ ਲੋਕ ਸਾਰੇ ਵਖਰੇਵੇਂ ਭੁਲਾ ਕੇ ਸੰਕਟਮਈ ਸਥਿਤੀ ਦਾ ਸਾਹਮਣਾ ਕਰਨ ਲਈ ਤਿਆਰ ਸਨ, ਜੋ ਬੜੇ ਮਾਣ ਵਾਲੀ ਗੱਲ ਹੈ।ਇਸ ਮੌਕੇ ਉਨ੍ਹਾਂ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਤੇ ਲੋਕਾਂ ਨੂੰ ਹੌਸਲਾ ਬਣਾਈ ਰੱਖਣ ਲਈ ਕਿਹਾ।ਵਿਧਾਇਕ ਅਮੋਲਕ ਸਿੰਘ ਨੇ ਕਿਹਾ ਕਿ ਪਿਛਲੇ ਦਿਨੀਂ ਭਾਰਤ-ਪਾਕਿਸਤਾਨ ਸੰਬੰਧਾਂ ਵਿਚ ਆਏ ਮਤਭੇਦਾਂ ਤੇ ਪੰਜਾਬੀਆਂ ਨੇ ਹੌਸਲਾ ਨਾ ਹਾਰ ਕੇ ਦੇਸ਼ ਭਗਤੀ ਦਾ ਬਹੁਤ ਵੱਡਾ ਸਬੂਤ ਦਿੱਤਾ ਹੈ।ਉਨ੍ਹਾਂ ਕਿਹਾ ਕਿ ਬੜੇ ਹੀ ਮਾਣ ਵਾਲੀ ਗੱਲ ਹੈ ਕਿ ਪੰਜਾਬੀ ਹਮੇਸ਼ਾਂ ਹੀ ਦੁੱਖ ਦੀ ਘੜੀ ਵਿਚ ਇੱਕ-ਦੂਜੇ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੇ ਹੁੰਦੇ ਹਨ ਤੇ ਹੌਸਲਾ ਨਹੀਂ ਹਾਰਦੇ।

## ਜੈਵਿਕ ਮਾਦਾ ਹੀ ਜ਼ਮੀਨ ਦੀ ਅਸਲੀ ਤਾਕਤ : ਡਾ. ਬਰਾੜ



**ਮੋਗਾ (ਇਕਬਾਲ ਸਿੰਘ ਖਹਿਰਾ)**-ਫਸਲਾ ਦੀ ਰਹਿੰਦ ਖੂੰਹਦ ਨੂੰ ਜ਼ਮੀਨ ਵਿੱਚ ਵਾਹੁਣ ਨਾਲ ਜ਼ਮੀਨ ਵਿੱਚ ਜੈਵਿਕ ਮਾਦੇ ਦੀ ਮਾਤਰਾ ਵਿੱਚ ਵਾਧਾ ਹੁੰਦਾ ਹੈ। ਜੈਵਿਕ ਪਦਾਰਥ ਮਿੱਟੀ ਦੀ ਸਿਹਤ ਤੇ ਉਪਜਾਊ ਸ਼ਕਤੀ ਨੂੰ ਵਧਾਉਣ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਇਹ ਵਿਚਾਰ ਖੇਤੀਬਾੜੀ ਵਿਭਾਗ ਦੇ ਸੇਵਾ ਮੁਕਤ ਡਿਪਟੀ ਡਾਇਰੈਕਟਰ ਪੰਜਾਬ ਤੇ ਸਟੇਟ ਐਵਾਰਡੀ ਡਾ. ਜਸਵਿੰਦਰ ਸਿੰਘ ਬਰਾੜ ਨੇ ਧੱਲੇਕੇ ਦੁਨੇਕੇ, ਜਨੇਰ ਤੇ ਖੋਸਾ ਰਣਧੀਰ ਪਿੰਡਾਂ ਦਾ ਦੌਰਾ ਕਰਦਿਆਂ ਅਗਾਂਹਵਧੂ ਕਿਸਾਨ ਪਿਆਰਾ ਸਿੰਘ ਨਾਲ ਨਾਲ ਝੋਨੇ ਦੀ ਪਰਾਲੀ ਨੂੰ ਜ਼ਮੀਨ ਵਿੱਚ ਹੀ ਵਾਹ ਕੇ ਕਣਕ ਦੀ ਬਿਜਾਈ ਕੀਤੇ ਖੇਤ ਦੀ ਮਿੱਟੀ ਦਾ ਨਿਰੀਖਣ ਕਰਦਿਆਂ ਕਹੇ। ਇਸ ਮੌਕੇ ਡਾ. ਬਰਾੜ ਨੇ ਦੱਸਿਆ ਕਿ ਫਸਲਾਂ ਦੀ ਰਹਿੰਦ ਖੂੰਹਦ ਜ਼ਮੀਨ ਵਿੱਚ ਗਲਣ ਨਾਲ ਮਿੱਟੀ ਦੀ ਬਣਤਰ ਵਿਚ ਸੁਧਾਰ ਹੁੰਦਾ ਹੈ, ਜਿਸ ਨਾਲ ਜ਼ਮੀਨੀ ਹਵਾ ਪ੍ਰਵਾਹ ਤੇ ਪਾਣੀ ਰੱਖਣ ਦੀ ਸਮਰੱਥਾ ਵਧਦੀ ਹੈ, ਜੋ ਪੌਦਿਆਂ ਦੇ ਪ੍ਰਫੁੱਲਤ ਹੋਣ ਲਈ ਜ਼ਰੂਰੀ ਹੈ। ਇਸ ਦੇ ਨਾਲ, ਜੈਵਿਕ ਪਦਾਰਥ, ਖੁਰਾਕੀ ਤੱਤਾਂ ਦੇ ਇੱਕ ਭੰਡਾਰ ਵਜੋਂ ਕੰਮ ਕਰਦਾ ਹੈ, ਜੋ ਪੌਦਿਆਂ ਨੂੰ ਹੌਲੀ-ਹੌਲੀ ਲੋੜ ਅਨੁਸਾਰ ਖੁਰਾਕੀ ਤੱਤਾਂ ਦੀ ਸਪਲਾਈ ਨੂੰ ਯਕੀਨੀ ਬਣਾਉਂਦਾ ਹੈ। ਇਹ ਪ੍ਰਕਿਰਿਆ ਨਾ ਸਿਰਫ ਪੌਦਿਆਂ ਦੀ ਜ਼ਿੰਦਗੀ ਨੂੰ ਸਮਰਥਨ ਦਿੰਦੀ ਹੈ, ਸਗੋਂ ਪੌਦਿਆਂ ਨੂੰ ਲੋੜੀਂਦੇ ਛੋਟੇ-ਵੱਡੇ ਖੁਰਾਕੀ ਤੱਤਾਂ ਤੇ ਸੂਖਮ ਜੀਵਾਣੂਆਂ ਦੇ ਕੁਦਰਤੀ ਚੱਕਰ ਨੂੰ ਵੀ ਉਤਸ਼ਾਹਤ ਕਰਦੀ ਹੈ। ਡਾ. ਬਰਾੜ ਨੇ ਕਿਹਾ ਕਿ ਇਹ ਜੈਵਿਕ ਮਾਦਾ ਮਿੱਟੀ ਦੀ ਭੌਤਿਕ ਤੇ ਰਸਾਇਣਕ ਬਣਤਰ ਵਿੱਚ ਚੰਗੇਰਾ ਯੋਗਦਾਨ ਪਾਉਂਦੇ ਹਨ। ਇਸ ਤੋਂ ਇਲਾਵਾ, ਫਸਲਾਂ ਦੀ ਰਹਿੰਦ ਖੂੰਹਦ ਜ਼ਮੀਨ ਵਿੱਚ ਆਰਗੈਨਿਕ ਕਾਰਬਨ ਵਧਾਉਣ ਵਿੱਚ ਮਦਦ ਕਰਦੀ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਕੁੱਲ ਮਿਲਾ ਕੇ ਜ਼ਮੀਨ ਵਿੱਚ ਜੈਵਿਕ ਪਦਾਰਥ ਦੀ ਮੌਜੂਦਗੀ ਟਿਕਾਊ ਖੇਤੀਬਾੜੀ ਦੇ ਨਾਲ ਨਾਲ ਸਾਫ਼ ਸੁਧਰੇ ਵਾਤਾਵਰਣ ਤੇ ਜ਼ਮੀਨ ਦੀ ਚੰਗੀ ਸਿਹਤ ਲਈ ਅਤਿ ਜ਼ਰੂਰੀ ਹੈ। ਜਿਨ੍ਹਾਂ ਕਿਸਾਨਾਂ ਨੇ ਝੋਨੇ ਦੀ ਪਰਾਲੀ ਨੂੰ ਬਿਨਾਂ ਸਾੜੇ ਕਣਕ ਦੀ ਬਿਜਾਈ ਕੀਤੀ ਸੀ, ਉਨ੍ਹਾਂ ਕਿਸਾਨਾਂ ਦੇ ਖੇਤਾਂ ਵਿੱਚ ਫਸਲ ਦੀ ਭਰਪੂਰ ਪੈਦਾਵਾਰ ਹੋਈ ਹੈ। ਹੁਣ ਕਿਸਾਨਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਕਣਕ ਦੇ ਨਾੜ ਨੂੰ ਵੀ ਜ਼ਮੀਨ ਵਿੱਚ ਹੀ ਵਾਹੁਣ ਨਾਲ ਅਗਲੀ ਸਾਉਣੀ ਦੀ ਭਰਪੂਰ ਫਸਲ ਪ੍ਰਾਪਤ ਕੀਤੀ ਜਾ ਸਕਦੀ ਹੈ।

# ਬਲਜਿੰਦਰ ਕੌਰ ਦੇ ਸਨਮਾਨ 'ਚ ਸ਼ਾਨਦਾਰ ਸਮਾਗਮ




**ਤਰਨ ਤਾਰਨ (ਪ.ਪ.)**- ਬੀਬੀ ਬਲਜਿੰਦਰ ਕੌਰ ਜਿੱਥੇ ਪਾਵਰਕਾਮ ਵਿੱਚ ਆਪਣੀ ਸਰਕਾਰੀ ਡਿਊਟੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਂਦੇ ਰਹੇ ਤੇ ਪੀ.ਐਸ.ਈ.ਬੀ. ਇੰਪਲਾਈਜ਼ ਫੈਡਰੇਸ਼ਨ ਦੇ ਸੂਬਾ ਸਕੱਤਰ ਵਜੋਂ ਸਰਗਰਮ ਰਹੇ, ਉੱਥੇ ਸੀ.ਪੀ.ਆਈ ਨਾਲ ਸੰਬੰਧਤ ਹੋਰ ਅਵਾਮੀ ਜਥੇਬੰਦੀਆਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਤੁਰਦੇ ਰਹੇ।ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਗੁਲਜ਼ਾਰ ਸਿੰਘ ਗੋਰੀਆ ਨੇ ਕੀਤਾ ।ਉਹ ਬਲਜਿੰਦਰ ਕੌਰ ਡਿਆਲ ਦੀ ਸੇਵਾ ਮੁਕਤੀ ਦੇ ਸਬੰਧ ਵਿੱਚ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮ. ਸਰਕਲ ਤਰਨ ਤਾਰਨ ਵੱਲੋਂ ਉਨ੍ਹਾਂ ਦੇ ਸਨਮਾਨ ਸਮਾਰੋਹ ਵਿੱਚ ਬੋਲ ਰਹੇ ਸਨ। ਉਨ੍ਹਾਂ ਕਿਹਾ ਕਿ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਰਾਹੀਂ ਬਲਜਿੰਦਰ ਕੌਰ ਨਾਲ 10 ਸਾਲ ਪਹਿਲਾਂ ਸੰਪਰਕ ਹੋਇਆ ਸੀ । ਉਦੋਂ ਤੋਂ ਹੁਣ ਤੱਕ ਉਨ੍ਹਾਂ ਦਾ ਲੋੜਵੰਦਾਂ ਪ੍ਰਤੀ ਦਿਆਲੂ ਰਵੱਈਆ ਤੇ ਕੰਮ ਪ੍ਰਤੀ ਸੁਹਿਰਦਤਾ ਨੂੰ ਨੇੜਿਓਂ ਹੋ ਕੇ ਵੇਖਣ ਦਾ ਮੌਕਾ ਮਿਲਦਾ ਰਿਹਾ ਹੈ ।ਉਨ੍ਹਾਂ ਦੇ ਸਨਮਾਨ ਸਮਾਗਮ ਮੌਕੇ ਉਨ੍ਹਾਂ ਨੂੰ ਮੁਬਾਰਕ ਦਿੰਦੇ ਹੋਏ ਉਨ੍ਹਾਂ ਦੀ ਲੰਮੀ ਉਮਰ ਦੀ ਕਾਮਨਾ ਕਰਦੇ ਹਾਂ ।ਪੰਜਾਬ ਏਟਕ ਦੇ ਸਕੱਤਰ ਕਾਮਰੇਡ ਅਮਰਜੀਤ ਸਿੰਘ ਆਸਲ ਨੇ ਵਧਾਈ ਦਿੰਦੀਆਂ ਬਲਜਿੰਦਰ ਕੌਰ ਦੀ ਸ਼ਖਸੀਅਤ ਦੇ ਵੱਖ-ਵੱਖ ਪਹਿਲੂਆਂ ਦਾ ਜ਼ਿਕਰ ਕੀਤਾ। ਕਾਮਰੇਡ ਆਸਲ ਨੇ ਆਸ ਪ੍ਰਗਟਾਈ ਕਿ ਬਲਜਿੰਦਰ ਕੌਰ ਸਰਕਾਰੀ ਸੇਵਾ ਤੋਂ ਵਿਹਲੇ ਹੋ ਕਿ ਆਪਣੀ ਜਥੇਬੰਦੀ ਨੂੰ ਵਧੇਰੇ ਤਕੜਾ ਕਰਨ ਲਈ ਸਮਾਂ ਦੇਣਗੇ ।ਇਸ ਮੌਕੇ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਜਨਰਲ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ, ਕਾਮਰੇਡ ਮਹਾਂਵੀਰ ਸਿੰਘ ਪੱਟੀ ਵਰਕਿੰਗ ਪ੍ਰਧਾਨ ਕੁੱਲ ਹਿੰਦ ਕਿਸਾਨ ਸਭਾ, ਕਾਮਰੇਡ ਨਰਿੰਦਰ ਸੈਣੀ ਸਾਬਕਾ ਜਨਰਲ ਸਕੱਤਰ ਪੀ.ਐਸ.ਈ.ਬੀ.ਇੰਪਲਾਈਜ਼ ਫੈਡਰੇਸ਼ਨ (ਏਟਕ), ਕਾਮਰੇਡ ਹਰਭਜਨ ਸਿੰਘ ਪਿਲਖਣੀ ਸਾਬਕਾ ਪ੍ਰਧਾਨ, ਕਾਮਰੇਡ ਦਰਸ਼ਵਿੰਦਰ ਕੌਰ ਪ੍ਰਧਾਨ ਵਰਕਿੰਗ ਵੂਮੈਨ, ਕਾਮਰੇਡ ਗੁਰਵਿੰਦਰ ਸਿੰਘ ਕਾਰਜਕਾਰੀ ਪ੍ਰਧਾਨ, ਕਾਮਰੇਡ ਬਲਜੀਤ ਕੁਮਾਰ ਵਿੱਤ ਸਕੱਤਰ, ਕਾਮਰੇਡ ਕਰਤਾਰ ਸਿੰਘ ਮੀਤ ਪ੍ਰਧਾਨ, ਕਾਮਰੇਡ ਗੁਰਦਿਆਲ ਸਿੰਘ ਜ਼ੋਨ ਕਨਵੀਨਰ ਪਟਿਆਲਾ, ਹਰਜਿੰਦਰ ਸਿੰਘ ਸਰਕਲ ਪ੍ਰਧਾਨ, ਕਮਲਜੀਤ ਸਿੰਘ ਰੋਪੜ, ਚਰਨਜੀਤ ਸਿੰਘ ਲੁਧਿਆਣਾ, ਕੁਲਵਿੰਦਰ ਬਾਘੀਆ ਸਰਕਲ ਵਿੱਤ ਸਕੱਤਰ, ਕਾਮਰੇਡ ਸੁਖਦੇਵ ਸਿੰਘ ਕੋਟ ਧਰਮਚੰਦ ਕਲਾਂ ਆਦਿ ਨੇ ਬਲਜਿੰਦਰ ਦੇ ਮਾਣ ਸਨਮਾਨ ਵਿੱਚ ਤਕਰੀਰਾਂ ਕੀਤੀਆਂ। ਸਨਮਾਨ ਸਮਾਗਮ ਵਿੱਚ ਪਰਵਾਰਕ ਮੈਂਬਰਾਂ, ਰਿਸ਼ਤੇਦਾਰਾਂ ਅਤੇ ਸੰਘਰਸ਼ੀ ਸਾਥੀਆਂ ਵੱਲੋਂ ਬਲਜਿੰਦਰ ਕੌਰ ਨੂੰ ਤੋਹਫਿਆਂ ਨਾਲ ਨਿਵਾਜਿਆ ਗਿਆ ।ਬਲਜਿੰਦਰ ਕੌਰ ਅਤੇ ਉਨ੍ਹਾਂ ਦੇ ਪਰਵਾਰ ਵੱਲੋਂ ਬਹੁਤ ਸਾਰੀਆਂ ਮੁਅੱਜਜ਼ ਸ਼ਖਸੀਅਤਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਨਵਾਂ ਜ਼ਮਾਨਾ ਵੱਲੋਂ ਕਿਰਤੀ ਲੋਕਾਂ ਦੇ ਹੱਕ ਵਿੱਚ ਨਿਭਾਈ ਜਾ ਰਹੀ ਭੂਮਿਕਾ ਦੀ ਆਗੂਆਂ ਵੱਲੋਂ ਸ਼ਲਾਘਾ ਕੀਤੀ ਗਈ ।ਅਖ਼ਬਾਰ ਨੂੰ ਦੋ ਹਜ਼ਾਰ ਰੁਪਏ ਦਾ ਆਰਥਿਕ ਸਹਿਯੋਗ ਵੀ ਦਿੱਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਲਖਵਿੰਦਰ ਸਿੰਘ ਬਹਿਲਾ, ਬਲਜਿੰਦਰ ਸਿੰਘ ਸਰਕਲ ਮੀਤ ਪ੍ਰਧਾਨ, ਨਰਿੰਦਰ ਸਿੰਘ ਬੇਦੀ ਪੈਨਸ਼ਨਰ ਸਰਕਲ ਸਕੱਤਰ, ਸੁਖਦੇਵ ਚਾਹਲ, ਜਸਬੀਰ ਸ਼ੇਰੋ, ਮਨਜੀਤ ਸਿੰਘ ਗੁੰਨੋਂਵਾਲ, ਬਲਕਾਰ ਸਿੰਘ ਪੱਟੀ, ਸਰਬਜੀਤ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।ਸਟੇਜ ਦੀ ਜ਼ੁੰਮੇਵਾਰੀ ਤਰਨ ਤਾਰਨ ਦੇ ਸਰਕਲ ਸਕੱਤਰ ਪੂਰਨਦਾਸ ਨੇ ਨਿਭਾਈ ।ਆਏ ਹੋਏ ਸਾਥੀਆਂ ਦਾ ਧੰਨਵਾਦ ਸਾਥੀ ਪਲਵਿੰਦਰ ਸਿੰਘ ਡਿਆਲ ਨੇ ਕੀਤਾ ।

# ਸੰਗਤਾਂ ਨੇ ਖੁਦ ਬਣਾਉਣੀ ਸ਼ੁਰੂ ਕੀਤੀ ਚੱਪੜ-ਚਿੜੀ ਗੁਰਦੁਆਰਾ ਸਾਹਿਬ ਵਾਲੀ ਸੜਕ



**ਮੋਹਾਲੀ (ਗੁਰਜੀਤ ਬਿੱਲਾ)**— ਮੋਹਾਲੀ ਤੋਂ ਚੱਪੜਚਿੜੀ ਦੇ ਗੁਰਦੁਆਰਾ ਸਾਹਿਬ, ਫਤਿਹ ਮੀਨਾਰ ਅਤੇ ਇਥੋਂ ਅੱਗੇ ਹੁੰਦੇ ਹੋਏ ਖਰੜ ਜਾਣ ਵਾਲੀ ਲਿੰਕ ਸੜਕ ਦੀ ਅਤਿ ਮਾੜੀ ਹਾਲਤ ਨੂੰ ਸੁਧਾਰਨ ਅਤੇ ਇਸ ਦੀ ਉਸਾਰੀ ਕਰਨ ਲਈ ਕਈ ਵਾਰ ਬੇਨਤੀਆਂ ਕਰਨ ਦੇ ਬਾਵਜੂਦ ਜਦੋਂ ਸਰਕਾਰ ਨੇ ਕੋਈ ਕਦਮ ਨਾ ਚੁੱਕਿਆ ਤਾਂ ਇਲਾਕੇ ਦੀਆਂ ਸੰਗਤਾਂ, ਸਮਾਜ ਸੇਵੀ ਸੰਸਥਾਵਾਂ ਅਤੇ ਪੰਚਾਇਤ ਦੇ ਨੁਮਾਇੰਦਿਆਂ ਨੇ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਹਾਲੀ ਦੇ ਮੁੱਖ ਸੇਵਾਦਾਰ ਪਰਵਿੰਦਰ ਸਿੰਘ ਸੋਹਾਣਾ ਦੀ ਅਗਵਾਈ ਹੇਠ ਖੁਦ ਇਸ ਸੜਕ ਦੀ ਉਸਾਰੀ ਆਰੰਭ ਕਰਵਾ ਦਿੱਤੀ ਹੈ। ਸੀਨੀਅਰ ਅਕਾਲੀ ਆਗੂ ਅਜੇਪਾਲ ਸਿੰਘ ਮਿੱਡੂ ਖੇੜਾ, ਪਿੰਡ ਦੀ ਸਰਪੰਚ ਹਰਮਨਦੀਪ ਕੌਰ ਅਤੇ ਉਹਨਾ ਦੇ ਪਤੀ ਸਮਾਜ ਸੇਵੀ ਸਿਮਰਨ ਸਿੰਘ ਹੁੰਦਲ ਨੇ ਵਿਸ਼ੇਸ਼ ਤੌਰ ਤੇ ਇਸ ਸੜਕ ਦੀ ਮੁਰੰਮਤ ਲਈ ਯੋਗਦਾਨ ਪਾਇਆ।ਮੁੱਖ ਸੇਵਾਦਾਰ ਹਲਕਾ ਮੋਹਾਲੀ ਪਰਵਿੰਦਰ ਸਿੰਘ ਸੋਹਾਣਾ ਨੇ ਕਿਹਾ ਕਿ ਇਹ ਪੂਰਾ ਇਲਾਕਾ ਸਿੱਖ ਪੰਥ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦੇ ਮਹਾਨ ਇਤਿਹਾਸ ਨਾਲ ਜੁੜਿਆ ਹੋਇਆ ਹੈ ਜਿਸ ਨੇ ਵਜ਼ੀਰ ਖਾਨ ਨੂੰ ਹਰਾ ਕੇ ਸਿੱਖ ਰਾਜ ਦਾ ਨੀਂਹ ਪੱਥਰ ਰੱਖਿਆ ਸੀ। ਚੱਪੜ ਚਿੜੀ ਫਤਹ ਮੀਨਾਰ ਇਸੇ ਇਤਿਹਾਸ ਨੂੰ ਸੁਰਜੀਤ ਕਰਦੀ ਇੱਕ ਅਦੁੱਤੀ ਮਿਸਾਲ ਹੈ। ਹਾਲਾਂਕਿ ਸਮੇਂ ਦੀਆਂ ਸਰਕਾਰਾਂ ਵੱਲੋਂ ਇਸ ਮੀਨਾਰ ਨੂੰ ਜਾਣ ਵਾਲੀ ਸੜਕ ਨੂੰ ਹਮੇਸ਼ਾ ਹੀ ਅਣਗੌਲਿਆ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਚੱਪੜਚਿੜੀ ਦੀ ਫਤਿਹ ਮੀਨਾਰ ਸ਼੍ਰੋਮਣੀ ਅਕਾਲੀ ਦੀ ਸਰਕਾਰ ਵੇਲੇ ਇਸ ਇਲਾਕੇ ਨੂੰ ਦਿੱਤੀ ਗਈ ਇੱਕ ਅਦੁਤੀ ਦੇਣ ਹੈ ਜਿਸ ਦੇ ਪਹੁੰਚ ਮਾਰਗ ਦੀ ਹਾਲਤ ਤਰਸਯੋਗ ਹੈ ਪਰ ਸਰਕਾਰ ਵੱਲੋਂ ਇਸ ਪਾਸੇ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।ਉਹਨਾਂ ਕਿਹਾ ਕਿ ਸੰਗਤਾਂ ਵੱਲੋਂ ਇਸ ਸੜਕ ਦੀ ਮੁਰੰਮਤ ਦਾ ਕਾਰਜ ਕਰਕੇ ਪੰਜਾਬ ਸਰਕਾਰ ਨੂੰ ਹਲੂਣਾ ਦੇਣ ਦਾ ਯਤਨ ਕੀਤਾ ਗਿਆ ਹੈ ਕਿ ਜੇਕਰ ਸਰਕਾਰਾਂ ਆਪਣੀ ਜ਼ਿੰਮੇਵਾਰੀ ਤੋਂ ਭੱਜਦੀਆਂ ਹਨ ਤਾਂ ਲੋਕਾਂ ਨੂੰ ਖੁਦ ਅੱਗੇ ਆਉਣਾ ਪੈਂਦਾ ਹੈ। ਉਹਨਾਂ ਕਿਹਾ ਕਿ ਵੱਡੇ ਵੱਡੇ ਦਾਅਵੇ ਅਤੇ ਵਾਅਦੇ ਕਰਕੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਇਨੀ ਵੱਡੀ ਯਾਦਗਾਰ ਦੀ ਪਹੁੰਚ ਸੜਕ ਤਾਂ ਬਣਾ ਨਹੀਂ ਸਕਦੀ, ਇਸ ਤੋਂ ਹੋਰ ਕੀ ਆਸ ਕੀਤੀ ਜਾ ਸਕਦੀ ਹੈ। ਉਹਨਾਂ ਸਮੂਹ ਇਲਾਕਾ ਵਾਸੀਆਂ ਅਤੇ ਖਾਸ ਤੌਰ ਤੇ ਅਜੇਪਾਲ ਸਿੰਘ ਮਿੱਡੂ ਖੇੜਾ ਅਤੇ ਸਿਮਰਨ ਹੁੰਦਲ ਅਤੇ ਉਹਨਾਂ ਦੀ ਸਰਪੰਚ ਪਤਨੀ ਹਰਮਿੰਦਰ ਕੌਰ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਜਿਨ੍ਹਾਂ ਨੇ ਇਸ ਸੜਕ ਦੀ ਉਸਾਰੀ ਵਿੱਚ ਵਿਸ਼ੇਸ਼ ਯੋਗਦਾਨ ਦਿੱਤਾ ਹੈ।

# ਕਸਬਾ ਅਲਾਵਲਪੁਰ ਦੇ ਖੇਤਾਂ 'ਚੋਂ ਡਰੋਨ ਬਰਾਮਦ



**ਆਦਮਪੁਰ (ਪਰਮਜੀਤ ਸਿੰਘ)**- ਅੱਜ ਕਰੀਬ ਸ਼ਾਮ ਕਰੀਬ 4 ਵਜੇ ਕਸਬਾ ਅਲਾਵਲਪੁਰ ਦੇ ਖੇਤਾਂ ਵਿੱਚੋਂ ਜ਼ਿੰਦਾ ਡਰੋਨ ਬਰਾਮਦ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਕਿਸਾਨ ਅਮਰੀਕ ਸਿੰਘ ਵਾਸੀ ਮੁਰਾਦਪੁਰ ਨੇ ਦੱਸਿਆ ਕਿ ਕੁਝ ਸਮੇਂ ਤੋਂ ਇਹ ਜ਼ਮੀਨ ਠੇਕੇ ਉੱਤੇ ਲੈ ਕੇ ਇਸ ਵਿੱਚ ਮੱਕੀ ਦੀ ਫਸਲ ਬੀਜੀ ਹੋਈ ਹੈ। ਉਨ੍ਹਾਂ ਦੱਸਿਆ ਕਿ ਬਿਜਲੀ ਦੀ ਤਾਰ ਟੁੱਟ ਜਾਣ ਕਾਰਨ ਅੱਜ ਉਹ ਸ਼ਾਮ ਕਰੀਬ 4 ਵਜੇ ਆਪਣੇ ਖੇਤਾਂ ਵਿੱਚ ਮੋਟਰ ਚਲਾਉਣ ਆਏ ਤਾਂ ਉਹਨਾਂ ਦੇਖਿਆ ਕਿ ਮੋਟਰ ਦੀ ਡਿਲੀਵਰੀ ਟੁੱਟੀ ਹੋਈ ਹੈ ਤੇ ਡਿਲੀਵਰੀ ਦੇ ਮੂੰਹ ਉੱਤੇ ਇੱਕ ਡਰੋਨ ਪਿਆ ਹੋਇਆ ਹੈ। ਮੌਕੇ 'ਤੇ ਹਲਕਾ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ, ਡੀ ਐਸ ਪੀ ਕੁਲਵੰਤ ਸਿੰਘ ਆਦਮਪੁਰ, ਥਾਣਾ ਮੁਖੀ ਹਰਦੇਵ ਪ੍ਰੀਤ ਸਿੰਘ ਹਾਜ਼ਰ ਹੋਏ। ਲੋਕਾਂ ਨੂੰ ਇਸ ਤੋਂ ਦੂਰ ਰੱਖਿਆ ਗਿਆ ਤਾਂ ਜੋ ਕੋਈ ਆਣਸੁਖਾਵੀਂ ਘਟਨਾ ਨਾ ਘਟ ਸਕੇ।

# ਭਿਆਨਕ ਹਾਦਸੇ 'ਚ ਜ਼ਖ਼ਮੀ 6 ਕਬੱਡੀ ਖਿਡਾਰੀਆਂ 'ਚੋਂ ਇੱਕ ਦੀ ਮੌਤ





**ਨੰਗਲ (ਸੁਰਜੀਤ ਸਿੰਘ)**- ਨੰਗਲ-ਚੰਡੀਗੜ੍ਹ ਮੁੱਖ ਮਾਰਗ (ਨੈਸ਼ਨਲ ਹਾਈਵੇ) 'ਤੇ ਪੈਂਦੇ ਪਿੰਡ ਬ੍ਰਹਮਪੁਰ ਵਿੱਚ ਅੱਜ ਸਵੇਰੇ ਵਾਪਰੇ ਦਰਦਨਾਕ ਸੜਕੀ ਹਾਦਸੇ ਵਿੱਚ 6 ਕਬੱਡੀ ਖਿਡਾਰੀ ਜ਼ਖ਼ਮੀ ਹੋ ਗਏ। ਜਿਨ੍ਹਾਂ ਵਿਚੋਂ ਇੱਕ ਨੌਜਵਾਨ ਦੀ ਦਰਦਨਾਕ ਮੌਤ ਹੋ ਗਈ ਅਤੇ ਇੱਕ ਨੌਜਵਾਨ ਨੂੰ ਇਲਾਜ ਲਈ ਚੰਡੀਗੜ੍ਹ ਰੈਫਰ ਕਰ ਦਿੱਤਾ ਗਿਆ ਹੈ। ਉੱਥੇ ਹੀ ਸਥਾਨਕ ਲੋਕਾਂ ਨੇ ਕਿਹਾ ਕਿ ਹਸਪਤਾਲ ਵਿੱਚ ਪੁਖਤਾ ਪ੍ਰਬੰਧ ਨਾ ਹੋਣ ਦੇ ਚਲਦਿਆਂ ਮਰੀਜ਼ਾਂ/ਜ਼ਖ਼ਮੀਆਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ ਇਹੋ ਕਾਰਨ ਹੈ ਕਿ ਸਥਾਨਕ ਤਿੰਨੇ ਸਰਕਾਰੀ ਹਸਪਤਾਲ ਰੈਫਰ ਸ਼ਬਦ ਨਾਲ ਮਸ਼ਹੂਰ ਹੋ ਚੁੱਕੇ ਹਨ। ਸਿਵਲ ਹਸਪਤਾਲ ਵਿੱਚ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਜ਼ਖ਼ਮੀ ਹੋਏ ਨੌਜਵਾਨ ਮੋਹਿਤ ਨੇ ਦੱਸਿਆ ਕਿ ਉਹ ਹਰਿਆਣਾ ਦੇ ਵਸਨੀਕ ਹਨ ਅਤੇ ਅੱਜ ਨੰਗਲ ਤੋਂ ਹੁੰਦੇ ਹੋਏ ਹਿਮਾਚਲ ਪ੍ਰਦੇਸ਼ ਜ਼ਿਲ੍ਹਾ ਊਨਾ ਦੇ ਪਿੰਡ ਦੇਹਲਾਂ ਜਾ ਰਹੇ ਸੀ ਕਿ ਉਕਤ ਸੜਕੀ ਹਾਦਸੇ ਵਿੱਚ ਅਸੀਂ 6 ਕਬੱਡੀ ਖਿਡਾਰੀ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਏ। ਖਿਡਾਰੀ ਰੰਬੀ ਠਾਕੁਰ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ ਦਾ ਇੱਕ ਸਾਥੀ ਹਿਮਾਚਲ ਪ੍ਰਦੇਸ਼ ਦੇ ਪਿੰਡ ਦੇਹਲਾ ਦਾ ਰਹਿਣ ਵਾਲਾ ਹੈ, ਜਿਸ ਦਾ ਨਾਂ ਵਿਸ਼ਾਲ ਹੈ, ਦੇ ਨਾਲ ਅਸੀਂ ਕਾਂਗੜਾ ਦੇ ਪਾਰਗਪੁਰ ਵਿਖੇ ਕਬੱਡੀ ਟੂਰਨਾਮੈਂਟ ਖੇਡਣ ਜਾਣਾ ਸੀ। ਸਾਡੀ ਗੱਡੀ ਨੂੰ ਪਿੱਛੋਂ ਇੱਕ ਟਰੱਕ ਨੇ ਫੇਟ ਮਾਰੀ, ਜਿਸ ਨਾਲ ਗੱਡੀ ਘੁੰਮ ਗਈ ਤੇ ਸਾਹਮਣੇ ਤੋਂ ਆ ਰਹੀ ਦੂਜੀ ਗੱਡੀ ਨਾਲ ਵੀ ਟਕਰਾ ਹੋ ਗਿਆ, ਲੋਕਾਂ ਨੇ ਸਾਨੂੰ ਗੱਡੀ ਵਿਚੋਂ ਬਾਹਰ ਕੱਢਿਆ। ਜਿਸ ਤੋਂ ਬਾਅਦ ਸਾਨੂੰ ਕੁਝ ਨਹੀਂ ਪਤਾ ਲੱਗਿਆ ਤੇ ਐਂਬੂਲੈਂਸ ਰਾਹੀ ਸਾਨੂੰ ਹਸਪਤਾਲ ਲਿਆਂਦਾ ਗਿਆ। ਦੱਸਣਯੋਗ ਹੈ ਕਿ ਹਸਪਤਾਲ ਦੇ ਐਮਰਜੈਂਸੀ ਵਿੱਚ ਸਟਰੇਚਰ 'ਤੇ ਜ਼ਖ਼ਮੀ ਪਿਆ ਮੋਹਿਤ ਆਉਣ ਜਾਉਣ ਵਾਲੇ ਹਰ ਕਿਸੇ ਨੂੰ ਇਹੋ ਪੁੱਛ ਰਿਹਾ ਸੀ ਕਿ ਉਸ ਦੇ ਬਾਕੀ ਸਾਥੀ ਠੀਕ ਹਨ, ਕਿਉਂਕਿ ਉਸ ਨੂੰ ਪਤਾ ਨਹੀਂ ਸੀ ਕਿ ਉਨ੍ਹਾਂ ਦੀ ਟੀਮ ਦਾ ਇੱਕ ਸਾਥੀ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਚੁੱਕਿਆ ਹੈ।ਪਹਾੜੀ ਮਾਰਕੀਟ ਨੰਗਲ ਦੇ ਵਸਨੀਕ ਟੋਨਾ ਨੇ ਕਿਹਾ ਕਿ ਉਹ ਅੱਜ ਸਵੇਰੇ ਜਦੋਂ ਪਿੰਡ ਬ੍ਰਹਮਪੁਰ ਤੋਂ ਹੁੰਦੇ ਹੋਏ ਡਿਊਟੀ ਜਾ ਰਿਹਾ ਸੀ ਤਾਂ ਰਸਤੇ ਵਿੱਚ ਉਕਤ ਦਰਦਨਾਕ ਹਾਦਸਾ ਵੇਖਿਆ। ਡਿਊਟੀ ਜਾਣਾ ਠੀਕ ਨਾ ਸਮਝ ਮੈਂ ਇਨਸਾਨੀਅਤ ਦੇ ਨਾਤੇ ਹਾਦਸੇ ਵਿੱਚ ਜ਼ਖ਼ਮੀਆਂ ਦੀ ਮਦਦ ਕਰਨ ਲਈ ਬਾਕੀ ਲੋਕਾਂ ਨਾਲ ਲੱਗ ਪਿਆ। 2 ਟਰੱਕਾਂ ਵਿੱਚ ਆਈ ਉਕਤ ਖਿਡਾਰੀਆਂ ਦੀ ਗੱਡੀ ਦੇ ਪੂਰੀ ਤਰ੍ਹਾਂ ਪਰਖਚੇ ਉੱਡ ਚੁੱਕੇ ਸੀ। ਕਟਰ ਵਗੈਰਾ ਨਾਲ ਗੱਡੀ ਨੂੰ ਕੱਟ ਕੇ ਉਕਤ ਜ਼ਖ਼ਮੀਆਂ ਨੂੰ ਬਾਹਰ ਕੱਢਿਆ ਗਿਆ ਤੇ 108 ਐਂਬੂਲੈਂਸ ਦੀ ਮਦਦ ਨਾਲ ਇਨ੍ਹਾਂ ਨੂੰ ਨੰਗਲ ਸਿਵਲ ਹਸਪਤਾਲ ਲਿਆਂਦਾ ਗਿਆ। ਹਸਪਤਾਲ ਵਿੱਚ ਜ਼ਖ਼ਮੀਆਂ ਨੂੰ ਜੋ ਇਲਾਜ ਮਿਲਣਾ ਚਾਹੀਦਾ ਸੀ, ਪਰ ਉਹ ਨਹੀਂ ਮਿਲਿਆ, ਜਿਸ ਨੂੰ ਦੇਖ ਮਨ ਬਹੁਤ ਦੁਖੀ ਹੋਇਆ। ਹਸਪਤਾਲ ਵਿੱਚ ਮੌਜੂਦ ਮਹਿਲਾ ਡਾਕਟਰ ਨੇ ਦੱਸਿਆ ਕਿ ਜਦੋਂ ਜ਼ਖ਼ਮੀਆਂ ਨੂੰ ਹਸਪਤਾਲ ਲਿਆਂਦਾ ਗਿਆ ਤਾਂ ਇੱਕ ਵਿਸ਼ਾਲ ਨਾਂਅ ਦੇ ਨੌਜਵਾਨ ਦੀ ਮੌਤ ਹੋ ਚੁੱਕੀ ਸੀ ਤੇ ਯਸ਼ ਨੂੰ ਮੁਢਲੀ ਸਹਾਇਤਾ ਦੇਣ ਤੋਂ ਬਾਅਦ ਪੀ ਜੀ ਆਈ ਰੈਫਰ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜ਼ਖ਼ਮੀਆਂ ਵਿੱਚ ਲੱਕੀ, ਕਰਮਵੀਰ, ਰੰਬੀ ਠਾਕੁਰ, ਰਵੀ, ਮੋਹਿਤ ਦਾ ਇਲਾਜ ਹਸਤਪਾਲ ਵਿੱਚ ਹੀ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਖਿਡਾਰੀਆਂ ਦੀ ਉਮਰ 22 ਤੋਂ 25 ਸਾਲ ਵਿਚਕਾਰ ਹੈ।

**ਨੈਸ਼ਨਲ ਹਾਈਵੇ ਦੀ ਸਿੰਗਲ ਸੜਕ ਨੂੰ ਲੈ ਕੇ ਲੋਕਾਂ ਨੇ ਸਰਕਾਰਾਂ ਨੂੰ ਕੋਸਿਆ**

ਲੋਕਾਂ ਵਿੱਚ ਆਮ ਚਰਚਾ ਹੈ ਕਿ ਮਹਿਤਪੁਰ ਤੋਂ ਸ੍ਰੀ ਅਨੰਦਪੁਰ ਸਾਹਿਬ ਤੱਕ ਸਿੰਗਲ ਸੜਕ ਹੋਣ ਦੇ ਚਲਦਿਆਂ ਪਤਾ ਨਹੀਂ ਹੁਣ ਤੱਕ ਕਿੰਨੇ ਘਰਾਂ ਦੇ ਚਿਰਾਗ ਉਕਤ ਖੂਨੀ ਸੜਕ ਤੇ ਬੁਝ ਚੁੱਕੇ ਹਨ। ਇਸ ਗੰਭੀਰ ਮੁੱਦੇ 'ਤੇ ਕੋਈ ਬੋਲਦਾ ਨਜ਼ਰ ਨਹੀਂ ਆਉਂਦਾ।

# ਆਰ ਬੀ ਯੂ ਦੀ ਗੁਰਲੀਨ ਨੇ ਪਾਵਰਲਿਫਟਿੰਗ 'ਚ ਸੋਨੇ ਦਾ ਤਗਮਾ ਜਿੱਤਿਆ



**ਮੋਹਾਲੀ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਦੇ ਸਕੂਲ ਆਫ਼ ਕੰਪਿਊਟਿੰਗ ਦੇ ਕੰਪਿਊਟਰ ਐਪਲੀਕੇਸ਼ਨ ਵਿਭਾਗ ਵਿੱਚ ਐਮਸੀਏ (ਏਆਈ ਐਂਡ ਐਮਐਲ) ਪ੍ਰੋਗਰਾਮ ਦੀ ਵਿਦਿਆਰਥਣ ਗੁਰਲੀਨ ਨੇ ਚੰਡੀਗੜ੍ਹ ਸਟੇਟ ਪਾਵਰਲਿਫਟਿੰਗ ਚੈਂਪੀਅਨਸ਼ਿਪ ਵਿੱਚ ਸੋਨੇ ਦਾ ਤਗਮਾ ਜਿੱਤਿਆ ਹੈ।ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਗੁਰਲੀਨ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਉਸਦਾ ਸਮਰਪਣ ਸੱਚਮੁੱਚ ਪ੍ਰੇਰਨਾਦਾਇਕ ਸੀ ਕਿਉਂਕਿ ਉਹ ਐਮਸੀਏ (ਏਆਈ ਐਂਡ ਐਮਐਲ) ਦੇ ਪ੍ਰੋਗਰਾਮ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰ ਰਹੀ ਹੈ। ਕਾਰਜਕਾਰੀ ਨਿਰਦੇਸ਼ਕ ਡਾ. ਸਾਹਿਲ ਵਰਮਾ ਨੇ ਵੀ ਗੁਰਲੀਨ ਨੂੰ ਉਸਦੀ ਪ੍ਰਾਪਤੀ 'ਤੇ ਵਧਾਈ ਦਿੱਤੀ।ਕੰਪਿਊਟਰ ਐਪਲੀਕੇਸ਼ਨ ਵਿਭਾਗ ਦੀ ਮੁਖੀ ਡਾ. ਅਨੀਤਾ ਗੋਇਲ ਨੇ ਕਿਹਾ ਕਿ ਸਕੂਲ ਆਫ਼ ਕੰਪਿਊਟਿੰਗ ਦੇ ਕੰਪਿਊਟਰ ਐਪਲੀਕੇਸ਼ਨ ਵਿਭਾਗ ਨੂੰ ਆਪਣੇ ਬੇਮਿਸਾਲ ਵਿਦਿਆਰਥੀ ਐਥਲੀਟ ਤੇ ਮਾਣ ਹੈ ਅਤੇ ਉਸਦੀ ਨਿਰੰਤਰ ਸਫਲਤਾ ਦੀ ਕਾਮਨਾ ਕਰਦਾ ਹੈ।

# ਪੰਜਾਬ 'ਚ ਪਹਿਲੀ ਵਾਰ ਲੋਕ ਹਿਤੈਸ਼ੀ ਟੈਂਡਰ ਨੀਤੀ ਲਾਗੂ : ਈ ਟੀ ਓ ਦਾ ਵੱਡਾ ਐਲਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸੂਬੇ ਦੀਆਂ ਸੜਕਾਂ ਨੂੰ ਬਿਹਤਰ ਬਣਾਉਣ ਅਤੇ ਉਨ੍ਹਾਂ ਦੇ ਰੱਖ ਰਖਾਵ ਨੂੰ ਬਿਹਤਰ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿਚ ਨਵੀਂ ਟੈਂਡਰ ਨੀਤੀ ਲਾਗੂ ਕੀਤੀ ਗਈ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਦੱਸਿਆ ਕਿ ਰਾਜ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ, ਬਿਹਤਰ ਅਤੇ ਟਿਕਾਊ ਤਰੀਕੇ ਨਾਲ ਵਿਕਸਿਤ ਕਰਨ ਲਈ ਪੰਜਾਬ ਸਰਕਾਰ ਨੇ ਸੜਕਾਂ ਦੀ ਉਸਾਰੀ ਲਈ ਕੀਤੇ ਜਾਣ ਵਾਲੇ ਟੈਂਡਰ ਵਿਚ ਲੰਮੀ ਮਿਆਦ ਤਕ ਰੱਖ ਰਖਾਉ ਦਾ ਉਪਬੰਧ ਕੀਤਾ ਗਿਆ ਹੈ ਜਿਸ ਨਾਲ ਸੂਬਾ ਵਾਸੀਆਂ, ਠੇਕੇਦਾਰਾਂ ਅਤੇ ਮਹਿਕਮੇ ਨੂੰ ਫਾਇਦਾ ਹੋਵੇਗਾ।ਉਨ੍ਹਾਂ ਕਿਹਾ ਕਿ ਇਸ ਨਵੇਂ ਉਪਬੰਧ ਨਾਲ ਸੜਕਾਂ ਦੀ ਸਮੇਂ ਸਿਰ ਅਤੇ ਤੁਰੰਤ ਰਿਪੇਅਰ ਨਾਲ ਲੋਕਾਂ ਨੂੰ ਚੰਗੀ ਸੜਕ ਮਿਲੇਗੀ ਨਾਲ ਹੀ ਠੇਕੇਦਾਰ ਆਪਣੇ ਰੱਖ ਰਖਾਵ ਦੀ ਪਲਾਨਿੰਗ ਕਰ ਸਕੇਗਾ ਅਤੇ ਮਹਿਕਮੇ ਨੂੰ ਵਾਰ ਵਾਰ ਟੈਂਡਰ ਲਾਉਣ ਦੀ ਪ੍ਰੀਕਿਰਿਆ ਤੋਂ ਰਾਹਤ ਮਿਲੇਗੀ।ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ ਪੰਜਾਬ ਰਾਜ ਦੇ ਰੋਡ ਨੈੱਟਵਰਕ ਦਾ 85% ਹਿੱਸਾ ਪੇਂਡੂ ਸੜਕਾਂ ਜਾਂ ਲਿੰਕ ਸੜਕਾਂ ਦਾ ਹੈ। ਇਹ ਸੜਕਾਂ ਪੰਜਾਬ ਦੇ ਪਿੰਡਾਂ ਨੂੰ ਮੰਡੀਆਂ, ਸਕੂਲਾਂ/ਕਾਲਜਾਂ, ਹਸਪਤਾਲਾਂ ਅਤੇ ਸ਼ਹਿਰਾਂ ਨਾਲ ਜੋੜਨ ਦਾ ਅਹਿਮ ਕੰਮ ਕਰਦੀਆਂ ਹਨ। ਪੰਜਾਬ ਰਾਜ ਦੇ ਅਰਥਚਾਰੇ ਵਿੱਚ ਇਨ੍ਹਾਂ ਸੜਕਾਂ ਦਾ ਅਹਿਮ ਰੋਲ ਹੈ।ਉਨ੍ਹਾਂ ਕਿਹਾ ਕਿ ਸਪੈਸ਼ਲ ਰਿਪੇਅਰ ਸਣੇ ਲੰਮੀ ਮਿਆਦ ਦੇ ਉਪਬੰਧ ਸਾਰੀਆਂ ਧਿਰਾਂ ਲਈ ਲਾਹੇਵੰਦ ਹੱਲ ਹੈ। ਹਰਭਜਨ ਸਿੰਘ ਈ. ਟੀ. ਓ. ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਾਲ 2022-23, 2023-24 ਅਤੇ 2024-25 ਲਈ ਡਿਊ ਸੜਕਾਂ ਦੀ ਸਪੈਸ਼ਲ ਰਿਪੇਅਰ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ, ਜਿਸ ਵਿਚ ਲੋਕ ਨਿਰਮਾਣ ਵਿਭਾਗ ਅਧੀਨ ਪੈਂਦੀਆਂ 6015 ਕਿ: ਮੀ: ਲੰਬਾਈ ਦੀਆਂ 2615 ਲਿੰਕ ਸੜਕਾਂ ਨੂੰ 1188 ਕਰੋੜ ਰੁਪਏ ਨਾਲ ਰਿਪੇਅਰ ਕਰਨ ਦਾ ਟੀਚਾ ਸਰਕਾਰ ਵੱਲੋਂ ਮਿਥਿਆ ਗਿਆ ਹੈ। ਇਸ ਪ੍ਰਾਜੈਕਟ ਵਿਚ ਇਨ੍ਹਾਂ ਲਿੰਕ ਸੜਕਾਂ ਦਾ ਪੰਜ ਸਾਲਾ ਲਈ ਮੈਂਟੀਨੈਂਸ (ਰੱਖ-ਰਖਾਵ) ਵੀ ਸਬੰਧਤ ਠੇਕੇਦਾਰ ਵੱਲੋਂ ਹੀ ਕੀਤਾ ਜਾਣਾ ਹੈ।ਇਸ ਸਬੰਧ ਵਿੱਚ ਮੁਢਲੇ ਪ੍ਰਾਜੈਕਟ ਵੱਜੋਂ ਪੰਜਾਬ ਦੇ ਦੋ ਜ਼ਿਲ੍ਹੇ ਬਰਨਾਲਾ ਅਤੇ ਪਠਾਨਕੋਟ ਦੀਆਂ 94 ਸੜਕਾਂ ਜਿਨ੍ਹਾਂ ਦੀ ਲੰਬਾਈ 2096 ਕਿਲੋਮੀਟਰ ਹੈ, ਦੀ ਸਪੈਸ਼ਲ ਰਿਪੇਅਰ ਸਣੇ ਲੰਮੀ ਮਿਆਦ ਦੇ ਉਪਬੰਧਾਂ ਲਈ ਟੈਂਡਰ ਕਾਲ ਕੀਤੇ ਜਾ ਚੁੱਕੇ ਹਨ। ਇਨ੍ਹਾਂ ਸੜਕਾਂ ਦੀ ਲੰਮੀ ਮਿਆਦ ਦੀ ਰਿਪੇਅਰ ਸਣੇ ਸਪੈਸ਼ਲ ਰਿਪੇਅਰ ਦਾ ਕੰਮ ਜਲਦ ਹੀ ਸ਼ੁਰੂ ਹੋ ਜਾਵੇਗਾ ਅਤੇ ਰਾਜ ਦੀ ਰਹਿੰਦੀਆਂ ਲਿੰਕ ਸੜਕਾਂ 'ਤੇ ਵੀ ਅਜਿਹੇ ਉਪਬੰਧਾਂ ਅਧੀਨ ਸਪੈਸ਼ਲ ਰਿਪੇਅਰ ਦੇ ਕੰਮਾਂ ਨੂੰ ਨਿਸਚਿਤ ਸਮੇਂ ਦੇ ਅੰਦਰ ਮੁਕੰਮਲ ਕਰ ਦਿੱਤਾ ਜਾਵੇਗਾ।

# ਕ੍ਰਿਕਟ ਟੂਰਨਾਮੈਂਟ ਦੀਆਂ ਤਿਆਰੀਆਂ ਮੁਕੰਮਲ : ਰਵੀ ਗਾਂਧੀ



**ਟਾਂਡਾ ਉੜਮੁੜ (ਜਸਵਿੰਦਰ ਸੰਧੂ)**- ਦਾਰਾਪੁਰ ਕ੍ਰਿਕਟ ਕਲੱਬ ਟਾਂਡਾ ਵੱਲੋਂ ਮਾਂ ਮਾਤੇਸ਼ਵਰੀ ਮੰਦਰ ਢੋਲਵਾਹਾ ਜਨੋੜੀ ਦੇ ਸਹਿਯੋਗ ਨਾਲ ਸਵ: ਦਮਨਪ੍ਰੀਤ ਸਿੰਘ ਕਾਜਲ ਦੀ ਯਾਦ ਨੂੰ ਸਮਰਪਤ 16 ਮਈ ਤੋਂ ਕਰਵਾਏ ਜਾ ਰਹੇ 3 ਦਿਨਾ ਪਹਿਲਾ ਕ੍ਰਿਕਟ ਟੂਰਨਾਮੈਂਟ ਦੀਆਂ ਤਿਆਰੀਆਂ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਕਲੱਬ ਦੇ ਸੰਚਾਲਕ ਠਾਕੁਰ ਰਵੀ ਗਾਂਧੀ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਜੋਗਿੰਦਰ, ਚਰਨਜੀਤ ਸਿੰਘ ਚੰਨੀ, ਰੋਹਿਤ, ਨਿਰਮਲ ਸਿੰਘ, ਅਰਵਿੰਦਰ ਠਾਕੁਰ, ਰਮਨ, ਨਵਦੀਪ, ਜ਼ੈਲਦਾਰ, ਅਸ਼ੋਕ, ਤਿਲਕ ਰਾਜ, ਸਰੂਪ ਸਿੰਘ, ਰਵੀ ਤੋਂ ਇਲਾਵਾ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਨੇ ਵਾਰਤਾਲਾਪ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਠਾਕੁਰ ਰਵੀ ਗਾਂਧੀ ਨੇ ਕਿਹਾ ਕਿ 16 ਮਈ ਤੋਂ 18 ਮਈ ਤੱਕ ਚੱਲਣ ਵਾਲਾ ਇਹ ਕ੍ਰਿਕਟ ਟੂਰਨਾਮੈਂਟ ਪਿੰਡ ਰਸੂਲਪੁਰ ਤੋਂ ਜਾਜਾ ਰੋਡ ਟਾਂਡਾ ਉੜਮੁੜ ਵਿਖੇ ਹੋਵੇਗਾ, ਜਿਸ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਸ ਕ੍ਰਿਕਟ ਟੂਰਨਾਮੈਂਟ ਵਿੱਚ ਹਿੱਸਾ ਲੈਣ ਵਾਲੇ ਖਿਡਾਰੀ ਵਰਦੀ ਵਿੱਚ ਹੋਣਗੇ। ਬਿਨਾਂ ਵਰਦੀ ਦੇ ਕਿਸੇ ਵੀ ਖਿਡਾਰੀ ਨੂੰ ਖੇਡਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਖੇਡ ਦੌਰਾਨ ਕਮੇਟੀ ਅਤੇ ਅੰਪਾਇਰ ਦਾ ਫੈਸਲਾ ਆਖਰੀ ਫੈਸਲਾ ਮੰਨਿਆ ਜਾਵੇਗਾ। ਕਿਸੇ ਵੀ ਖਿਡਾਰੀ ਨੂੰ ਨਸ਼ਾ ਕਰਕੇ ਖੇਡਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਟੀਮ ਦਾ ਹਰ ਖਿਡਾਰੀ ਆਪਣਾ ਪਹਿਚਾਣ ਪੱਤਰ ਨਾਲ ਲੈ ਕੇ ਆਵੇ ਅਤੇ ਹਰ ਮੈਚ 6-6 ਓਵਰ ਦਾ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਕ੍ਰਿਕਟ ਟੂਰਨਾਮੈਂਟ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੀ ਟੀਮ ਨੂੰ 15 ਹਜ਼ਾਰ ਰੁਪਏ ਅਤੇ ਦੂਸਰਾ ਸਥਾਨ ਹਾਸਲ ਕਰਨ ਵਾਲੀ ਟੀਮ ਨੂੰ 10 ਹਜ਼ਾਰ ਰੁਪਏ ਨਗਦ ਇਨਾਮ ਦਿੱਤਾ ਜਾਵੇਗਾ। ਠਾਕੁਰ ਰਵੀ ਗਾਂਧੀ ਨੇ ਕਿਹਾ ਕਿ ਅਜਿਹੇ ਕ੍ਰਿਕਟ ਟੂਰਨਾਮੈਂਟ ਦਾ ਅਸਲ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਆਪਣੀ ਪੰਜਾਬੀ ਸੱਭਿਅਤਾ ਨਾਲ ਜੋੜਨਾ ਹੈ।

# ਕੁਲਜੀਤ ਸਰਹਾਲ ਵੱਲੋਂ ਨੂਰਪੁਰ 'ਚ ਹਸਪਤਾਲ ਦੇ ਕੰਪਲੈਕਸ ਦਾ ਉਦਘਾਟਨ



**ਬੰਗਾ (ਅਵਤਾਰ ਕਲੇਰ)**- ਪਿੰਡ ਨੂਰਪੁਰ ਦੇ ਸ਼੍ਰੋਮਣੀ ਭਗਤ ਧੰਨਾ ਚੈਰੀਟੇਬਲ ਹਸਪਤਾਲ ਵਿਖੇ ਪੰਜਾਬ ਜਲ ਸਰੋਤ ਪ੍ਰਬੰਧਨ ਅਤੇ ਵਿਕਾਸ ਬੋਰਡ ਦੇ ਵਾਈਸ ਚੇਅਰਮੈਨ ਕੁਲਜੀਤ ਸਿੰਘ ਸਰਹਾਲ ਨੇ ਗਿਆਨੀ ਕੁਲਦੀਪ ਸਿੰਘ ਯਾਦਗਾਰੀ ਕੰਪਲੈਕਸ ਦਾ ਉਦਘਾਟਨ ਕੀਤਾ। ਸਰਹਾਲ ਨੇ ਆਖਿਆ ਕਿ ਪੰਜਾਬ ਸਰਕਾਰ ਲੋਕਾਂ ਨੂੰ ਚੰਗੀਆਂ ਸਿਹਤ ਸਹੂਲਤਾਂ ਦੇਣ ਲਈ ਹਮੇਸ਼ਾ ਤਤਪਰ ਹੈ। ਸਰਕਾਰ ਵੱਲੋਂ ਮੁਹੱਲਾ ਕਲੀਨਿਕ ਖੋਲ੍ਹ ਕੇ ਕਰੋੜਾਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਹੀ ਮੁਫ਼ਤ ਇਲਾਜ ਦੀ ਸਹੂਲਤ ਪ੍ਰਦਾਨ ਕਰਕੇ ਸਿਹਤ ਸੇਵਾਵਾਂ ਦੇ ਖੇਤਰ ਵਿਚ ਇਤਿਹਾਸਕ ਕਦਮ ਚੁੱਕਿਆ ਗਿਆ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਹੀਦ ਭਗਤ ਸਿੰਘ ਨਗਰ 'ਚ ਬਣਾਏ ਜਾਣ ਵਾਲੇ ਮੈਡੀਕਲ ਕਾਲਜ ਨਾਲ ਇਸ ਖਿੱਤੇ ਵਿੱਚ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਵੱਡੀ ਤਬਦੀਲੀ ਆਵੇਗੀ। ਉਹਨਾਂ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਸ਼੍ਰੋਮਣੀ ਭਗਤ ਧੰਨਾ ਚੈਰੀਟੇਬਲ ਟਰੱਸਟ ਵੱਲੋਂ ਨੂਰਪੁਰ 'ਚ ਹਸਪਤਾਲ ਚਲਾਇਆ ਜਾ ਰਿਹਾ ਹੈ। ਇਸ ਉਪਰਾਲੇ ਲਈ ਪ੍ਰਬੰਧਕਾਂ ਦੀ ਸ਼ਲਾਘਾ ਕੀਤੀ । ਭਗਤ ਧੰਨਾ ਚੈਰੀਟੇਬਲ ਹਸਪਤਾਲ ਵੱਲੋਂ ਕੁਲਜੀਤ ਸਿੰਘ ਸਰਹਾਲ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਮੁੱਖ ਪ੍ਰਬੰਧਕ ਜਸਬੀਰ ਸਿੰਘ ਨੂਰਪੁਰ, ਅਮਰਜੀਤ ਸਿੰਘ ਕਲੇਰ ਨੰਬਰਦਾਰ, ਲਖਵਿੰਦਰ ਸਾਬੀ, ਮਨਦੀਪ ਸਿੰਘ ਕਲੇਰ, ਹਰਦੀਪ ਸਿੰਘ ਨੰਬਰਦਾਰ, ਪ੍ਰਿਥੀਪਾਲ ਸਿੰਘ, ਗੁਰਸੇਵ ਸਿੰਘ ਧਾਲੀਵਾਲ, ਬਰਿੰਦਰਪਾਲ ਸਿੰਘ ਕਲੇਰ, ਸੁਰਿੰਦਰ ਸਿੰਘ ਢੀਂਡਸਾ, ਜੋਰਾਵਾਰ ਸਿੰਘ, ਗੁਰਮੁਖ ਸਿੰਘ ਬਹਿਰਾਮ, ਜੁਝਾਰ ਸਿੰਘ ਕਲੇਰ, ਸੁਖਵਿੰਦਰ ਕੌਰ ਕਲੇਰ, ਸਤਿੰਦਰ ਕੌਰ ਸਾਬਕਾ ਸਰਪੰਚ ਨੂਰਪੁਰ, ਬਲਵੀਰ ਕੌਰ ਪੰਚਾਇਤ ਮੈਂਬਰ ਆਦਿ ਹਾਜ਼ਰ ਸਨ।



# ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ : ਰਾਜਾ

**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹਰੇਕ ਖੇਤਰ ਵਿੱਚ ਵਿਕਾਸ ਕਰਕੇ ਲੋਕਾਂ ਨੂੰ ਸਹੂਲਤ ਤੇ ਸੁੱਖ ਪ੍ਰਦਾਨ ਕੀਤਾ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੂਬਾਈ ਮੀਤ ਪ੍ਰਧਾਨ ਤੇ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਦਸ਼ਮੇਸ਼ ਨਗਰ ਟਾਂਡਾ ਵਿੱਚ ਕੀਤਾ। ਇਸ ਮੌਕੇ ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਜਾਰੀ ਫੰਡ ਦੇ ਤਹਿਤ ਸ਼ਹਿਰ ਵਿੱਚ ਹੋਣ ਵਾਲੀਆਂ ਵੱਖ-ਵੱਖ ਸੜਕਾਂ ਦੀ ਰਿਪੇਅਰ ਦੇ ਕਾਰਜ ਦੀ ਆਰੰਭਤਾ ਕਰਵਾਈ। ਰਾਜਾ ਨੇ ਦੱਸਿਆ ਕਿ ਸਰਕਾਰ ਵੱਲੋਂ ਜਿੱਥੇ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਗਲੀਆਂ ਅਤੇ ਹੋਰ ਵਿਕਾਸ ਕਾਰਜਾਂ ਲਈ ਯਤਨ ਕੀਤੇ ਗਏ ਹਨ ਉੱਥੇ ਹੁਣ ਸ਼ਹਿਰ ਦੀਆਂ ਵੱਖ-ਵੱਖ ਸੜਕਾਂ ਦੀ ਮੁਰੰਮਤ ਕਰਕੇ ਸੜਕਾਂ ਦੀ ਹਾਲਤ ਸੁਧਾਰੀ ਜਾਵੇਗੀ। ਉਨ੍ਹਾਂ ਕਿਹਾ ਕਿ ਜੋ ਵੀ ਵਿਕਾਸ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਹੋਏ ਹਨ ਉਹਨਾਂ ਸਾਰੇ ਹੀ ਕਾਰਜਾਂ ਤੋਂ ਅੱਜ ਪੰਜਾਬ ਦੇ ਲੋਕ ਪੂਰੀ ਤਰ੍ਹਾਂ ਸੰਤੁਸ਼ਟ ਹਨ ਤੇ ਅੱਜ ਵੱਡੀ ਗਿਣਤੀ ਵਿੱਚ ਲੋਕ ਆਮ ਆਦਮੀ ਪਾਰਟੀ ਦਾ ਹਿੱਸਾ ਬਣਦੇ ਹੋਏ ਪਾਰਟੀ ਦਾ ਸਾਥ ਦੇ ਰਹੇ ਹਨ। ਇਸ ਸਮੇਂ ਉਨਾਂ ਨਾਲ ਪ੍ਰਧਾਨ ਕੇਸ਼ਵ ਸਿੰਘ ਸੈਣੀ, ਕੌਂਸਲਰ ਹਰੀ ਕ੍ਰਿਸ਼ਨ ਸੈਣੀ, ਯੂਥ ਆਗੂ ਸੋਨੂ ਖੰਨਾ, ਜ਼ਿਲ੍ਹਾ ਸਕੱਤਰ ਗੁਰਦੀਪ ਸਿੰਘ ਹੈਪੀ, ਪ੍ਰੇਮ ਪਡਵਾਲ, ਕਮਲ ਧੀਰ, ਦੀਪਕ ਭੀਲ, ਨੰਬਰਦਾਰ ਹਰਵਿੰਦਰ ਕਲੋਟੀ, ਜਸਵਿੰਦਰ ਲਾਲ ਸੰਧੂ, ਗੋਲਡੀ ਵਰਮਾ, ਬਲਜੀਤ ਸੈਣੀ, ਬਬਲਾ ਸੈਣੀ, ਅਵਤਾਰ ਸਿੰਘ ਪਲਾਚੱਕ, ਅਨਿਲ ਗੋਰਾ, ਮਨੀਸ਼ ਸੌਂਧੀ, ਜਗਦੀਸ਼ ਕੁਮਾਰ ਰਿੰਕਾ, ਸਰਪੰਚ ਜਰਨੈਲ ਸਿੰਘ ਕੁਰਾਲਾ, ਸਚਿਨ ਪੁਰੀ, ਲੇਖ ਰਾਜ ਅਹੀਆਪੁਰ, ਨਿਰਮਲ ਸਿੰਘ ਕੁਰਾਲਾ ਤੇ ਨਗਰ ਕੌਂਸਲ ਟਾਂਡਾ ਦੇ ਅਧਿਕਾਰੀ ਵੀ ਮੌਜੂਦ ਸਨ।

# ਰੈੱਡ ਕਰਾਸ ਤੇ ਹੋਮਗਾਰਡ ਦੇ ਸਹਿਯੋਗ ਨਾਲ ਸਿਵਲ ਡਿਫੈਂਸ ਤੇ ਫਸਟ ਏਡ ਸਿਖਲਾਈ ਦੀ ਸ਼ੁਰੂਆਤ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਦਿਸ਼ਾ-ਨਿਰਦੇਸ਼ਾ ਤਹਿਤ ਰੈੱਡ ਕਰਾਸ ਸੋਸਾਇਟੀ ਹੁਸ਼ਿਆਰਪੁਰ ਨੇ ਹੋਮਗਾਰਡਜ਼ ਅਤੇ ਫਾਇਰ ਫਾਈਟਰਜ਼ ਦੇ ਸਹਿਯੋਗ ਨਾਲ ਸਿਵਲ ਡਿਫੈਂਸ ਅਤੇ ਫਸਟ ਏਡ ਸਿਖਲਾਈ ਲਈ ਦੋ ਕੈਂਪ ਸਫਲਤਾਪੂਰਵਕ ਆਯੋਜਿਤ ਕੀਤੇ। ਇਹ ਕੈਂਪ ਡੀ. ਏ. ਵੀ.ਕਾਲਜ ਆਫ਼ ਐਜੂਕੇਸ਼ਨ ਹੁਸ਼ਿਆਰਪੁਰ ਅਤੇ ਕੈਂਬਰਿਜ ਇੰਟਰਨੈਸ਼ਨਲ ਸਕੂਲ ਦਸੂਹਾ ਵਿਖੇ ਲਗਾਏ ਗਏ ਜਿਨ੍ਹਾਂ ਵਿਚ ਲਗਭਗ 400 ਵਿਦਿਆਰਥੀਆਂ ਨੂੰ ਸਿਵਲ ਡਿਫੈਂਸ ਦੀ ਟ੍ਰੇਨਿੰਗ ਦਿੱਤੀ ਗਈ। ਡੀ.ਏ.ਵੀ. ਕਾਲਜ ਆਫ਼ ਐਜੂਕੇਸ਼ਨ ਹੁਸ਼ਿਆਰਪੁਰ ਵਿਖੇ ਲਗਾਏ ਕੈਂਪ ਵਿਚ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਵਲੰਟੀਅਰਾਂ ਦੀ ਹੌਸਲਾ-ਅਫਜ਼ਾਈ ਕੀਤੀ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕੀਤੇ ਜਾ ਰਹੇ ਅਜਿਹੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਸਿਖਲਾਈ ਕੈਂਪਾਂ ਦਾ ਮੁੱਖ ਉਦੇਸ਼ ਸਥਾਨਕ ਭਾਈਚਾਰੇ, ਖਾਸ ਕਰਕੇ ਨੌਜਵਾਨਾਂ ਨੂੰ ਸੰਕਟ ਦੀਆਂ ਸਥਿਤੀਆਂ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਜਵਾਬ ਦੇਣ ਲਈ ਜ਼ਰੂਰੀ ਗਿਆਨ ਅਤੇ ਹੁਨਰਾਂ ਨਾਲ ਸਸ਼ਕਤ ਬਣਾਉਣਾ ਹੈ।ਸਕੱਤਰ ਰੈੱਡ ਕਰਾਸ ਮੰਗੇਸ਼ ਸੂਦ ਨੇ ਇਸ ਮੌਕੇ ਦੱਸਿਆ ਕਿ ਇਨ੍ਹਾਂ ਸਿਖਲਾਈ ਸੈਸ਼ਨਾਂ ਦੀ ਅਗਵਾਈ ਰੈੱਡ ਕਰਾਸ ਹੁਸ਼ਿਆਰਪੁਰ ਤੋਂ ਫਸਟ ਏਡ ਸਿਖਲਾਈ ਸੁਪਰਵਾਈਜ਼ਰ ਸੰਜੀਵਨ ਸਿੰਘ ਅਤੇ ਹੋਮਗਾਰਡ ਤੋਂ ਕਮਾਂਡੈਂਟ ਟ੍ਰੇਨਿੰਗ ਸੁਪਰਵਾਈਜ਼ਰ ਕੁਲਵਿੰਦਰ ਸਿੰਘ ਨੇ ਕੀਤੀ। ਕੈਂਪਾਂ ਵਿੱਚ ਬੀ.ਐੱਡ ਕਾਲਜ ਦੇ ਵਿਦਿਆਰਥੀਆਂ ਅਤੇ ਕੈਂਬਰਿਜ ਇੰਟਰਨੈਸ਼ਨਲ ਸਕੂਲ ਦਸੂਹਾ ਦੇ ਸਕੂਲੀ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗੀਦਾਰੀ ਕੀਤੀ। ਉਨ੍ਹਾਂ ਕਿਹਾ ਕਿ ਰੈੱਡ ਕਰਾਸ ਸੋਸਾਇਟੀ ਹੁਸ਼ਿਆਰਪੁਰ ਹੋਮਗਾਰਡਜ਼ ਅਤੇ ਹੋਰ ਹਿੱਸੇਦਾਰਾਂ ਦੇ ਸਹਿਯੋਗ ਨਾਲ ਅਜਿਹੇ ਸਿਖਲਾਈ ਪ੍ਰੋਗਰਾਮਾਂ ਦਾ ਆਯੋਜਨ ਜਾਰੀ ਰੱਖਣ ਦੀ ਯੋਜਨਾ ਬਣਾ ਰਹੀ ਹੈ। ਇਹ ਯਤਨ ਜ਼ਿਲ੍ਹੇ ਭਰ ਵਿੱਚ ਸਿਵਲ ਡਿਫੈਂਸ ਅਤੇ ਫਸਟ ਏਡ ਸਿਖਲਾਈ ਦੀ ਪਹੁੰਚ ਅਤੇ ਪ੍ਰਭਾਵ ਨੂੰ ਵਧਾਉਣ 'ਤੇ ਕੇਂਦ੍ਰਿਤ ਹੋਣਗੇ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ, ਤਹਿਸੀਲਦਾਰ ਲਾਰਸਨ, ਸਮਾਜ ਸੇਵਕ ਆਗਿਆ ਪਾਲ ਸਿੰਘ ਸਾਹਨੀ ਤੋਂ ਇਲਾਵਾ ਵੱਖ-ਵੱਖ ਸਮਾਜ ਸੇਵੀ ਜਥੇਬੰਦੀਆਂ ਦੇ ਆਗੂ ਮੌਜੂਦ ਸਨ।

# ਨਵ-ਨਿਯੁਕਤ ਅਧਿਆਪਕਾਂ ਦੇ ਪਰਮਾਨੈਂਟ ਰਿਟਾਇਰਮੈਂਟ ਅਕਾਊਂਟ ਨੰਬਰ ਜਾਰੀ ਕੀਤੇ ਜਾਣ




**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਗੌਰਮਿੰਟ ਟੀਚਰ ਯੂਨੀਅਨ ਬਲਾਕ ਕੋਟ ਫਤੂਹੀ ਦੀ ਇੱਕ ਅਹਿਮ ਮੀਟਿੰਗ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ ਅਤੇ ਜਨਰਲ ਸਕੱਤਰ ਉਂਕਾਰ ਸਿੰਘ ਦੀ ਅਗਵਾਈ ਵਿੱਚ ਕੋਟ ਫਤੂਹੀ ਵਿਖੇ ਹੋਈ।ਇਸ ਮੀਟਿੰਗ ਵਿੱਚ ਗੌਰਮਿੰਟ ਟੀਚਰ ਯੂਨੀਅਨ ਪੰਜਾਬ ਦੇ ਵਿੱਤ ਸਕੱਤਰ ਅਤੇ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ ਅਮਨਦੀਪ ਸ਼ਰਮਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਵਿੱਚ ਅਧਿਆਪਕ ਵਰਗ ਨੂੰ ਆ ਰਹੀਆਂ ਸਮੱਸਿਆਵਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ।ਆਗੂਆਂ ਕਿਹਾ ਕਿ ਸਿੱਖਿਆ ਵਿਭਾਗ ਵਿੱਚ ਨਵ-ਨਿਯੁਕਤ 5994 ਈ.ਟੀ.ਟੀ ਅਧਿਆਪਕਾਂ ਦੇ ਪਰਾਨ (ਪਰਮਾਨੈਂਟ ਰਿਟਾਇਰਮੈਂਟ ਅਕਾਊਂਟ ਨੰਬਰ) ਜਾਰੀ ਕੀਤੇ ਜਾਣ ਤਾਂ ਜੋ ਇਹਨਾਂ ਅਧਿਆਪਕਾਂ ਨੂੰ ਵੀ ਪੰਜਾਬ ਦੇ ਬਾਕੀ ਮੁਲਾਜ਼ਮਾਂ ਵਾਂਗ ਸਮੇਂ ਸਿਰ ਤਨਖਾਹ ਮਿਲ ਸਕੇ।ਇਸ ਮੌਕੇ ਸ਼ਾਮ ਸੁੰਦਰ ਕਪੂਰ, ਸੁਨੀਲ ਸ਼ਰਮਾ, ਪ੍ਰਿਤਪਾਲ ਸਿੰਘ, ਸੰਜੀਵ ਕੁਮਾਰ, ਪਰਮਜੀਤ ਸਿੰਘ ਕਾਤਿਬ, ਹਰਮਨੋਜ ਕੁਮਾਰ, ਕੁਲਦੀਪ ਸਿੰਘ ਅਤੇ ਹੋਰ ਹਾਜ਼ਰ ਸਨ।

# ਫਿਲੌਰ ਮੰਡੀ 'ਚ ਕਣਕ ਦੀ ਆਮਦ ਵਧੀ

**ਫਿਲੌਰ (ਨਿਰਮਲ)**- ਮਾਰਕੀਟ ਕਮੇਟੀ ਫਿਲੌਰ ਤੋਂ ਮਿਲੀ ਜਾਣਕਾਰੀ ਮੁਤਾਬਿਕ ਫਿਲੌਰ ਮੰਡੀ ਵਿੱਚ 6 ਲੱਖ 78 ਹਜ਼ਾਰ 368 ਕੁਇੰਟਲ ਕਣਕ ਦੀ ਸਰਕਾਰੀ ਖਰੀਦ ਸਰਕਾਰੀ ਏਜੰਸੀਆਂ ਵੱਲੋਂ ਕੀਤੀ ਗਈ ਹੈ। ਇਸ ਵਾਰ ਭਾਅ 2425 ਰੁਪਏ ਪ੍ਰਤੀ ਕੁਇੰਟਲ ਹੈ। ਇਸ ਵਾਰ ਮੀਂਹ ਨੇ ਮਿਹਰ ਰੱਖੀ ਤੇ ਖਰੀਦੀ ਕਣਕ ਸਰਕਾਰੀ ਗੋਦਾਮਾਂ ਵਿੱਚ ਭੇਜ ਦਿੱਤੀ ਗਈ ਹੈ। ਕਣਕ ਦੀ ਲਿਫਟਿੰਗ ਨਾਲੋ ਨਾਲ ਹੋ ਰਹੀ ਹੈ। ਕਿਸਾਨਾਂ ਨੂੰ ਭੁਗਤਾਨ ਵੀ ਕੀਤਾ ਜਾ ਰਿਹਾ ਹੈ।

**ਵਰ੍ਹੇਗੰਢ ਮੁਬਾਰਕ**



ਜਸਵਿੰਦਰ ਸਿੰਘ ਤੇ ਵੀਰਪਾਲ ਕੌਰ ਵਾਸੀ ਨਿਹਾਲ ਸਿੰਘ ਵਾਲਾ ਨੂੰ ਵਿਆਹ ਦੀ ਦੂਸਰੀ ਵਰ੍ਹੇਗੰਢ ਦੀਆਂ ਮੁਬਾਰਕਾਂ।

# ਨਾਮ-ਸਿਮਰਨ ਦਾ ਖਜ਼ਾਨਾ ਇਕੱਠਾ ਕਰ ਲਓ : ਸੰਤ ਨਰੇਸ਼ ਗਿਰੀ



**ਟਾਂਡਾ ਉੜਮੁੜ (ਜਸਵਿੰਦਰ ਸੰਧ, ਓਂਕਾਰ ਸਿੰਘ)**- ਇਨਸਾਨ ਦੀ ਜ਼ਿੰਦਗੀ ਵਿੱਚ ਦੁਖ-ਸੁਖ ਆਉਂਦੇ ਜਾਂਦੇ ਰਹਿੰਦੇ ਹਨ। ਇਹ ਕਦੇ ਵੀ ਸਥਿਰ ਨਹੀਂ ਰਹਿੰਦੇ, ਪਰ ਇਸ ਦੇ ਬਾਵਜੂਦ ਕਦੇ ਵੀ ਵਾਹਿਗੁਰੂ ਦੇ ਦਰਸਾਏ ਮਾਰਗ ਤੋਂ ਬੇਮੁਖ ਹੋ ਕੇ ਨਾਮ ਸਿਮਰਨ ਬੰਦ ਨਹੀਂ ਕਰਨਾ ਚਾਹੀਦਾ, ਕਿਉਂਕਿ ਅੰਤ ਵੇਲੇ ਸਿਵਾਏ ਨਾਮ ਸਿਮਰਨ ਦੇ ਖ਼ਜ਼ਾਨੇ ਤੋਂ ਹੋਰ ਕੁਝ ਵੀ ਨਾਲ ਨਹੀਂ ਜਾਣਾ। ਬੱਚੇ ਦੇ ਜਦੋਂ ਸੱਟ ਲਗਦੀ ਹੈ ਤਾਂ ਉਸ ਦੇ ਮੂੰਹ ਚੋਂ ਪਹਿਲਾ ਸਿਰਫ ਮਾਂ ਦਾ ਨਾਂਅ ਹੀ ਨਿਕਲਦਾ ਹੈ, ਉਸੇ ਤਰ੍ਹਾਂ ਇਨਸਾਨ ਨੂੰ ਕਸ਼ਟ ਆਉਣ 'ਤੇ ਪਰਮਾਤਮਾ ਹੀ ਸਭ ਤੋਂ ਪਹਿਲਾਂ ਯਾਦ ਆਉਂਦਾ ਹੈ। ਇਸ ਲਈ ਹਰ ਸਮੇਂ ਨਾਮ ਸਿਮਰਨ ਦਾ ਜਾਪ ਜ਼ਰੂਰ ਕਰੋ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡੇਰਾ ਬਾਬਾ ਭਗਤ ਰਾਮ ਜੀ ਨੰਗਲ ਖੁੰਗਾ ਵਿਖੇ ਸਜਾਏ ਗਏ ਦਰਬਾਰ ਵਿੱਚ ਹਾਜ਼ਰ ਸੰਗਤ ਨੂੰ ਆਪਣੇ ਪ੍ਰਵਚਨਾਂ ਰਾਹੀਂ ਗੁਰੂ ਚਰਨਾਂ ਨਾਲ ਜੋੜਦੇ ਹੋਏ ਡੇਰੇ ਦੇ ਗੱਦੀਨਸ਼ੀਨ ਸੰਤ ਨਰੇਸ਼ ਗਿਰੀ ਜੀ ਮਹਾਰਾਜ ਨੇ ਕਿਹਾ ਕਿ ਦੁਨੀਆ ਦੀ ਹਰ ਚੀਜ਼ ਨਾਸ਼ਵਾਨ ਹੈ, ਕੋਈ ਵੀ ਸਥਿਰ ਨਹੀਂ ਹੈ ਅਤੇ ਇਨਸਾਨ ਨੂੰ ਇਹ ਕਦੇ ਵੀ ਭੁੱਲਣਾ ਨਹੀਂ ਚਾਹੀਦਾ ਕਿ ਜੋ ਕੁੱਝ ਵੀ ਤੁਹਾਨੂੰ ਮਿਲ ਰਿਹਾ ਹੈ ਉਹ ਹਮੇਸ਼ਾ ਨਹੀਂ ਰਹਿਣਾ। ਵਕਤ ਦਾ ਪਹੀਆ ਹਮੇਸ਼ਾ ਘੁੰਮਦਾ ਰਹਿੰਦਾ ਹੈ, ਇਸ ਲਈ ਨਾਮ ਸਿਮਰਨ ਦਾ ਖਜ਼ਾਨਾ ਇਕੱਠਾ ਕਰ ਲਓ। ਉਨ੍ਹਾਂ ਕਿਹਾ ਕਿ ਜਿਹੜੇ ਇਨਸਾਨ ਸਤਿਗੁਰੂ ਦੇ ਦਰਸਾਏ ਮਾਰਗ 'ਤੇ ਚਲਦੇ ਹੋਏ ਗੁਰਬਾਣੀ ਦੀ ਸ਼ਰਨ 'ਚ ਆ ਜਾਂਦੇ ਹਨ ਉਨ੍ਹਾਂ ਦੇ ਅੰਦਰੋਂ ਅਹਿੰਕਾਰ ਦਾ ਨਾਸ਼ ਹੋ ਜਾਂਦਾ ਹੈ ਅਤੇ ਉਹ ਨਾਮ ਸਿਮਰਨ ਕਰਦੇ ਹੋਏ ਪ੍ਰਭੂ ਭਗਤੀ ਨਾਲ ਜੁੜ ਜਾਂਦੇ ਹਨ, ਜਿਸ ਸਦਕਾ ਉਨ੍ਹਾਂ ਨੂੰ ਅਕਾਲ ਪੁਰਖ ਦੀ ਰਹਿਮਤ ਪ੍ਰਾਪਤ ਹੋ ਜਾਂਦੀ ਹੈ।ਉਨ੍ਹਾਂ ਕਿਹਾ ਕਿ ਨਾਮ ਸਿਮਰਨ ਦੀ ਦਾਤ ਕਿਸੇ ਭਾਗਾਂ ਵਾਲੇ ਨੂੰ ਹੀ ਨਸੀਬ ਹੁੰਦੀ ਹੈ। ਇਹ ਹਰ ਇੱਕ ਨੂੰ ਨਹੀਂ ਮਿਲਦੀ, ਇਹ ਤਾਂ ਹੀ ਨਸੀਬ ਹੁੰਦੀ ਹੈ ਜੇਕਰ ਸਤਿਗੁਰੂ ਦੀ ਆਪਾਰ ਕਿਰਪਾ ਹੋਵੇ। ਉਨ੍ਹਾਂ ਕਿਹਾ ਕਿ ਇਨਸਾਨ ਮੋਹ ਮਾਇਆ ਦੇ ਜਾਲ ਵਿਚ ਫਸ ਕੇ ਦਿਨ ਰਾਤ ਕੂੜ ਦਾ ਭੰਡਾਰ ਇਕੱਠਾ ਕਰਨ ਵਿਚ ਲੱਗਿਆ ਹੋਇਆ ਹੈ, ਪਰ ਜਿਹੜੇ ਇਨਸਾਨ ਦੁਨੀਆਦਾਰੀ ਨਿਭਾਉਂਦੇ ਹੋਏ ਸਤਿਸੰਗ ਵਿਚ ਜਾ ਕੇ ਗੁਰੂ ਦੇ ਦਰਸਾਏ ਮਾਰਗ ਨੂੰ ਆਪਣੀ ਜ਼ਿੰਦਗੀ ਵਿੱਚ ਧਾਰ ਕੇ ਨਾਮ ਸਿਮਰਨ ਦਾ ਪੱਲਾ ਫੜ ਲੈਂਦੇ ਹਨ ਉਹ ਆਪਣੇ ਜੀਵਨ ਦੇ ਅਸਲ ਮਕਸਦ ਨੂੰ ਹਾਸਲ ਕਰ ਲੈਂਦੇ ਹਨ ਤੇ 84 ਦੇ ਗੇੜ ਵਿਚੋਂ ਹਮੇਸ਼ਾ ਲਈ ਛੁਟਕਾਰਾ ਪਾ ਲੈਂਦੇ ਹਨ। ਸਾਰਾ ਦਿਨ ਬਾਬਾ ਜੀ ਦਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਅਵਤਾਰ ਸਿੰਘ, ਨਵਰਾਜ ਦੀਪ ਸਿੰਘ, ਬੀਬੀ ਬਲਦੇਵ ਕੌਰ, ਗੁਰਬਖਸ਼ ਕੌਰ, ਰਾਜਵੀਰ ਕੌਰ, ਹਰਮਿੰਦਰ ਕੌਰ, ਬੀਬੀ ਜਸਵਿੰਦਰ ਕੌਰ, ਹਰਵਿੰਦਰ ਸਿੰਘ ਅਤੇ ਹੋਰ ਸੰਗਤ ਨੇ ਦਰਬਾਰ ਵਿੱਚ ਹਾਜ਼ਰੀ ਲਗਵਾ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

# ਛੁੱਟੀ 'ਤੇ ਗਏ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਤੁਰੰਤ ਵਾਪਿਸ ਬੁਲਾਇਆ ਜਾਵੇ : ਰਸਤੋਗੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਐਮਰਜੈਂਸੀ, ਖਾਸ ਤੌਰ 'ਤੇ ਹਮਲੇ ਜਾਂ ਆਪਦਾ ਦੌਰਾਨ ਜਾਨ-ਮਾਲ ਦੀ ਸੁਰੱਖਿਆ ਅਤੇ ਲੋੜਮੰਦ ਸੇਵਾਵਾਂ ਲਈ ਸਿਵਿਲ ਰੱਖਿਆ ਵਿਧੀ ਨੂੰ ਮਜਬੂਤ ਅਤੇ ਤਾਲਮੇਲ ਬਨਾਉਣ ਦੇ ਉਦੇਸ਼ ਨਾਲ ਰਾਜ ਸਿਵਿਲ ਸਲਾਹਕਾਰ ਅਤੇ ਲਾਗੂਕਰਣ ਕਮੇਟੀ ਦੀ ਪਹਿਲੀ ਮੀਟਿੰਗ ਅੱਜ ਇੱਥੇ ਮੁੱਖ ਸਕੱਤਰ ਅਤੇ ਕਮੇਟੀ ਦੇ ਚੇਅਰਮੈਨ ਅਨੁਰਾਗ ਰਸਤੋਗੀ ਦੀ ਪ੍ਰਧਾਨਗੀ ਹੇਠ ਹੋਈ।ਮੁੱਖ ਸਕੱਤਰ ਨੇ ਸਾਰੀ ਪ੍ਰਸ਼ਾਸਨਿਕ ਸਕੱਤਰਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਇਸ ਸਮੇਂ ਛੁੱਟੀ 'ਤੇ ਗਏ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਤੁਰੰਤ ਵਾਪਿਸ ਬੁਲਾਉਣ। ਨਾਲ ਹੀ ਲੋੜ ਪੈਣ 'ਤੇ ਤੇਜ਼ ਕਾਰਵਾਈ ਕਰਨ ਲਈ ਪਹਿਲਾਂ ਤੋਂ ਅਤੇ ਸੰਕਟਕਾਲੀਨ ਯੋਜਨਾਵਾਂ ਤਿਆਰ ਰੱਖਣ।ਉਨ੍ਹਾਂ ਨੇ ਕਿਹਾ ਕਿ ਵਿਭਾਗ ਘੱਟ ਸਮੇਂ ਵਿੱਚ ਜਰੂਰੀ ਸੁਝਾਅ ਲਾਗੂ ਕਰਨ ਲਈ ਖੁਦ ਨੂੰ ਤਿਆਰ ਰੱਖਣ। ਐਮਰਜੈਂਸੀ ਦੌਰਾਨ ਤਾਲਮੇਲ ਵਧਾਉਣ ਲਈ ਡਿਪਟੀ ਸੈਕਟਰੀ ਦੀ ਅਗਵਾਈ ਹੇਠ ਰਾਜ ਸਕੱਤਰ ਵਿੱਚ ਇੱਕ ਯੁੱਧ ਐਮਰਜੈਂਸੀ ਬ੍ਰਾਂਚ ਸਥਾਪਿਤ ਕੀਤੀ ਜਾਵੇਗੀ।ਗ੍ਰਹਿ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ, ਜੋ ਕਮੇਟੀ ਦੀ ਡਿਪਟੀ ਚੇਅਰਮੈਨ ਵੀ ਹਨ, ਨੇ ਸੋਸ਼ਲ ਮੀਡੀਆ 'ਤੇ ਚਲ ਰਹੀ ਫਰਜੀ ਖਬਰਾਂ ਅਤੇ ਗਲਤ ਸੂਚਨਾਵਾਂ ਦੇ ਮੱਦੇਨਜ਼ਰ ਸਖ਼ਤ ਲਾਗੂ ਉਪਾਅਾਂ ਦੀ ਲੋੜ 'ਤੇ ਜੋਰ ਦਿੱਤਾ। ਉਨ੍ਹਾਂ ਨੇ ਸਬੰਧਤ ਵਿਭਾਗਾਂ ਨੂੰ ਤੁਰੰਤ ਅਤੇ ਲਗਾਤਾਰ ਕਾਰਵਾਈ ਕਰਨ ਦੇ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਅਜਿਹੀ ਸਮੱਗਰੀ ਦੀ ਪ੍ਰਭਾਵਸ਼ਾਲੀ ਢੰਗ ਨਾਲ ਨਿਗਰਾਨੀ ਕੀਤੀ ਜਾਣੀ ਚਾਹੀਦੀ ਹੈ ਅਤੇ ਗਲਤ ਜਾਣਕਾਰੀ ਫਲਾਉਣ ਵਾਲੇ ਸਾਰੇ ਖਾਤਿਆਂ ਨੂੰ ਟ੍ਰੈਕ ਅਤੇ ਬੰਦ ਕੀਤਾ ਜਾਣਾ ਚਾਹੀਦਾ ਹੈ।ਮੀਟਿੰਗ ਦੌਰਾਨ ਦੱਸਿਆ ਗਿਆ ਕਿ ਸੂਬੇ ਵਿੱਚ ਲੋੜਮੰਦ ਚੀਜਾਂ ਦੀ ਕੋਈ ਘਾਟ ਨਹੀਂ ਹੈ ਅਤੇ ਸਟਾਕਿਸਟਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਕੇਂਦਰ ਅਤੇ ਰਾਜ ਸਰਕਾਰ ਦੇ ਪੋਰਟਲਾਂ 'ਤੇ ਮੌਜੂਦਾ ਸਮੇ ਦੇ ਆਧਾਰ 'ਤੇ ਆਪਣੀ ਲਿਸਟ ਅਪਲੋਡ ਕਰਨ।ਡਾ. ਮਿਸ਼ਰਾ ਨੇ ਸਾਰੀ ਪ੍ਰਸ਼ਾਸਨਿਕ ਸਕੱਤਰਾਂ ਨਾਲ ਇਹ ਯਕੀਨੀ ਕਰਨ ਦੀ ਅਪੀਲ ਕੀਤੀ ਕਿ ਉਨ੍ਹਾਂ ਦੇ ਵਿਭਾਗ ਐਮਰਜੈਂਸੀ ਪ੍ਰਤੀਕਿਰਿਆ ਨਾਲ ਜੁੜੀ ਸਾਰੀ ਜਰੂਰੀ ਕਾਰਵਾਈ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੋਣ। ਉਨ੍ਹਾਂ ਨੇ ਨਿਰਦੇਸ਼ ਦਿੱਤੇ ਕਿ ਹਰ ਵਿਭਾਗ ਡਿਪਟੀ ਸੈਕਟਰੀ ਜਾਂ ਉਸ ਦੇ ਬਰਾਬਰ ਦੇ ਪੱਧਰ ਦਾ ਇੱਕ ਡਿਊਟੀ ਅਧਿਕਾਰੀ ਨਾਮਜਦ ਕਰਨ। ਇਹ ਅਧਿਕਾਰੀ ਵਿਭਾਗ ਦੀ ਪ੍ਰਤੀਕਿਰਿਆ ਦੇ ਤਾਲਮੇਲ ਅਤੇ ਰਾਜ ਅਤੇ ਕੇਂਦਰ ਸਰਕਾਰਾਂ ਨਾਲ ਸਾਰੀ ਤਰ੍ਹਾਂ ਦੇ ਸੰਚਾਰ ਲਈ ਜਿੰਮੇਦਾਰ ਹੋਵੇਗਾ। ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਆਪਣੇ ਨਾਮਜਦ ਅਧਿਕਾਰੀਆਂ ਦਾ ਸੰਪਰਕ ਬਿਯੌਰਾ ਅੱਜ ਸ਼ਾਮ ਤੱਕ ਮੁੱਖ ਸਕੱਤਰ ਦਫਤਰ ਵਿੱਚ ਜਮਾ ਕਰਵਾਉਣ।ਮੀਟਿੰਗ ਵਿੱਚ ਸਿਹਤ ਅਤੇ ਪਰਵਾਰ ਭਲਾਈ, ਸਿੰਚਾਈ ਅਤੇ ਜਲ ਸਰੋਤ, ਊਰਜਾ, ਲੋਕ ਨਿਰਮਾਣ (ਇਮਾਰਤ ਅਤੇ ਸੜਕਾਂ), ਖੁਰਾਕ, ਸਿਵਿਲ ਸਪਲਾਈ ਅਤੇ ਖਪਤਕਾਰਾਂ ਮਾਮਲੇ ਅਤੇ ਉੱਚੇਰੀ ਸਿੱਖਿਆ ਵਿਭਾਗਾਂ ਦੇ ਵਧੀਕ ਮੁੱਖ ਸਕੱਤਰਾਂ ਨੇ ਹਿੱਸਾ ਲਿਆ। ਉਦਯੋਗ ਅਤੇ ਸਕੂਲ ਸਿੱਖਿਆ ਵਿਭਾਗਾਂ ਦੇ ਪ੍ਰਧਾਨ ਸਕੱਤਰ ਤੋਂ ਇਲਾਵਾ ਵਿਕਾਸ ਅਤੇ ਪੰਚਾਇਤ, ਜਨ ਸਿਹਤ ਇੰਜੀਨਿਅਰਿੰਗ, ਸ਼ਹਿਰੀ ਸਥਾਨਕ ਸੰਸਥਾਵਾਂ ਅਤੇ ਸੂਚਨਾ, ਜਨਸੰਪਰਕ ਅਤੇ ਭਾਸ਼ਾ ਵਿਭਾਂਗ ਦੇ ਕਮੀਸ਼ਨਰ ਅਤੇ ਸਕੱਤਰ ਵੀ ਮੀਟਿੰਗ ਵਿੱਚ ਮੌਜੂਦ ਸਨ।

12 May Page-9.qxd 5/11/2025 7:52 PM Page 1



# ਹੈਰੋਇਨ ਸਮੇਤ ਇੱਕ ਕਾਬੂ



ਬਲਾਚੌਰ (ਜਸਵਿੰਦਰ ਬੈਂਸ)-ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਐਸ ਐਸ ਪੀ ਡਾ. ਮਹਿਤਾਬ ਸਿੰਘ ਵੱਲੋਂ ਜਾਰੀ ਦਿਸ਼ਾ ਨਿਰਦੇਸ਼ ਡਿਵੀਜ਼ਨ ਬਲਾਚੌਰ ਦੇ ਡੀ ਐਸ ਪੀ ਸ਼ਾਮ ਸੁੰਦਰ ਸ਼ਰਮਾ ਨਿਗਰਾਨੀ ਹੇਠ ਇਸ ਬਿੰਨ ਪਾਲਨਾ ਕਰਦੇ ਹੋਏ ਥਾਣਾ ਬਲਾਚੌਰ ਸਿਟੀ ਪੁਲਸ ਨੇ 1 ਵਿਅਕਤੀ ਨੂੰ ਕਾਬੂ ਕਰਕੇ ਉਸ ਦੇ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਕੀਤੀ। ਪੁਲਸ ਨੇ ਕਥਿਤ ਮੁਲਜ਼ਮ ਖਿਲਾਫ ਐਨ ਡੀ ਪੀ ਐਸ ਐਕਟ ਦੇ ਅਧੀਨ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ।ਮਾਮਲੇ ਦੇ ਜਾਂਚ ਅਧਿਕਾਰੀ ਸਬ ਇੰਸਪੈਕਟਰ ਭੂਸ਼ਣ ਲਾਲ ਨੇ ਦੱਸਿਆ ਕਿ ਉਨ੍ਹਾ ਦੀ ਯੋਗ ਅਗਵਾਈ ਵਿੱਚ ਪੁਲਸ ਪਾਰਟੀ ਗਸ਼ਤ ਕਰ ਰਹੀ ਸੀ। ਜਦੋਂ ਪੁਲਸ ਪਾਰਟੀ ਬਲੋਂ ਫੇਰ ਸੀਜਨਲ ਰਿਸੋਟ ਬਲਾਚੌਰ ਦੇ ਕੋਲ ਪਹੁੰਚੀ ਤਾਂ ਸਾਹਮਣੇ ਤੋਂ ਆਉਂਦਾ ਇਕ ਮੋਨਾ ਵਿਅਕਤੀ ਦਿਖਾਈ ਦਿੱਤਾ ਜੋ ਕਿ ਪੁਲਸ ਨੂੰ ਦੇਖ ਕੇ ਘਬਰਾ ਗਿਆ ਅਤੇ ਆਪਣੀ ਪਹਿਨੀ ਹੋਈ ਕੈਪਰੀ ਦੀ ਜੇਬ ਵਿੱਚੋਂ ਇੱਕ ਪਾਰਦਰਸ਼ੀ ਲਿਫਾਫੀ ਖਾਹ ਫੂਸ ਵਿੱਚ ਸੁੱਟ ਦਿੱਤੀ ਤੇ ਇੱਕਦਮ ਪਿੱਛੇ ਨੂੰ ਮੁੜਨ ਲੱਗਿਆ ਤਾਂ ਪੁਲਸ ਨੇ ਸ਼ੱਕ ਦੇ ਆਧਾਰ 'ਤੇ ਕਾਬੂ ਕਰ ਲਿਆ। ਜਦੋਂ ਉਕਤ ਵਿਅਕਤੀ ਵੱਲੋਂ ਸੁੱਟੀ ਪਾਰਦਰਸ਼ੀ ਲਿਫਾਫੀ ਦੀ ਤਲਾਸ਼ੀ ਲਈ ਤਾਂ ਉਸ ਵਿੱਚੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਕਾਬੂ ਕੀਤੇ ਕਥਿਤ ਮੁਲਜ਼ਮ ਦਾ ਨਾਂ ਪੁੱਛਿਆ ਤਾਂ ਉਸ ਨੇ ਆਪਣਾ ਨਾਂ ਰਾਜ ਕੁਮਾਰ ਉਰਫ ਰਾਜੂ ਪੁੱਤਰ ਲਸ਼ਕਰ ਰਾਮ ਵਾਸੀ ਚਨਕੋਆ ਥਾਣਾ ਸਦਰ ਬਲਾਚੌਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੱਸਿਆ।

# ਵਾਤਾਵਰਣ ਨੂੰ ਸੰਤੁਲਿਤ ਬਣਾਉਣ ਲਈ ਪੰਚਾਇਤੀ ਜ਼ਮੀਨ 'ਤੇ ਲਗਾਏ ਜਾਣਗੇ ਪੌਦੇ : ਰਾਓ ਨਰਬੀਰ ਸਿੰਘ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਹਰਿਆਣਾ ਦੇ ਵਾਤਾਵਰਣ ਅਤੇ ਵਣ ਮੰਤਰੀ ਰਾਓ ਨਰਬੀਰ ਸਿੰਘ ਨੇ ਕਿਹਾ ਕਿ ਕਲਾਈਮੇਟ ਬਦਲਾਅ ਦੇ ਚਲਦੇ ਵਧਦਾ ਪ੍ਰਦੂਸ਼ਣ ਇੱਕ ਵਿਸ਼ਵ ਚਿੰਤਾ ਦਾ ਵਿਸ਼ਾ ਬਣ ਗਿਆ ਹੈ। ਕੁਦਰਤ ਦੇ ਸੰਤੁਲਨ ਨੂੰ ਬਣਾਈ ਰੱਖਣ ਲਈ ਵਣ ਖੇਤਰ ਨੂੰ ਪ੍ਰੋਤਸਾਹਨ ਦੇਣਾ ਜ਼ਰੂਰੀ ਹੈ। ਇਸ ਲਈ ਪੰਚਾਇਤੀ ਜ਼ਮੀਨ 'ਤੇ ਪੌਦੇ ਲਗਾਉਣ ਦੀ ਮੁਹਿਮ ਚਲਾਈ ਜਾਵੇਗੀ।ਉਨ੍ਹਾਂ ਕਿਹਾ ਕਿ ਯਮੁਨਾ ਤੇ ਘੱਗਰ ਨਦੀਆਂ ਦੇ ਖੇਤਰ ਵਿੱਚ ਭੂਮੀ ਕਟਾਅ, ਜਲ ਸਰੰਖਣ ਅਤੇ ਨਦੀਆਂ ਦੇ ਮੁੜ ਨਿਰਮਾਣ ਲਈ ਨਾਲ ਲਗਦੇ ਪਿੰਡਾਂ ਦੀਆਂ ਜ਼ਮੀਨਾਂ 'ਤੇ ਸਾਲ 2024-2025 ਦੌਰਾਨ 20 ਲੱਖ ਤੋਂ ਵੱਧ ਪੌਦੇ ਲਗਾਏ ਗਏ। ਸਕੂਲਾਂ ਵਿੱਚ ਵੀ 13 ਲੱਖਾਂ ਤੋਂ ਵੱਧ ਪੌਦੇ ਲਗਾਏ ਗਏ। ਉਨ੍ਹਾਂ ਸਕੂਲ ਸੰਚਾਲਕਾਂ ਨੂੰ ਅਪੀਲ ਕੀਤੀ ਕਿ ਆਗਾਮੀ ਵਣ ਮਹੋਤਸਵ ਦੌਰਾਨ ਵਿਦਿਆਰਥੀਆਂ ਨੂੰ ਜੰਗਲਾਂ ਦੇ ਮਹੱਤਵ ਬਾਰੇ ਜਾਗਰੂਕ ਕਰਨ। ਜੋ ਪੌਦੇ ਲਗਾਏ ਜਾ ਚੁੱਕੇ ਹਨ, ਉਨ੍ਹਾਂ ਦੀ ਦੇਖਭਾਲ ਵੀ ਜ਼ਰੂਰ ਕਰਨ, ਤਾਂ ਹੀ ਮੁਹਿਮ ਸਾਰਥਕ ਹੋ ਪਾਵੇਗੀ।ਮੰਤਰੀ ਰਾਓ ਨੇ ਕਿਹਾ ਕਿ ਜਲ ਸ਼ਕਤੀ ਮੁਹਿਮ ਤਹਿਤ ਗ੍ਰਾਮੀਣ ਵਿਕਾਸ ਵਿਭਾਗ ਦੇ ਸਹਿਯੋਗ ਨਾਲ ਪੌਦਾਰੋਪਣ ਕੀਤਾ ਗਿਆ। ਇਸ ਲੜੀ ਵਿੱਚ ਅੰਮ੍ਰਿਤ ਸਰੋਵਰ ਮੁਹਿਮ ਤਹਿਤ ਸੂਬੇ ਵਿੱਚ 2200 ਤੋਂ ਵੱਧ ਤਾਲਾਬਾਂ 'ਤੇ ਪਿੱਪਲ, ਬੜ ਤੇ ਨਿੰਮ ਦੀ ਤ੍ਰਿਵੇਣੀ ਲਗਾਈ ਗਈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਵਣ ਵਿਭਾਗ ਦੀ ਵਣ ਮਿੱਤਰ ਯੋਜਨਾ ਨਾਲ ਜੁੜਨ ਅਤੇ ਕੁਦਰਤ ਦੀ ਸੁੰਦਰਤਾ ਨੂੰ ਬਣਾਈ ਰੱਖਣ ਲਈ ਵੱਧ ਤੋਂ ਵੱਧ ਪੌਦੇ ਲਗਾਉਣ।ਉਨ੍ਹਾਂ ਕਿਹਾ ਕਿ ਪ੍ਰਾਣ ਵਾਯੂ ਦੇਵਤਾ ਪੈਨਸ਼ਨ ਸਕੀਮ ਵੀ ਹਰਿਆਣਾ ਦੀ ਇੱਕ ਅਨੋਖੀ ਯੋਜਨਾ ਹੈ, ਜਿਸ ਦੇ ਤਹਿਤ 75 ਸਾਲ ਤੋਂ ਵੱਧ ਪੁਰਾਣੇ ਦਰੱਖਤਾਂ ਦੀ ਸੁਰੱਖਿਆ ਕੀਤੀ ਜਾਂਦੀ ਹੈ ਅਤੇ ਇਸ ਨਾਲ ਜੁੜੇ ਵਿਅਕਤੀ ਨੂੰ 3000 ਰੁਪਏ ਸਾਲਾਨਾ ਪੈਨਸ਼ਨ ਦਿੱਤੀ ਜਾਂਦੀ ਹੈ। ਉਸੇ ਲੜੀ ਵਿੱਚ ਸਾਲ 2023-2024 ਦੌਰਾਨ ਦਰੱਖਤਾਂ ਦੇ ਰੱਖਿਅਕਾਂ ਨੂੰ 2750 ਰੁਪਏ ਪ੍ਰਤੀ ਸਾਲ ਦੇ ਹਿਸਾਬ ਨਾਲ ਰਕਮ ਸਿੱਧੇ ਉਨ੍ਹਾਂ ਦੇ ਖਾਤਿਆਂ ਵਿੱਚ ਟ੍ਰਾਂਸਫਰ ਕੀਤੀ ਗਈ।

# ਸੂਲ ਸੁਰਾਹੀ ਸਾਹਿਤ ਕੇਂਦਰ ਵੱਲੋਂ ਪਹਿਲਗਾਮ ਤੇ ਜੰਗੀ ਸ਼ਹੀਦਾਂ ਨੂੰ ਸ਼ਰਧਾਂਜਲੀ



ਖਰੜ (ਹਰਨਾਮ ਸਿੰਘ ਡੱਲਾ)- ਸੂਲ ਸੁਰਾਹੀ ਸਾਹਿਤ ਕੇਂਦਰ ਖਰੜ ਵੱਲੋਂ ਅੱਤਵਾਦੀਆਂ ਵਲੋਂ ਪਹਿਲਗਾਮ ਵਿੱਚ ਮਾਰੇ ਗਏ ਬੇਕਸੂਰ ਲੋਕਾਂ ਅਤੇ ਪਾਕਿਸਤਾਨ ਵਲੋਂ ਗੋਲੀਬਾਰੀ ਵਿੱਚ ਸ਼ਹੀਦ ਹੋਏ ਜਵਾਨਾਂ ਤੇ ਭਾਰਤੀ ਨਾਗਰਿਕਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਉੱਘੇ ਸਾਹਿਤਕਾਰ ਅਤੇ ਚਿੰਤਕ ਪ੍ਰਿੰਸੀਪਲ ਮੋਹਣ ਲਾਲ ਰਾਹੀ ਦੀ ਪ੍ਰਧਾਨਗੀ ਹੇਠ ਸ੍ਰੀ ਗੁਰੂ ਰਵਿਦਾਸ ਭਵਨ ਖਰੜ ਵਿਖੇ ਹੋਈ ਇਸ ਇਕੱਤਰਤਾ ਵਿੱਚ ਡਾਕਟਰ ਸੌਦਾਗਰ ਸਿੰਘ ਪਾਲ, ਤਰਸੇਮ ਸਿੰਘ ਕਾਲੇਵਾਲ, ਹਿੱਤ ਅਭਿਲਾਸ਼ੀ ਹਿੱਤ, ਹਰਿੰਦਰਜੀਤ ਸਿੰਘ ਸਾਕੀ, ਜਸਵਿੰਦਰ ਕੌਰ, ਜਗਦੇਵ ਸਿੰਘ ਰਡਿਆਲਾ, ਸਵਰਨ ਸਿੰਘ ਸ਼ਾਨ, ਗੁਰਪ੍ਰੀਤ ਸਿੰਘ, ਉੱਘੇ ਪੱਤਰਕਾਰ ਜੈ ਸਿੰਘ ਛਿੱਬਰ, ਪ੍ਰਿੰਸੀਪਲ ਹਰਚਰਨ ਸਿੰਘ, ਜੰਗ ਸਿੰਘ, ਰਾਜੇਸ਼ ਕੁਮਾਰ, ਮਲਕੀਤ ਸਿੰਘ ਨਾਗਰਾ, ਡਾਕਟਰ ਜਰਨੈਲ ਸਿੰਘ ਬਰਨਾਲਾ, ਹਰਨਾਮ ਸਿੰਘ ਡੱਲਾ ਅਤੇ ਦਿਲਬਾਗ ਸਿੰਘ ਨੇ ਭਾਗ ਲਿਆ। ਇਸ ਮੌਕੇ ਜੁੜੇ ਸਾਹਿਤਕਾਰਾਂ ਨੇ ਦੋਵਾਂ ਦੇਸ਼ਾਂ ਵਲੋਂ ਜੰਗ ਦੇ ਖਾਤਮੇ ਲਈ ਕੀਤੇ ਅਮਨ ਸ਼ਾਂਤੀ ਦੇ ਅਹਿਦ ਦੀ ਸ਼ਲਾਘਾ ਕਰਦਿਆਂ ਖੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਉਪਰੰਤ ਹਾਜ਼ਰ ਸਾਹਿਤਕਾਰਾਂ ਨੇ ਆਪੋ ਆਪਣੀਆਂ ਰਚਨਾਵਾਂ ਰਾਹੀਂ ਅਮਨ ਦੀ ਕਾਮਨਾ ਕੀਤੀ। ਸਾਹਿਤਕ ਦੌਰ ਦੌਰਾਨ ਗੀਤਕਾਰ ਤਰਸੇਮ ਸਿੰਘ ਕਾਲੇਵਾਲ ਨੇ ਗੀਤ, ਜਗਦੇਵ ਸਿੰਘ ਰਡਿਆਲਾ ਨੇ ਕਵਿਤਾ 'ਰੱਬ ਤੇ ਬੰਦਾ', ਹਿੱਤ ਅਭਿਲਾਸ਼ੀ ਹਿੱਤ ਨੇ ਗ਼ਜ਼ਲ, ਜੈ ਸਿੰਘ ਛਿੱਬਰ ਨੇ ਦੋ ਕਵਿਤਾਵਾਂ 'ਧਰਮ' ਤੇ 'ਜੰਗ', ਡਾਕਟਰ ਸੌਦਾਗਰ ਸਿੰਘ ਨੇ ਗ਼ਜ਼ਲ, ਮਲਕੀਤ ਸਿੰਘ ਨਾਗਰਾ ਨੇ ਤਰੰਨਮ ਵਿੱਚ ਗੀਤ, ਡਾਕਟਰ ਜਰਨੈਲ ਸਿੰਘ ਬਰਨਾਲਾ ਨੇ ਕਵਿਤਾ ਅਤੇ ਹਰਨਾਮ ਸਿੰਘ ਡੱਲਾ ਨੇ ਤਰੰਨਮ ਵਿੱਚ ਗ਼ਜ਼ਲ ਸੁਣਾਈ। ਅੰਤ ਵਿੱਚ ਪ੍ਰਿੰਸੀਪਲ ਮੋਹਣ ਲਾਲ ਰਾਹੀ ਨੇ ਪੰਜਾਬ ਦੇ ਪ੍ਰਗਤੀਵਾਦੀ ਲੇਖਕਾਂ ਵਲੋਂ ਜੰਗਬੰਦੀ ਲਈ ਕਿਤੇ ਵੀ ਉਠਾਈ ਆਵਾਜ਼ ਦੀ ਸ਼ਲਾਘਾ ਕੀਤੀ ਗਈ ਅਤੇ ਹਾਜ਼ਰ ਸਾਹਿਤਕਾਰਾਂ ਨੂੰ ਮਿਆਰੀ ਸਾਹਿਤ ਨਾਲ ਜੁੜਨ ਦੀ ਸਲਾਹ ਵੀ ਦਿੱਤੀ।

# ਅੱਜ ਬਲਾਚੌਰ 'ਚ ਬਿਜਲੀ ਬੰਦ ਰਹੇਗੀ

ਬਲਾਚੌਰ (ਜਸਵਿੰਦਰ ਬੈਂਸ)- ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਵੀਜ਼ਨ ਬਲਾਚੌਰ ਦੇ ਵੰਡ ਉੱਪ ਮੰਡਲ ਨੰਬਰ-1 ਪਾਵਰਕਾਮ ਬਲਾਚੌਰ ਅਧੀਨ ਪੈਂਦੇ ਬਿਜਲੀ ਖਪਤਕਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ 66 ਕੇਵੀ ਸਬ-ਸਟੇਸ਼ਨ ਬਲਾਚੌਰ ਵਿਖੇ ਬਿਜਲੀ ਲਾਈਨਾਂ ਦੀ ਜ਼ਰੂਰੀ ਮੁਰੰਮਤ ਕਾਰਨ 66 ਕੇ ਵੀ ਸਬ ਸਟੇਸ਼ਨ ਬਲਾਚੌਰ ਤੋਂ ਚਲਦੇ 11 ਕੇਵੀ ਸ਼ਹਿਰ ਦੀ ਬਿਜਲੀ 12 ਮਈ ਨੂੰ ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ 3 ਵਜੇ ਤੱਕ ਬੰਦ ਰਹੇਗੀ। ਚੱਲ ਰਹੇ ਤਕਨੀਕੀ ਕੰਮਾਂ ਨੂੰ ਮੁਕੰਮਲ ਕਰਨ ਲਈ ਸਮੇਂ ਨੂੰ ਘਟਾਇਆ ਜਾ ਵਧਾਇਆ ਵੀ ਜਾ ਸਕਦਾ ਹੈ।ਇਸ ਫੀਲਡ ਅਧੀਨ ਚਲ ਰਹੇ ਖੇਤਰ ਮੇਨ ਚੌਂਕ ਬਲਾਚੌਰ, ਗੁਰੂ ਰਵਿਦਾਸ ਮੁਹੱਲਾ, ਟਿੱਕਾ ਮਾਰਕੀਟ, ਚੌਧਰੀ ਮਾਰਕੀਟ, ਘਈ ਮਾਰਕੀਟ, ਟੀਚਰ ਕਲੋਨੀ, ਸੂਰੀ ਹਸਪਤਾਲ, ਬੈਂਸ ਹਸਪਤਾਲ, ਜੇ.ਪੀ. ਹਸਪਤਾਲ, ਬਾਦਲ ਮਾਰਕੀਟ, ਮਾਡਲ ਟਾਊਨ, ਸੈਲਰ ਕਲੋਨੀ, ਅਨਾਜ ਮੰਡੀ ਅਤੇ ਪੈਟਰੋਲ ਪੰਪ ਬੂਲੇਵਾਲ ਮੋੜ ਆਦਿ ਦੀ ਬਿਜਲੀ ਸਪਲਾਈ ਤੋਂ ਪ੍ਰਭਾਵਿਤ ਰਹਿਣਗੇ। ਜਿਸ ਵਿਚ ਮੌਸਮ ਦੀ ਖਰਾਬੀ ਕਾਰਨ ਸਮਾਂ ਘਟਾਇਆ ਜਾ ਬਦਲਿਆ ਵੀ ਜਾ ਸਕਦਾ ਹੈ।ਇਹ ਜਾਣਕਾਰੀ ਵੰਡ ਉਪ ਮੰਡਲ ਇੰਜੀਨੀਅਰ ਜਸਵਿੰਦਰ ਪਾਲ ਜੇਈ ਵੱਲੋਂ ਦਿੱਤੀ ਗਈ।

# ਜਲੰਧਰ ਡਵੀਜ਼ਨ ਕਮਿਸ਼ਨਰ ਦਾ ਦਫਤਰ ਘੇਰਨ ਲਈ 26-28 ਨੂੰ ਟੱਬਰਾਂ ਸਮੇਤ ਪੁੱਜੋ : ਦਾਊਦ

ਜਲੰਧਰ (ਰਾਜੇਸ਼ ਥਾਪਾ)- ਸਾਥੀ ਦਰਸ਼ਨ ਨਾਹਰ ਦੀ ਪ੍ਰਧਾਨਗੀ ਹੇਠ ਹੋਈ ਦਿਹਾਤੀ ਮਜ਼ਦੂਰ ਸਭਾ ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਬੋਲਦਿਆਂ ਸਭਾ ਦੇ ਸੂਬਾਈ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ ਨੇ ਕਿਹਾ ਕਿ ਪਹਿਲਗਾਮ ਵਿਖੇ ਦਰਜਨਾਂ ਬੇਗੁਨਾਹਾਂ ਦਾ ਖ਼ੂਨ ਵਹਾਉਣ ਵਾਲੇ ਅੱਤਵਾਦੀਆਂ ਖਿਲਾਫ਼ ਕੀਤੀ ਗਈ ਕਿਸੇ ਵੀ ਕਾਰਵਾਈ ਦਾ ਡਟਵਾਂ ਸਮਰਥਨ ਕਰਨਾ ਬਣਦਾ ਹੈ। ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਸੂਬਾਈ ਪ੍ਰੈੱਸ ਸਕੱਤਰ ਬਲਦੇਵ ਨੂਰਪੁਰੀ ਨੇ ਦੱਸਿਆ ਕਿ ਮਨਰੇਗਾ ਤਹਿਤ ਸਾਰੇ ਪਰਵਾਰ ਨੂੰ ਸਾਰਾ ਸਾਲ ਕੰਮ ਅਤੇ 700 ਰੁਪਏ ਦਿਹਾੜੀ ਦਿੱਤੇ ਜਾਣ, ਕੀਤੇ ਕੰਮ ਦੇ ਪੈਸੇ ਸਮੇਂ ਸਿਰ ਦਿੱਤੇ ਜਾਣ, ਬੁਢਾਪਾ-ਵਿਧਵਾ-



ਅੰਗਹੀਣ-ਆਸ਼ਰਿਤ ਪੈਨਸ਼ਨ ਪੰਜ ਹਜ਼ਾਰ ਰੁਪਏ ਮਹੀਨਾ ਕਰਨ ਅਤੇ ਉਮਰ ਹੱਦ ਔਰਤਾਂ ਲਈ 55 ਸਾਲ ਤੇ ਮਰਦਾਂ ਲਈ 58 ਸਾਲ ਤੈਅ ਕਰਨ, ਬੇਘਰੇ-ਲੋੜਵੰਦਾਂ ਨੂੰ 10-10 ਮਰਲੇ ਦੇ ਰਿਹਾਇਸ਼ੀ ਪਲਾਟ ਤੇ ਮਕਾਨ ਬਣਾਉਣ ਲਈ ਪੰਜ ਲੱਖ ਰੁਪਏ ਦੀ ਗ੍ਰਾਂਟ ਦੇਣ, ਵਸੋਂ ਨੂੰ ਇਕਸਾਰ ਤੇ ਮਿਆਰੀ ਸਿੱਖਿਆ ਤੇ ਸਿਹਤ ਸਹੂਲਤਾਂ ਅਤੇ ਪੀਣ ਵਾਲਾ ਸਵੱਛ ਪਾਣੀ ਮੁਫ਼ਤ ਦਿੱਤੇ ਜਾਣ, ਗਰੀਬਾਂ ਦੇ ਸਰਕਾਰੀ, ਗੈਰ ਸਰਕਾਰੀ ਬੈਂਕਾਂ, ਮਾਈਕਰੋ ਫਾਇਨਾਂਸ ਕੰਪਨੀਆਂ ਸਮੇਤ ਸਾਰੇ ਕਰਜ਼ੇ ਮੁਆਫ਼ ਕੀਤੇ ਜਾਣ, ਸਰਵਪੱਖੀ ਜਨਤਕ ਵੰਡ ਪ੍ਰਣਾਲੀ ਲਾਗੂ ਕਰਕੇ ਨਿਤ ਵਰਤੋਂ ਦੀਆਂ ਸਾਰੀਆਂ ਜ਼ਰੂਰੀ ਵਸਤਾਂ ਡਿਪੂਆਂ ਰਾਹੀਂ ਸਸਤੇ ਭਾਅ 'ਤੇ ਦਿੱਤੇ ਜਾਣ, ਜਾਤੀ-ਪਾਤੀ ਤੇ ਲਿੰਗਕ ਜ਼ੁਲਮ ਤੇ ਵਿਤਕਰਾ ਅਤੇ ਪੁਲਸ ਜਬਰ 'ਤੇ ਸਖਤੀ ਨਾਲ ਰੋਕ ਲਾਉਣ ਆਦਿ ਮੰਗਾਂ ਦੀ ਪ੍ਰਾਪਤੀ ਲਈ ਤਿੱਖਾ, ਬੱਝਵਾਂ ਸੰਘਰਸ਼ ਵਿੱਢਣ ਦਾ ਨਿਰਣਾ ਲਿਆ ਗਿਆ ਹੈ। ਇਸ ਫੈਸਲੇ ਤਹਿਤ ਉਕਤ ਮੰਗਾਂ ਦੀ ਪ੍ਰਾਪਤੀ ਲਈ, ਜਲੰਧਰ ਡਵੀਜ਼ਨ ਦੇ ਕਮਿਸ਼ਨਰ ਦੇ ਦਫਤਰ ਮੂਹਰੇ 26 ਮਈ ਤੋਂ 28 ਮਈ ਤੱਕ ਰਾਤ- ਦਿਨ ਦਾ ਧਰਨਾ ਮਾਰਿਆ ਜਾਵੇਗਾ। ਮੀਟਿੰਗ ਨੇ ਵੱਖੋ-ਵੱਖ ਤਬਕਾਤੀ ਸੰਗਠਨਾਂ ਵਲੋਂ ਮਿਹਨਤੀ ਆਵਾਮ, ਖਾਸ ਕਰਕੇ ਬੇਜ਼ਮੀਨੇ-ਸਾਧਨਹੀਨ ਪੇਂਡੂ ਕਿਰਤੀਆਂ ਨੂੰ ਅਸਲੋਂ ਕੰਗਾਲ ਕਰਕੇ ਅਡਾਨੀ-ਅੰਬਾਨੀ ਜਿਹੇ ਕਾਰਪੋਰੇਟਾਂ ਲੋਟੂਆਂ ਦੇ ਹਿਤ ਪੂਰਨ ਵਾਲੀਆਂ ਨਵ-ਉਦਾਰਵਾਦੀ ਨੀਤੀਆਂ ਖਿਲਾਫ਼ ਲੜੇ ਜਾ ਰਹੇ ਘੋਲਾਂ 'ਚ ਪੇਂਡੂ ਵਸੋਂ, ਖਾਸ ਕਰਕੇ, ਬੇਜ਼ਮੀਨੇ ਤੇ ਹਾਸ਼ੀਆਗਤ ਕਿਸਾਨਾਂ ਦੀ ਸ਼ਮੂਲੀਅਤ ਵਧਾਉਣ ਦੇ ਯਤਨ ਤੇਜ਼ ਕਰਨ ਦੀ ਠੋਸ ਵਿਉਂਤਬੰਦੀ ਕੀਤੀ ਹੈ। ਇਸ ਸੇਧ ਵਿਚ ਕੇਂਦਰੀ ਟਰੇਡ ਯੂਨੀਅਨਾਂ ਅਤੇ ਆਜ਼ਾਦ ਫੈਡਰੇਸ਼ਨਾਂ ਵਲੋਂ ਆਉਂਦੀ 20 ਮਈ ਨੂੰ ਕੀਤੀ ਜਾ ਰਹੀ ਇਕ ਦਿਨਾ ਹੜਤਾਲ 'ਚ ਵਧ-ਚੜ੍ਹ ਸ਼ਾਮਲ ਹੋਣ ਦਾ ਐਲਾਨ ਕਰਦਿਆਂ ਲੋਕਾਂ ਨੂੰ ਇਹ ਹੜਤਾਲ ਲਾਮਿਸਾਲ ਸਫਲ ਬਣਾਉਣ ਦੀ ਅਪੀਲ ਕੀਤੀ ਗਈ।ਕਿਰਤੀ ਵਸੋਂ ਨੂੰ ਭਾਰਤ ਦੇ ਇਨਕਲਾਬੀ ਵਿਰਸੇ ਨਾਲ ਜੋੜਨ ਲਈ, ਮਹਾਨ ਗ਼ਦਰੀ ਸ਼ਹੀਦ ਕਰਤਾਰਾ ਸਿੰਘ ਸਰਾਭਾ ਦੇ ਜਨਮ ਦਿਵਸ ਮੌਕੇ, 24 ਮਈ ਨੂੰ ਜਲੰਧਰ ਵਿਖੇ ਹੋਣ ਜਾ ਰਹੀ ਸੂਬਾ ਪੱਧਰੀ ਨੌਜਵਾਨ ਕਨਵੈਨਸ਼ਨ ਵਿੱਚ ਕਿਰਤੀ ਪਰਵਾਰਾਂ ਨਾਲ ਸਬੰਧਤ ਚੜ੍ਹਦੀ ਉਮਰ ਦੇ ਮੁੰਡੇ-ਕੁੜੀਆਂ ਭੇਜੇ ਜਾਣ ਦਾ ਵੀ ਫੈਸਲਾ ਕੀਤਾ ਗਿਆ।ਮੀਟਿੰਗ ਵਲੋਂ ਜੰਗ ਦੇ ਮਾਹੌਲ ਦਾ ਲਾਹਾ ਲੈ ਕੇ ਹੱਕੀ ਲੋਕ ਘੋਲਾਂ ਨੂੰ ਕੁਚਲਣ ਲਈ ਸੂਬੇ ਦੀ ਭਗਵੰਤ ਮਾਨ ਸਰਕਾਰ ਵਲੋਂ ਕੀਤੇ ਜਾ ਰਹੇ ਜਾਬਰ ਹੱਲਿਆਂ ਖਿਲਾਫ ਵੀ ਜੋਰਦਾਰ ਲੋਕ ਲਾਮਬੰਦੀ ਕਰਨ ਦਾ ਫੈਸਲਾ ਕੀਤਾ ਗਿਆ ਹੈ। ਆਰੰਭ ਵਿਚ ਸਦੀਵੀ ਵਿਛੋੜੇ ਸਭਾ ਦੀ ਸੂਬਾ ਵਰਕਿੰਗ ਕਮੇਟੀ ਦੇ ਸਾਬਕਾ ਮੈਂਬਰ, ਮਿਸਾਲੀ ਜਨਤਕ ਆਗੂ ਸਾਥੀ ਪਿਆਰਾ ਸਿੰਘ ਪਰਖ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

# ਬੇਦੀ ਨੇ ਨਰਵਾਨਾ 'ਚ ਖੁੱਲ੍ਹਾ ਦਰਬਾਰ ਲਗਾ ਕੇ ਸੁਣੀਆਂ ਸਮੱਸਿਆਵਾਂ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਹਰਿਆਣਾ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਸ੍ਰੀ ਕ੍ਰਿਸ਼ਨ ਕੁਮਾਰ ਬੇਦੀ ਨੇ ਅੱਜ ਨਰਵਾਨਾ ਦੇ ਪੀ ਡਬਲਿਊ ਡੀ ਰੈਸਟ ਹਾਊਸ ਵਿੱਚ ਖੁੱਲ੍ਹਾ ਦਰਬਾਰ ਲਗਾ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜਨ ਸਮੱਸਿਆਵਾਂ ਦੀ ਪ੍ਰਾਥਮਿਕਤਾ ਆਧਾਰ 'ਤੇ ਹੱਲ ਕਰ ਕੇ ਉਨ੍ਹਾਂ ਨੂੰ ਐਕਸ਼ਨ ਟੇਕਨ ਰਿਪੋਰਟ ਦੇਣ। ਬੇਦੀ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਸਰਕਾਰ ਅੰਤੋਂਦੇਯ ਉਥਾਨ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ, ਜਿਸ ਦੇ ਸਕਾਰਾਤਮਕ ਨਤੀਜੇ ਮਿਲ ਰਹੇ ਹਨ। ਕਿਸਾਨਾਂ ਦੀ ਐਮ ਐਸ ਪੀ 'ਤੇ ਫਸਲ ਖਰੀਦ ਕੀਤੀ ਜਾ ਰਹੀ ਹੈ ਅਤੇ ਨਿਰਧਾਰਤ ਸਮੇਂ ਵਿੱਚ ਭੁਗਤਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਹਰ ਵਰਗ ਲਈ ਕੰਮ ਕਰ ਰਹੀ ਹੈ। ਚੋਣਾਵੀ ਸੰਕਲਪ ਪੱਤਰ ਅਨੁਸਾਰ ਸਰਕਾਰ ਵਿਕਾਸ ਦੇ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨਰਵਾਨਾ ਖੇਤਰ ਵਿੱਚ ਲਗਾਤਾਰ ਵਿਕਾਸ ਕੰਮਾਂ ਨੂੰ ਪ੍ਰਾਥਮਿਕਤਾ ਦਿੱਤੀ ਜਾ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਖੇਤਰ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਅਨੇਕ ਪਰਿਯੋਜਨਾਵਾਂ ਸ਼ੁਰੂ ਕੀਤੀਆਂ ਜਾਣਗੀਆਂ। ਮੰਤਰੀ ਨੇ ਅਧਿਕਾਰੀਆਂ ਨੂੰ ਸਪਸ਼ਟ ਨਿਰਦੇਸ਼ ਦਿੱਤੇ ਹਨ ਕਿ ਨਰਵਾਨਾ ਖੇਤਰ ਦੇ ਕਿਸੇ ਵੀ ਨਾਗਰਿਕ ਨੂੰ ਮੁੱਢਲੀਆਂ ਸਹੂਲਤਾਂ ਲਈ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਨਹੀਂ ਹੋਣੀ ਚਾਹੀਦੀ। ਵਿਕਾਸ ਕੰਮਾਂ ਵਿੱਚ ਕੋਈ ਵੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਅੱਜ ਹਰਿਆਣਾ ਦੇ ਪਿੰਡ, ਸ਼ਹਿਰ, ਉਦਯੋਗ ਅਤੇ ਖੇਤੀਬਾੜੀ ਖੇਤਰ ਨਵੀਂ ਉਚਾਈਆਂ ਵੱਲ ਵਧ ਰਿਹਾ ਹੈ। ਸੜਕ, ਸਿੱਖਿਆ, ਸਿਹਤ, ਰੁਜ਼ਗਾਰ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਜੋ ਗਤੀ ਮੌਜੂਦਾ ਸਰਕਾਰ ਨੇ ਦਿੱਤੀ ਹੈ, ਉਸ ਦੀ ਮਿਸਾਲ ਪੂਰੇ ਦੇਸ਼ ਵਿੱਚ ਦਿੱਤੀ ਜਾ ਰਹੀ ਹੈ। ਸੁਸਾਸ਼ਨ, ਪਾਰਦਰਸ਼ਤਾ ਅਤੇ ਤਕਨੀਕ ਦੀ ਕੁਸ਼ਲ ਵਰਤੋਂ ਨਾਲ ਸਾਸ਼ਨ ਪ੍ਰਣਾਲੀ ਵਿੱਚ ਆਮ ਜਨਤਾ ਦਾ ਭਰੋਸਾ ਹੋਰ ਵੱਧ ਮਜ਼ਬੂਤ ਹੋਇਆ ਹੈ।

# ਕਲੇਰ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ ਮੁਲਤਵੀ



ਬੰਗਾ (ਅਵਤਾਰ ਕਲੇਰ)- ਜੱਦੀ ਜਠੇਰੇ ਨੰਗਲ ਖੇੜਾ (ਫਗਵਾੜਾ) ਵਿਖੇ ਕਲੇਰ ਪ੍ਰਬੰਧਕ ਕਮੇਟੀ ਦੀ ਮੀਟਿੰਗ ਕਮੇਟੀ ਦੇ ਚੇਅਰਮੈਨ ਕੁਲਦੀਪ ਕਲੇਰ ਅਤੇ ਕਮੇਟੀ ਦੇ ਪ੍ਰਧਾਨ ਜਗਦੀਸ਼ ਕਲੇਰ ਦੀ ਪ੍ਰਧਾਨਗੀ ਹੇਠ ਜਠੇਰਿਆਂ ਦੇ ਸਥਾਨ ਨੰਗਲ ਖੇੜਾ (ਫਗਵਾੜਾ) ਵਿਖੇ ਹੋਈ। ਮੀਟਿੰਗ ਵਿੱਚ ਸਰਬਸੰਮਤੀ ਨਾਲ ਇਹ ਫੈਸਲਾ ਕੀਤਾ ਗਿਆ ਕਿ ਸਾਲਾਨਾ ਜੋੜ ਮੇਲਾ ਜੋ ਕਿ 18 ਮਈ ਨੂੰ ਜਠੇਰਿਆਂ ਦੇ ਦਰਬਾਰ ਨੰਗਲ ਖੇੜਾ (ਫਗਵਾੜਾ) ਵਿਖੇ ਮਨਾਇਆ ਜਾਣਾ ਸੀ। ਭਾਰਤ- ਪਾਕਿਸਤਾਨ ਤਣਾਅ ਕਾਰਨ ਅਤੇ ਮੌਜੂਦਾ ਹਾਲਾਤ ਨੂੰ ਦੇਖਦੇ ਹੋਏ ਇਹ ਸਾਲਾਨਾ ਮੇਲਾ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤਾ ਗਿਆ ਹੈ। ਮੌਜੂਦਾ ਖਰਾਬ ਹਾਲਾਤ ਕਾਰਨ ਪ੍ਰਸ਼ਾਸਨ ਮੇਲਾ/ਇਕੱਠ ਕਰਨ ਦੀ ਆਗਿਆ ਨਹੀਂ ਦਿੰਦਾ। ਇਸ ਇਹ ਮੇਲਾ ਮੁਲਤਵੀ ਕਰ ਦਿੱਤਾ ਗਿਆ ਹੈ। ਸਾਰੇ ਹੀ ਕਲੇਰ ਪਰਵਾਰਾਂ ਨੂੰ ਬੇਨਤੀ ਹੈ ਕਿ ਪ੍ਰਸ਼ਾਸਨ ਦੇ ਹੁਕਮਾਂ ਦੀ ਪਾਲਣਾ ਕੀਤੀ ਜਾਵੇ। ਇਸ ਮੌਕੇ ਚੇਅਰਮੈਨ ਕੁਲਦੀਪ ਕਲੇਰ, ਪ੍ਰਧਾਨ ਜਗਦੀਸ਼ ਕਲੇਰ, ਖਜਾਨਚੀ ਸੁਰਜੀਤ ਸਿੰਘ ਖੇੜਾ, ਰੇਸ਼ਮ ਨੰਗਲ, ਅਵਤਾਰ ਕਲੇਰ, ਅਮਰਜੀਤ ਕਲੇਰ, ਨਛੱਤਰ ਕਲੇਰ, ਮੋਹਣ ਲਾਲ, ਨਰਿੰਦਰ ਪਾਲ, ਇੰਦਰਜੀਤ ਕਲੇਰ, ਚੈਂਚਲ ਰਾਮ, ਮੁਕੰਦ ਲਾਲ, ਭੁਪਿੰਦਰ ਕਲੇਰ, ਕਾਲਾ ਆਦਿ ਹਾਜ਼ਰ ਸਨ।

# ਬੀ ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ 'ਚ ਮਨਾਇਆ ਮਾਂ ਦਿਵਸ



ਲੋਹੀਆਂ ਖਾਸ (ਯੋਗੇਸ਼ਵਰ)- ਬੀ ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ, ਵਾੜਾ ਜੋਧ ਸਿੰਘ ਵਿਖੇ ਕਰੇਜ ਹਾਊਸ ਦੀ ਅਗਵਾਈ ਹੇਠ 8 ਮਈ ਨੂੰ ਮਦਰ ਡੇ ਨੂੰ ਸਮਰਪਿਤ ਮਸਤੀ ਕੀ ਪਾਠਸ਼ਾਲਾ ਵਿੱਚ ਵਿਸ਼ੇਸ਼ ਗਤੀਵਿਧੀਆਂ ਕਰਵਾਈ ਗਈਆਂ ਜਿਸ ਵਿੱਚ ਵਿਦਿਆਰਥੀਆਂ ਨੂੰ ਮਦਰ ਡੇ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੇ ਮਾਤਾ ਪ੍ਰਤੀ ਆਪਣੇ ਪਿਆਰ ਅਤੇ ਆਦਰ ਨੂੰ ਵੱਖ-ਵੱਖ ਗਤੀਵਿਧੀਆਂ ਰਾਹੀਂ ਪ੍ਰਗਟ ਕੀਤਾ। ਕਿੰਡਰ ਗਾਰਟਨ ਦੇ ਨੰਨ੍ਹੇ ਮੁੰਨੇ ਵਿਦਿਆਰਥੀਆਂ ਨੇ ਮਾਂ ਨੂੰ ਸਮਰਪਤ ਭਾਵਪੂਰਨ ਕਵਿਤਾਵਾਂ ਪੇਸ਼ ਕੀਤੀਆਂ। ਕਲਾਸ ਪਹਿਲੀ ਤੋਂ ਅੱਠਵੀਂ ਤੱਕ ਦੇ ਵਿਦਿਆਰਥੀਆਂ ਨੇ ਮਾਂ ਲਈ ਪਿਆਰ ਭਰੇ ਸ਼ਬਦਾਂ ਵਿੱਚ ਆਪਣੀਆਂ ਭਾਵਨਾਵਾਂ ਪੇਸ਼ ਕੀਤੀਆਂ ਅਤੇ ਮਾਂ ਲਈ ਸੁੰਦਰ ਫੋਟੋ ਫਰੇਮ, ਕਾਰਡ ਆਦਿ ਬਣਾ ਕੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਸਕੂਲ ਦੇ ਐਮ ਡੀ ਸੱਦਾਮ ਖਾਨ ਅਤੇ ਪ੍ਰਿੰਸੀਪਲ ਸ੍ਰੀਮਤੀ ਨੀਤਿਮਾ ਨੇ ਵਿਦਿਆਰਥੀਆਂ ਨੂੰ ਆਪਣੀ ਮਾਤਾ ਦਾ ਆਗਿਆਕਾਰੀ ਬਣਨ, ਉਹਨਾਂ ਵੱਲੋਂ ਦਿੱਤੇ ਗਏ ਸੰਸਕਾਰਾਂ ਤੇ ਚੱਲਣ, ਹਮੇਸ਼ਾ ਉਹਨਾਂ ਨੂੰ ਸਹਿਯੋਗ ਅਤੇ ਸਤਿਕਾਰ ਦੇਣ ਦੀ ਪ੍ਰੇਰਨਾ ਦਿੱਤੀ।

# 'ਦੋਵਾਂ ਦੇਸ਼ਾਂ ਦੇ ਹੁਕਮਰਾਨ ਜੰਗ ਦਾ ਮਾਹੌਲ ਬਣਾਈ ਰੱਖਣਾ ਚਾਹੁੰਦੇ ਆ'

ਸ਼ਾਹਕੋਟ (ਗਿਆਨ ਸੈਦਪੁਰੀ)- 'ਭਾਰਤ-ਪਾਕਿਸਤਾਨ ਦਰਮਿਆਨ ਜੰਗ ਦੇ ਬੱਦਲ ਛਟ ਜਾਣ ਅਤੇ ਹੱਦਾਂ ਸਰਹੱਦਾਂ 'ਤੇ ਅਮਨ ਦੀਆਂ ਘੁੱਗੀਆਂ ਦੀ ਆਵਾਜ਼ ਸੁਣਨ ਦੇ ਆਸਾਰ ਬਣਨ ਵਿੱਚ ਦੋਵਾਂ ਹਕੂਮਤਾਂ ਦੇ ਦਾਅਵਿਆਂ 'ਚ ਕੋਈ ਦਮ ਨਜ਼ਰ ਨਹੀਂ ਆਉਂਦਾ ਸਗੋਂ ਜੇ ਜਿੱਤ ਹੋਈ ਹੈ ਤਾਂ ਉਹ ਚੜ੍ਹਦੇ ਤੇ ਲਹਿੰਦੇ ਪੰਜਾਬ ਦੇ ਲੋਕਾਂ ਦੀ ਹੋਈ ਹੈ। ਜੰਗ ਕਿਸੇ ਮਸਲੇ ਦਾ ਹੱਲ ਨਹੀਂ ਸਗੋਂ ਇਹ ਖ਼ੁਦ ਹੀ ਮਸਲਾ ਹੈ'। ਉਕਤ ਭਾਵਨਾਵਾਂ ਉਸ ਵਿਚਾਰ ਵਟਾਂਦਰੇ ਦਾ ਲਗਭਗ ਨਿਚੋੜ ਹੈ, ਜੋ ਐਤਵਾਰ ਨੂੰ ਤਰਕਸ਼ੀਲ ਸੁਸਾਇਟੀ ਪੰਜਾਬ ਦੀ ਇਕਾਈ ਸ਼ਾਹਕੋਟ, ਪੰਜਾਬ ਖੇਤ ਮਜ਼ਦੂਰ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਅਤੇ ਡੀ. ਟੀ. ਐਫ. ਨੇ ਉਚੇਚ ਨਾਲ ਕੀਤਾ। ਇਸ ਵਿਚਾਰ ਚਰਚਾ ਵਿੱਚ ਇਹ ਗੱਲ ਵੀ ਨੁਕਤਾ-ਏ-ਨਜ਼ਰ ਰਹੀ ਕਿ ਭਾਰਤ ਤੇ ਪਾਕਿਸਤਾਨ ਦੇ ਹੁਕਮਰਾਨ ਜੰਗ ਨਹੀਂ ਚਾਹੁੰਦੇ ਸਗੋਂ ਜੰਗ ਦਾ ਮਾਹੌਲ ਬਣਾਈ ਰੱਖਣਾ ਚਾਹੁੰਦੇ ਹਨ, ਤਾਂ ਕਿ ਆਪੋ ਆਪਣੇ ਦੇਸ਼ ਦੇ ਲੋਕਾਂ ਦੇ ਦੁੱਖਾਂ ਦਰਦਾਂ ਦੀ ਅਣਦੇਖੀ ਤੇ ਜ਼ਿੰਮੇਵਾਰੀ ਦੇ ਅਣਗੌਲੇਪਣ ਤੋਂ ਲੋਕਾਂ ਅੰਦਰ ਪਨਪ ਰਹੇ ਰੋਹ ਨੂੰ ਹੋਰ ਪਾਸੇ



ਖਾਰਜ ਕੀਤਾ ਜਾ ਸਕੇ। ਪਹਿਲਗਾਮ ਦਾ ਘਿਨਾਉਣਾ ਕਾਂਡ ਵਾਪਰਨ ਵੇਲੇ ਸੈਲਾਨੀਆਂ ਦੀ ਸੁਰੱਖਿਆ ਨਾ ਹੋਣ ਦੇ ਉੱਠੇ ਸਵਾਲ ਦਾ ਸਰਕਾਰ ਵੱਲੋਂ ਅਜੇ ਤੱਕ ਤਸੱਲੀਬਖਸ਼ ਜਵਾਬ ਨਾ ਆਉਣਾ ਵੀ ਵਿਚਾਰ ਚਰਚਾ ਦਾ ਹਿੱਸਾ ਬਣਿਆ।ਵਿਚਾਰ ਚਰਚਾ ਵਿੱਚ ਦੋਵਾਂ ਦੇਸ਼ਾਂ ਵੱਲੋਂ ਮਿਜ਼ਾਇਲਾਂ ਦੇ ਅਦਾਨ ਪ੍ਰਦਾਨ ਵੇਲੇ ਕੌਮੀ ਟੀ ਵੀ ਚੈਨਲਾਂ ਵੱਲੋਂ ਨਿਭਾਈ ਗਈ ਨਾਂਹ ਪੱਖੀ ਭੂਮਿਕਾ ਦੀ ਵੀ ਸਖ਼ਤ ਨਿੰਦਾ ਕੀਤੀ ਗਈ। ਉੱਘੇ ਪੱਤਰਕਾਰ ਰਵੀਸ਼ ਕੁਮਾਰ ਵੱਲੋਂ ਗੋਲੀਆਂ ਦੀਆਂ ਆਵਾਜ਼ਾਂ ਦੌਰਾਨ ਵੀ ਨਿਰਭੈ ਅਤੇ ਸੰਤੁਲਨ ਟਿੱਪਣੀਆਂ ਕੀਤੇ ਜਾਣ ਦੀ ਸ਼ਲਾਘਾ ਕੀਤੀ ਗਈ।ਵਿਚਾਰ ਚਰਚਾ ਦੀ ਲਗਾਤਾਰਤਾ ਬਣਾਈ ਰੱਖਣ ਦੇ ਸੁਝਾਵਾਂ ਨਾਲ ਮੀਟਿੰਗ ਸਮਾਪਤ ਹੋਈ। ਇਸ ਵਿਚਾਰ ਵਟਾਂਦਰੇ ਵਿੱਚ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ, ਤਰਕਸ਼ੀਲ ਮੈਗਜੀਨ ਦੇ ਮੁੱਖ ਪ੍ਰਬੰਧਕ ਸੁਖਵਿੰਦਰ ਬਾਗਪੁਰ, ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਜ਼ਿਲ੍ਹਾ ਆਗੂ ਮਾਸਟਰ ਗੁਰਚਰਨ ਸਿੰਘ ਚਾਹਲ, ਤਰਕਸ਼ੀਲ ਆਗੂ ਜਿੰਦਰ ਬਾਗਪੁਰ, ਡੀ ਟੀ ਐਫ ਦੇ ਆਗੂ ਗੁਰਮੀਤ ਕੋਟਲੀ, ਮਜ਼ਦੂਰ ਆਗੂ ਸੁਖਜਿੰਦਰ ਲਾਲੀ, ਦੇਸ ਰਾਜ ਜਾਫਰਵਾਲ, ਅਸ਼ਵਨੀ ਭੁੱਟੋ, ਗੁਰਦੇਵ ਸਿੰਘ ਨਵਾਂ ਕਿਲਾ ਆਦਿ ਸ਼ਾਮਿਲ ਹੋਏ।

# ਜ਼ਿਲ੍ਹੇ 'ਚ ਅੱਜ ਤੋਂ ਆਮ ਵਾਂਗ ਲੱਗਣਗੇ ਸਕੂਲ-ਕਾਲਜ

ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸੈਣੀ)- ਹੁਸ਼ਿਆਰਪੁਰ ਜ਼ਿਲ੍ਹੇ ਦੇ ਸਾਰੇ ਸਕੂਲ-ਕਾਲਜ ਮਿਤੀ 12 ਮਈ ਦਿਨ ਸੋਮਵਾਰ ਤੋਂ ਆਮ ਵਾਂਗ ਲੱਗਣਗੇ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਭਾਰਤ ਅਤੇ ਪਾਕਿਸਤਾਨ ਵਿਚਾਲੇ ਤਣਾਅ ਕਾਰਨ ਪੈਦਾ ਹੋਈ ਸੰਕਟਕਾਲੀਨ ਸਥਿਤੀ ਨੂੰ ਦੇਖਦਿਆਂ ਜ਼ਿਲ੍ਹੇ ਦੇ ਸਾਰੇ ਸਕੂਲ-ਕਾਲਜ 11 ਮਈ ਤੱਕ ਬੰਦ ਕਰ ਦਿੱਤੇ ਗਏ ਸਨ। ਉਨ੍ਹਾਂ ਕਿਹਾ ਕਿ ਹੁਣ ਜੰਗਬੰਦੀ ਤੋਂ ਬਾਅਦ ਜ਼ਿਲ੍ਹੇ ਵਿਚ ਹਾਲਾਤ ਬਿਲਕੁਲ ਆਮ ਵਾਂਗ ਹੋ ਗਏ ਹਨ। ਇਸ ਲਈ ਭਲਕੇ ਤੋਂ ਜ਼ਿਲ੍ਹੇ ਦੇ ਸਕੂਲ-ਕਾਲਜ ਨਿਰਧਾਰਤ ਸਮਾਂ ਸਾਰਣੀ ਅਨੁਸਾਰ ਲੱਗਣਗੇ। ਉਨ੍ਹਾਂ ਬੇਹੱਦ ਤਣਾਅਪੂਰਨ ਮਾਹੌਲ ਦੌਰਾਨ ਜ਼ਿਲ੍ਹਾ ਵਾਸੀਆਂ ਵੱਲੋਂ ਮਿਲੇ ਭਰਵੇਂ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕੀਤਾ।

# ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ ਵਿੱਚ ਮਾਂ ਦਿਵਸ ਮਨਾਇਆ



ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)- ਬਾਬੇ ਕੇ ਸੀਨੀਅਰ ਸੈਕੰਡਰੀ ਸਕੂਲ (ਵਾੜਾ ਜੋਧ ਸਿੰਘ) ਵਿੱਚ ਮਾਂ ਦਿਵਸ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਭਾਸ਼ਣ, ਨਾਟਕ ਅਤੇ ਗੀਤ ਰਾਹੀਂ ਮਾਂ ਦੀ ਜ਼ਿੰਦਗੀ ਵਿੱਚ ਮਹੱਤਤਾ ਉੱਤੇ ਰੋਸ਼ਨੀ ਪਾਈ। ਵਿਦਿਆਰਥੀਆਂ ਮਾਂ ਲਈ ਕਾਰਡ ਬਣਾਉਣ ਦੀ ਪ੍ਰਤੀਯੋਗਤਾ ਵਿੱਚ ਭਾਗ ਲਿਆ ਅਤੇ ਉਨ੍ਹਾਂ ਨੇ ਆਪਣੀਆਂ ਮਾਵਾਂ ਲਈ ਸੁੰਦਰ ਕਾਰਡ ਤਿਆਰ ਕੀਤੇ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸੱਦਾਮ ਖਾਨ ਅਤੇ ਡਿਪਟੀ ਡਾਇਰੈਕਟਰ/ਪ੍ਰਿੰਸੀਪਲ ਸ੍ਰੀਮਤੀ ਸਰਗਮ ਥਿੰਦ ਨੇ ਵੀ ਮਾਂ ਦੀ ਜ਼ਿੰਦਗੀ ਵਿੱਚ ਮਹੱਤਤਾ ਬਾਰੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਮਾਂ ਦੀ ਭੂਮਿਕਾ ਅਤੇ ਉਨ੍ਹਾਂ ਦੀ ਮਮਤਾ ਦੀ ਵਡਿਆਈ ਕੀਤੀ। ਸਾਰੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਇਸ ਸਮਾਗਮ ਵਿੱਚ ਭਾਗ ਲਿਆ ਅਤੇ ਮਾਂ ਦੇ ਪਿਆਰ ਅਤੇ ਯੋਗਦਾਨ ਨੂੰ ਯਾਦ ਕੀਤਾ।

# ਭਾਜਪਾ ਸਰਕਾਰਾਂ ਤੇ ਬੀ ਬੀ ਐੱਮ ਬੀ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਰ ਰਹੇ : ਹਰਜੋਤ ਬੈਂਸ

ਨੰਗਲ (ਸੁਰਜੀਤ ਸਿੰਘ)- ਪੰਜਾਬ ਵਿਚ ਬਲੈਕ ਆਊਟ ਦੌਰਾਨ ਵੀ ਭਾਜਪਾ ਸਰਕਾਰਾਂ ਦੀ ਕਠਪੁਤਲੀ ਬੀ ਬੀ ਐਮ ਬੀ ਨੇ ਪੰਜਾਬੀਆਂ ਨਾਲ ਖਿਲਵਾੜ ਜਾਰੀ ਰੱਖਿਆ ਅਤੇ ਵਾਰ ਵਾਰ ਨੰਗਲ ਡੈਮ ਅਤੇ ਲੋਹੰਡ ਖੱਡ ਤੋਂ ਹਰਿਆਣਾ ਨੂੰ ਪੰਜਾਬ ਦੇ ਹਿੱਸੇ ਦਾ ਪਾਣੀ ਦੇਣ ਦੀਆਂ ਕੋਝੀਆਂ ਕੋਸ਼ਿਸ਼ਾਂ ਕੀਤੀਆਂ ਹਨ। ਪੰਜਾਬੀ ਆਪਣੇ ਹੱਕਾਂ ਦੀ ਲੜਾਈ ਲੜ ਰਹੇ ਹਨ, ਡੈਮਾਂ 'ਤੇ ਪਹਿਰੇਦਾਰੀ ਜਾਰੀ ਹੈ ਅਤੇ ਅਸੀਂ ਆਪਣੇ ਹਿੱਸੇ ਦੀ ਇੱਕ ਬੂੰਦ ਵੀ ਹੋਰ ਰਾਜਾਂ ਨੂੰ ਨਹੀਂ ਦੇ ਸਕਦੇ। ਨੰਗਲ ਡੈਮ 'ਤੇ ਪਾਣੀਆਂ ਦੀ ਰਾਖੀ ਲਈ ਪਹਿਰੇਦਾਰੀ ਕਰ ਰਹੇ ਹਜ਼ਾਰਾਂ ਧਰਨਾਕਾਰੀਆਂ ਦੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਬੀ ਬੀ ਐਮ ਬੀ ਅਧਿਕਾਰੀ ਕੇਂਦਰ ਦੀ ਭਾਜਪਾ ਸਰਕਾਰ ਦੀ ਸ਼ਹਿ 'ਤੇ ਵਾਰ ਵਾਰ ਡੈਮਾਂ 'ਤੇ ਪਹੁੰਚ ਕੇ ਪੰਜਾਬ ਦੇ ਹਿੱਸੇ ਦਾ ਪਾਣੀ ਹਰਿਆਣਾ ਲਈ ਖੋਲ੍ਹਣ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ। ਬੀ ਬੀ ਐਮ ਬੀ ਦੇ ਅਧਿਕਾਰੀ ਹਰ ਸਮੇਂ ਇਸ ਤਰ੍ਹਾਂ ਤਾਕ ਰੱਖ ਕੇ ਚੱਲ ਰਹੇ ਹਨ ਕਿ ਜਦੋਂ ਵੀ ਮੌਕਾ ਮਿਲੇ ਪੰਜਾਬ ਦੇ ਹਿੱਸੇ ਦਾ ਪਾਣੀ ਹਰਿਆਣਾ ਨੂੰ ਖੋਲ੍ਹ ਦਿੱਤਾ ਜਾਵੇ। ਜਦੋਂ ਕਿ ਉਹ ਜਾਣਦੇ ਹਨ ਕਿ ਸਮੁੱਚੇ ਪੰਜਾਬ ਵਿੱਚ ਇਸ ਸਮੇਂ ਪਾਣੀਆਂ ਦੀ ਰਾਖੀ ਲਈ ਸੂਬੇ ਦੀ ਅਵਾਮ ਇੱਕਜੁੱਟ ਤੇ ਚੌਕੰਨੀ ਹੋ ਗਈ ਹੈ। ਪਿਛਲੀਆਂ ਸਰਕਾਰਾਂ ਦੀਆਂ ਨਾਕਾਮੀਆਂ ਤੇ ਨਲਾਇਕੀਆਂ ਕਾਰਨ ਜੋ ਨੁਕਸਾਨ ਸਾਡੇ ਸੂਬੇ ਦਾ ਹੋ ਚੁੱਕਾ ਹੈ, ਉਹ ਹੁਣ ਦਰੁਸਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਜ ਸੂਬੇ ਦੇ ਵੱਖ ਵੱਖ ਹਲਕਿਆਂ ਤੋਂ ਲੋਕਾਂ ਦੇ ਪ੍ਰਤੀਨਿਧੀ ਆਪਣੇ ਸਾਥੀਆਂ ਨਾਲ ਨੰਗਲ ਡੈਮ 'ਤੇ ਲੱਗੇ ਪਾਣੀਆਂ ਦੀ ਪਹਿਰੇਦਾਰੀ ਤੇ ਧਰਨੇ ਵਿੱਚ ਸ਼ਮੂਲੀਅਤ ਕਰਕੇ ਆਪਣਾ ਸਮਰਥਨ ਦੇ ਰਹੇ ਹਨ। ਅਜਿਹੇ ਮੌਕੇ ਇਹ ਬਿਲਕੁੱਲ ਸੰਭਵ ਨਹੀ ਹੈ ਕਿ ਪੰਜਾਬ ਦੇ ਪਾਣੀਆਂ ਦੇ ਹੱਕਾਂ 'ਤੇ ਡਾਕਾ ਮਾਰਿਆਂ ਜਾ ਸਕੇ, ਪ੍ਰੰਤੂ ਭਾਜਪਾ ਸਰਕਾਰਾ ਦੀ ਕਠਪੁਤਲੀ ਬਣਿਆ ਬੀ ਬੀ ਐਮ ਬੀ ਪੰਜਾਬ ਦੇ ਸ਼ਾਂਤਮਈ ਮਾਹੌਲ ਨੂੰ ਭੰਗ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਿਹਾ। ਬੈਂਸ ਨੇ ਕਿਹਾ ਕਿ ਪੰਜਾਬੀਆਂ ਨੇ ਇਸ ਪਹਿਰੇਦਾਰੀ ਵਿੱਚ ਇੱਕਜੁਟਤਾ ਦੀ ਮਿਸਾਲ ਕਾਇਮ ਕੀਤੀ ਹੈ। ਪਾਣੀ ਪੰਜਾਬ ਦੀ ਆਰਥਿਕਤਾ ਹੈ, ਪੰਜਾਬ ਖੇਤੀ ਪ੍ਰਧਾਨ ਸੂਬਾ ਹੈ, ਅਸੀਂ ਦਰਿਆਵਾਂ, ਨਹਿਰਾਂ, ਡੈਮਾਂ ਲਈ ਆਪਣੀਆਂ ਜ਼ਮੀਨਾਂ ਦਿੱਤੀਆਂ ਹਨ। ਸਾਡੀ ਤਰਾਸਦੀ ਇਹ ਹੈ ਕਿ ਡੈਮਾਂ, ਨਹਿਰਾਂ ਦੇ ਨੇੜੇ ਸਾਡੀਆਂ ਜ਼ਮੀਨਾਂ ਪਾਣੀ ਦੀ ਘਾਟ ਕਾਰਨ ਬੰਜਰ ਬਣ ਗਈਆਂ ਹਨ। ਹੁਣ ਅਸੀਂ 10 ਹਜ਼ਾਰ ਏਕੜ ਰਕਬੇ ਨੂੰ ਵਾਹੀਯੋਗ ਬਣਾਇਆ ਹੈ ਅਤੇ ਚੰਗਰ ਵਿੱਚ ਲਿਫਟ ਸਿੰਚਾਈ ਯੋਜਨਾ ਨਾਲ ਪਾਣੀ ਪਹੁੰਚਾ ਰਹੇ ਹਾਂ। ਪਾਣੀ ਦੀ ਵਰਤੋਂ ਸਿੰਚਾਈ ਲਈ ਨੂੰ ਹੁਣ ਵਿਆਪਕ ਸਿੰਚਾਈ ਯੋਜਨਾ ਰਾਹੀ ਖੇਤਾਂ ਵਿਚ ਪਾਣੀ ਪਹੁੰਚਾ ਰਹੇ ਹਾਂ। ਉਨ੍ਹਾਂ ਕਿਹਾ ਕਿ ਇਹ ਲੜਾਈ ਪੰਜਾਬ ਸਰਕਾਰ ਜਾਂ ਆਮ ਆਦਮੀ ਪਾਰਟੀ ਨਹੀਂ ਲੜ ਰਹੀ ਸਗੋਂ ਸਮੁੱਚੇ ਪੰਜਾਬ ਦੇ ਲੋਕ ਲੜ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵਾਰ ਵਾਰ ਨੰਗਲ ਡੈਮ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲੈ ਰਹੇ ਹਨ। ਅਸੀਂ ਸਪੱਸ਼ਟ ਕਰ ਚੁੱਕੇ ਹਾਂ ਕਿ ਸਾਡੇ ਹਿੱਸੇ ਦਾ ਵਾਧੂ ਪਾਣੀ ਹਰਿਆਣਾ ਨੂੰ ਨਹੀਂ ਦੇ ਸਕਦੇ। ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੇਸ਼ ਦੀ ਸਰਹੱਦਾਂ ਦੀ ਰਾਖੀ ਲਈ ਰਾਜਸਥਾਨ ਦੇ ਵੱਖ ਵੱਖ ਸਰਹੱਦੀ ਖੇਤਰਾਂ ਵਿਚ ਤੈਨਾਤ ਸੁਰੱਖਿਆ ਫੋਰਸਾਂ ਲਈ ਪਾਣੀ ਦੀ ਮੰਗ ਦੀ ਰਾਜਸਥਾਨ ਸਰਕਾਰ ਦੀ ਬੇਨਤੀ ਨੂੰ ਤੁਰੰਤ ਪ੍ਰਵਾਨ ਕੀਤਾ ਅਤੇ ਰਾਜਸਥਾਨ ਨੂੰ ਵਾਧੂ ਪਾਣੀ ਦੇ ਕੇ ਮਾਨਵਤਾ ਦਾ ਸੰਦੇਸ਼ ਦਿੱਤਾ ਹੈ। ਬੈਂਸ ਨੇ ਕਿਹਾ ਕਿ ਸਾਡੇ ਹੱਕਾਂ ਤੇ ਹਿੱਤਾਂ ਤੇ ਡਾਕਾ ਬਰਦਾਸ਼ਤ ਨਹੀ ਕਰਾਗੇ। ਇਸ ਮੌਕੇ ਧਰਨੇ ਦੀ ਅਗਵਾਈ ਕਰ ਰਹੇ ਡਾ. ਸੰਜੀਵ ਗੌਤਮ ਚੇਅਰਮੈਨ ਗੁਰੂ ਰਵਿਦਾਸ ਆਯੁਰਵੈਦਿਕ ਯੂਨੀਵਰਸਿਟੀ, ਰੋਹਿਤ ਕਾਲੀਆ ਪ੍ਰਧਾਨ ਟਰੱਕ ਯੂਨੀਅਨ, ਸਤੀਸ਼ ਚੋਪੜਾ, ਪੱਪੂ ਢਿੱਲੋਂ, ਮੁਕੇਸ਼ ਵਰਮਾ, ਰਾਕੇਸ਼ ਵਰਮਾ, ਗੁਰਜਿੰਦਰ ਸਿੰਘ ਸ਼ੋਕਰ, ਐਡਵੋਕੇਟ ਨਿਸ਼ਾਤ ਗੁਪਤਾ, ਹਰਸ਼ਿਤ ਸ਼ਰਮਾ ਹਲਕਾ ਕੋਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ, ਹਰਦੀਪ ਸਿੰਘ ਬਰਾਰੀ, ਸੁਮਿਤ ਤਲਵਾੜਾ, ਅੰਕੁਸ਼ ਪਾਠਕ, ਦਲਜੀਤ ਸਿੰਘ ਕਾਕਾ, ਨਿਤਿਨ ਸ਼ਰਮਾ, ਨਿਤਿਨ ਬਾਸੋਵਾਲ ਸਮੇਤ ਇਲਾਕੇ ਦੇ ਪੰਚ, ਸਰਪੰਚ ਅਤੇ ਪਤਵੰਤੇ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਮਾਨ ਸਰਕਾਰ ਨੇ ਚੱਪੜਚਿੜੀ ਖੁਰਦ ਤੋਂ ਚੱਪੜਚਿੜੀ ਕਲਾਂ ਸੜਕ ਦੇ ਨਵੀਨੀਕਰਨ ਨੂੰ ਦਿੱਤੀ ਪ੍ਰਵਾਨਗੀ

ਐਸ.ਏ.ਐਸ. ਨਗਰ (ਗੁਰਜੀਤ ਬਿੱਲਾ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਚੱਪੜਚਿੜੀ ਖੁਰਦ ਤੋਂ ਚੱਪੜਚਿੜੀ ਕਲਾਂ ਸੜਕ ਦੇ ਨਵੀਨੀਕਰਨ ਲਈ ਪ੍ਰਸ਼ਾਸਕੀ ਪ੍ਰਵਾਨਗੀ ਦੇ ਦਿੱਤੀ ਹੈ, ਜੋ ਕਿ ਇਤਿਹਾਸਕ ਸਥਾਨ ਚੱਪੜਚਿੜੀ ਲਈ ਇੱਕ ਮਹੱਤਵਪੂਰਨ ਪਹੁੰਚ ਮਾਰਗ ਹੈ।ਐਸ.ਏ.ਐਸ. ਨਗਰ ਦੇ ਵਿਧਾਇਕ ਕੁਲਵੰਤ ਸਿੰਘ ਨੇ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਸੜਕ ਖਰੜ-ਲਾਂਡਰਾਂ ਸੜਕ ਦੇ ਇੱਕ ਮਹੱਤਵਪੂਰਨ ਸਮਾਨਾਂਤਰ ਰਸਤੇ ਵਜੋਂ ਕੰਮ ਕਰਦੀ ਹੈ। ਨਵੀਨੀਕਰਨ ਦੇ ਕੰਮ ਦੇ ਮੁਕੰਮਲ ਹੋਣ ਨਾਲ, ਇਹ ਸੜਕ ਖਰੜ-ਲਾਂਡਰਾਂ ਮਾਰਗ 'ਤੇ ਆਵਾਜਾਈ ਦੀ ਭੀੜ ਨੂੰ ਵੀ ਘਟਾਉਣ ਵਿੱਚ ਮਦਦ ਕਰੇਗੀ। ਉਨ੍ਹਾਂ ਦੱਸਿਆ ਕਿ ਇਸ ਨਵੀਨੀਕਰਨ ਪ੍ਰੋਜੈਕਟ ਵਿੱਚ 377.45 ਲੱਖ ਰੁਪਏ ਦੀ ਲਾਗਤ ਨਾਲ 2.05 ਕਿਲੋਮੀਟਰ ਲੰਬੀ 18 ਫੁੱਟ ਚੌੜੀ ਸੜਕ ਨੂੰ ਅਪਗ੍ਰੇਡ ਕਰਨਾ ਸ਼ਾਮਲ ਹੈ। ਇਸ ਦੇ ਕੰਮ ਦੇ ਦਾਇਰੇ ਵਿੱਚ 80



**• ਪ੍ਰੋਜੈਕਟ ਲਈ 3.77 ਕਰੋੜ ਰੁਪਏ ਮਨਜ਼ੂਰ ਕੀਤੇ**

ਐਮ ਐਮ ਇੰਟਰਲਾਕਿੰਗ ਪੇਵਰ (ਟਾਇਲ) ਲਾਉਣਾ ਅਤੇ ਉਸ ਤੋਂ ਬਾਅਦ 8.52 ਲੱਖ ਰੁਪਏ ਦੀ ਪੰਜ ਸਾਲਾਂ ਦੀ ਦੇਖਭਾਲ ਦਾ ਪ੍ਰਬੰਧ ਸ਼ਾਮਲ ਹੈ। ਵਿਧਾਇਕ ਅਨੁਸਾਰ ਮੋਹਾਲੀ ਤੋਂ ਖਰੜ-ਲਾਂਡਰਾਂ ਸੜਕ ਤੱਕ ਇਸ ਦੇ ਮਹੱਤਵਪੂਰਨ ਸੰਪਰਕ ਕਾਰਨ ਵੱਡੀ ਆਵਾਜਾਈ ਦਾ ਸਾਹਮਣਾ ਕਰਨਾ ਪੈਂਦਾ ਹੋਣ ਕਾਰਨ, ਨਵੀਨੀਕਰਨ ਦੀ ਤੁਰੰਤ ਲੋੜ ਸੀ।ਵਿਧਾਇਕ ਨੇ ਅੱਗੇ ਕਿਹਾ ਕਿ ਕੱਲ੍ਹ ਨਿਕਲਣ ਵਾਲੇ ਫਤਿਹ ਮਾਰਚ ਦੇ ਸੰਦਰਭ ਵਿੱਚ ਖ਼ਰਾਬ ਸੜਕ ਨੂੰ ਨਿਰਵਿਘਨ ਚੱਲਣਯੋਗ ਬਣਾਉਣ ਦੇ ਆਰਜ਼ੀ ਉਪਾਅ ਵਜੋਂ ਸੰਗਤਾਂ ਦੀ ਸਹੂਲਤ ਲਈ ਲੋਕ ਨਿਰਮਾਣ ਵਿਭਾਗ ਦੁਆਰਾ ਤੁਰੰਤ ਗੈਰ-ਬਿਟੂਮਿਨਸ (ਲੁੱਕ ਤੋਂ ਬਗੈਰ) ਪੈਚਵਰਕ ਸ਼ੁਰੂ ਕਰ ਦਿੱਤਾ ਗਿਆ ਹੈ ਜੋ ਕਿ ਐਤਵਾਰ ਸ਼ਾਮ ਤੱਕ ਪੂਰਾ ਲਿਆ ਜਾਵੇਗਾ।ਵਿਧਾਇਕ ਕੁਲਵੰਤ ਸਿੰਘ ਨੇ ਵਿਸ਼ਵਾਸ ਦਿਵਾਇਆ ਕਿ ਆਉਣ ਵਾਲੇ ਦਿਨਾਂ ਵਿੱਚ ਮਾਨ ਸਰਕਾਰ ਦੀ ਬੁਨਿਆਦੀ ਢਾਂਚੇ ਦੇ ਵਿਕਾਸ ਪ੍ਰਤੀ ਵਚਨਬੱਧਤਾ ਤਹਿਤ ਮੋਹਾਲੀ ਹਲਕੇ ਦੀਆਂ ਕਈ ਹੋਰ ਲਿੰਕ ਸੜਕਾਂ ਦਾ ਵੀ ਨਵੀਨੀਕਰਨ ਅਤੇ ਮੁਰੰਮਤ ਕੀਤੀ ਜਾਵੇਗੀ।

# ਚੱਪੜਚਿੜੀ ਸੜਕ ਦੀ ਉਸਾਰੀ; ਸੰਗਤਾਂ ਦੀ ਖੁਦ ਪਹਿਲ ਤੋਂ ਬਾਅਦ ਅਖੀਰ ਖੁੱਲ੍ਹੀ ਸਰਕਾਰ ਦੀ ਅੱਖ : ਸੋਹਾਣਾ

ਮੋਹਾਲੀ (ਗੁਰਜੀਤ ਬਿੱਲਾ)- ਸ਼੍ਰੋਮਣੀ ਅਕਾਲੀ ਦਲ ਹਲਕਾ ਮੋਹਾਲੀ ਦੇ ਮੁੱਖ ਸੇਵਾਦਾਰ ਪਰਵਿੰਦਰ ਸਿੰਘ ਸੋਹਾਣਾ ਨੇ ਪੰਜਾਬ ਸਰਕਾਰ ਵੱਲੋਂ ਅੱਜ ਜਾਰੀ ਕੀਤੇ ਗਏ ਬਿਆਨ ਜਿਸ ਵਿੱਚ ਇਤਿਹਾਸਿਕ ਚੱਪੜ ਚਿੜੀ ਗੁਰਦੁਆਰਾ ਸਾਹਿਬ ਵਾਲੀ ਸੜਕ ਦੇ ਨਵੀਨੀਕਰਨ ਲਈ 3.77 ਕਰੋੜ ਰੁਪਏ ਖਰਚਣ ਦੀ ਗੱਲ ਕਰਦਿਆਂ ਖਰੜ ਵਾਲੇ ਪਾਸਿਓਂ ਕੰਮ ਆਰੰਭ ਕਰਵਾਇਆ ਗਿਆ ਹੈ, ਦੀ ਸ਼ਲਾਘਾ ਕਰਦਿਆਂ ਕਿਹਾ ਕਿ ਭਾਵੇਂ ਉਹਨਾਂ ਵੱਲੋਂ ਬੀਤੇ ਕੱਲ੍ਹ ਸੰਗਤਾਂ ਦੇ ਸਹਿਯੋਗ ਨਾਲ ਇਸ ਸੜਕ ਦੀ ਖੁਦ ਉਸਾਰੀ ਦਾ



ਕੰਮ ਆਰੰਭ ਕਰਵਾਉਣ ਤੋਂ ਬਾਅਦ ਹੀ ਸਰਕਾਰ ਕੁੰਭਕਰਨੀ ਨੀਂਦ ਤੋਂ ਜਾਗੀ ਹੈ ਅਤੇ ਉਸ ਦੀਆਂ ਅੱਖਾਂ ਖੁੱਲ੍ਹੀਆਂ ਹਨ, ਪਰ ਫਿਰ ਵੀ ਘੱਟੋ ਘੱਟ ਸਰਕਾਰ ਨੇ ਸੜਕ ਦੀ ਸਾਰ ਤਾਂ ਲਈ।ਉਹਨਾਂ ਕਿਹਾ ਕਿ ਹਰ ਸਾਲ ਮਈ ਮਹੀਨੇ ਵਿੱਚ ਸਰਹੰਦ ਫਤਿਹ ਦਿਵਸ ਮਨਾਇਆ ਜਾਂਦਾ ਹੈ ਪਰ ਇੱਥੋਂ ਦੇ ਗੁਰਦੁਆਰਾ ਸਾਹਿਬ ਨੂੰ ਮੋਹਾਲੀ ਅਤੇ ਖਰੜ ਦੋਹਾਂ ਪਾਸਿਆਂ ਤੋਂ ਆਉਂਦੀ ਲਿੰਕ ਸੜਕ ਦੀ ਹਾਲਤ ਇੰਨੀ ਖਸਤਾ ਹੈ ਕਿ ਇੱਥੇ ਤੁਰਨਾ ਵੀ ਔਖਾ ਹੋ ਜਾਂਦਾ ਹੈ। ਉਹਨਾਂ ਕਿਹਾ ਕਿ 12 ਮਈ ਨੂੰ ਇੱਥੋਂ ਨਗਰ ਕੀਰਤਨ ਆਰੰਭ ਹੋਣਾ ਹੈ ਜੋ ਕਿ ਫਤਿਹਗੜ੍ਹ ਸਾਹਿਬ ਤੱਕ ਜਾਣਾ ਹੈ ਅਤੇ ਇਸ ਵਾਸਤੇ ਉਹਨਾਂ ਨੇ ਇਲਾਕੇ ਦੀਆਂ ਸੰਗਤਾਂ ਅਤੇ ਪੰਚਾਇਤ ਦੇ ਸਹਿਯੋਗ ਨਾਲ ਇੱਥੇ ਸੜਕ ਦੀ ਸਾਰੀ ਦਾ ਕੰਮ ਬੀਤੇ ਕੱਲ੍ਹ ਆਰੰਭ ਕਰਵਾਇਆ ਸੀ। ਉਹਨਾਂ ਕਿਹਾ ਕਿ ਇਸ ਤੋਂ ਪਹਿਲਾਂ ਸਰਕਾਰ ਨੂੰ ਕਈ ਵਾਰ ਬੇਨਤੀਆਂ ਤੇ ਅਪੀਲਾਂ ਕੀਤੀਆਂ ਗਈਆਂ ਪਰ ਕੋਈ ਕਾਰਵਾਈ ਨਾ ਹੋਈ।ਉਹਨਾਂ ਕਿਹਾ ਕਿ ਮੋਹਾਲੀ ਹਲਕੇ ਦੀਆਂ ਸਾਰੀਆਂ ਹੀ ਲਿੰਕ ਸੜਕਾਂ ਦੀ ਹਾਲਤ ਖਸਤਾ ਹੈ। ਉਹਨਾਂ ਕਿਹਾ ਕਿ ਜਿਸ ਤਰ੍ਹਾਂ ਹੁਣ ਸਰਕਾਰ ਨੇ ਆਪਣੀਆਂ ਅੱਖਾਂ ਖੋਲ੍ਹ ਕੇ ਇਸ ਸੜਕ ਵੱਲ ਧਿਆਨ ਦਿੱਤਾ ਹੈ ਉਸੇ ਤਰ੍ਹਾਂ ਪੂਰੇ ਹਲਕੇ ਦੀਆਂ ਲਿੰਕ ਸੜਕਾਂ ਵੱਲ ਧਿਆਨ ਦਿੱਤਾ ਜਾਵੇ ਤਾਂ ਜੋ ਲੋਕਾਂ ਨੂੰ ਰਾਹਤ ਮਿਲ ਸਕੇ ਅਤੇ ਸਰਕਾਰ ਆਪਣੇ ਵਾਅਦਿਆਂ ਉੱਤੇ ਖਰੀ ਉਤਰ ਸਕੇ।

# ਇੰਦਰਾ ਕਲੋਨੀ ਦੇ ਦੋ ਧੜਿਆਂ 'ਚ ਇੱਟਾਂ ਤੇ ਪੱਥਰਾਂ ਸਮੇਤ ਚੱਲੀਆਂ ਬੋਤਲਾਂ



ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)- ਇੱਥੋਂ ਦੀ ਇੰਦਰਾ ਕਲੋਨੀ (ਬੰਗਾਲਾ ਬਸਤੀ) ਵਿੱਚ ਦੋ ਧੜਿਆਂ ਦਰਮਿਆਨ ਹੋਈ ਲੜਾਈ ਵਿੱਚ ਰੱਜ ਕੇ ਜਿੱਥੇ ਇੱਟਾਂ ਤੇ ਪੱਥਰ ਚੱਲੇ, ਉੱਥੇ ਹੀ ਕੱਚ ਦੀਆਂ ਖਾਲੀ ਬੋਤਲਾਂ ਵੀ ਇੱਕ ਦੂਜੇ 'ਤੇ ਚਲਾਈਆਂ ਗਈਆਂ। ਲੜਾਈ ਦੌਰਾਨ ਦੋਵੇਂ ਧੜੇ ਕੋਠਿਆਂ ਦੇ ਜੰਗਲਿਆਂ ਤੇ ਮੰਜਿਆਂ ਦੀ ਆੜ ਲੈ ਕੇ ਇੱਕ ਦੂਜੇ 'ਤੇ ਉਕਤ ਵਸਤਾਂ ਸੁੱਟਦੇ ਅਤੇ ਕਾਫੀ ਦੇਰ ਤੱਕ ਗਾਲੀ ਗਲੋਚ ਹੁੰਦੇ ਰਹੇ। ਇਸ ਹੋ ਰਹੀ ਲੜਾਈ ਨੂੰ ਵੇਖਣ ਲਈ ਮੇਨ ਸੜਕ 'ਤੇ ਲੋਕਾਂ ਦੀ ਭੀੜ ਲੱਗੀ ਰਹੀ ਅਤੇ ਮੌਕੇ ਤੇ ਪੁਲਸ ਨੂੰ ਵੀ ਬੁਲਾਉਣਾ ਪਿਆ। ਇਹ ਦੋਵੇਂ ਧੜੇ ਪੁਲਸ ਨੂੰ ਵੇਖ ਕੇ ਭਾਵੇਂ ਆਪਣੇ ਮੋਰਚੇ ਛੱਡ ਕੇ ਦੂਜੇ ਕੋਠਿਆਂ 'ਤੇ ਚਲੇ ਗਏ ਪਰ ਉਹ ਉੱਥੋਂ ਵੀ ਪੱਥਰਬਾਜ਼ੀ ਕਰਦੇ ਰਹੇ। ਇਨ੍ਹਾਂ ਦੀ ਲੜਾਈ ਦੌਰਾਨ ਹੁੰਦੀ ਪੱਥਰਬਾਜ਼ੀ ਤੇ ਇੱਟਾਂ ਕੋਲੋਂ ਲੰਘਦੀ ਮੇਨ ਸੜਕ 'ਤੇ ਲੰਘ ਰਹੇ ਵਾਹਨਾਂ ਦੇ ਵੀ ਵੱਜੀਆਂ। ਪੁਲਸ ਨੇ ਬੜੀ ਮੁਸ਼ੱਕਤ ਨਾਲ ਉਕਤ ਦੋਵੇਂ ਧੜਿਆਂ ਦੀ ਲੜਾਈ 'ਤੇ ਕਾਬੂ ਪਾਇਆ ਤੇ ਲੜਨ ਵਾਲੇ ਵੀ ਪੁਲਸ ਨੂੰ ਵੇਖ ਕੇ ਖਿਸਕ ਗਏ। ਇਸ ਲੜਾਈ ਵਿੱਚ ਔਰਤਾਂ ਤੇ ਬੱਚੇ ਵੀ ਸ਼ਾਮਲ ਸਨ ਜੋ ਕਿਸੇ ਨਾ ਕਿਸੇ ਚੀਜ਼ ਨੂੰ ਆਪਣੀ ਢਾਲ ਬਣਾ ਕੇ ਇੱਕ ਦੂਜੇ 'ਤੇ ਸੁੱਟ ਰਹੇ ਸਨ। ਇਸ ਲੜਾਈ ਦੇ ਕਾਰਨਾਂ ਦਾ ਪਤਾ ਤਾਂ ਨਹੀ ਲੱਗ ਸਕਿਆ ਪਰ ਇਸ ਲੜਾਈ ਵਿੱਚ ਦੋਵੇ ਧਿਰਾਂ ਦੇ ਕੁੱਝ ਵਿਅਕਤੀ ਜ਼ਖਮੀ ਵੀ ਦੱਸੇ ਜਾ ਰਹੇ ਹਨ। ਉਕਤ ਕਲੋਨੀ ਵਿੱਚ ਸਾਲ ਦੌਰਾਨ ਦੋ ਜਾਂ ਤਿੰਨ ਵਾਰ ਜ਼ਰੂਰ ਲੜਾਈ ਹੋਣੀ ਸੁਭਾਵਿਕ ਹੈ। ਅੱਜ ਦੀ ਲੜਾਈ ਤੋਂ ਪਹਿਲਾਂ 22 ਅਪਰੈਲ ਨੂੰ ਵੀ ਦੋ ਧੜਿਆਂ ਦੀ ਇਸੇ ਤਰ੍ਹਾਂ ਲੜਾਈ ਹੋਈ ਸੀ। ਜਦੋਂ ਇਸ ਸੰਬੰਧੀ ਥਾਣਾ ਮੁਖੀ ਇੰਸਪੈਕਟਰ ਗੁਰਪ੍ਰੀਤ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਦੋਵੇਂ ਧੜਿਆਂ ਦੇ ਦਰਜਨ ਤੋਂ ਵੱਧ ਵਿਅਕਤੀਆਂ ਨੂੰ ਹਿਰਾਸਤ ਵਿੱਚ ਲੈ ਕੇ ਲੜਾਈ ਦੇ ਕਾਰਨਾਂ ਦਾ ਪਤਾ ਕੀਤਾ ਜਾ ਰਿਹਾ ਹੈ ਅਤੇ ਜੋ ਵੀ ਕਸੂਰਵਾਰ ਪਾਇਆ ਗਿਆ ਤਾਂ ਉਸ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਹਰਿਆਣਾ ਸਰਕਾਰ ਗਾਂ-ਸੰਵਰਧਨ ਨੂੰ ਲੈ ਕੇ ਚਲਾ ਰਹੀ ਕਈ ਮਹਤੱਵਪੂਰਨ ਯੋਜਨਾਵਾਂ : ਗੰਗਵਾ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਹਰਿਆਣਾ ਦੇ ਲੋਕ ਨਿਰਮਾਣ ਅਤੇ ਜਨ ਸਿਹਤ ਇੰਜੀਨੀਅਰਿੰਗ ਮੰਤਰੀ ਰਣਬੀਰ ਸਿੰਘ ਗੰਗਵਾ ਨੇ ਕਿਹਾ ਕਿ ਹਰਿਆਣਾ ਸਰਕਾਰ ਨੇ ਸੂਬੇ ਵਿੱਚ ਗਾਂ-ਸੰਵਰਧਨ ਅਤੇ ਗਾਂ-ਸਰੰਖਣ ਨੂੰ ਪ੍ਰਾਥਮਿਕਤਾ ਦਿੰਦੇ ਹੋਏ ਕਈ ਮਹਤੱਵਪੂਰਣ ਯੋਜਨਾਵਾਂ ਨੂੰ ਲਾਗੂ ਕੀਤਾ ਹੈ। ਸਰਕਾਰ ਵੱਲੋਂ ਪੂਰੇ ਸੂਬੇ ਵਿੱਚ ਸੰਚਾਲਿਤ ਗਾਂਸ਼ਾਲਾਵਾਂ ਨੂੰ ਗ੍ਰਾਂਟ ਦੇਣ, ਉਨ੍ਹਾਂ ਦੇ ਆਧੁਨਿਕੀਕਰਣ ਅਤੇ ਸਵਾਵਲੰਬੀ ਬਣਾਉਣ ਲਈ ਵੱਖ-ਵੱਖ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। ਸਰਕਾਰ ਨਿਯਮਤ ਰੂਪ ਨਾਲ ਗਾਂਸ਼ਾਲਾਵਾਂ ਨੂੰ ਆਰਥਕ ਸਹਾਇਤਾ ਪ੍ਰਦਾਨ ਕਰਦੀ ਹੈ, ਉੱਥੇ ਹੀ ਬੇਸਹਾਰਾ ਪਸ਼ੂਆਂ ਲਈ ਸ਼ੈਲਟਰ ਥਾਵਾਂ ਦੀ ਗਿਣਤੀ ਵਧਾਈ ਜਾ ਰਹੀ ਹੈ।ਉਨ੍ਹਾਂ ਨੇ ਕਿਹਾ ਕਿ ਗੋਬਰ ਗੈਸ, ਕੰਪੋਸਟ ਖਾਦ ਅਤੇ ਜੈਵਿਕ ਖੇਤੀ ਨੂੰ ਪ੍ਰੋਤਸਾਹਿਤ ਕਰਨ ਲਈ ਗਾਂਸ਼ਾਲਾਵਾਂ ਨੂੰ ਖੇਤੀਬਾੜੀ ਅਧਾਰਿਤ ਕੇਂਦਰ ਵਜੋਂ ਵਿਕਸਿਤ ਕੀਤਾ ਜਾ ਰਿਹਾ ਹੈ, ਜਿਸ ਨਾਲ ਗਾਂ ਪਾਲਣ ਨੂੰ ਆਤਮਨਿਰਭਰ ਬਣਾਇਆ ਜਾ ਸਕੇ।ਮੰਤਰੀ ਗੰਗਵਾ ਹਰਿਆਣਾ ਕੁਰੂਕਸ਼ੇਤਰ ਗਾਂਸ਼ਾਲਾ, ਹਿਸਾਰ ਵਿੱਚ ਤੇਰਾਪੰਥ ਸਮਾਜ ਵੱਲੋਂ ਪ੍ਰਬੰਧਤ ਸ੍ਰੀ ਹਰੀ ਵਾਟਿਕਾ ਦੇ ਭੂਮੀ ਪੂਜਨ ਅਤੇ ਨੀਂਹ ਪੱਥਰ ਸਮਾਰੋਹ ਵਿੱਚ ਬਤੌਰ ਮੁੱਖ ਮਹਿਮਾਨ ਸੰਬੋਧਨ ਕਰ ਰਹੇ ਸਨ।ਪ੍ਰੋਗਰਾਮ ਦੀ ਅਗਵਾਈ ਹਿਸਾਰ ਵਿਧਾਇਕ ਸ੍ਰੀਮਤੀ ਸਾਵਿਤਰੀ ਜਿੰਦਲ ਨੇ ਕੀਤੀ।ਇਸ ਦੌਰਾਨ ਮੰਤਰੀ ਗੰਗਵਾ ਨੇ ਕਿਹਾ ਕਿ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਸੂਬੇ ਵਿੱਚ ਜਨ ਭਲਾਈਕਾਰੀ ਨੀਤੀਆਂ ਦਾ ਲਾਗੂ ਕਰਨ ਵਰਨਣਯੋਗ ਰੂਪ ਨਾਲ ਹੋ ਰਿਹਾ ਹੈ। ਮੁੱਖ ਮੰਤਰੀ ਦੀ ਸਪਸ਼ਟ ਦ੍ਰਿਸ਼ਟੀ ਅਤੇ ਸਮਰਪਤ ਅਗਵਾਈ ਹੇਠ ਸੂਬੇ ਵਿੱਚ ਪਾਰਦਰਸ਼ਤਾ, ਵਿਕਾਸ ਅਤੇ ਸਮਾਜਿਕ ਸਮਰਸਤਾ ਨੂੰ ਨਵੀਂ ਦਿਸ਼ਾ ਮਿਲੀ ਹੈ। ਹਰਿਆਣਾ ਸਰਕਾਰ ਦੀਆਂ ਨੀਤੀਆਂ ਨੇ ਜਿੱਥੇ ਕਿਸਾਨਾਂ, ਮਹਿਲਾਵਾਂ ਅਤੇ ਨੌਜੁਆਨਾਂ ਨੂੰ ਸ਼ਸ਼ਕਤ ਕੀਤਾ ਹੈ, ਉੱਥੇ ਹੀ ਗ੍ਰਾਮੀਣ ਅਤੇ ਸ਼ਹਿਰੀ ਖੇਤਰਾਂ ਦੇ ਸਮਾਨ ਵਿਕਾਸ ਨੂੰ ਵੀ ਗਤੀ ਪ੍ਰਦਾਨ ਕੀਤੀ ਹੈ।

12-MAY-PAGE-10.qxd 5/11/2025 7:46 PM Page 1



## ਰੋਟਰੀ ਕਲੱਬ ਦੀ ਟੀਮ ਨੇ ਸਿਖਲਾਈ ਕੈਂਪ 'ਚ ਲਿਆ ਹਿੱਸਾ



**ਨਾਭਾ (ਵਰਿੰਦਰ ਵਰਮਾ)**-ਰੋਟਰੀ ਇੰਟਰਨੈਸ਼ਨਲ ਡਿਸਟ੍ਰਿਕਟ 3090 ਲਈ ਆਉਣ ਵਾਲੇ ਸਾਲ 2025-26 ਦੀਆਂ ਤਿਆਰੀਆਂ ਦੇ ਹਿੱਸੇ ਵਜੋਂ ਗੁਰੂਗ੍ਰਾਮ (ਹਰਿਆਣਾ) ਦੇ ਨਿੱਜੀ ਹੋਟਲ ਵਿਖੇ ਵਿਸ਼ੇਸ਼ ਸਿਖਲਾਈ ਕੈਂਪ ਲਾਇਆ ਗਿਆ।ਇਹ ਕੈਂਪ ਰੋਟਰੀ ਦੇ ਜ਼ਿਲ੍ਹਾ ਗਵਰਨਰ (2025-26) ਭੁਪੇਸ਼ ਮਹਿਤਾ ਦੀ ਅਗਵਾਈ ਹੇਠ ਲਗਾਇਆ ਗਿਆ।ਇਸ ਮਹੱਤਵਪੂਰਨ ਸਿਖਲਾਈ ਕੈਂਪ ਵਿੱਚ ਰੋਟਰੀ ਕਲੱਬ ਨਾਭਾ ਦੀ ਟੀਮ ਨੇ ਵੀ ਭਾਗ ਲਿਆ।ਕੈਂਪ ਦਾ ਉਦੇਸ਼ ਜ਼ਿਲ੍ਹਾ 3090 ਅਧੀਨ ਆਉਂਦੇ ਸਾਰੇ ਕਲੱਬਾਂ ਦੇ ਪ੍ਰਧਾਨਾਂ ਤੇ ਸਕੱਤਰਾਂ ਨੂੰ ਰੋਟਰੀ ਇੰਟਰਨੈਸ਼ਨਲ ਦੀਆਂ ਭਵਿੱਖੀ ਯੋਜਨਾਵਾਂ, ਸੇਵਾ ਪ੍ਰੋਜੈਕਟਾਂ ਤੇ ਸੰਚਾਲਨ ਪ੍ਰਕਿਰਿਆ ਬਾਰੇ ਜਾਣਕਾਰੀ ਦੇਣਾ ਸੀ।ਇਸ ਵਿੱਚ ਰੋਟਰੀ ਇੰਟਰਨੈਸ਼ਨਲ ਦੇ ਸੀਨੀਅਰ ਅਧਿਕਾਰੀ ਨਿੱਜੀ ਤੌਰ 'ਤੇ ਹਾਜ਼ਰ ਹੋਏ ਤੇ ਵੱਖ-ਵੱਖ ਵਿਸ਼ਿਆਂ 'ਤੇ ਮਾਰਗ ਦਰਸ਼ਨ ਪ੍ਰਦਾਨ ਕੀਤਾ ਅਤੇ ਆਉਣ ਵਾਲੇ ਸਾਲ ਵਿੱਚ ਸਮੂਹ ਕਲੱਬਾਂ ਦੇ ਮਜ਼ਬੂਤ ਤੇ ਸਮਾਜ ਸੇਵਾ ਲਈ ਤਿਆਰ ਰਹਿਣ ਨੂੰ ਯਕੀਨੀ ਬਣਾਇਆ।ਇਸ ਕੈਂਪ ਵਿੱਚ ਹਰਿਆਣਾ ਸਰਕਾਰ ਦੇ ਕੈਬਨਿਟ ਮੰਤਰੀ ਰਾਓ ਨਰਵੀਰ ਸਿੰਘ ਤੇ ਦਿੱਲੀ ਸਰਕਾਰ ਦੇ ਕੈਬਨਿਟ ਮੰਤਰੀ ਸ੍ਰ. ਮਨਜਿੰਦਰ ਸਿੰਘ ਸਿਰਸਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਦੋਵਾਂ ਆਗੂਆਂ ਨੇ ਸਮਾਜ ਸੇਵਾ ਦੇ ਖੇਤਰ ਵਿੱਚ ਰੋਟਰੀ ਕਲੱਬ ਦੀ ਭੂਮਿਕਾ ਦੀ ਸ਼ਲਾਘਾ ਕੀਤੀ ਤੇ ਕਲੱਬਾਂ ਨੂੰ ਵਾਤਾਵਰਨ ਸੁਰੱਖਿਆ ਖਾਸ ਕਰਕੇ ਭਾਰਤ ਨੂੰ ਪੋਲੀਥੀਨ ਮੁਕਤ ਬਣਾਉਣ ਦੀ ਮੁਹਿੰਮ ਵਿੱਚ ਭਾਗ ਲੈਣ ਦਾ ਸੱਦਾ ਦਿੱਤਾ। ਕੈਂਪ ਦੇ ਅੰਤ ਵਿੱਚ ਮੁੱਖ ਮਹਿਮਾਨ ਮਨਜਿੰਦਰ ਸਿੰਘ ਸਿਰਸਾ ਨੇ 110 ਸਿਖਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ।ਗੁਰੂਗ੍ਰਾਮ ਸਿਖਲਾਈ ਕੈਂਪ ਵਿੱਚ ਰੋਟਰੀ ਕਲੱਬ ਨਾਭਾ ਦੇ ਪ੍ਰਧਾਨ ਰਵਨੀਸ਼ ਗੋਇਲ, ਜਨਰਲ ਸਕੱਤਰ ਐਡਵੋਕੇਟ ਰੋਹਿਤ ਜਿੰਦਲ, ਜੀਵਨ ਪ੍ਰਕਾਸ਼ ਬਾਂਸਲ, ਐਡਵੋਕੇਟ ਭਾਰਤ ਭੂਸ਼ਨ ਜੈਨ ਨਿਤਿਨ ਆਦਿ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਰੋਟਰੀ ਕਲੱਬ ਨਾਭਾ ਦੀ ਟੀਮ ਨੇ ਗੁਰੂਗ੍ਰਾਮ ਕੈਂਪ ਵਿੱਚ ਹਾਸਲ ਕੀਤੇ ਤਜਰਬੇ ਤੇ ਗਿਆਨ ਨੂੰ ਸਥਾਨਕ ਪੱਧਰ 'ਤੇ ਲਾਗੂ ਕਰਨ ਦਾ ਸੰਕਲਪ ਲਿਆ।

## ਕਿਸਾਨਾਂ ਕੋਲੋਂ ਧੱਕੇ ਨਾਲ ਵਸੂਲੀ ਨਹੀਂ ਕਰਨ ਦਿਆਂਗੇ : ਖੋਸਾ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਹਿਕਾਰੀ ਸਭਾਵਾਂ ਤੇ ਕੋਆਪ੍ਰੇਟਿਵ ਸੁਸਾਇਟੀਆਂ ਦੇ ਕਿਸਾਨਾਂ ਵੱਲ ਪਏ ਬਕਾਇਆ ਭੁਗਤਾਨ ਨੂੰ ਸਮੇਤ ਵਿਆਜ ਭਰਵਾਉਣ ਦੇ ਫੈਸਲੇ ਖ਼ਿਲਾਫ਼ ਭਾਰਤੀ ਕਿਸਾਨ ਯੂਨੀਅਨ ਖੋਸਾ ਨੇ ਧੱਕੇ ਨਾਲ ਵਸੂਲੀ ਰੋਕਣ ਦਾ ਐਲਾਨ ਕਰ ਦਿੱਤਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ ਖੋਸਾ ਦੇ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ ਨੇ ਸ਼ੁਤਰਾਣਾ ਵਿਖੇ ਕਿਸਾਨਾਂ ਨਾਲ ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਕਿਸਾਨ ਆਗੂ ਖੋਸਾ ਨੇ ਕਿਹਾ ਕਿ ਕਿਸਾਨਾਂ ਸਿਰ ਸੁਸਾਇਟੀਆਂ ਦਾ ਕਰਜ਼ਾ ਸਰਕਾਰਾਂ ਦੀਆਂ ਨਲਾਇਕੀਆਂ ਕਾਰਨ ਚੜ੍ਹਿਆ ਹੈ, ਪਰ ਬੜੇ ਦੁੱਖ ਦੀ ਗੱਲ ਹੈ ਕਿ ਕਿਸਾਨ ਹਮਾਇਤੀ ਤੇ ਕਿਸਾਨਾਂ ਦਾ ਪੁੱਤਰ ਦੱਸਣ ਵਾਲਾ ਮੁੱਖ ਮੰਤਰੀ ਭਗਵੰਤ ਮਾਨ ਵੀ ਕਿਸਾਨਾਂ ਦਾ ਦੁਸ਼ਮਣ ਬਣ ਗਿਆ ਹੈ।ਉਨ੍ਹਾਂ ਪੰਜਾਬ ਸਰਕਾਰ ਨੂੰ ਤਾੜਨਾ ਕਰਦਿਆਂ ਕਿਹਾ ਕਿ ਪੰਜਾਬ ਦੇ ਕਰਜ਼ਾਈ ਕਿਸਾਨਾਂ ਤੋਂ ਧੱਕੇ ਨਾਲ ਵਸੂਲੀ ਨਹੀਂ ਕਰਨ ਦਿੱਤੀ ਜਾਵੇਗੀ ਤੇ ਉਹ ਸਰਕਾਰ ਵੱਲੋਂ ਕੀਤੇ ਜਬਰ ਵਿਰੁੱਧ ਹਰ ਜ਼ੁਲਮ ਸਹਿਣ ਲਈ ਤਿਆਰ ਹਨ, ਭਾਵੇਂ ਉਨ੍ਹਾਂ ਨੂੰ ਜਾਨ ਵੀ ਕਿਉਂ ਨਾ ਦੇਣੀ ਪੈ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੂਬਾ ਮੀਤ ਪ੍ਰਧਾਨ ਜਸਵੀਰ ਸਿੰਘ ਢੋਲੇਵਾਲ, ਜ਼ਿਲ੍ਹਾ ਪ੍ਰੈੱਸ ਸਕੱਤਰ ਕਿਰਪਾਲ ਸਿੰਘ ਛੁਸ਼ਕ, ਜ਼ਿਲ੍ਹਾ ਪ੍ਰਧਾਨ ਪਟਿਆਲਾ ਬਲਜੀਤ ਸਿੰਘ ਸ਼ੇਰਗੜ੍ਹ, ਜ਼ਿਲ੍ਹਾ ਪ੍ਰੈੱਸ ਸਕੱਤਰ ਯੁਵਰਾਜ ਬਾਠ, ਜ਼ਿਲ੍ਹਾ ਜਨਰਲ ਸਕੱਤਰ ਸੁਰਜੀਤ ਸਿੰਘ ਸ਼ੇਰਗੜ੍ਹ ਤੋਂ ਇਲਾਵਾ ਇਕਾਈ ਪ੍ਰਧਾਨਾਂ ਵਿੱਚ ਕੁਲਦੀਪ ਸਿੰਘ ਗਲੌਲੀ, ਜਸਵੰਤ ਸਿੰਘ ਰਸੌਲੀ, ਸੁੱਚਾ ਸਿੰਘ ਜੋਗੇਵਾਲ, ਸੁਖਵਿੰਦਰ ਸਿੰਘ ਗੁਲਾੜ, ਕੁਲਵਿੰਦਰ ਸਿੰਘ ਲਾਡੀ ਸ਼ੁਤਰਾਣਾ, ਸੁਖਵਿੰਦਰ ਸਿੰਘ ਮਨੇਸ਼ ਜੈਖਰ, ਸੀਨੀਅਰ ਮੀਤ ਪ੍ਰਧਾਨ ਵਰਿਆਮ ਸਿੰਘ ਸਣੇ ਯੂਨੀਅਨ ਦੇ ਮੈਂਬਰ ਹਾਜ਼ਰ ਸਨ।

## ਲਾਈਫ ਇੰਸ਼ੋਰੈਂਸ ਏਜੰਟਸ ਫੈਡਰੇਸ਼ਨ ਵੱਲੋਂ ਨਵੇਂ ਬ੍ਰਾਂਚ ਮੈਨੇਜਰ ਦਾ ਸਵਾਗਤ



**ਮਲੋਟ (ਓਮ ਪ੍ਰਕਾਸ਼ ਸ਼ੇਖੂ)**-ਲਾਈਫ ਇੰਸ਼ੋਰੈਂਸ ਏਜੰਟਸ ਫੈਡਰੇਸ਼ਨ ਆਫ਼ ਇੰਡੀਆ ਮਲੋਟ ਬ੍ਰਾਂਚ ਦੇ ਸਕੱਤਰ ਰਾਮ ਕ੍ਰਿਸ਼ਨ ਸ਼ਰਮਾ ਨੇ ਪ੍ਰੈੱਸ ਦੇ ਨਾਮ ਜਾਰੀ ਪੱਤਰ ਵਿੱਚ ਦੱਸਿਆ ਕਿ ਭਾਰਤੀਯ ਜੀਵਨ ਬੀਮਾ ਨਿਗਮ ਮਲੋਟ ਬ੍ਰਾਂਚ ਦੇ ਸੀਨੀਅਰ ਮੈਨੇਜਰ ਸ੍ਰੀ ਬਸੰਤ ਬਲੱਭ ਦਾ ਰੁਟੀਨ ਤਬਾਦਲਾ ਹੋ ਗਿਆ ਹੈ ਤੇ ਉਨ੍ਹਾਂ ਦੀ ਥਾਂ ਨਵੇਂ ਬ੍ਰਾਂਚ ਮੈਨੇਜਰ ਸ੍ਰੀ ਅਨੁਰਾਗ ਨਹਿਰਾ ਨੇ ਚਾਰਜ ਸੰਭਾਲ ਲਿਆ ਹੈ।ਲਾਈਫ ਇੰਸ਼ੋਰੈਂਸ ਏਜੰਟਸ ਫੈਡਰੇਸ਼ਨ ਆਫ਼ ਇੰਡੀਆ ਮਲੋਟ ਬ੍ਰਾਂਚ ਦੇ ਪ੍ਰਧਾਨ ਓਮ ਪ੍ਰਕਾਸ਼ ਖਿੱਚੀ ਦੀ ਅਗਵਾਈ ਹੇਠ ਜਿੱਥੇ ਬਸੰਤ ਬੱਲਭ ਜੀ ਨੂੰ ਗੁਲਦਸਤਾ ਭੇਟ ਕਰਕੇ ਵਿਦਾਇਗੀ ਦਿੱਤੀ ਗਈ, ਉੱਥੇ ਹੀ ਨਵੇਂ ਬ੍ਰਾਂਚ ਮੈਨੇਜਰ ਸ੍ਰੀ ਅਨੁਰਾਗ ਨੈਰਿਾ ਨੂੰ ਵੀ ਗੁਲਦਸਤਾ ਭੇਟ ਕਰਕੇ ਜੀ ਆਇਆਂ ਨੂੰ ਕਿਹਾ ਗਿਆ। ਨਵੇਂ ਬ੍ਰਾਂਚ ਮੈਨੇਜਰ ਸ੍ਰੀ ਅਨੁਰਾਗ ਨਹਿਰਾ ਨੇ ਵੀ ਵਿਸ਼ਵਾਸ ਦਿੰਦਿਆਂ ਕਿਹਾ ਕਿ ਉਹ ਆਪਣੀ ਬ੍ਰਾਂਚ ਦੇ ਹਰ ਮੈਂਬਰ ਦੀ ਸਮੱਸਿਆ ਨੂੰ ਹੱਲ ਕਰਨਗੇ ਤੇ ਕਿਸੇ ਨੂੰ ਵੀ ਸ਼ਿਕਾਇਤ ਦਾ ਮੌਕਾ ਨਹੀਂ ਮਿਲੇਗਾ।ਅਸੀਂ ਸਾਰੇ ਇੱਕ ਪਰਵਾਰ ਤੇ ਇੱਕ ਟੀਮ ਦੇ ਰੂਪ ਵਿੱਚ ਕੰਮ ਕਰਾਂਗੇ ਅਤੇ ਆਪਣੀ ਬ੍ਰਾਂਚ ਦੀ ਕਾਰਗੁਜ਼ਾਰੀ ਨੂੰ ਹੋਰ ਵਧੇਰੇ ਪ੍ਰਭਾਵਸ਼ਾਲੀ ਬਣਾਵਾਂਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਦੀਨਾ ਨਾਥ, ਲੋਕ ਨਾਥ, ਰਜਿੰਦਰ ਸਿੰਘ, ਜਗਸੀਰ ਸਿੰਘ, ਮਨੋਜ ਕੁਮਾਰ, ਸੁਰਿੰਦਰ ਕੁਮਾਰ, ਅੰਗਰੇਜ਼ ਸਿੰਘ, ਅਮਰਜੀਤ ਸਿੰਘ, ਪ੍ਰਵੇਸ਼ ਕੁਮਾਰ, ਵਿਪੱਨ ਕੁਮਾਰ, ਰਿੰਕੂ ਕੁਮਾਰ ਆਦਿ ਹਾਜ਼ਰ ਹਨ।

## ਮਾਤਾ ਸਾਹਿਬ ਕੌਰ ਨਰਸਿੰਗ ਕਾਲਜ ਦਾ ਨਤੀਜਾ ਸ਼ਾਨਦਾਰ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਮਾਤਾ ਸਾਹਿਬ ਕੌਰ ਨਰਸਿੰਗ ਇੰਸਟੀਚਿਊਟ ਗਿੱਦੜਬਾਹਾ ਦਾ ਜੀ ਐੱਨ ਐੱਮ ਦੂਸਰੇ ਸਾਲ ਦਾ ਨਤੀਜਾ ਸੌ ਫੀਸਦੀ ਰਿਹਾ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਮੁੱਖ ਪ੍ਰਬੰਧਕ ਸ. ਬਲਵਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਸੰਸਥਾ ਦੇ ਸਾਰੇ ਵਿਦਿਆਰਥੀਆਂ ਨੇ ਦੂਜੇ ਸਾਲ ਦੀ ਪ੍ਰੀਖਿਆ ਪਹਿਲੇ ਤੇ ਦੂਜੇ ਦਰਜੇ ਵਿੱਚ ਪਾਸ ਕੀਤੀ ਹੈ। ਮਿਲੀ ਜਾਣਕਾਰੀ ਮੁਤਾਬਕ ਪ੍ਰੀਖਿਆ ਵਿੱਚੋਂ ਪੂਜਾ ਕੌਰ ਨੇ ਪਹਿਲਾ, ਹਰਪ੍ਰੀਤ ਕੌਰ ਨੇ ਦੂਜਾ ਤੇ ਬੇਅੰਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਕਾਲਜ ਦੀ ਚੇਅਰਪਰਸਨ ਬੀਬੀ ਗੁਰਦਿਆਲ ਕੌਰ ਮੱਲਣ ਤੇ ਡਾਕਟਰ ਬਲਤੇਜ ਸਿੰਘ ਨੇ ਵਿਦਿਆਰਥਣਾਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਇਸ ਸ਼ਾਨਦਾਰ ਨਤੀਜੇ ਦਾ ਸਿਹਰਾ ਪ੍ਰਿੰਸੀਪਲ ਜਸਪ੍ਰੀਤ ਕੌਰ ਤੇ ਸਮੂਹ ਸਟਾਫ ਨੂੰ ਦਿੱਤਾ।

## ਲੋਕ ਸੰਘਰਸ਼ ਕਮੇਟੀ ਵੱਲੋਂ ਲੋਕਾਂ ਨੂੰ ਆਪਸੀ ਭਾਈਚਾਰਾ ਕਾਇਮ ਰੱਖਣ ਦੀ ਅਪੀਲ



**ਨਾਭਾ (ਵਰਿੰਦਰ ਵਰਮਾ)**-ਲੋਕ ਸੰਘਰਸ਼ ਕਮੇਟੀ ਨਾਭਾ ਦੀ ਮੀਟਿੰਗ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਇਸਤਰੀ ਜਾਗ੍ਰਿਤੀ ਮੰਚ ਦੇ ਅਮਨ ਦਿਓਲ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਧਰਮਵੀਰ ਹਰੀਗੜ੍ਹ, ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਰਾਮ ਸ਼ਰਨ, ਪੰਜਾਬ ਸਟੂਡੈਂਟਸ ਯੂਨੀਅਨ ਦੇ ਲਖਵਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਭਾਰਤ ਤੇ ਪਾਕਿਸਤਾਨ ਵਿਚਾਲੇ ਸਰਹੱਦੀ ਹਮਲਿਆਂ ਦੇ ਪੱਧਰ ਤੱਕ ਵਧੇ ਤਣਾਅ 'ਤੇ ਡੂੰਘੀ ਚਿੰਤਾ ਜ਼ਾਹਰ ਕੀਤੀ ਤੇ ਕਿਹਾ ਕਿ ਜੰਗ ਭਾਰਤ ਤੇ ਪਾਕਿਸਤਾਨ ਦੋਵੇਂ ਮੁਲਕਾਂ ਦੇ ਆਮ ਲੋਕਾਂ ਦੇ ਹਿੱਤਾਂ ਦੇ ਵਿਰੁੱਧ ਹੈ, ਖਾਸ ਕਰਕੇ ਸਰਹੱਦੀ ਸੂਬਿਆਂ ਵਿੱਚ ਰਹਿਣ ਵਾਲੇ ਲੋਕਾਂ ਲਈ ਵਿਸ਼ੇਸ਼ ਤੌਰ 'ਤੇ ਤਬਾਹਕੁੰਨ ਸਾਬਿਤ ਹੋਵੇਗੀ।ਉਨ੍ਹਾਂ ਕਿਹਾ ਕਿ ਦੋਵੇਂ ਦੇਸ਼ਾਂ ਦੀਆਂ ਸਰਕਾਰਾਂ ਨੂੰ ਸਰਹੱਦ 'ਤੇ ਹਮਲੇ ਰੋਕਣੇ ਚਾਹੀਦੇ ਹਨ, ਭਰਾ ਮਾਰੂ ਜੰਗ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਅਤੇ ਮਸਲੇ ਨੂੰ ਗੰਭੀਰਤਾ ਤੇ ਸੰਜੀਦਗੀ ਨਾਲ ਹੱਲ ਕਰਨਾ ਚਾਹੀਦਾ ਹੈ।ਪਹਿਲਗਾਮ ਘਟਨਾ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਨੂੰ ਸਜ਼ਾ ਦੇਣੀ ਚਾਹੀਦੀ ਹੈ।ਇਸ ਮੌਕੇ ਆਗੂਆਂ ਨੇ ਕਿਹਾ ਕਿ ਲੋਕਾਂ ਨੂੰ ਭਾਈਚਾਰਕ ਏਕਤਾ ਬਣਾਈ ਰੱਖਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਇਸ ਜੰਗ ਦਾ ਵਿਰੋਧ ਕਰਦੇ ਹੋਏ 12 ਮਈ ਨੂੰ ਨਾਭਾ ਦੇ ਪਟਿਆਲਾ ਗੇਟ ਵਿਖੇ ਸਵੇਰੇ 10 ਵਜੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ ਤੇ ਹਲਕਾ ਵਾਸੀਆਂ ਨੂੰ ਇਸ ਪ੍ਰਦਰਸ਼ਨ 'ਚ ਸ਼ਾਮਲ ਹੋਣਾ ਚਾਹੀਦਾ ਹੈ।

## ਬੁਰਜ ਕਲਾਲਾ ਤੋਂ ਬਿਲਾਸਪੁਰ ਤੱਕ ਸੜਕ ਨੇ ਟੋਇਆਂ ਦਾ ਰੂਪ ਧਾਰਨ ਕੀਤਾ



**ਹਠੂਰ (ਨਛੱਤਰ ਸੰਧੂ)**-ਇੱਥੋਂ ਨੇੜਲੇ ਪਿੰਡ ਬੁਰਜ ਕਲਾਲਾ ਤੋਂ ਬਿਲਾਸਪੁਰ ਤੱਕ ਸੜਕ ਦਾ ਬਹੁਤ ਬੁਰਾ ਹਾਲ ਹੈ।ਇਹ ਜਾਣਕਾਰੀ ਦਿੰਦਿਆਂ ਨੰਬਰਦਾਰ ਸਤਨਾਮ ਸਿੰਘ ਬਿਲਾਸਪੁਰ ਤੇ ਸਾਬਕਾ ਸਰਪੰਚ ਨਿਰਮਲ ਸਿੰਘ ਬੁਰਜ ਕਲਾਲਾ ਨੇ ਦੱਸਿਆ ਕਿ ਇਹ ਤਿੰਨ ਕਿਲੋਮੀਟਰ ਸੜਕ ਦਾ ਕੋਟਾ ਪਿਛਲੇ ਪੰਜ ਸਾਲਾਂ ਤੋਂ ਥਾ ਥਾਂ ਤੋਂ ਟੁੱਟ ਚੁੱਕਾ ਹੈ।ਇਸ ਸੜਕ ਨੂੰ ਬਣਾਉਣ ਲਈ ਮਾਰਕੀਟ ਕਮੇਟੀ ਬੱਧਨੀ ਕਲਾਂ ਨੇ ਕੋਈ ਵੀ ਧਿਆਨ ਨਹੀਂ ਦਿੱਤਾ, ਸਗੋਂ ਰਾਹਗੀਰ ਲੋਕ ਟੋਇਆਂ ਵਿੱਚ ਡਿੱਗ ਕੇ ਆਪਣਾ ਜਾਨੀ-ਮਾਲੀ ਨੁਕਸਾਨ ਕਰਾ ਰਹੇ ਹਨ।ਉਨ੍ਹਾਂ ਦੱਸਿਆ ਕਿ ਇਸ ਸੜਕ ਦੀ ਮਿਆਦ ਪੁੱਗ ਚੁੱਕੀ ਹੈ ਤੇ ਸੜਕ ਦਾ ਮੰਦਾ ਹਾਲ ਹੋ ਚੁੱਕਾ ਹੈ।ਉਨ੍ਹਾਂ ਦੱਸਿਆ ਕਿ ਇਸ ਸੜਕ 'ਤੇ ਉੱਚਾ ਪੁਲ ਬਣਾਇਆ ਹੈ, ਜਿੱਥੇ ਲੋਕ ਲੁੱਟਾਂ ਖੋਹਾਂ ਦਾ ਸ਼ਿਕਾਰ ਹੋ ਰਹੇ ਹਨ।ਉਕਤ ਆਗੂਆਂ ਨੇ ਅਖੀਰ ਵਿੱਚ ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਤੇ ਮਾਰਕੀਟ ਕਮੇਟੀ ਬੱਧਨੀ ਕਲਾਂ ਤੋਂ ਪੁਰਜ਼ੋਰ ਮੰਗ ਕੀਤੀ ਕਿ ਇਸ ਸੜਕ ਨੂੰ ਜਲਦੀ ਤੋਂ ਜਲਦੀ ਬਣਾਇਆ ਜਾਵੇ।

# ਹਾਈ ਕੋਰਟ 'ਚ 1984 ਸਿੱਖ ਕਤਲੇਆਮ ਦੀ ਹੋਈ ਸੁਣਵਾਈ, ਅਗਲੀ ਪੇਸ਼ੀ 5 ਅਗਸਤ ਨੂੰ

**2 ਸਰਕਾਰੀ ਧਿਰਾਂ ਨੂੰ ਲੰਬਾ ਸਮਾਂ ਨੋਟਿਸ ਦਾ ਜਵਾਬ ਨਾ ਦੇਣ ਕਰਕੇ ਦਸ-ਦਸ ਹਜ਼ਾਰ ਰੁਪਏ ਕੀਤੇ ਜੁਰਮਾਨੇ : ਭਾਈ ਘੋਲੀਆ**



**ਮੋਗਾ (ਇਕਬਾਲ ਸਿੰਘ ਖਹਿਰਾ)**

2 ਨਵੰਬਰ 1984 ਨੂੰ ਹਰਿਆਣੇ ਦੇ ਸ਼ਹਿਰ ਗੁੜਗਾਉਂ ਪਟੌਦੀ ਵਿਖੇ ਵਹਿਸ਼ੀਆਨਾ ਭੀੜ ਨੇ 297 ਘਰਾਂ ਨੂੰ ਅੱਗ ਲਗਾ ਕੇ ਸਾੜ ਦਿੱਤਾ ਸੀ ਤੇ 47 ਸਿੱਖਾਂ ਨੂੰ ਜ਼ਖ਼ਮੀ ਕਰਕੇ ਮਾਰ ਮੁਕਾਇਆ ਸੀ। ਇਸ ਦੀ ਹਾਈ ਕੋਰਟ ਵਿਖੇ ਗੁੜਗਾਉਂ ਪਟੌਦੀ 'ਚ 47 ਸਿੱਖਾਂ ਦੇ ਕਤਲੇਆਮ ਮਾਮਲੇ ਦੀ ਅਗਲੀ ਪੇਸ਼ੀ 5 ਅਗਸਤ 2025 ਨੂੰ ਹੈ। ਇਸ ਸਬੰਧੀ ਹੋਂਦ ਚਿੱਲੜ ਸਿੱਖ ਇਨਸਾਫ਼ ਕਮੇਟੀ ਦੇ ਪ੍ਰਧਾਨ ਭਾਈ ਦਰਸ਼ਨ ਸਿੰਘ ਘੋਲੀਆ ਨੇ ਦੱਸਿਆ ਕਿ ਹੋਂਦ ਚਿੱਲੜ ਵਿੱਚ 32 ਸਿੱਖਾਂ ਦੇ ਕਤਲੇਆਮ ਦੇ ਮਾਮਲੇ ਦੀ ਲੜਾਈ ਦੇ ਨਾਲ-ਨਾਲ ਹੁਣ ਗੁੜਗਾਉਂ ਤੇ ਪਟੌਦੀ 'ਚ ਹੋਏ ਸਿੱਖਾਂ ਦੇ 47 ਕਤਲੇਆਮ ਤੇ ਹੋਰ ਪੀੜਤਾਂ ਦੇ ਮਾਮਲਿਆਂ ਨੂੰ ਨਿਆਂ ਤੇ ਇਨਸਾਫ਼ ਦਿਵਾਉਣ ਲਈ ਕਾਨੂੰਨੀ ਚਾਰਾਜੋਈ ਰਾਹੀਂ ਮੁੱਦਾ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਹੋਂਦ ਚਿੱਲੜ ਸਿੱਖ ਇਨਸਾਫ਼ ਕਮੇਟੀ ਦੇ ਵਿਸ਼ੇਸ਼ ਯਤਨਾਂ ਸਦਕਾ ਪੰਜਾਬ ਹਰਿਆਣਾ ਹਾਈ ਕੋਰਟ ਵਿਖੇ ਰਿੱਟ ਨੰਬਰ 10904 ਰਾਹੀਂ ਮੌਕੇ ਦੇ ਗਵਾਹ ਤੇ ਪੀੜਤ ਸੰਤੋਖ ਸਿੰਘ ਸਾਹਨੀ ਤੇ ਹਾਈ ਕੋਰਟ ਦੇ ਸੀਨੀਅਰ ਵਕੀਲ ਗਗਨਦੀਪ ਸਿੰਘ ਬੱਲ ਰਾਹੀਂ ਕੋਰਟ ਵਿੱਚ 133 ਪਟੀਸ਼ਨਰਾਂ ਲਾਈਆਂ ਗਈਆਂ ਸਨ। ਹੋਂਦ ਚਿੱਲੜ ਸਿੱਖ ਇਨਸਾਫ਼ ਕਮੇਟੀ ਦੇ ਪ੍ਰਧਾਨ ਭਾਈ ਦਰਸ਼ਨ ਸਿੰਘ ਘੋਲੀਆ ਨੇ ਕੇਸਾਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਣਯੋਗ ਪੰਜਾਬ ਹਰਿਆਣਾ ਹਾਈਕੋਰਟ ਦੇ ਹੁਕਮਾਂ ਤੇ 9 ਸਰਕਾਰੀ ਧਿਰਾਂ ਨੂੰ ਇਸ ਕੇਸ ਸਬੰਧੀ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਸਨ, ਪਰ ਕਾਫ਼ੀ ਲੰਬਾ ਸਮਾਂ 2 ਸਰਕਾਰੀ ਧਿਰਾਂ ਦਾ ਜਵਾਬ ਨਾ ਆਉਣ ਕਾਰਨ ਪੀੜਤਾਂ ਦੇ ਕੇਸ ਕਈ ਸਾਲ ਬੀਤ ਗਏ ਮਾਣਯੋਗ ਜਸਟਿਸ ਕੁਲਦੀਪ ਤਿਵਾੜੀ ਨੇ 2 ਸਰਕਾਰੀ ਧਿਰਾਂ ਵੱਲੋਂ ਲੰਬੇ ਸਮੇਂ ਤੋਂ ਜਾਣਬੁੱਝ ਕਿ ਨੋਟਿਸ ਦਾ ਜਵਾਬ ਨਾ ਦੇਣ 'ਤੇ ਸਖ਼ਤ ਕਾਰਵਾਈ ਕਰਦਿਆਂ ਉਨ੍ਹਾਂ ਨੂੰ ਦਸ-ਦਸ ਹਜ਼ਾਰ ਰੁਪਏ ਜੁਰਮਾਨੇ ਕੀਤੇ ਅਤੇ ਅਗਲੀ 5 ਅਗਸਤ ਨੂੰ ਪੇਸ਼ੀ 'ਤੇ ਜਵਾਬ ਦੇਣ ਦੀ ਵਾਰਨਿੰਗ ਦਿੱਤੀ। ਭਾਈ ਘੋਲੀਆ ਨੇ ਕਿਹਾ ਕਿ ਉਨ੍ਹਾਂ ਨੂੰ ਮਾਣਯੋਗ ਪੰਜਾਬ ਹਰਿਆਣਾ ਹਾਈਕੋਰਟ ਤੇ ਲੋਕਤੰਤਰ ਨਿਆ ਪ੍ਰਣਾਲੀ 'ਤੇ ਆਸ ਬੱਝੀ ਹੈ ਕਿ ਕੁਝ ਪ੍ਰਸ਼ਾਸਨਕ ਅਧਿਕਾਰੀ ਹੀ ਪੀੜਤ ਪਰਵਾਰਾਂ ਲਈ ਰੁਕਾਵਟਾਂ ਖੜ੍ਹੀਆਂ ਕਰ ਰਹੇ, ਸੋ ਆਸ ਹੈ ਕਿ ਸੱਜਣ ਕੁਮਾਰ ਨੂੰ ਸਜ਼ਾ ਮਿਲਣ ਤੋਂ ਬਾਅਦ ਪੀੜਤ ਪਰਵਾਰਾਂ ਨੂੰ ਨਿਆ ਦੀ ਕਿਰਨ ਜਾਗੀ ਹੈ। ਇਸ ਮੌਕੇ ਪੀੜਤ ਗੁਰਜੀਤ ਸਿੰਘ ਪਟੌਦੀ, ਕਰਨੈਲ ਸਿੰਘ ਕੁਰੂਕਸ਼ੇਤਰ, ਸ਼੍ਰੋਮਣੀ ਕਮੇਟੀ ਦੇ ਅਧਿਕਾਰੀ ਗੁਰਦਿਆਲ ਸਿੰਘ ਅੰਮ੍ਰਿਤਸਰ ਹਾਜ਼ਰ ਸਨ।

## ਗੇੜੇ ਨੂੰ ਲੈ ਕੇ ਆਪਸ ਵਿੱਚ ਭਿੜੇ ਟਰੱਕ ਮਾਲਕ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਟਰੱਕ ਯੂਨੀਅਨ ਮਾਛੀਵਾੜਾ ਵਿੱਚ ਪਿਛਲੇ ਦਿਨੀਂ 2 ਟਰੱਕ ਮਾਲਕ ਗੇੜੇ ਨੂੰ ਲੈ ਕੇ ਆਪਸ ਵਿੱਚ ਭਿੜ ਪਏ, ਜਿਸ ਵਿੱਚ ਇੱਕ ਨੇ ਦੂਜੇ ਦੇ ਮੂੰਹ ਉੱਪਰ ਗਰਮ ਚਾਹ ਦਾ ਭਰਿਆ ਗਲਾਸ ਮਾਰ ਕੇ ਜ਼ਖ਼ਮੀ ਕਰ ਦਿੱਤਾ। ਮਨਿੰਦਰ ਸਿੰਘ ਉਰਫ਼ ਰਾਜਾ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਉਹ ਟਰਾਂਸਪੋਰਟ ਦਾ ਕੰਮ ਕਰਦਾ ਹੈ ਅਤੇ ਲੰਘੀ 6 ਮਈ ਨੂੰ ਜਦੋਂ ਟਰੱਕ ਯੂਨੀਅਨ ਵਿੱਚ ਮੌਜੂਦ ਸੀ ਤਾਂ ਉੱਥੇ ਪਰਮਜੀਤ ਸਿੰਘ ਨਾਮ ਦਾ ਇੱਕ ਹੋਰ ਟਰੱਕ ਮਾਲਕ ਆ ਕੇ ਉਸ ਦਾ ਨਾਮ ਲੈ ਕੇ ਗਾਲ੍ਹਾਂ ਕੱਢਣ ਲੱਗ ਪਿਆ।

ਬਿਆਨਕਰਤਾ ਅਨੁਸਾਰ ਜਦੋਂ ਉਸ ਨੂੰ ਪੁੱਛਿਆ ਕਿ ਗਾਲ੍ਹਾਂ ਕਿਉਂ ਕੱਢ ਰਿਹਾ ਹੈ ਤਾਂ ਪਰਮਜੀਤ ਸਿੰਘ ਨੇ ਆਪਣੇ ਹੱਥ ਵਿੱਚ ਫੜਿਆ ਗਰਮ ਚਾਹ ਦਾ ਗਲਾਸ ਮੇਰੇ ਮੂੰਹ 'ਤੇ ਮਾਰਿਆ ਤੇ ਗਲਾਸ ਦੇ ਕੱਚ ਨਾਲ ਮੂੰਹ 'ਤੇ ਕਈ ਵਾਰ ਕੀਤੇ, ਜਿਸ ਨਾਲ ਉਹ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਜ਼ਖ਼ਮੀ ਹਾਲਤ ਵਿੱਚ ਮਨਿੰਦਰ ਸਿੰਘ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ, ਜਿੱਥੇ ਪੁਲਸ ਨੇ ਉਸ ਦੇ ਬਿਆਨਾਂ ਦੇ ਅਧਾਰ 'ਤੇ ਪਰਮਜੀਤ ਸਿੰਘ ਖਿਲਾਫ਼ ਵੱਖ ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਭਾਰਤੀ ਫੌਜ ਵੱਲੋਂ ਅੱਤਵਾਦੀ ਟਿਕਾਣੇ ਤਬਾਹ ਕਰਨਾ ਸ਼ਲਾਘਾਯੋਗ : ਸੋਨੂ ਮਿੱਤਲ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਾਕਿਸਤਾਨ ਤੋਂ ਚਲਾਏ ਜਾ ਰਹੇ ਅੱਤਵਾਦੀ ਨੈੱਟਵਰਕ ਨੇ ਪਿਛਲੇ ਦਿਨੀਂ ਅਠਾਈ ਨਿਰਦੋਸ਼ ਭਾਰਤੀਆਂ ਦਾ ਕਤਲ ਕਰ ਦਿੱਤਾ ਸੀ, ਜਿਸ ਦਾ ਮੂੰਹ ਤੋੜਵਾਂ ਜਵਾਬ ਦਿੰਦਿਆਂ ਭਾਰਤੀ ਫ਼ੌਜ ਵੱਲੋਂ ਪਾਕਿਸਤਾਨ ਸਥਿਤ ਨੌਂ ਅੱਤਵਾਦੀ ਟਿਕਾਣੇ ਤਬਾਹ ਕਰਕੇ ਸ਼ਲਾਘਾਯੋਗ ਕੰਮ ਕੀਤਾ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਵਾਈਸ ਪ੍ਰਧਾਨ ਪਟਿਆਲਾ ਭਾਜਪਾ ਸਾਊਥ ਦੇ ਸੋਨੂ ਮਿੱਤਲ ਨੇ ਕਿਹਾ ਕਿ ਸਮੁੱਚੇ ਭਾਰਤ ਨੂੰ ਪਾਕਿਸਤਾਨ ਤੋਂ ਚਲਾਏ ਜਾ ਰਹੇ ਨੈੱਟਵਰਕ ਕਾਰਨ ਕਰੋੜਾਂ ਰੁਪਏ ਖਰਚ ਤੇ ਨਿਰਦੋਸ਼ ਭਾਰਤੀਆਂ ਦੀਆਂ ਕੀਮਤੀ ਜਾਨਾਂ ਗਵਾਉਣੀਆਂ ਪੈ ਰਹੀਆਂ ਸਨ।ਹੁਣ ਦੇਸ਼ ਦੇ ਸੈਨਿਕਾਂ ਨੇ ਅੱਤਵਾਦੀਆਂ ਨੂੰ ਮੂੰਹ ਤੋੜ ਜਵਾਬ ਦਿੱਤਾ ਹੈ, ਕਿਉਂਕਿ ਸਮੁੱਚੇ ਦੇਸ਼ ਵਾਸੀਆਂ ਪਹਿਲਗਾਮ ਵਿਚ ਸ਼ਹੀਦ ਹੋਏ ਨਿਰਦੋਸ਼ ਭਾਰਤੀਆਂ ਨਮਿੱਤ ਕੈਂਡਲ ਮਾਰਚ ਕਰਦੇ ਸ਼ਰਧਾਂਜਲੀ ਦਿੱਤੀ ਤੇ ਇਹ ਆਵਾਜ਼ ਉਠਾਈ ਗਈ ਅੱਤਵਾਦ ਵਿਰੁੱਧ ਸਖ਼ਤ ਤੋਂ ਸਖ਼ਤ ਕਦਮ ਜਿਹੜਾ ਉਠਾਇਆ ਜਾਣਾ ਚਾਹੀਦਾ।ਭਾਰਤੀ ਫ਼ੌਜ ਨੇ ਕਾਰਵਾਈ ਕਰਦਿਆਂ ਕੇਵਲ ਅੱਤਵਾਦੀ ਟਿਕਾਣੇ ਹੀ ਤਬਾਹ ਕੀਤੇ ਹਨ, ਜਦਕਿ ਕਿਸੇ ਵੀ ਆਮ ਲੋਕਾਂ ਦਾ ਜਾਨੀ ਮਾਲੀ ਨੁਕਸਾਨ ਨਹੀਂ ਕੀਤਾ ਹੈ।ਇਸ ਮੌਕੇ ਉਨ੍ਹਾਂ ਨਾਲ ਵੇਦ ਪ੍ਰਕਾਸ਼ ਪੋਪਲੀ, ਭੁਪਿੰਦਰ ਪਾਲ ਸਿੰਘ ਮੋਮੀਆ, ਸੁਰੇਸ਼ ਕੁਮਾਰ ਬਾਂਸਲ, ਮੰਗਤ ਰਾਏ, ਜਿਮੀ ਗੋਇਲ, ਅਭਿਸ਼ੇਕ ਸਿੰਗਲਾ, ਕ੍ਰਿਸ਼ਨ ਅਡਵਾਨੀ ਆਦਿ ਹਾਜ਼ਰ ਸਨ।

## ਬਠਿੰਡਾ ਦੇ ਬੱਸ ਅੱਡੇ ਨੂੰ ਸ਼ਹਿਰ ਤੋਂ ਬਾਹਰ ਬਣਾਉਣ ਦੀ ਕੀਤੀ ਵਿਰੋਧਤਾ



**ਮਲੋਟ (ਓਮ ਪ੍ਰਕਾਸ਼ ਸ਼ੇਖੂ)**-ਪੀ ਐੱਸ ਪੀ ਸੀ ਐੱਲ ਪੈਨਸ਼ਨਰਜ਼ ਐਸੋਸੀਏਸ਼ਨ ਮੰਡਲ ਮਲੋਟ ਦੀ ਕਾਰਜ ਕਾਰਨੀ ਕਮੇਟੀ ਦੀ ਮੀਟਿੰਗ ਨੱਥਾ ਸਿੰਘ ਪ੍ਰਧਾਨ, ਮੋੜਾ ਸਿੰਘ ਸਕੱਤਰ, ਸੀਨੀਅਰ ਮੀਤ ਪ੍ਰਧਾਨ ਬਲਰਾਜ ਮੱਕੜ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਬਠਿੰਡਾ ਸ਼ਹਿਰ ਦਾ ਬੱਸ ਅੱਡਾ ਸ਼ਹਿਰ ਦੀ ਅਬਾਦੀ ਤੋਂ ਦੂਰ ਲੈ ਕੇ ਜਾਣਾ ਬਿੱਲਕੁਲ ਗਲਤ ਹੈ, ਜਿਸ ਦੀ ਜਥੇਬੰਦੀ ਵੱਲੋਂ ਨਿਖੇਧੀ ਕੀਤੀ ਜਾਂਦੀ ਹੈ, ਕਿਉਂਕਿ ਬਠਿੰਡਾ ਸ਼ਹਿਰ ਤੋਂ ਬਾਹਰੋਂ ਆਉਣ ਵਾਲੇ ਵਿਦਿਆਰਥੀ, ਕਿਸਾਨ, ਮਜ਼ਦੂਰ, ਨੌਕਰੀ ਪੇਸ਼ਾ ਲੋਕ, ਮਰੀਜ਼ਾਂ ਨੂੰ ਖੱਜਲ ਖ਼ੁਆਰੀ ਦਾ ਸਾਹਮਣਾ ਕਰਨਾ ਪਵੇਗਾ।ਇਸ ਦੇ ਨਾਲ ਹੀ ਸ਼ਹਿਰ ਅੰਦਰ ਬਜ਼ਾਰਾਂ ਤੇ ਦੁਕਾਨਦਾਰਾਂ ਉੱਪਰ ਮਾੜਾ ਅਸਰ ਪਵੇਗਾ।ਇਸ ਵਿੱਚ ਲੋਕਾਂ ਦੀਆਂ ਜੇਬਾਂ 'ਤੇ ਖਰਚੇ ਦਾ ਬੋਝ ਪਵੇਗਾ।ਇਸ ਲਈ ਸਾਡੀ ਜਥੇਬੰਦੀ ਪੈਨਸ਼ਨਰਜ਼ ਐਸੋਸੀਏਸ਼ਨ ਮੰਡਲ ਮਲੋਟ ਦੀ ਸਰਕਾਰ ਤੋਂ ਮੰਗ ਕਰਦੀ ਹੈ ਕਿ ਇਹ ਬੱਸ ਅੱਡਾ ਸ਼ਹਿਰ ਵਿੱਚ ਹੀ ਰੱਖਿਆ ਜਾਵੇ ਤੇ ਜੋ ਨਵਾਂ ਬੱਸ ਅੱਡਾ ਬਨਣਾ ਹੈ, ਉਸ ਨੂੰ ਰੋਕਿਆ ਜਾਵੇ ਤੇ ਲੋਕਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਿਆ ਜਾਵੇ।

# ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਜਨਮ ਦਿਨ ਸਨਮਾਨ ਸਮਾਰੋਹ

**ਬੁਲਾਰਿਆਂ ਵੱਲੋਂ ਭਾਰਤੀ ਫੌਜ ਦੀ ਸ਼ਲਾਘਾ ਤੇ ਅਮਨ ਸ਼ਾਂਤੀ ਦਾ ਦਿੱਤਾ ਪੈਗਾਮ**



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਤਹਿਸੀਲ ਕੰਪਲੈਕਸ ਵਿਖੇ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਸੰਗਰੂਰ ਯੂਨਿਟ ਵੱਲੋਂ ਮਹੀਨਾਵਾਰ ਜਨਮ ਦਿਨ ਸਨਮਾਨ ਸਮਾਰੋਹ ਭੁਪਿੰਦਰ ਸਿੰਘ ਜੱਸੀ ਪ੍ਰਧਾਨ ਦੀ ਅਗਵਾਈ ਵਿੱਚ ਕੀਤਾ ਗਿਆ।ਅਵਿਨਾਸ਼ ਸ਼ਰਮਾ ਜਨਰਲ ਸਕੱਤਰ ਦੇ ਸਟੇਜ ਸੰਚਾਲਨ ਅਧੀਨ ਵੱਖ ਵੱਖ ਬੁਲਾਰਿਆਂ ਗੁਰਦੇਵ ਸਿੰਘ ਲੂੰਬਾ, ਹਰਵਿੰਦਰ ਸਿੰਘ ਭੱਠਲ, ਦਰਸ਼ਨ ਸਿੰਘ ਨੌਰਥ ਜ਼ਿਲ੍ਹਾ ਸਕੱਤਰ, ਨਿਹਾਲ ਸਿੰਘ ਮਾਨ, ਰਵਿੰਦਰ ਸਿੰਘ ਗੁੱਡੂ, ਸੁਰਿੰਦਰ ਪਾਲ ਸਿੰਘ ਸਿਦਕੀ, ਰਾਜ ਕੁਮਾਰ ਅਰੋੜਾ ਜ਼ਿਲ੍ਹਾ ਪ੍ਰਧਾਨ, ਸੱਜਣ ਸਿੰਘ ਪੂਨੀਆ, ਰਾਮ ਲਾਲ ਪਾਂਧੀ, ਮਹੇਸ਼ ਜੌਹਰ, ਸਤਪਾਲ ਸਿੰਗਲਾ, ਪਵਿੱਤਰ ਕੌਰ ਗਰੇਵਾਲ ਨੇ ਜਿੱਥੇ ਜਨਮ ਦਿਨ ਵਾਲੇ ਮੈਂਬਰਾਂ ਨੂੰ ਵਧਾਈਆਂ ਤੇ ਸ਼ੁੱਭ-ਕਾਮਨਾਵਾਂ ਦਿੱਤੀਆਂ, ਉਥੇ ਪਹਿਲਗਾਮ ਘਟਨਾ ਦੇ ਅੱਤਵਾਦੀਆਂ ਨੂੰ ਪਾਕਿਸਤਾਨ ਵੱਲੋਂ ਪਨਾਹ ਦੇਣ ਦੇ ਰੋਸ ਵਜੋਂ ਭਾਰਤੀ ਫੌਜ ਵੱਲੋਂ ਕੀਤੀ ਜਾ ਰਹੀ ਕਾਰਵਾਈ ਦੀ ਸ਼ਲਾਘਾ ਕੀਤੀ ਤੇ ਨਾਲ ਹੀ ਪਾਕਿਸਤਾਨ ਨੂੰ, ਦੋਸ਼ੀਆਂ ਨੂੰ ਭਾਰਤ ਹਵਾਲੇ ਕਰਕੇ ਦੋਹਾਂ ਦੇਸ਼ਾਂ ਦਰਮਿਆਨ ਤਨਾਵ ਘੱਟ ਕਰਨ ਅਤੇ ਅਮਨ ਸ਼ਾਂਤੀ ਦਾ ਮਾਹੌਲ ਬਣਾਉਣ ਦਾ ਸੁਨੇਹਾ ਦਿੱਤਾ। ਬੁਲਾਰਿਆਂ ਨੇ ਆਪਣੇ ਸਾਥੀਆਂ ਨੂੰ ਬਲੈਕ ਆਊਟ ਸਮੇਂ ਪ੍ਰਸ਼ਾਸਨ ਵੱਲੋਂ ਦਿੱਤੇ ਜਾਂਦੇ ਨਿਰਦੇਸ਼ਾਂ ਨੂੰ ਪੂਰੀ ਤਰ੍ਹਾਂ ਪਾਲਣਾ ਕਰਨ ਲਈ ਕਿਹਾ।ਪੈਨਸ਼ਨਰਜ਼ ਸਾਥੀਆਂ ਦੀਆਂ ਮੰਗਾਂ 'ਤੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ।ਭੁਪਿੰਦਰ ਸਿੰਘ ਜੱਸੀ ਨੇ ਕਿਹਾ ਕਿ ਜਦੋਂ ਵੀ ਜੰਗ ਦਾ ਮਾਹੌਲ ਬਣਦਾ ਹੈ ਤਾਂ ਉਸ ਸਮੇਂ ਪੰਜਾਬੀ ਫੌਜੀ ਹੀ ਅੱਗੇ ਵੱਧ ਕੇ ਆਪਣੀਆਂ ਜਾਨਾਂ ਕੁਰਬਾਨ ਕਰਦੇ ਹਨ, ਜਿਸ ਨਾਲ ਪੰਜਾਬ ਦਾ ਹੀ ਵੱਧ ਨੁਕਸਾਨ ਹੁੰਦਾ ਹੈ।ਸਰਪ੍ਰਸਤ ਜੀਤ ਸਿੰਘ ਢੀਂਡਸਾ ਨੇ ਕਿਹਾ ਕਿ ਲੜਾਈ ਕੋਈ ਵੀ ਹੋਵੇ ਅੰਤ ਨੂੰ ਨਤੀਜਾ ਨੁਕਸਾਨਦੇਹ ਹੀ ਹੁੰਦਾ ਹੈ, ਇਸ ਲਈ ਦੋਵਾਂ ਦੇਸ਼ਾਂ ਨੂੰ ਜੰਗ ਤੋਂ ਬਿਨਾਂ ਇਸ ਮਸਲੇ ਦਾ ਹੱਲ ਕਰਨਾ ਚਾਹੀਦਾ ਹੈ। ਇਸ ਮੌਕੇ ਪਵਿੱਤਰ ਕੌਰ ਗਰੇਵਾਲ ਨੂੰ ਯੂਨਿਟ ਦਾ ਮੀਤ ਪ੍ਰਧਾਨ ਐਲਾਨਿਆ ਗਿਆ ਤੇ ਭੁਪਿੰਦਰ ਸਿੰਘ ਜੱਸੀ, ਜੀਤ ਸਿੰਘ ਢੀਂਡਸਾ, ਰਾਜ ਕੁਮਾਰ ਅਰੋੜਾ ਨੇ ਨਿਯੁਕਤੀ ਪੱਤਰ ਦੇ ਕੇ ਸਨਮਾਨਤ ਕੀਤਾ।ਉਪਰੰਤ ਜਨਮ ਦਿਨ ਵਾਲੇ ਮੈਂਬਰਾਂ ਤੇਜਾ ਸਿੰਘ ਲੌਂਗੋਵਾਲ, ਸਤਪਾਲ ਬਾਂਸਲ, ਕਿਸ਼ੋਰੀ ਲਾਲ, ਵਰਿੰਦਰ ਸਿੰਘ ਕੌਸ਼ਲ, ਬਲਦੇਵ ਰਾਜ ਮਦਾਨ, ਜਗਦੀਸ਼ ਰਾਏ, ਹਰਮੇਲ ਸਿੰਘ, ਸ਼ਿੰਗਾਰਾ ਸਿੰਘ, ਰਘੂ ਨਾਥ, ਭਗਵੰਤ ਸਿੰਘ, ਨਛੱਤਰ ਸਿੰਘ, ਮਦਨ ਲਾਲ, ਕੈਪਟਨ ਅਨਿਲ ਕੁਮਾਰ, ਸੁਰੇਸ਼ ਕੁਮਾਰ ਸਿੰਗਲਾ, ਭੁਪਿੰਦਰ ਕੌਰ, ਸਵਿੰਦਰ ਕੌਰ ਆਦਿ ਨੂੰ ਪ੍ਰਧਾਨ ਭੁਪਿੰਦਰ ਸਿੰਘ ਜੱਸੀ, ਜੀਤ ਸਿੰਘ ਢੀਂਡਸਾ, ਰਾਜ ਕੁਮਾਰ ਅਰੋੜਾ, ਡਾ. ਸਤਵੰਤ ਸਿੰਘ, ਸੁਰਿੰਦਰ ਪਾਲ ਸਿੰਘ ਸਿਦਕੀ, ਹਰਪਾਲ ਸਿੰਘ ਸੰਗਰੂਰਵੀ, ਗੁਰਦੇਵ ਸਿੰਘ ਭੁੱਲਰ, ਨੰਦ ਲਾਲ ਮਲਹੋਤਰਾ, ਦੇਵਿੰਦਰ ਜਿੰਦਲ, ਓਮ ਪ੍ਰਕਾਸ਼ ਸ਼ਰਮਾ, ਜਰਨੈਲ ਸਿੰਘ ਲੁਬਾਣਾ, ਕਰਨੈਲ ਸਿੰਘ ਸੇਖੋਂ, ਸੁਰਿੰਦਰ ਸਿੰਘ ਸੋਢੀ, ਰਾਜਿੰਦਰ ਸਿੰਘ ਚੰਗਾਲ, ਰਾਜ ਕੁਮਾਰ ਬਾਂਸਲ, ਸੁਰਿੰਦਰ ਪਾਲ ਗਰਗ, ਪ੍ਰੇਮ ਚੰਦ ਗਰਗ, ਮਨਮੋਹਨ ਸਿੰਘ, ਲਾਲ ਚੰਦ ਸੈਣੀ, ਸੁਰੇਸ਼ ਕੁਮਾਰ ਸਿੰਗਲਾ, ਪਵਿੱਤਰ ਕੌਰ ਗਰੇਵਾਲ ਆਦਿ ਨੇ ਹਾਰ ਪਾ ਕੇ ਤੇ ਗਿਫਟ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਪੈਨਸ਼ਨਰਜ਼ ਸਾਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਔਰਤ ਸਣੇ ਪੰਜ ਵਿਅਕਤੀ ਹੈਰੋਇਨ ਤੇ ਨਸ਼ੇ ਦੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੀਤੇ 24 ਘੰਟਿਆਂ ਦੌਰਾਨ ਜ਼ਿਲ੍ਹੇ 'ਚੋਂ ਵੱਖ-ਵੱਖ ਥਾਵਾਂ ਤੋਂ ਪੁਲਸ ਨੇ ਇੱਕ ਔਰਤ ਸਣੇ ਪੰਜ ਵਿਅਕਤੀਆਂ ਨੂੰ ਨਸ਼ੀਲੇ ਪਦਾਰਥਾਂ ਸਮੇਤ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਗਸ਼ਤ ਕਰ ਰਹੀ ਥਾਣਾ ਬਸੀ ਪਠਾਣਾਂ ਦੀ ਇੱਕ ਪੁਲਸ ਪਾਰਟੀ ਖਾਲਸਪੁਰ ਨਹਿਰ ਪੁਲ ਨਜ਼ਦੀਕ ਪੁੱਜੀ ਤਾਂ ਇੱਕ ਬਰੀਜ਼ਾ ਕਾਰ 'ਚ ਬੈਠੇ ਦੋ ਨੌਜਵਾਨ ਪੁਲਸ ਦੀ ਗੱਡੀ ਦੇਖ ਦੇ ਘਬਰਾ ਗਏ, ਜਿਨ੍ਹਾਂ ਨੂੰ ਸ਼ੱਕ ਦੇ ਅਧਾਰ 'ਤੇ ਕਾਬੂ ਕਰਕੇ ਨਾਮ ਪਤਾ ਪੁੱਛੇ ਜਾਣ 'ਤੇ ਇੱਕ ਨੇ ਆਪਣੀ ਪਹਿਚਾਣ ਸੁਖਵਿੰਦਰ ਸਿੰਘ ਵਾਸੀ ਪਿੰਡ ਲਖਨੌਰ (ਮੋਹਾਲੀ) ਵਜੋਂ ਤੇ ਦੂਸਰੇ ਨੇ ਆਪਣੀ ਪਹਿਚਾਣ ਦਲਵੀਰ ਸਿੰਘ ਵਾਸੀ ਪਿੰਡ ਸਲੌਰਾ (ਰੂਪਨਗਰ) ਵਜੋਂ ਦੱਸੀ।ਤਲਾਸ਼ੀ ਦੌਰਾਨ ਉਨਾਂ ਦੇ ਕਬਜ਼ੇ 'ਚੋਂ 125 ਗੋਲੀਆਂ ਐਲਪ੍ਰਾਜ਼ੋਲਮ ਬਰਾਮਦ ਹੋਈਆਂ, ਜਿਸ 'ਤੇ ਬਰੀਜ਼ਾ ਕਾਰ ਨੂੰ ਕਬਜ਼ੇ 'ਚ ਲੈਂਦੇ ਹੋਏ ਬਸੀ ਪਠਾਣਾਂ ਪੁਲਸ ਵੱਲੋਂ ਸੁਖਵਿੰਦਰ ਸਿੰਘ ਤੇ ਦਲਬੀਰ ਸਿੰਘ ਨੂੰ ਅ/ਧ 22(ਬੀ) ਐੱਨ.ਡੀ.ਪੀ.ਐੱਸ. ਐਕਟ ਤਹਿਤ ਗ੍ਰਿਫਤਾਰ ਕਰ ਲਿਆ ਗਿਆ।ਇੱਕ ਵੱਖਰੇ ਮਾਮਲੇ 'ਚ ਅੰਨੀਆਂ ਤੋਂ ਅਮਲੋਹ ਵੱਲ ਨੂੰ ਗਸ਼ਤ ਕਰਦੀ ਜਾ ਰਹੀ ਥਾਣਾ ਅਮਲੋਹ ਦੀ ਇੱਕ ਪੁਲਸ ਪਾਰਟੀ ਵੱਲੋਂ ਸੌਂਟੀ ਵੱਲੋਂ ਪੈਦਲ ਆ ਰਹੇ ਇੱਕ ਮੋਨੇ ਨੌਜਵਾਨ ਤੇ ਇੱਕ ਔਰਤ ਨੂੰ ਸ਼ੱਕ ਦੇ ਅਧਾਰ 'ਤੇ ਕਾਬੂ ਕੀਤਾ ਗਿਆ, ਜਿਨ੍ਹਾਂ ਨੇ ਪੁੱਛੇ ਜਾਣ 'ਤੇ ਆਪਣੀ ਪਹਿਚਾਣ ਗੁਰਕੀਰਤ ਸਿੰਘ ਵਾਸੀ ਪਿੰਡ ਸੌਂਟੀ ਤੇ ਪ੍ਰੀਤ ਵਾਸੀ ਅਮਲੋਹ ਵਜੋਂ ਦੱਸੀ।ਤਲਾਸ਼ੀ ਦੌਰਾਨ ਗੁਰਕੀਰਤ ਸਿੰਘ ਦੇ ਕਬਜ਼ੇ 'ਚੋਂ 50 ਗ੍ਰਾਮ ਹੈਰੋਇਨ ਤੇ ਪ੍ਰੀਤ ਦੇ ਕਬਜ਼ੇ 'ਚੋਂ 30 ਗ੍ਰਾਮ ਹੈਰੋਇਨ ਬਰਾਮਦ ਹੋਈ, ਜਿਸ 'ਤੇ ਦੋਵਾਂ ਨੂੰ ਅ/ਧ 21 (ਬੀ) ਐੱਨ.ਡੀ.ਪੀ.ਐੱਸ. ਐਕਟ ਤਹਿਤ ਗ੍ਰਿਫਤਾਰ ਕਰ ਲਿਆ ਗਿਆ।ਇੱਕ ਵੱਖਰੇ ਮਾਮਲੇ 'ਚ ਗਸ਼ਤ ਕਰ ਰਹੀ ਥਾਣਾ ਅਮਲੋਹ ਦੀ ਇੱਕ ਪੁਲਸ ਪਾਰਟੀ ਵੱਲੋਂ ਪਿੰਡ ਅਲਦਾਦਪੁਰ ਨਜ਼ਦੀਕ ਸ਼ੱਕ ਦੇ ਅਧਾਰ 'ਤੇ ਕਾਬੂ ਕੀਤੇ ਗਏ ਗੁਰਪ੍ਰੀਤ ਸਿੰਘ ਉਰਫ ਮੋਨੂੰ ਵਾਸੀ ਪਿੰਡ ਚਹਿਲਾਂ ਦੀ ਤਲਾਸ਼ੀ ਲਈ ਗਈ ਤਾਂ ਉਸ ਦੇ ਕਬਜ਼ੇ 'ਚੋਂ ਨਸ਼ੇ ਦੀਆਂ 115 ਗੋਲੀਆਂ ਬਰਾਮਦ ਹੋਈਆਂ।ਇਸ ਸਬੰਧੀ ਥਾਣਾ ਅਮਲੋਹ ਵਿਖੇ ਅ/ਧ 22 (ਬੀ) ਐੱਨ.ਡੀ.ਪੀ.ਐੱਸ. ਐਕਟ ਤਹਿਤ ਦਰਜ ਕਰਵਾਏ ਗਏ ਮੁਕੱਦਮੇ 'ਚ ਗੁਰਪ੍ਰੀਤ ਸਿੰਘ ਉਰਫ ਮੋਨੂੰ ਨੂੰ ਗ੍ਰਿਫਤਾਰ ਕਰ ਲਿਆ ਗਿਆ।

## ਖੇਤੀਬਾੜੀ ਵਿਭਾਗ ਨੇ ਡੀਲਰਾਂ ਨੂੰ ਝੋਨੇ ਦੇ ਹਾਈਬ੍ਰਿਡ ਬੀਜਾਂ ਦੀ ਵਿਕਰੀ ਨਾ ਕਰਨ ਲਈ ਪ੍ਰੇਰਿਆ

**ਮਲੋਟ (ਓਮ ਪ੍ਰਕਾਸ਼ ਸ਼ੇਖੂ)**-ਸਾਉਣੀ 2025 ਦੌਰਾਨ ਬੀਜੀਆਂ ਜਾਣ ਵਾਲੀਆਂ ਫਸਲਾਂ, ਖਾਸ ਕਰਕੇ ਨਰਮੇ ਤੇ ਝੋਨੇ ਦੀ ਫ਼ਸਲ ਸਬੰਧੀ ਕੀਤੇ ਜਾ ਰਹੇ ਕੰਮਾਂ ਦੀ ਸਮੀਖਿਆ ਕਰਨ ਸਬੰਧੀ ਮੁੱਖ ਖੇਤਬਾੜੀ ਅਫ਼ਸਰ ਸ੍ਰੀ ਮੁਕਤਸਰ ਸਾਹਿਬ ਡਾ. ਕਰਨਜੀਤ ਸਿੰਘ ਗਿੱਲ ਵੱਲੋਂ ਮੰਡੀ ਬਰੀਵਾਲਾ ਦੇ ਸਮੂਹ ਖਾਦ, ਬੀਜ ਤੇ ਕੀਟਨਾਸ਼ਕ ਦਵਾਈਆਂ ਦੇ ਡੀਲਰਾਂ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਆਉਣ ਵਾਲੇ ਸਾਉਣੀ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਖੇਤੀ ਨਾਲ ਸਬੰਧਤ ਵਸਤਾਂ ਖਾਸ ਕਰਕੇ ਬੀਜਾਂ ਦੀ ਉਪਲੱਬਧਤਾ ਸਬੰਧੀ ਸਮੂਹ ਡੀਲਰਾਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਹੁਕਮਾਂ ਤਹਿਤ ਸਾਉਣੀ-2025 ਦੌਰਾਨ ਸੂਬੇ ਵਿੱਚ ਝੋਨੇ ਦੀ ਕਿਸਮ ਪੂਸਾ-44 ਤੇ ਹਾਈਬ੍ਰਿਡ ਬੀਜਾਂ ਦੀ ਵਿਕਰੀ ਤੇ ਬਿਜਾਈ 'ਤੇ ਪੂਰਨ ਪਾਬੰਦੀ ਲਗਾਈ ਗਈ ਹੈ। ਇਸ ਕਰਕੇ ਪੀ ਏ ਯੂ ਲੁਧਿਆਣਾ ਵੱਲੋਂ ਸਿਫ਼ਾਰਸ਼ ਝੋਨੇ ਦੀਆਂ ਕਿਸਮਾਂ ਜਿਵੇਂ ਪੀ ਆਰ 126, ਪੀ ਆਰ 131 ਦੀ ਹੀ ਬਿਜਾਈ ਕਰਵਾਈ ਜਾਵੇ।ਉਨ੍ਹਾਂ ਡੀਲਰਾਂ ਨੂੰ ਖਾਦਾਂ ਦੀ ਕਾਲਾ ਬਜ਼ਾਰੀ, ਟੈਗਿੰਗ, ਵੱਧ ਰੇਟ ਆਦਿ ਨਾ ਕਰਨ ਲਈ ਹਦਾਇਤਾਂ ਦਿੱਤੀਆਂ ਤੇ ਇਨ੍ਹਾਂ ਨਾਲ ਸਬੰਧਤ ਰਿਕਾਰਡ ਪੂਰਾ ਰੱਖਣ ਲਈ ਕਿਹਾ ਗਿਆ ।ਇਸ ਮੌਕੇ ਡਾ. ਜਸ਼ਨਪ੍ਰੀਤ ਸਿੰਘ ਵੱਲੋਂ ਖਾਦ, ਡਾ: ਸੁਖਜਿੰਦਰ ਸਿੰਘ ਵੱਲੋਂ ਕੀੜੇਮਾਰ ਦਵਾਈਆਂ ਦੇ ਲਾਇਸੰਸ ਤੇ ਡਾ: ਹਰਜੀਤ ਸਿੰਘ ਵੱਲੋਂ ਬੀਜ ਦੇ ਲਾਇਸੰਸਾਂ ਵਿੱਚ ਆ ਰਹੀਆਂ ਮੁਸ਼ਕਲਾਂ ਦੇ ਹੱਲ ਸਬੰਧੀ ਨੁਕਤੇ ਸਾਂਝੇ ਕੀਤੇ ਗਏ।ਡਾ, ਸ਼ਵਿੰਦਰ ਸਿੰਘ, ਡਾ. ਅਰਿੰਦਰਪਾਲ ਸਿੰਘ ਤੋਂ ਇਲਾਵਾ ਖੇਤੀਬਾੜੀ ਵਿਭਾਗ ਦੇ ਹੋਰ ਅਧਿਕਾਰੀ ਹਾਜ਼ਰ ਸਨ।

## ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਾਂ ਵੱਲੋਂ ਪਹਿਲਗਾਮ ਕਾਂਡ ਦੀ ਨਿੰਦਾ



**ਪਟਿਆਲਾ (ਬਿੰਦ)**-ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਹੈੱਡ ਆਫ਼ਿਸ ਯੂਨਿਟ ਪਟਿਆਲਾ ਦੀ ਮੀਟਿੰਗ 10 ਮਈ 2025 ਨੂੰ ਅਨਖੀ ਭਵਨ ਫੈਕਟਰੀ ਏਰੀਆ ਪਟਿਆਲਾ ਵਿਖੇ ਸ੍ਰ. ਭਿੰਦਰ ਸਿੰਘ ਚਹਿਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪੁਲਵਾਮਾ ਦਹਿਸ਼ਤਗਰਦੀ ਦੀ ਸਖ਼ਤ ਨਿੰਦਾ ਕਰਨ ਦੇ ਨਾਲ ਨਾਲ ਕਾਇਰਾਨਾ ਹਮਲੇ ਵਿੱਚ ਮਾਰੇ ਗਏ ਭਾਰਤੀ ਨਾਗਰਿਕਾਂ ਦੀ ਆਤਮਿਕ ਸ਼ਾਂਤੀ ਲਈ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਜਥੇਬੰਦੀ ਦੇ ਮੈਂਬਰ ਤਵਿੰਦਰ ਸਿੰਘ ਦੀ ਮੌਤ ਤੇ ਮੈਂਬਰ ਰੁਪਿੰਦਰ ਕੌਰ ਦੀ ਮਾਤਾ ਦੀ ਮੌਤ ਦੇ ਸ਼ੋਕ ਮਤੇ ਵੀ ਪਾਸ ਕੀਤੇ ਗਏ।ਮੀਟਿੰਗ ਵਿੱਚ ਸਾਬਕਾ ਇੰਜ. ਸਤੀਸ਼ ਮਿੱਤਲ ਈ ਆਈ ਸੀ, ਇੰਜ. ਐੱਚ ਐੱਸ ਹੀਰਾ, ਉੱਪ ਮੁ: ਇੰਜ. ਹਰਦਿਆਲ ਸਿੰਘ ਸੀ.ਐੱਚ.ਡੀ. ਤੇ ਰਮੇਸ਼ ਕੁਮਾਰ ਵਾਲੀਆ ਐੱਚ.ਡੀ.ਐੱਮ. ਨੂੰ ਬਤੌਰ ਸੀਨੀਅਰ ਪੈਨਸ਼ਨਰ ਵਜੋਂ ਸਨਮਾਨ ਚਿੰਨ੍ਹ ਨਾਲ ਸਨਮਾਨਤ ਕੀਤਾ ਗਿਆ।ਮੀਟਿੰਗ ਵਿੱਚ ਇੰਜ ਸੰਤੋਖ ਸਿੰਘ ਸੂਬਾ ਸਲਾਹਕਾਰ, ਇੰਜ. ਹਰਜੀਤ ਸਿੰਘ ਸਕੱਤਰ, ਮੋਹਨ ਰਾਜ, ਮਲਕੀਅਤ ਸਿੰਘ ਨਰਵਾਣ ਸਰਪ੍ਰਸਤ ਨੇ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਸਾਂਝੇ ਫਰੰਟ ਨੂੰ ਅਪ੍ਰੈਲ 25 ਤੇ 30 ਨੂੰ ਮੀਟਿੰਗ ਲਈ ਸੱਦਾ ਦੇ ਕੇ ਮੀਟਿੰਗ ਤੋਂ ਭੱਜਣ ਦੀ ਕਰੜੀ ਆਲੋਚਨਾ ਕੀਤੀ।ਸ੍ਰ. ਭਿੰਦਰ ਸਿੰਘ ਚਹਿਲ ਪ੍ਰਧਾਨ ਨੇ ਸਰਕਾਰ ਦੀ ਸਖ਼ਤ ਨਿਖੇਧੀ ਦੇ ਨਾਲ ਜਾਣਕਾਰੀ ਦਿੱਤੀ ਕਿ ਜਲਦ ਹੀ ਸਟੇਟ ਬਾਡੀ ਦੀ ਹੋ ਰਹੀ ਮੀਟਿੰਗ ਵਿੱਚ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਵਿਰੁੱਧ ਤਿੱਖਾ ਘੋਲ ਵਿੱਢਣ 'ਤੇ ਵਿਚਾਰ ਕਰਕੇ ਸੰਘਰਸ਼ ਵਿੱਢਿਆ ਜਾਵੇਗਾ, ਕਿਉਂਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਸਬਰ ਦਾ ਪਿਆਲਾ ਭਰ ਚੁੱਕਾ ਹੈ, ਜਿਸ ਕਰਕੇ ਜਥੇਬੰਦੀ ਸੰਘਰਸ਼ ਲਈ ਮਜਬੂਰ ਹੋ ਰਹੀ ਹੈ।ਮੀਟਿੰਗ ਵਿੱਚ ਗੱਜਣ ਸਿੰਘ ਮੀਡੀਆ ਸਲਾਹਕਾਰ, ਮਲਕੀਤ ਸਿੰਘ ਮੀਤ ਪ੍ਰਧਾਨ, ਇੰਜ. ਜਗਤਾਰ ਸਿੰਘ ਖਜ਼ਾਨਚੀ, ਇੰਜ. ਕਰਤਾਰ ਸਿੰਘ ਸਲਾਹਕਾਰ, ਸਰੂਪਇੰਦਰ ਸਿੰਘ, ਇੰਜ. ਸਤਪਾਲ ਸ਼ਰਮਾ, ਗੁਰਦੀਪ ਸਿੰਘ, ਅਮਰੀਕ ਸਿੰਘ, ਸਤਪਾਲ ਗੋਇਲ, ਮੋਹਨ ਰਾਜ, ਹਰਬੰਸ ਸਿੰਘ ਤੇ ਭਾਰੀ ਗਿਣਤੀ ਵਿੱਚ ਜਥੇਬੰਦੀ ਦੇ ਆਗੂ ਤੇ ਮੈਂਬਰ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਵੱਲੋਂ ਰਾਜੋਆਣਾ ਦੀ ਪਟੀਸ਼ਨ ਸੰਬੰਧੀ ਵਿਸ਼ੇਸ਼ ਇਕੱਤਰਤਾ

**ਰਾਜੋਆਣਾ ਦੇ ਮਸਲੇ ਸਬੰਧੀ ਨੁਮਾਇੰਦਾ ਇਕੱਠ 'ਚ ਲਿਆ ਜਾਵੇਗਾ ਫ਼ੈਸਲਾ : ਐਡਵੋਕੇਟ ਧਾਮੀ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕੇਂਦਰੀ ਜੇਲ੍ਹ ਪਟਿਆਲਾ 'ਚ ਨਜ਼ਰਬੰਦੀ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਤਬਦੀਲ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਪਾਈ ਗਈ ਮਰਸੀ ਪਟੀਸ਼ਨ 'ਤੇ ਜਲਦੀ ਨੁਮਾਇੰਦਾ ਇਕੱਠ ਸਦਕੇ ਇਤਿਹਾਸਕ ਫ਼ੈਸਲਾ ਕੀਤਾ ਜਾਵੇਗਾ।ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਯੋਗ ਅਗਵਾਈ ਵਿੱਚ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਰੱਖੀ ਸਿੱਖ ਸਟੂਡੈਂਟਸ ਫੈਡਰੇਸ਼ਨਾਂ, ਸਿੱਖ ਵਿਦਵਾਨਾਂ ਤੇ ਜੁਝਾਰੂ ਜਥੇਬੰਦੀਆਂ ਨਾਲ ਵਿਸ਼ੇਸ਼ ਇਕੱਤਰਤਾ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਸੱਦੀ ਇਕੱਤਰਤਾ ਵਿੱਚ ਸਿੱਖ ਨੁਮਾਇੰਦਿਆਂ ਤੇ ਪੰਥਕ ਵਿਦਵਾਨਾਂ ਨੇ ਆਪੋ ਆਪਣੇ ਪੱਖ ਤੇ ਸੁਝਾਅ ਦਿੰਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਵੱਲੋਂ ਪਾਈ ਮਰਸੀ ਪਟੀਸ਼ਨ ਵਾਪਸ ਨਾ ਲਵੇ, ਜਦਕਿ ਦੂਜੇ ਪਾਸੇ ਕੁਝ ਦਾ ਮੰਨਣਾ ਸੀ ਕਿ ਇਤਿਹਾਸ ਅੰਦਰ ਸ਼ਹਾਦਤ ਦਾ ਫ਼ਲਸਫ਼ਾ ਤੇ ਕੌਮ ਦੀ ਸਿਧਾਂਤਕ ਵਿਰਾਸਤ ਨੂੰ ਵੀ ਨਜ਼ਰ ਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ।ਇਸ ਦੌਰਾਨ ਇਹ ਪੱਖ ਵੀ ਸਾਹਮਣੇ ਆਇਆ ਕਿ ਜੇ ਸ਼੍ਰੋਮਣੀ ਕਮੇਟੀ ਮਰਸੀ ਪਟੀਸ਼ਨ ਵਾਪਸ ਲੈਣ 'ਤੇ ਵਿਚਾਰ ਕਰਦੀ ਹੈ ਤਾਂ ਇਸ ਨਾਲ ਸਿੱਖਾਂ ਦੀ ਸਿਰਮੌਰ ਸੰਸਥਾ ਦੀ ਭੂਮਿਕਾ ਪ੍ਰਤੀ ਵੀ ਖ਼ਦਸ਼ੇ ਖੜੇ ਹੋ ਸਕਦੇ ਹਨ ਇਸ ਲਈ ਨੁਮਾਇੰਦਾ ਤੇ ਪੰਥਕ ਇਕੱਠ ਰੱਖਣ ਦੀ ਦਿਸ਼ਾ ਵੱਲ ਵੱਧ ਕੇ ਹੀ ਕੋਈ ਨਿਰਨਾਇਕ ਫ਼ੈਸਲਾ ਲੈਣਾ ਹੋਵੇਗਾ।ਮੀਟਿੰਗ ਦੌਰਾਨ ਵਿਚਾਰਾਂ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਭਾਈ ਰਾਜੋਆਣਾ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਤਬਦੀਲ ਕਰਨ ਲਈ ਜਿੱਥੇ ਕਾਨੂੰਨੀ ਲੜਾਈ ਜਾਰੀ ਹੈ, ਉੱਥੇ ਭਾਈ ਰਾਜੋਆਣਾ ਨਾਲ ਕੀਤੀਆਂ ਮੁਲਾਕਾਤਾਂ ਦੌਰਾਨ ਸਾਹਮਣੇ ਆਈਆਂ ਭਾਵਨਾਵਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ, ਇਸ ਕਰਕੇ ਅੱਜ ਸਮੇਂ ਦੀ ਵੱਡੀ ਲੋੜ ਹੈ ਕਿ ਗੱਲਬਾਤ ਦੇ ਇਸ ਪੜਾਅ ਨੂੰ ਜਿੱਥੇ ਅੱਗੇ ਵਧਾਇਆ ਜਾਵੇਗਾ ਤੇ ਨੁਮਾਇੰਦਾ ਪੰਥਕ ਇਕੱਠ ਸੱਦ ਕੇ ਇਤਿਹਾਸਕ ਫ਼ੈਸਲਾ ਲੈ ਲਿਆ ਜਾਵੇ।ਉਨ੍ਹਾਂ ਕਿਹਾ ਕਿ ਇਸ ਨੁਮਾਇੰਦਾ ਇਕੱਠ ਤੋਂ ਪਹਿਲਾਂ ਸਿੱਖ ਜੱਜਾਂ ਤੇ ਵਕੀਲਾਂ ਦੀ ਮੀਟਿੰਗ ਸੱਦ ਕੇ ਵੀ ਰਾਏ ਮਸ਼ਵਰਾ ਕੀਤਾ ਜਾਵੇਗਾਂ ਤਾਂ ਜੋ ਸੱਦੇ ਜਾਣ ਵਾਲੇ ਨੁਮਾਇੰਦਾ ਇਕੱਠ ਵਿੱਚ ਹਰ ਪੱਖ 'ਤੇ ਵਿਚਾਰ ਕੀਤਾ ਜਾ ਸਕੇ।ਇਕੱਤਰਤਾ ਦੌਰਾਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਸੁਰਜੀਤ ਸਿੰਘ ਗੜ੍ਹੀ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਜਸਮੇਰ ਸਿੰਘ ਲਾਛੜੂ, ਸਿੱਖ ਵਿਦਵਾਨ ਡਾ. ਬਲਕਾਰ ਸਿੰਘ, ਡਾ. ਕੇਹਰ ਸਿੰਘ, ਡਾ. ਸਰਬਜਿੰਦਰ ਸਿੰਘ, ਡਾ. ਪ੍ਰਿਤਪਾਲ ਸਿੰਘ, ਡਾ. ਹਰਭਜਨ ਸਿੰਘ ਦੇਹਰਾਦੂਨ ਆਦਿ ਸ਼ਾਮਲ ਹੋਏ।

## ਪਾਣੀਆਂ ਬਾਰੇ ਮੁੱਖ ਮੰਤਰੀ ਮਾਨ ਦੇ ਇਤਿਹਾਸਕ ਫੈਸਲੇ ਨੇ ਪੰਜਾਬੀਆਂ ਦਾ ਦਿਲ ਜਿੱਤਿਆ : ਆਗੂ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪੰਜਾਬ ਦੇ ਦਰਿਆਈ ਪਾਣੀਆਂ ਦੇ ਮੁੱਦੇ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਇਨ੍ਹਾਂ ਦੇ ਸਮੂਹ ਸਾਥੀ ਕੈਬਨਿਟ ਮੰਤਰੀਆਂ ਤੇ ਵਿਧਾਇਕਾਂ ਵੱਲੋਂ ਲਏ ਗਏ ਇਤਿਹਾਸਕ ਫੈਸਲੇ ਨੇ ਸਮੂਹ ਪੰਜਾਬੀਆਂ ਦਾ ਦਿਲ ਜਿੱਤ ਲਿਆ ਹੈ ਅਤੇ ਇਸ ਜਿੱਤ ਦਾ ਸਿਹਰਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸਿਰ ਬੋਲਦਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਸਰਕਾਰ ਵੱਲੋਂ ਲਏ ਗਏ ਇਤਿਹਾਸਕ ਫੈਸਲੇ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਹਲਕਾ ਵਿਧਾਇਕ ਮਨਜੀਤ ਸਿੰਘ, ਸਰਪੰਚ ਸੁਖਦੀਪ ਸਿੰਘ ਸਾਧ ਭਾਗੀਕੇ, ਬਲਾਕ ਮੀਡੀਆਂ ਪ੍ਰਧਾਨ ਬੱਬੂ ਮਾਛੀਕੇ ਨੇ ਕਿਹਾ ਕਿ ਭਾਖੜਾ ਬਿਆਸ ਬੋਰਡ ਰਾਹੀਂ ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਪਾਣੀਆਂ ਦੇ ਮਾਰੇ ਜਾ ਰਹੇ ਡਾਕੇ ਨੂੰ ਸਫਲ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹਰਿਆਣਾ ਪਹਿਲਾਂ ਹੀ ਆਪਣੇ ਹਿੱਸੇ ਦਾ ਪਾਣੀ ਲੈ ਚੁੱਕਾ ਹੈ ਤਾਂ ਫਿਰ ਹੁਣ ਜਦੋਂ ਪੰਜਾਬ ਨੂੰ ਪਾਣੀ ਦੀ ਲੋੜ ਹੈ ਤਾਂ ਹਰਿਆਣਾ ਵਾਧੂ ਪਾਣੀ ਦੀ ਕਿਉਂ ਮੰਗ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਸਾਡੇ ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਹਲਕੇ ਦੇ ਹਰ ਖੇਤ ਤੱਕ ਦੀਆਂ ਟੈਲਾਂ ਤੱਕ ਪਾਣੀ ਪੁੱਜਦਾ ਕਰਨ ਦਾ ਪ੍ਰਬੰਧ ਕੀਤਾ ਹੈ, ਜਿਸ ਤਹਿਤ ਹਲਕੇ ਅੰਦਰ ਕਈਆਂ ਕੱਸੀਆਂ ਅੰਦਰ ਤੇ ਸੂਏ ਪੱਕੇ ਹੋਏ ਹਨ। ਉਨ੍ਹਾ ਕਿਹਾ ਕਿ ਪੰਜਾਬ ਕੋਲ ਇੱਕ ਬੂੰਦ ਵੀ ਪਾਣੀ ਵਾਧੂ ਨਹੀਂ ਹੈ।

# ਵਿਕਾਸ ਮਿਸ਼ਨ ਵੱਲੋਂ 'ਸਾਡੀ ਫੌਜ, ਸਾਡਾ ਮਾਣ' ਮੀਟਿੰਗ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪਿਛਲੇ ਦਿਨੀਂ ਪਾਕਿਸਤਾਨ ਦੀ ਸ਼ਹਿ 'ਤੇ ਅੱਤਵਾਦੀਆਂ ਨੇ ਪਹਿਲਗਾਮ ਵਿਖੇ ਕਾਇਰਾਨਾ ਕਾਰਵਾਈ ਕਰਕੇ 28 ਨਿਰਦੋਸ਼ ਸੈਲਾਨੀਆਂ ਨੂੰ ਕਤਲ ਕਰ ਦਿੱਤਾ ਸੀ, ਜਿਸ ਨੂੰ ਲੈ ਕੇ ਦੇਸ਼ ਵਾਸੀਆਂ ਵਿੱਚ ਗੁੱਸੇ ਦੀ ਲਹਿਰ ਫੈਲਦੀ ਜਾ ਰਹੀ ਸੀ।ਅਜਿਹੇ ਸਮੇਂ 'ਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦਲੇਰੀ ਭਰਿਆ ਫੈਸਲਾ ਲਿਆ।ਉਨ੍ਹਾਂ ਦੀ ਹਦਾਇਤ 'ਤੇ ਭਾਰਤੀ ਫੌਜ ਨੇ ਪਾਕਿਸਤਾਨ ਅੰਦਰ ਬਣੇ ਅੱਤਵਾਦੀ ਟ੍ਰੇਨਿੰਗ ਸੈਂਟਰਾਂ ਨੂੰ ਏਅਰ ਅਟੈਕ ਰਾਹੀਂ ਤਬਾਹ ਕਰ ਦਿੱਤਾ।ਭਾਰਤੀ ਫੌਜ ਦੇ ਇਸ ਇਤਿਹਾਸਕ ਕਦਮ ਦੀ ਸਮੁੱਚੇ ਦੇਸ਼ ਵਾਸੀਆਂ ਵੱਲੋਂ ਪੁਰਜ਼ੋਰ ਸ਼ਲਾਘਾ ਕੀਤੀ ਗਈ।ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਵਰਕਿੰਗ ਪ੍ਰਮੁੱਖ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਭਾਰਤੀ ਫੌਜ ਨੂੰ ਵਧਾਈ ਦੇਣ ਦੇ ਮੰਤਵ ਲਈ ਸਥਾਨਕ ਸਿਟੀ ਹੋਟਲ ਵਿਖੇ 'ਸਾਡੀ ਫੌਜ, ਸਾਡਾ ਮਾਣ' ਮੀਟਿੰਗ ਕੀਤੀ ਗਈ।ਮਿਸ਼ਨ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿੱਚ ਮਿਸ਼ਨ ਗਾਇਡ ਇੰਜ. ਅਸ਼ੋਕ ਕੁਮਾਰ ਭਾਰਤੀ, ਚੀਫ ਪੈਟਰਨ ਇੰਸ. ਜਗਸੀਰ ਸਿੰਘ, ਸਾਹਿਲ ਕੁਮਾਰ ਹੈਪੀ, ਵਿਕਰਾਂਤ ਤੇਰੀਆ, ਬਲਜੀਤ ਸਿੰਘ ਕੋਆਪ੍ਰੇਟਿਵ, ਜਗਦੀਸ਼ ਚੰਦਰ ਧਵਾਲ ਤੇ ਨਰਿੰਦਰ ਕਾਕਾ ਸਮੇਤ ਸੀਨੀਅਰ ਕਾਂਗਰਸੀ ਨੇਤਾ ਗੁਰਦਾਸ ਗਿਰਧਰ ਵੀ ਉਚੇਚੇ ਤੌਰ 'ਤੇ ਸ਼ਾਮਲ ਹੋਏ।ਇਸ ਤੋਂ ਇਲਾਵਾ ਸਾਬਕਾ ਸੈਨਿਕਾਂ ਦੀ ਸੰਸਥਾ 'ਆਰਮੀ ਵੈਟਰਨਜ਼ ਵੈੱਲਫੇਅਰ ਯੂਨੀਅਨ' ਦੇ ਜ਼ਿਲ੍ਹਾ ਪ੍ਰਧਾਨ ਸੂਬੇਦਾਰ ਜਸਵਿੰਦਰ ਸਿੰਘ ਲੱਧੜ ਦੀ ਅਗਵਾਈ ਹੇਠ ਅੰਗ੍ਰੇਜ਼ ਸਿੰਘ ਰਹੂੜਿਆਂ ਵਾਲੀ, ਚਰਨਜੀਤ ਸਿੰਘ, ਗਗਨਦੀਪ ਸਿੰਘ, ਗੁਰਪਾਲ ਸਿੰਘ, ਮੁਖਤਿਆਰ ਸਿੰਘ, ਬਲਵਿੰਦਰ ਸਿੰਘ, ਸੁਰਿੰਦਰ ਪਾਲ ਸਿੰਘ, ਬਲਜਿੰਦਰ ਸਿੰਘ, ਦਾਰਾ ਸਿੰਘ, ਗੁਰਦੇਵ ਸਿੰਘ, ਗੁਰਮੇਜ ਸਿੰਘ ਤੇ ਤੀਰਅੰਦਾਜ਼ ਸਿੰਘ ਸਮੇਤ ਕਈ ਹੋਰ ਸਾਬਕਾ ਸੈਨਿਕ ਅਧਿਕਾਰੀਆਂ ਨੇ ਭਾਗ ਲਿਆ।ਉਕਤ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਢੋਸੀਵਾਲ ਨੇ ਦੱਸਿਆ ਕਿ ਮੀਟਿੰਗ ਦੌਰਾਨ ਸਰਬਸੰਮਤੀ ਨਾਲ ਫੈਸਲਾ ਕਰਕੇ ਜੰਗ ਲੱਗਣ ਦੀ ਸੂਰਤ ਵਿੱਚ ਸਮੂਹ ਮੈਂਬਰਾਂ ਵੱਲੋਂ ਖ਼ੂਨ ਦਾਨ ਸਮੇਤ ਸਿਵਲ ਡਿਫੈਂਸ ਲਈ ਜ਼ਿਲ੍ਹਾ ਪ੍ਰਸ਼ਾਸਨ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਫੈਸਲਾ ਵੀ ਕੀਤਾ ਗਿਆ।ਮੀਟਿੰਗ ਦੌਰਾਨ ਸਮੂਹ ਮੈਂਬਰਾਂ ਨੇ 'ਸਾਡੀ ਫੌਜ, ਸਾਡਾ ਮਾਣ' ਦੇ ਪੋਸਟਰ ਹੱਥ ਵਿੱਚ ਫੜ ਕੇ ਭਾਰਤੀ ਫੌਜ ਨੂੰ ਵਧਾਈ ਦਿੱਤੀ।

## 13 ਗ੍ਰਾਮ ਹੈਰੋਇਨ ਸਮੇਤ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਗਸ਼ਤ ਦੌਰਾਨ ਟੀ-ਪੁਆਇੰਟ ਧਰਮੂਵਾਲਾ ਨਜ਼ਦੀਕ 13 ਗ੍ਰਾਮ ਹੈਰੋਇਨ ਸਣੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੁਖਦੇਵ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਤੇ ਵਹੀਕਲਾਂ ਦੀ ਚੈਕਿੰਗ ਕਰਦੇ ਹੋਏ ਥਾਣਾ ਸਦਰ ਜਲਾਲਾਬਾਦ ਇਲਾਕੇ ਵਿੱਚ ਮੌਜੂਦ ਸੀ ਤੇ ਜਦੋਂ ਪੁਲਸ ਪਾਰਟੀ ਗਸ਼ਤ ਦੌਰਾਨ ਟੀ-ਪੁਆਇੰਟ ਧਰਮੂਵਾਲਾ ਉਰਫ ਨਾਨਕ ਨਗਰ ਦੇ ਕੋਲ ਪੁੱਜੀ ਤਾਂ ਪਿੰਡ ਧਰਮੂਵਾਲਾ ਪਾਸੋਂ ਇਕ ਨੌਜਵਾਨ ਲੜਕਾ ਆਉਂਦਾ ਦਿਖਾਈ ਦਿੱਤਾ, ਜਿਸ ਨੂੰ ਪੁਲਸ ਪਾਰਟੀ ਨੇ ਕਾਬੂ ਕਰਕੇ ਮੁੱਢਲੀ ਪੁੱਛਗਿੱਛ ਕੀਤੀ ਗਈ ਤਾਂ ਇਸ ਲੜਕੀ ਦੀ ਪਹਿਚਾਣ ਸੁਖਪ੍ਰੀਤ ਸਿੰਘ ਉਰਫ ਸੁੱਖਾ ਪੁੱਤਰ ਗੁਰਦੀਪ ਸਿੰਘ ਵਾਸੀ ਹਜਾਰਾ ਰਾਮ ਸਿੰਘ ਵਾਲਾ ਵਜੋਂ ਹੋਈ। ਪੁਲਸ ਨੇ ਇਸ ਵਿਅਕਤੀ ਨੂੰ 13 ਗ੍ਰਾਮ ਹੈਰੋਇਨ ਸਣੇ ਕਾਬੂ ਕਰਕੇ ਥਾਣਾ ਸਦਰ ਜਲਾਲਾਬਾਦ ਵਿਖੇ ਮੁੱਕਦਮਾ ਦਰਜ ਕੀਤਾ ਗਿਆ ਹੈ।

## ਪ੍ਰਗਤੀਸ਼ੀਲ ਲੇਖਕ ਸੰਘ ਨੇ ਨਾਮਵਰ ਲੇਖਕਾਂ ਨਾਲ ਸੰਵਾਦ ਰਚਾਇਆ



**ਬੋਹਾ (ਨਿਰੰਜਣ ਬੋਹਾ)**-ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਦੀ ਇਕਾਈ ਮਾਨਸਾ ਵੱਲੋਂ ਪਿੰਡ-ਪਿੰਡ ਸਾਹਿਤਕ ਸਮਾਗਮ ਲਹਿਰ ਤਹਿਤ ਬੋਹਾ-ਬਰੇਟਾ ਖੇਤਰ ਦੇ ਪੰਜ ਲੇਖਕਾਂ ਨੂੰ ਆਮ ਲੋਕਾਂ ਦੇ ਰੂਬਰੂ ਕੀਤਾ।ਮਾਨਸਾ ਜ਼ਿਲ੍ਹੇ ਦੇ ਪਿੰਡ ਰਿਉਂਦ ਕਲਾਂ ਵਿਖੇ ਹੋਏ ਇਸ ਸਮਾਗਮ ਦੀ ਪ੍ਰਧਾਨਗੀ ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਦੇ ਪ੍ਰਧਾਨ ਸੁਰਜੀਤ ਜੱਜ, ਜਨਰਲ ਸੱਕਤਰ ਡਾ. ਕੁਲਦੀਪ ਸਿੰਘ ਦੀਪ ਤੇ ਦਰਸ਼ਨ ਸਿੰਘ ਬਰੇਟਾ ਨੇ ਕੀਤੀ।ਸਮਾਗਮ ਦੀ ਸ਼ੁਰੂਆਤ ਪ੍ਰਗਤੀਸ਼ੀਲ ਲੇਖਕ ਸੰਘ ਦੇ ਆਗੂ ਗੁਲਾਬ ਸਿੰਘ ਦੇ ਸਵਾਗਤੀ ਸ਼ਬਦਾਂ ਨਾਲ ਹੋਈ।ਬੁਲਾਰੇ ਵੱਲੋਂ ਲੇਖਕਾਂ ਦੇ ਜੀਵਨ ਬਾਰੇ ਸੰਖੇਪ ਜਾਣਕਾਰੀ ਦਿੱਤੀ ਗਈ। ਇਸ ਸਮੇਂ ਬੋਹਾ-ਬਰੇਟਾ ਖੇਤਰ ਦੇ ਬਹੁ-ਵਿਧਾਵੀ ਲੇਖਕਾਂ ਨਾਵਲਕਾਰ ਅਜ਼ੀਜ਼ ਸਰੋਏ, ਨਾਵਲਕਾਰ ਗੁਰਨੈਬ ਮੰਘਾਣੀਆਂ, ਮਿੰਨੀ ਕਹਾਣੀਕਾਰ ਜਗਦੀਸ਼ ਕੁਲਰੀਆਂ ਤੇ ਕਵੀ ਦਿਲਬਾਗ ਰਿਉਂਦ ਨੂੰ ਆਮ ਲੋਕਾਂ ਦੇ ਰੂਬਰੂ ਕੀਤਾ ਗਿਆ ਤੇ ਉਨ੍ਹਾਂ ਦੀ ਸਿਰਜਣ ਪ੍ਰਕਿਰਿਆ ਬਾਰੇ ਡਾਕਟਰ ਕੁਲਦੀਪ ਚੌਹਾਨ ਵੱਲੋਂ ਸੁਆਲ ਪੁੱਛੇ ਗਏ।ਰੂਬਰੂ ਹੋਣ ਵਾਲੇ ਸਾਰੇ ਲੇਖਕਾਂ ਨੇ ਪਿੰਡ ਦੇ ਲੋਕਾਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਤਰਕ ਭਰਪੂਰ ਪਰ ਸਰਲ ਭਾਸ਼ਾ ਵਿੱਚ ਦਿੱਤੇ।ਆਪਣੇ ਸੰਬੋਧਨ ਵਿੱਚ ਸ਼ਾਇਰ ਸੁਰਜੀਤ ਜੱਜ ਨੇ ਕਿਹਾ ਕਿ ਜ਼ਿਲ੍ਹਾ ਮਾਨਸਾ ਦੀ ਧਰਤੀ ਅਗਾਂਹਵਧੂ ਸੰਘਰਸ਼ਾਂ ਤੇ ਪ੍ਰਗਤੀਸ਼ੀਲ ਸਾਹਿਤ ਦੀ ਪੈਦਾਇਸ਼ ਲਈ ਬਹੁਤ ਜ਼ਰਖੇਜ਼ ਹੈ।ਡਾ. ਕੁਲਦੀਪ ਸਿੰਘ ਦੀਪ ਨੇ ਕਿਹਾ ਕਿ ਕਦੇ ਉਨ੍ਹਾਂ ਹਰਿਆਣਾ ਦੀ ਸਰਹੱਦ 'ਤੇ ਪੈਂਦੇ ਇਸ ਖੇਤਰ ਵਿੱਚ ਤਾਕਤਵਰ ਸਾਹਿਤਕ ਲਹਿਰ ਪੈਦਾ ਕਰਨ ਦਾ ਸੁਫਨਾ ਵੇਖਿਆ ਸੀ ਤੇ ਮੇਰੇ ਵੱਲੋਂ ਲੱਭੀਆਂ ਗਈਆਂ ਕਲਮਾਂ ਦੇ ਟਹਿਕਦੇ ਫੁੱਲ ਬਣ ਜਾਣ ਨਾਲ ਮੇਰਾ ਸੁਫਨਾ ਪੂਰਾ ਹੋ ਗਿਆ ਹੈ।ਦਰਸ਼ਨ ਬਰੇਟਾ ਨੇ ਕਿਹਾ ਕਿ ਪ੍ਰਗਤੀਸ਼ੀਲ ਲੇਖਕ ਸੰਘ ਨੇ ਸਾਹਿਤਕ ਗੋਸ਼ਟੀਆਂ ਨੂੰ ਬੰਦ ਕਮਰਿਆਂ ਵਿੱਚੋਂ ਕੱਢ ਕੇ ਲੋਕ ਸੱਥਾਂ ਤੱਕ ਲਿਜਾਣ ਸਬੰਧੀ ਬਹੁਤ ਸ਼ਲਾਘਾਯੋਗ ਉਪਰਾਲਾ ਕੀਤਾ ਹੈ।ਸਮਾਗਮ ਦਾ ਸਟੇਜ ਸੰਚਾਲਨ ਕਰਨ ਦੀ ਜ਼ਿੰਮੇਵਾਰੀ ਪ੍ਰੋ. ਕੁਲਦੀਪ ਸਿੰਘ ਚੌਹਾਨ ਤੇ ਗੁਲਾਬ ਸਿੰਘ ਵੱਲੋਂ ਬਾਖੂਬੀ ਨਿਭਾਈ ਗਈ।ਇਸ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਨਿਰੰਜਣ ਬੋਹਾ, ਡੀ ਆਰ ਸੀ ਨਵਬੀਤ ਕੱਕੜ, ਮਹਿੰਦਰ ਪਾਲ ਮਿੰਦਾ, ਮਮਤਾ ਕੌਰ, ਪ੍ਰਵੀਨ ਕੌਰ, ਬੂਟਾ ਸਿੰਘ, ਜੰਟਾ ਸਿੰਘ, ਨਿਰਭੈ ਸਿੰਘ ਆਦਿ ਹਜ਼ਰ ਸਨ।